23-OCT-PAGE-1.qxd 10/22/2025 9:15 PM Page 1

ਵੀਰਵਾਰ, 23 ਅਕਤੂਬਰ, 2025
7 ਕੱਤਕ { ਨਾਨਕਸ਼ਾਹੀ 557
ਬਿਕਰਮੀ 2082
ਜਿਲਦ/VOL. : 74
ਅੰਕ/NO. : 142

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 23 OCTOBER, 2025 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ...ਹੁਣ ਲੈਫਟੀਨੈਂਟ ਕਰਨਲ



ਨਵੀਂ ਦਿੱਲੀ : ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਬੁੱਧਵਾਰ ਓਲੰਪਿਕ ਸੋਨ ਤਗਮਾ ਜੇਤੂ ਜੈਵਲਿਨ ਥਰੋਅਰ ਨੀਰਜ ਚੋਪੜਾ ਨੂੰ ਲੈਫਟੀਨੈਂਟ ਕਰਨਲ ਦੇ ਆਨਰੇਰੀ ਰੈਂਕ ਦਾ ਚਿੰਨ੍ਹ ਪ੍ਰਦਾਨ ਕੀਤਾ। ਟੈਰੀਟੋਰੀਅਲ ਆਰਮੀ ਵਿੱਚ ਸੇਵਾ ਨਿਭਾਅ ਰਹੇ ਸਟਾਰ ਜੈਵਲਿਨ ਥਰੋਅਰ ਨੂੰ ਲੈਫਟੀਨੈਂਟ ਕਰਨਲ ਦੇ ਆਨਰੇਰੀ ਰੈਂਕ ਦਾ ਚਿੰਨ੍ਹ ਪ੍ਰਦਾਨ ਕੀਤਾ। ਚੋਪੜਾ 26 ਅਗਸਤ, 2016 ਨੂੰ ਭਾਰਤੀ ਫੌਜ ਵਿੱਚ ਨਾਇਬ ਸੂਬੇਦਾਰ ਵਜੋਂ ਸ਼ਾਮਲ ਹੋਏ ਅਤੇ 2021 ਵਿੱਚ ਸੂਬੇਦਾਰ ਤੇ 2022 ਵਿੱਚ ਸੂਬੇਦਾਰ ਮੇਜਰ ਵਜੋਂ ਤਰੱਕੀ ਹਾਸਲ ਕੀਤੀ। ਹਰਿਆਣਾ ਦੇ ਪਾਣੀਪਤ ਦੇ ਖੰਡਰਾ ਪਿੰਡ ਵਿੱਚ 24 ਦਸੰਬਰ, 1997 ਨੂੰ ਜਨਮੇ ਨੀਰਜ ਚੋਪੜਾ ਨੇ ਟੋਕੀਓ ਓਲੰਪਿਕ 2020 ਵਿੱਚ ਸੋਨ ਤਗਮਾ ਜਿੱਤ ਕੇ ਇਤਿਹਾਸ ਰਚਿਆ ਸੀ।

## 'ਚੱਕ ਨਾਨਕੀ' ਟੈਂਟ ਸਿਟੀ 'ਚ ਰੋਜ਼ਾਨਾ 15 ਹਜ਼ਾਰ ਸ਼ਰਧਾਲੂ ਠਹਿਰਨਗੇ



ਤਰਨ ਤਾਰਨ : ਤਰਨ ਤਾਰਨ ਜ਼ਿਮਨੀ ਚੋਣ ਲਈ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੇ ਬੁੱਧਵਾਰ ਐਲਾਨ ਕੀਤਾ ਕਿ ਪੰਜਾਬ ਸਰਕਾਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਸਮਾਗਮਾਂ ਤਹਿਤ ਸ੍ਰੀ ਅਨੰਦਪੁਰ ਸਾਹਿਬ 'ਚ ਬਣਨ ਵਾਲੇ 'ਚੱਕ ਨਾਨਕੀ' ਟੈਂਟ ਸਿਟੀ ਵਿੱਚ ਰੋਜ਼ਾਨਾ 15,000 ਸੰਗਤਾਂ ਨੂੰ ਠਹਿਰਾਇਆ ਜਾਵੇਗਾ।

## ਕਾਂਗਰਸੀ ਜਾਦੂਗਰ ਸਰਗਰਮ



ਪਟਨਾ : ਬਿਹਾਰ ਅਸੰਬਲੀ ਚੋਣਾਂ ਲਈ ਮਹਾਂ-ਗੱਠਬੰਧਨ ਵਿੱਚ ਸੀਟਾਂ ਦੀ ਵੰਡ ਨੂੰ ਲੈ ਕੇ ਚੱਲ ਰਹੇ ਰੱਫੜ ਨੂੰ ਖਤਮ ਕਰਨ ਲਈ ਸੀਨੀਅਰ ਕਾਂਗਰਸੀ ਆਗੂ ਅਸ਼ੋਕ ਗਹਿਲੋਤ ਨੇ ਬੁੱਧਵਾਰ ਇੱਥੇ ਲਾਲੂ ਪ੍ਰਸਾਦ ਯਾਦਵ ਤੇ ਉਨ੍ਹਾ ਦੇ ਬੇਟੇ ਤੇਜਸਵੀ ਯਾਦਵ ਨਾਲ ਮੁਲਾਕਾਤ ਕੀਤੀ। ਜਾਦੂ ਵਿੱਚ ਹੱਥ ਅਜ਼ਮਾਉਣ ਵਾਲੇ ਗਹਿਲੋਤ ਨੇ ਬਾਅਦ ਵਿੱਚ ਕਿਹਾ ਕਿ ਏਨੇ ਵੱਡੇ ਮਹਾਂ-ਗੱਠਬੰਧਨ ਵਿੱਚ ਕੁਝ ਸੀਟਾਂ ਨੂੰ ਲੈ ਕੇ ਖਿੱਚੋਤਾਣ ਕੋਈ ਵੱਡੀ ਗੱਲ ਨਹੀਂ। ਵੀਰਵਾਰ ਤੱਕ ਸਥਿਤੀ ਸਾਫ ਹੋ ਜਾਵੇਗੀ। (ਇਸ ਵੇਲੇ 11 ਸੀਟਾਂ ਨੂੰ ਲੈ ਕੇ ਮਾਮਲਾ ਫਸਿਆ ਹੋਇਆ ਹੈ, ਜਿੱਥੇ ਭਾਈਵਾਲ ਹੀ ਆਹਮੋ-ਸਾਹਮਣੇ ਖੜ੍ਹੇ ਹੋ ਗਏ ਹਨ।)

## ਸ੍ਰੀਲੰਕਾ 'ਚ ਵਿਰੋਧੀ ਧਿਰ ਦੇ ਨੇਤਾ ਦੀ ਗੋਲੀਆਂ ਮਾਰ ਕੇ ਹੱਤਿਆ

ਕੋਲੰਬੋ : ਸ੍ਰੀਲੰਕਾ ਵਿੱਚ ਵਿਰੋਧੀ ਧਿਰ ਦੇ ਨੇਤਾ ਲਾਸੰਥਾ ਵਿਕਰਮੇਸੇਕੇਰਾ ਦਾ ਬੁੱਧਵਾਰ ਨੂੰ ਉਨ੍ਹਾ ਦੇ ਦਫਤਰ ਵਿੱਚ ਗੋਲੀ ਮਾਰ ਕੇ ਕਤਲ ਕਰ ਦਿੱਤਾ ਹੈ। ਦੇਸ਼ ਵਿੱਚ ਵਧਦੀ ਹਿੰਸਾ 'ਚ ਕਿਸੇ ਸਿਆਸਤਦਾਨ ਦੇ ਕਤਲ ਦਾ ਇਹ ਪਹਿਲਾ ਮਾਮਲਾ ਹੈ। 38 ਸਾਲਾ ਵਿਕਰਮੇਸੇਕੇਰਾ ਵੇਲੀਗਾਮਾ ਸ਼ਹਿਰ ਦੇ ਕੌਂਸਲ ਚੇਅਰਮੈਨ ਸਨ। ਉਹ ਆਪਣੇ ਦਫਤਰ ਵਿੱਚ ਵੋਟਰਾਂ ਨੂੰ ਮਿਲ ਰਹੇ ਸਨ, ਜਦੋਂ ਇੱਕ ਹਮਲਾਵਰ ਨੇ ਰਿਵਾਲਵਰ ਨਾਲ ਉਨ੍ਹਾ 'ਤੇ ਕਈ ਗੋਲੀਆਂ ਚਲਾਈਆਂ। ਪੁਲਸ ਅਨੁਸਾਰ ਹਮਲਾਵਰ ਮੌਕੇ ਤੋਂ ਭੱਜ ਗਿਆ ਅਤੇ ਹਮਲੇ ਵਿੱਚ ਕੋਈ ਹੋਰ ਜ਼ਖਮੀ ਨਹੀਂ ਹੋਇਆ। ਕਤਲ ਦਾ ਉਦੇਸ਼ ਅਜੇ ਸਪੱਸ਼ਟ ਨਹੀਂ ਹੈ।

## ਮੇਹੁਲ ਚੋਕਸੀ ਨੂੰ ਭਾਰਤ ਲਿਆਉਣ ਦਾ ਰਸਤਾ ਸਾਫ਼



ਨਵੀਂ ਦਿੱਲੀ : ਭਗੌੜੇ ਹੀਰਾ ਵਪਾਰੀ ਤੇ 13000 ਕਰੋੜ ਰੁਪਏ ਦੇ ਪੀ ਐੱਨ ਬੀ ਘੁਟਾਲੇ ਦੇ ਦੋਸ਼ੀ ਮੇਹੁਲ ਚੋਕਸੀ ਨੂੰ ਭਾਰਤ ਲਿਆਉਣ ਦਾ ਰਸਤਾ ਹੁਣ ਲਗਭਗ ਸਾਫ਼ ਹੋ ਗਿਆ ਹੈ। ਬੈਲਜੀਅਮ ਦੀ ਇੱਕ ਅਦਾਲਤ ਨੇ ਚੋਕਸੀ ਦੀ ਭਾਰਤ ਹਵਾਲਗੀ ਨੂੰ ਮਨਜ਼ੂਰੀ ਦੇ ਦਿੱਤੀ ਹੈ। ਆਪਣੇ ਫੈਸਲੇ ਵਿੱਚ ਅਦਾਲਤ ਨੇ ਕਿਹਾ ਕਿ ਚੋਕਸੀ ਦੀ ਹਵਾਲਗੀ ਪ੍ਰਕਿਰਿਆ ਵਿੱਚ ਕੋਈ ਕਾਨੂੰਨੀ ਰੁਕਾਵਟਾਂ ਨਹੀਂ ਹਨ। ਅਦਾਲਤ ਨੇ ਕਿਹਾ ਕਿ ਚੋਕਸੀ ਬੈਲਜੀਅਮ ਦਾ ਨਾਗਰਿਕ ਨਹੀਂ, ਸਗੋਂ ਇੱਕ ਵਿਦੇਸ਼ੀ ਨਾਗਰਿਕ ਹੈ। ਉਸ ਵਿਰੁੱਧ ਦੋਸ਼ ਬਹੁਤ ਗੰਭੀਰ ਹਨ। ਇਸ ਲਈ ਚੋਕਸੀ ਦੀ ਹਵਾਲਗੀ ਨੂੰ ਜਾਇਜ਼ ਮੰਨਿਆ ਜਾਂਦਾ ਹੈ।

# ਮੁਸਤਫਾ ਨੇ ਸੁਣਾਏ ਦੁੱਖੜੇ

### ਨਸ਼ੇੜੀ ਪੁੱਤ ਅਕੀਲ ਨੇ ਇੱਕ ਵਾਰ ਮਾਂ ਦਾ ਲੱਕ ਤੋੜ ਦਿੱਤਾ ਸੀ



ਸਹਾਰਨਪੁਰ (ਯੂ ਪੀ) : ਪੰਜਾਬ ਪੁਲਸ ਦੇ ਸਾਬਕਾ ਮੁਖੀ ਮੁਹੰਮਦ ਮੁਸਤਫਾ ਨੇ ਆਪਣੇ ਪੁੱਤਰ ਅਕੀਲ ਅਖ਼ਤਰ ਦੀ ਮੌਤ ਨੂੰ ਲੈ ਕੇ ਆਪਣੇ ਤੇ ਪਰਵਾਰ 'ਤੇ ਲੱਗੇ ਸਾਰੇ ਦੋਸ਼ਾਂ ਨੂੰ 'ਪੂਰੀ ਤਰ੍ਹਾਂ ਝੂਠਾ' ਕਰਾਰ ਦਿੱਤਾ ਹੈ। ਸਾਬਕਾ ਡੀ ਜੀ ਪੀ ਨੇ ਮੰਗਲਵਾਰ ਨੂੰ ਇੱਥੇ ਮੀਡੀਆ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਹ ਆਪਣੇ ਤੇ ਆਪਣੀ ਪਤਨੀ, ਪੰਜਾਬ ਦੀ ਸਾਬਕਾ ਮੰਤਰੀ ਰਜ਼ੀਆ ਸੁਲਤਾਨਾ ਖ਼ਿਲਾਫ਼ ਦਰਜ ਪੁਲਸ ਕੇਸ ਦਾ ਸਵਾਗਤ ਕਰਦੇ ਹਨ, ਕਿਉਂਕਿ ਜਾਂਚ ਤੋਂ ਸੱਚ ਸਾਹਮਣੇ ਆ ਜਾਵੇਗਾ। 1985 ਬੈਚ ਦੇ ਸੇਵਾ-ਮੁਕਤ ਆਈ ਪੀ ਐੱਸ ਅਧਿਕਾਰੀ ਮੁਸਤਫਾ ਅਤੇ ਸੁਲਤਾਨਾ ਖਿਲਾਫ਼ ਉਨ੍ਹਾਂ ਦੇ ਪੁੱਤਰ ਅਕੀਲ ਅਖਤਰ (35) ਦੀ 16 ਅਕਤੂਬਰ ਨੂੰ ਹਰਿਆਣਾ ਦੇ ਪੰਚਕੂਲਾ ਸਥਿਤ ਘਰ ਵਿਚ ਹੋਈ ਮੌਤ ਦੇ ਸੰਬੰਧ ਵਿੱਚ ਕੇਸ ਦਰਜ ਕੀਤਾ ਗਿਆ ਹੈ। ਪੰਚਕੂਲਾ ਵਿਚ ਦਰਜ ਐੱਫ ਆਈ ਆਰ ਵਿਚ ਅਖ਼ਤਰ ਦੀ ਪਤਨੀ ਅਤੇ ਭੈਣ ਦਾ ਨਾਂਅ ਵੀ ਸ਼ਾਮਲ ਹੈ। ਪਰਵਾਰ ਨੇ ਸ਼ੁਰੂ ਵਿੱਚ ਦਾਅਵਾ ਕੀਤਾ ਸੀ ਕਿ ਅਖ਼ਤਰ ਦੀ ਮੌਤ ਨਸ਼ੇ ਦੀ ਓਵਰਡੋਜ਼ ਕਾਰਨ ਹੋਈ ਸੀ। ਅਕੀਲ ਅਖ਼ਤਰ ਵੱਲੋਂ ਆਪਣੀ ਮੌਤ ਤੋਂ ਪਹਿਲਾਂ ਜਾਰੀ ਵੀਡੀਓ ਵਿਚ ਮੁਸਤਫ਼ਾ ਤੇ ਹੋਰ ਪਰਵਾਰਕ ਮੈਂਬਰਾਂ 'ਤੇ ਲਾਏ ਸੰਗੀਨ ਦੋਸ਼ਾਂ ਬਾਰੇ ਸਾਬਕਾ ਡੀ ਜੀ ਪੀ ਨੇ ਕਿਹਾ ਕਿ ਉਸ ਦਾ ਪੁੱਤਰ ਕਰੀਬ 18 ਸਾਲਾਂ ਤੋਂ ਮਾਨਸਿਕ ਵਿਕਾਰ ਤੋਂ ਪੀੜਤ ਸੀ ਅਤੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਨਾਲ ਵੀ ਜੂਝ ਰਿਹਾ ਸੀ। ਮੁਸਤਫਾ ਨੇ ਪੱਤਰਕਾਰਾਂ ਨੂੰ ਦੱਸਿਆ, "ਉਹ ਆਪਣੀ ਬਿਮਾਰੀ ਕਾਰਨ ਅਕਸਰ ਹਿੰਸਕ ਹੋ ਜਾਂਦਾ ਸੀ।" ਉਨ੍ਹਾਂ ਕਿਹਾ ਕਿ ਪਰਵਾਰ ਨੇ ਸਾਲਾਂ ਤੱਕ ਇਸ ਮਾਨਸਿਕ ਪੀੜਾ ਨੂੰ ਸਹਿਣ ਕੀਤਾ। ਮੁਸਤਫਾ ਨੇ ਕਿਹਾ, "ਉਸ (ਅਕੀਲ) ਦੀ ਹਾਲਤ ਇੰਨੀ ਵਿਗੜ ਗਈ ਸੀ ਕਿ ਉਹ ਸਮਝ ਨਹੀਂ ਪਾ ਰਿਹਾ ਸੀ ਕਿ ਉਹ ਕੀ ਕਹਿ ਰਿਹਾ ਹੈ ਜਾਂ ਕਰ ਰਿਹਾ ਹੈ।" ਸਾਬਕਾ ਡੀ ਜੀ ਪੀ ਨੇ ਕਿਹਾ, "ਅਕੀਲ ਨੇ ਇੱਕ ਵਾਰ 2008 ਵਿੱਚ ਆਪਣੀ ਮਾਂ ਦਾ ਲੱਕ ਤੋੜ ਦਿੱਤਾ ਸੀ, ਪਰ ਪਰਵਾਰ ਨੇ ਇਹ ਕਹਿ ਕੇ ਇਸ ਗੱਲ ਨੂੰ ਛੁਪਾ ਲਿਆ ਕਿ ਉਹ ਡਿੱਗ ਗਈ ਹੈ। ਇੱਕ ਹੋਰ ਮੌਕੇ 'ਤੇ ਅਖਤਰ ਨੇ ਆਪਣੀ ਪਤਨੀ 'ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ।" ਮੁਸਤਫਾ ਨੇ ਕਿਹਾ, "ਅਸੀਂ ਜਨਤਕ ਸ਼ਖ਼ਸੀਅਤਾਂ ਹਾਂ, ਇਸ ਲਈ ਅਸੀਂ ਇਨ੍ਹਾਂ ਮਾਮਲਿਆਂ ਨੂੰ ਛੁਪਾਉਣ ਦੀ ਕੋਸ਼ਿਸ਼ ਕੀਤੀ, ਪਰ ਹੁਣ ਸੱਚਾਈ ਸਾਹਮਣੇ ਆਉਣੀ ਚਾਹੀਦੀ ਹੈ।" ਅਖ਼ਤਰ ਦੇ ਵੀਡੀਓ ਬਾਰੇ ਮੁਸਤਫ਼ਾ ਨੇ ਕਿਹਾ ਕਿ ਉਸ ਦੇ ਪੁੱਤਰ ਨੇ ਇਸ ਨੂੰ 27 ਅਗਸਤ ਨੂੰ ਸੋਸ਼ਲ ਮੀਡੀਆ 'ਤੇ ਪੋਸਟ ਕੀਤਾ ਸੀ ਅਤੇ ਦੋ ਘੰਟੇ ਬਾਅਦ ਇਸ ਨੂੰ ਡਿਲੀਟ ਕਰ ਦਿੱਤਾ, ਪਰ ਕੁਝ ਲੋਕਾਂ ਨੇ ਇਸ ਨੂੰ ਡਾਊਨਲੋਡ ਕੀਤਾ ਅਤੇ ਹੁਣ 'ਪਰਵਾਰ ਨੂੰ ਬਦਨਾਮ ਕਰਨ ਲਈ ਇਸ ਦੀ ਦੁਰਵਰਤੋਂ ਕਰ ਰਹੇ ਹਨ।' ਮੁਸਤਫਾ ਨੇ ਕਿਹਾ ਕਿ ਉਹ ਮਾਮਲੇ ਦੀ ਜਾਂਚ ਲਈ ਇੱਕ ਵਿਸ਼ੇਸ਼ ਜਾਂਚ ਟੀਮ ਦੇ ਗਠਨ ਦਾ ਪੂਰਾ ਸਮਰਥਨ ਕਰਦੇ ਹਨ ਅਤੇ 'ਸੱਚਾਈ ਸਾਹਮਣੇ ਲਿਆਉਣ ਲਈ' ਪੂਰਾ ਸਹਿਯੋਗ ਕਰਨਗੇ। ਮੁਸਤਫਾ ਨੇ ਪੰਜਾਬ ਦੇ ਮਾਲੇਰਕੋਟਲਾ ਦੇ ਵਸਨੀਕ ਸ਼ਮਸ਼ੂਦੀਨ ਵੱਲੋਂ ਲਗਾਏ ਗਏ ਦੋਸ਼ਾਂ ਨੂੰ ਵੀ ਰੱਦ ਕਰ

• ਬਾਕੀ ਸਫਾ 2 'ਤੇ

## ਹਿਮਾਚਲ ਪ੍ਰਦੇਸ਼ ਦੇ ਉੱਚੇ ਇਲਾਕਿਆਂ 'ਤੇ ਬਰਫ਼ਬਾਰੀ

ਸ਼ਿਮਲਾ : ਹਿਮਾਚਲ ਪ੍ਰਦੇਸ਼ ਦੇ ਉੱਚੇ ਇਲਾਕਿਆਂ ਵਿੱਚ ਬੁੱਧਵਾਰ ਨੂੰ ਦੂਜੇ ਦਿਨ ਵੀ ਬਰਫ਼ਬਾਰੀ ਹੋਈ, ਜਿਸ ਨਾਲ ਤਾਪਮਾਨ ਹੋਰ ਡਿੱਗ ਗਿਆ। ਅਧਿਕਾਰੀਆਂ ਨੇ ਦੱਸਿਆ ਕਿ ਲਾਹੌਲ ਤੇ ਸਪਿਤੀ ਜ਼ਿਲ੍ਹੇ ਦੇ ਗੋਂਧਲਾ ਤੇ ਕੇਲੌਂਗ ਵਿੱਚ ਕ੍ਰਮਵਾਰ ਪੰਜ ਸੈਂਟੀਮੀਟਰ ਅਤੇ ਚਾਰ ਸੈਂਟੀਮੀਟਰ ਬਰਫ਼ਬਾਰੀ ਪਈ। ਸ਼ਿਮਲਾ ਦੇ ਮੌਸਮ ਵਿਭਾਗ ਦੇ ਡਾਇਰੈਕਟਰ ਕੁਲਦੀਪ ਸ੍ਰੀਵਾਸਤਵ ਨੇ ਕਿਹਾ ਕਿ ਅਗਲੇ ਦੋ ਦਿਨਾਂ ਤੱਕ ਮਜ਼ਬੂਤ ਸਰਗਰਮ ਪੱਛਮੀ ਗੜਬੜੀ ਸੂਬੇ ਨੂੰ ਪ੍ਰਭਾਵਿਤ ਕਰੇਗੀ ਅਤੇ ਸਾਰੇ ਜ਼ਿਲ੍ਹਿਆਂ ਵਿੱਚ ਰੁਕ-ਰੁਕ ਕੇ ਮੀਂਹ ਪੈਣ ਦੀ ਸੰਭਾਵਨਾ ਹੈ। ਕਸ਼ਮੀਰ ਦੇ ਅਨੰਤਨਾਗ ਜ਼ਿਲ੍ਹੇ ਦੇ ਸਿੰਥਨ ਟੌਪ, ਗੁਲਮਰਗ ਦੇ ਅਫ਼ਰਵਤ, ਜ਼ੋਜਿਲਾ ਪਾਸ, ਕੁਪਵਾੜਾ ਦੇ ਬੰਗਸ, ਗੁਰੇਜ਼ ਵਾਦੀ ਦੇ ਰਾਜ਼ਦਾਨ ਪਾਸ ਅਤੇ ਹੋਰ ਉੱਚੇ ਇਲਾਕਿਆਂ ਵਿੱਚ ਬਰਫ਼ਬਾਰੀ ਹੋਈ।

## ਟਰੈਕਟਰਾਂ ਦਾ ਬਾਪੂ



ਸਿਡਨੀ : ਦੁਨੀਆ ਦੇ ਸਭ ਤੋਂ ਵੱਡੇ ਟਰੈਕਟਰ ਦਾ ਡੇਰਾ ਪੱਛਮੀ ਆਸਟਰੇਲੀਆ ਦੇ ਸ਼ਹਿਰ ਪਰਥ ਤੋਂ 300 ਕਿਲੋਮੀਟਰ ਉੱਤਰ ਵਿੱਚ ਕਾਰਨਮਾਹ ਟਾਊਨ ਵਿੱਚ ਹੈ। ਖੇਤਾਂ ਦੇ ਰਾਜੇ ਦੀ ਗੱਦੀ ਉੱਤੇ ਬੈਠਣ ਲਈ ਪੌੜੀ ਰਾਹੀਂ ਚੜ੍ਹਨਾ ਪੈਂਦਾ ਹੈ। ਇਸ ਦੇ ਆਕਰਸ਼ਣ ਕਾਰਨ ਪਿੰਡ 'ਚ ਸੈਰ-ਸਪਾਟਾ ਲਗਾਤਾਰ ਵਧ ਰਿਹਾ ਹੈ। ਇਹ ਟਰੈਕਟਰ 11.5 ਮੀਟਰ ਉੱਚਾ, 16 ਮੀਟਰ ਲੰਮਾ ਅਤੇ 42 ਟਨ ਵਜ਼ਨੀ ਹੈ, ਜੋ ਕਿ ਅਸਲ ਟਰੈਕਟਰ ਨਾਲੋਂ ਪੰਜ ਗੁਣਾ ਵੱਡਾ ਹੈ। ਅਮਰੀਕਾ ਵਿਚ ਸਭ ਤੋਂ ਵੱਡਾ ਟਰੈਕਟਰ 'ਬਿੱਗ ਬਡ 747' ਸੀ। ਇਸ ਵੱਡੇ ਟਰੈਕਟਰ ਨੂੰ ਸਥਾਨਕ ਭਾਈਚਾਰੇ ਵੱਲੋਂ ਦਾਨ ਕੀਤੀ ਰਕਮ ਨਾਲ ਬਣਾਉਣ ਵਿੱਚ ਕਰੀਬ ਇੱਕ ਸਾਲ ਲੱਗਾ ਹੈ।

# ਮੋਦੀ ਵਾਲਾ ਭਾਰਤ ਕੁਝ ਖਾਸ ਤਰ੍ਹਾਂ ਦੇ ਲੋਕਾਂ ਲਈ : ਮਮਦਾਨੀ




ਨਿਊ ਯਾਰਕ : ਨਿਊ ਯਾਰਕ ਸ਼ਹਿਰ ਦੇ ਮੇਅਰ ਦੇ ਅਹੁਦੇ ਲਈ ਡੈਮੋਕਰੇਟਿਕ ਉਮੀਦਵਾਰ ਜ਼ੋਹਰਾਨ ਮਮਦਾਨੀ ਨੇ ਦੀਵਾਲੀ 'ਤੇ ਹਿੰਦੂ-ਅਮਰੀਕੀ ਭਾਈਚਾਰੇ ਵਿੱਚ ਪਹੁੰਚ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਭਾਜਪਾ 'ਤੇ ਤਿੱਖਾ ਹਮਲਾ ਕੀਤਾ। ਕੁਝ ਮਹੀਨੇ ਪਹਿਲਾਂ ਮੋਦੀ ਦੀ ਤੁਲਨਾ ਇਜ਼ਰਾਇਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨਾਲ ਕਰਕੇ ਉਨ੍ਹਾ ਨੂੰ ਯੁੱਧ ਅਪਰਾਧੀ ਦੱਸਣ ਵਾਲੇ ਮਮਦਾਨੀ ਨੇ ਨਿਊ ਯਾਰਕ ਦੀ ਕੁਈਨਜ਼ ਵਿੱਚ ਕਈ ਹਿੰਦੂ ਮੰਦਰਾਂ ਦੇ ਦੌਰੇ ਦੌਰਾਨ ਕਿਹਾ ਕਿ ਉਹ ਇੱਕ ਅਜਿਹੇ ਭਾਰਤ ਵਿੱਚ ਪਲੇ-ਵਧੇ, ਜਿਹੜਾ ਬਹੁਲਵਾਦ ਦਾ ਉਤਸਵ ਮਨਾਉਂਦਾ ਸੀ, ਪਰ ਹੁਣ ਉਹ ਹਾਲਾਤ ਨਹੀਂ। ਉਨ੍ਹਾ ਕਿਹਾ, 'ਮੈਂ ਪ੍ਰਧਾਨ ਮੰਤਰੀ ਮੋਦੀ ਦਾ ਇਸ ਕਰਕੇ ਆਲੋਚਕ ਰਿਹਾ ਹਾਂ, ਕਿਉਂਕਿ ਮੈਂ ਜਿਸ ਭਾਰਤ ਵਿੱਚ ਵੱਡਾ ਹੋਇਆ ਉਹ ਇੱਕ ਬਹੁਲਵਾਦੀ ਭਾਰਤ ਸੀ, ਜਿੱਥੇ ਹਰ ਧਰਮ ਦੇ ਲੋਕ ਇਕੱਠੇ ਰਹਿੰਦੇ ਸਨ। ਮੇਰੀ ਆਲੋਚਨਾ ਮੋਦੀ ਤੇ ਭਾਜਪਾ ਦੇ ਉਸ ਵਿਚਾਰ ਦੇ ਖਿਲਾਫ ਹੈ, ਜਿਹੜੀ ਭਾਰਤ ਵਿੱਚ ਸਿਰਫ ਕੁਝ ਖਾਸ ਤਰ੍ਹਾਂ ਦੇ ਭਾਰਤੀਆਂ ਲਈ ਥਾਂ ਹੋਣ ਦੀ ਗੱਲ ਕਰਦੀ ਹੈ।' ਉਨ੍ਹਾ ਕਿਹਾ ਕਿ

• ਬਾਕੀ ਸਫਾ 2 'ਤੇ

## 'ਕਿਉਂਕਿ ਸਾਸ ਭੀ ਕਭੀ ਬਹੂ ਥੀ 2' 'ਚ ਬਿਲ ਗੇਟਸ ਕਰਨਗੇ ਅਦਾਕਾਰੀ!

ਚੰਡੀਗੜ੍ਹ : ਦੇਸ਼ ਦੇ ਮਸ਼ਹੂਰ ਡੇਲੀ ਸੋਪ ਸ਼ੋਅ 'ਕਿਉਂਕਿ ਸਾਸ ਭੀ ਕਭੀ ਬਹੂ ਥੀ 2' ਵਿੱਚ ਇੱਕ ਨਵਾਂ ਮੋੜ ਆਉਣ ਵਾਲਾ ਹੈ। ਇਸ ਅਚਨਚੇਤ ਪਰ ਦਿਲਚਸਪ ਘਟਨਾਕ੍ਰਮ ਵਿੱਚ ਮਾਈਕ੍ਰੋਸੌਫਟ ਦੇ ਸਹਿ-ਸੰਸਥਾਪਕ ਅਤੇ ਸਮਾਜ ਸੇਵੀ ਬਿਲ ਗੇਟਸ 'ਕਿਉਂਕਿ ਸਾਸ ਭੀ ਕਭੀ ਬਹੂ ਥੀ 2' ਵਿੱਚ ਇੱਕ ਵਿਸ਼ੇਸ਼ ਪੇਸ਼ਕਾਰੀ ਦੇਣ ਲਈ ਤਿਆਰ ਹਨ। ਇਹ ਸਹਿਯੋਗ 'ਕਹਾਣੀ ਘਰ ਘਰ ਕੀ' ਦੇ ਸਿਤਾਰਿਆਂ ਸਾਕਸ਼ੀ ਤੰਵਰ ਅਤੇ ਕਿਰਨ ਕਰਮਾਰਕਰ ਦੇ ਉਸੇ ਸ਼ੋਅ 'ਤੇ ਮੁੜ ਇਕੱਠੇ ਹੋਣ ਤੋਂ ਤੁਰੰਤ ਬਾਅਦ ਹੋਇਆ ਹੈ। ਮੀਡੀਆ ਰਿਪੋਰਟਾਂ ਅਨੁਸਾਰ ਗੇਟਸ ਦੀ ਪੇਸ਼ਕਾਰੀ ਇੱਕ ਵਰਚੁਅਲ ਫਾਰਮੈਟ ਵਿੱਚ ਹੋਵੇਗੀ, ਜੋ ਇੱਕ ਵਿਸ਼ੇਸ਼ ਤਿੰਨ-ਐਪੀਸੋਡ ਦੀ ਕਹਾਣੀ ਵਿੱਚ ਦਿਖਾਈ ਜਾਵੇਗੀ। ਇਸ ਕਹਾਣੀ ਦਾ ਕੇਂਦਰ ਮਾਂ ਅਤੇ ਨਵਜੰਮੇ ਬੱਚਿਆਂ ਦੀ ਸਿਹਤ ਬਾਰੇ ਜਾਗਰੂਕਤਾ ਪੈਦਾ ਕਰਨਾ ਹੋਵੇਗਾ, ਇੱਕ ਅਜਿਹਾ ਖੇਤਰ ਜਿਸ ਲਈ ਬਿਲ ਐਂਡ ਮੇਲਿੰਡਾ ਗੇਟਸ ਫਾਊਂਡੇਸ਼ਨ ਲੰਬੇ ਸਮੇਂ ਤੋਂ ਵਚਨਬੱਧ ਹੈ। ਸ਼ੋਅ ਦੇ ਇਸ ਹਿੱਸੇ ਵਿੱਚ ਬਿਲ ਗੇਟਸ ਅਤੇ ਅਦਾਕਾਰਾ ਤੋਂ ਸਿਆਸਤਦਾਨ ਬਣੀ ਸਮ੍ਰਿਤੀ ਇਰਾਨੀ ਵਿਚਕਾਰ ਇੱਕ ਵੀਡੀਓ ਕਾਲ ਸ਼ਾਮਲ ਹੋਵੇਗੀ।

## ਰਾਸ਼ਟਰਪਤੀ ਮੁਰਮੂ ਦੇ ਹੈਲੀਕਾਪਟਰ ਹੇਠੋਂ ਧੱਸਿਆ ਹੈਲੀਪੈਡ



ਤਿਰੂਵਨੰਤਪੁਰਮ/ਪਥਨਮਥਿੱਟਾ : ਕੇਰਲਾ ਵਿਚ ਬੁੱਧਵਾਰ ਨੂੰ ਉਦੋਂ ਇਕ ਵੱਡਾ ਹਾਦਸਾ ਟਲ ਗਿਆ, ਜਦੋਂ ਰਾਸ਼ਟਰਪਤੀ ਦਰੋਪਦੀ ਮੁਰਮੂ ਨੂੰ ਲੈ ਕੇ ਜਾ ਰਿਹਾ ਹੈਲੀਕਾਪਟਰ ਪਥਨਮਥਿੱਟਾ ਜ਼ਿਲ੍ਹੇ ਦੇ ਪ੍ਰਮਦਮ ਸਟੇਡੀਅਮ ਵਿਚ ਉੱਤਰਨ ਤੋਂ ਫੌਰੀ ਮਗਰੋਂ ਹੈਲੀਪੈਡ ਦਾ ਹਿੱਸਾ ਧੱਸ ਗਿਆ। ਮੌਕੇ 'ਤੇ ਮੌਜੂਦ ਪੁਲਸ ਤੇ ਫਾਇਰ ਬ੍ਰਿਗੇਡ ਦੇ ਕਰਮੀਆਂ ਨੇ ਫੌਰੀ ਚੌਕਸੀ ਵਰਤਦਿਆਂ ਹੈਲੀਕਾਪਟਰ ਨੂੰ ਧੱਸਣ ਵਾਲੀ ਥਾਂ ਤੋਂ ਧੱਕਾ ਦੇ ਕੇ ਬਾਹਰ ਕੱਢਿਆ। ਇਹ ਘਟਨਾ ਉਦੋਂ ਹੋਈ, ਜਦੋਂ ਰਾਸ਼ਟਰਪਤੀ ਦਰੋਪਦੀ ਮੁਰਮੂ ਸ਼ਬਰੀਮਾਲਾ ਵਿਚ ਭਗਵਾਨ ਅਯੱਪਾ ਮੰਦਰ ਦੇ ਦਰਸ਼ਨਾਂ ਲਈ ਜਾ ਰਹੇ ਸਨ। ਹੈਲੀਕਾਪਟਰ ਦੇ ਸੁਰੱਖਿਅਤ ਉਤਰਨ ਤੋਂ ਕੁਝ ਹੀ ਪਲਾਂ ਬਾਅਦ ਹੈਲੀਪੈਡ ਦੇ ਟਾਰਮੈਕ ਦਾ ਇਕ ਹਿੱਸਾ ਧੱਸ ਗਿਆ, ਜਿਸ ਨਾਲ ਪਿਛਲੇ ਪਹੀਏ ਦਾ ਇਕ ਹਿੱਸਾ ਬੈਠ ਗਿਆ। ਹਾਲਾਂਕਿ ਕੋਈ ਜ਼ਖ਼ਮੀ ਨਹੀਂ ਹੋਇਆ ਤੇ ਰਾਸ਼ਟਰਪਤੀ ਮੁਰਮੂ ਪੂਰੀ ਤਰ੍ਹਾਂ ਸੁਰੱਖਿਅਤ ਹਨ। ਘਟਨਾ ਤੋਂ ਫੌਰੀ ਮਗਰੋਂ ਸੁਰੱਖਿਆ ਏਜੰਸੀਆਂ ਨੇ ਖੇਤਰ ਨੂੰ ਘੇਰ ਲਿਆ ਤੇ ਹੈਲੀਪੈਡ ਦੀ ਤਕਨੀਕੀ ਜਾਂਚ ਸ਼ੁਰੂ ਕਰ ਦਿੱਤੀ। ਸਥਾਨਕ ਪ੍ਰਸ਼ਾਸਨ ਨੇ ਕਿਹਾ ਕਿ ਇਹ ਸ਼ਾਇਦ ਮਿੱਟੀ ਹੇਠਲੀ ਪਰਤ ਕਮਜ਼ੋਰ ਹੋਣ ਕਰਕੇ ਹੋਇਆ। ਇੰਜਨੀਅਰਿੰਗ ਮਾਹਿਰਾਂ ਵੱਲੋਂ ਇਸ ਦੀ ਜਾਂਚ ਕੀਤੀ ਜਾ ਰਹੀ ਹੈ।


## ਅੱਜ-ਨਾਮਾ

ਦੀਵਾਲੀ ਲੰਘੀ, ਪਰਦੂਸ਼ਣ ਦੀ ਗੱਲ ਚੱਲੀ,
ਉਠਾਈ ਹੈ ਉਂਗਲ ਪੰਜਾਬ ਦੇ ਵੱਲ ਬੇਲੀ।
ਸਭ ਨੂੰ ਪਤਾ, ਪੰਜਾਬ ਸਿਰ ਦੋਸ਼ ਪਾਈਏ,
ਮਿਲਦੀ ਦਿੱਲੀ ਦਰਬਾਰ ਵਿੱਚ ਭੱਲ ਬੇਲੀ।
ਦਿੱਸਦਾ ਧੂੰਆਂ ਨਹੀਂ ਕਿਤੇ ਪੰਜਾਬ ਅੰਦਰ,
ਕਿੱਥੋਂ ਦੀ ਜਾਂਦਾ ਈ ਦਿੱਲੀ ਦੇ ਵੱਲ ਬੇਲੀ।
ਹਰਿਆਣੇ ਵਿੱਚ ਵੀ ਨਹੀਂ ਬਰੇਕ ਲਗਦੀ,
ਖੜਕਾਵੇ ਦਿੱਲੀ ਵਿੱਚ ਜਾ ਕੇ ਟੱਲ ਬੇਲੀ।
ਦਿੱਲੀ ਅੰਦਰ ਪਰਦੂਸ਼ਣ ਦੇ ਕਈ ਪੱਧਰ,
ਕਿਧਰੇ ਬਹੁਤ ਤੇ ਕਿਤੇ ਕੁਝ ਘੱਟ ਬੇਲੀ।
ਆਪਣੇ ਵਿਹੜੇ ਦੇ ਵਿੱਚ ਉਹ ਵੇਖਦੇ ਨਾ,
ਸਰਦਾ ਪੰਜਾਬ ਨੂੰ ਭੰਡਣ ਤੋਂ ਝੱਟ ਬੇਲੀ।

-ਤੀਸ ਮਾਰ ਖਾਂ

## ਮੋਦੀ ਲੁਕੋਂਦਾ ਹੈ...

ਨਵੀਂ ਦਿੱਲੀ : ਕਾਂਗਰਸ ਪਾਰਟੀ ਨੇ ਬੁੱਧਵਾਰ ਨੂੰ ਦੀਵਾਲੀ ਮੌਕੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਚਕਾਰ ਹੋਈ ਫ਼ੋਨ ਉਪਰ ਗੱਲਬਾਤ 'ਤੇ ਚੁਟਕੀ ਲੈਂਦੇ ਹੋਏ ਕਿਹਾ ਕਿ ਪ੍ਰਧਾਨ ਮੰਤਰੀ ਚੀਜ਼ਾਂ ਲੁਕਾਉਂਦੇ ਹਨ, ਜਦੋਂ ਕਿ ਟਰੰਪ ਉਨ੍ਹਾਂ ਦਾ ਪਰਦਾਫਾਸ਼ ਕਰਦੇ ਹਨ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ 'ਐਕਸ' 'ਤੇ ਪੋਸਟ ਕੀਤਾ, "ਪ੍ਰਧਾਨ ਮੰਤਰੀ ਨੇ ਅਖੀਰ ਜਨਤਕ ਤੌਰ 'ਤੇ ਮੰਨ ਲਿਆ ਹੈ ਕਿ ਰਾਸ਼ਟਰਪਤੀ ਟਰੰਪ ਨੇ ਉਨ੍ਹਾਂ ਨੂੰ ਫ਼ੋਨ ਕੀਤਾ ਸੀ ਅਤੇ ਦੋਵਾਂ ਵਿਚਕਾਰ ਗੱਲਬਾਤ ਹੋਈ ਸੀ, ਪਰ ਪ੍ਰਧਾਨ ਮੰਤਰੀ ਨੇ ਸਿਰਫ਼ ਇਹੀ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਨੇ ਉਨ੍ਹਾਂ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਹਨ।" ਰਮੇਸ਼ ਨੇ ਕਿਹਾ, "ਅਮਰੀਕੀ ਰਾਸ਼ਟਰਪਤੀ ਨੇ ਕਿਹਾ ਕਿ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਤੋਂ ਇਲਾਵਾ ਉਨ੍ਹਾਂ ਨੇ ਰੂਸ ਤੋਂ ਭਾਰਤ ਦੀ ਤੇਲ ਦਰਾਮਦ 'ਤੇ ਵੀ ਚਰਚਾ ਕੀਤੀ ਅਤੇ ਮੋਦੀ ਨੇ ਭਰੋਸਾ ਦਿੱਤਾ ਕਿ ਇਹ ਦਰਾਮਦ ਬੰਦ ਕਰ ਦਿੱਤੀ ਜਾਵੇਗੀ।"




CMYK

## ਟੂ ਵ੍ਹੀਲਰ ਯੂਨੀਅਨ ਨੇ ਸ਼ਰਧਾ ਨਾਲ ਮਨਾਇਆ ਵਿਸ਼ਵਕਰਮਾ ਦਿਵਸ



**ਕੋਟ ਈਸੇ ਖਾਂ (ਅਰੋੜਾ)**-ਕੋਟ ਈਸੇ ਖਾਂ ਦੀ ਟੂ ਵ੍ਹੀਲਰ ਯੂਨੀਅਨ ਅਤੇ ਆਟੋ ਸਪੇਅਰ ਪਾਰਟਸ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਵਿਸ਼ਵਕਰਮਾ ਦਿਵਸ ਬਹੁਤ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸਮੂਹ ਮੈਂਬਰਾਂ ਨੇ ਇਕੱਠੇ ਹੋ ਕੇ ਭਗਵਾਨ ਵਿਸ਼ਵਕਰਮਾ ਦੀ ਤਸਵੀਰ ਅੱਗੇ ਫੁੱਲ ਮਾਲਾਵਾਂ ਭੇਟ ਕੀਤੀਆਂ ਅਤੇ ਪ੍ਰਸ਼ਾਦ ਵੰਡ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਉਹਨਾਂ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਨੂੰ ਮੰਨਣ ਵਾਲੇ ਮਿਹਨਤਕਸ਼ ਲੋਕਾਂ ਨੇ ਦੇਸ਼ ਅਤੇ ਸਮਾਜ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਰਿਹਾ ਹੈ ਤੇ ਅਤੇ ਉਹਨਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਭਗਵਾਨ ਵਿਸ਼ਵਕਰਮਾ ਜੀ ਦੇ ਦੱਸੇ ਹੋਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਸਮੂਹ ਦੁਕਾਨਦਾਰਾਂ ਨੇ ਕਿਹਾ ਕਿ ਕਿਰਤ ਦੇਵਤਾ ਭਗਵਾਨ ਬਾਬਾ ਵਿਸ਼ਵਕਰਮਾ ਜੀ ਨੂੰ ਰਹਿੰਦੀ ਦੁਨੀਆ ਤੱਕ ਯਾਦ ਕੀਤਾ ਜਾਵੇਗਾ ਅਤੇ ਅਸੀਂ ਉਹਨਾਂ ਦੀ ਅਪਾਰ ਕਿਰਪਾ ਸਦਕਾ ਹੀ ਅਨੇਕਾਂ ਤਰ੍ਹਾਂ ਦੀਆਂ ਸਹੂਲਤਾਂ ਦਾ ਆਨੰਦ ਮਾਣ ਰਹੇ ਹਾਂ। ਉਹਨਾਂ ਵੱਲੋਂ ਸਮੂਹ ਸੰਗਤਾਂ ਨੂੰ ਵਿਸ਼ਕਰਮਾ ਦਿਹਾੜੇ ਦੀਆਂ ਮੁਬਾਰਕਾਂ ਦਿੱਤੀਆਂ। ਇਸ ਮੌਕੇ ਟੂ ਵ੍ਹੀਲਰ ਯੂਨੀਅਨ ਅਤੇ ਆਟੋ ਸਪੇਅਰ ਪਾਰਟਸ ਦੇ ਮੈਂਬਰ ਅਹੁਦੇਦਾਰ ਹਾਜ਼ਰ ਸਨ।

## ਭਾਕਿਯੂ ਕਾਦੀਆਂ ਦੀ ਬਲਾਕ ਪੱਧਰੀ ਮੀਟਿੰਗ 'ਚ ਮਸਲੇ ਵਿਚਾਰੇ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਬਲਾਕ ਪੱਧਰੀ ਮੀਟਿੰਗ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਬਲਾਕ ਪ੍ਰਧਾਨ ਪਰਮਜੀਤ ਸਿੰਘ ਢੀਂਡਸਾ ਦੀ ਪ੍ਰਧਾਨਗੀ ਹੇਠ ਹੋਈ। ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ, ਜ਼ਿਲ੍ਹਾ ਆਗੂ ਗੁਰਧਿਆਨ ਸਿੰਘ ਸਹਿਜੜਾ ਨੇ ਸਰਕਾਰ ਤੋਂ ਡੀ ਏ ਪੀ ਖਾਦ ਦੀ ਘਾਟ ਨੂੰ ਪੂਰਾ ਕਰਨ ਦੀ ਮੰਗ ਕੀਤੀ।ਆਗੂਆਂ ਨੇ ਕਿਹਾ ਕਿ ਪਰਾਲੀ ਦੇ ਪ੍ਰਬੰਧਨ ਲਈ ਖੇਤੀਬਾੜੀ ਵਿਭਾਗ ਵੱਲੋਂ ਸਿਰਫ ਜਾਗਰੂਕਤਾ ਕੈਂਪ ਲਗਾਉਣ ਦੀ ਬਜਾਏ ਕਿਸਾਨਾਂ ਨੂੰ ਲੋੜੀਂਦੀ ਮਸ਼ੀਨਰੀ ਸਮੇਂ ਸਿਰ ਨਹੀਂ ਮੁਹੱਈਆ ਕਰਾਈ ਗਈ, ਜਿਸ ਕਾਰਨ ਕਰਕੇ ਕਿਸਾਨਾਂ ਨੂੰ ਮਜਬੂਰ ਹੋ ਕੇ ਪਰਾਲੀ ਦੀ ਰਹਿੰਦ ਖੂੰਹਦ ਨੂੰ ਅੱਗ ਲਾਉਣੀ ਪਵੇਗੀ, ਜਿਸ ਦੀ ਜਿੰਮੇਵਾਰੀ ਰਾਜ ਸਰਕਾਰ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਸਿਰ ਹੋਵੇਗੀ।ਉਨ੍ਹਾਂ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਪਿੰਡਾਂ ਅੰਦਰ ਜੇਕਰ ਪੁਲਿਸ ਵੱਲੋਂ ਕਿਸਾਨਾਂ ਉੱਪਰ ਪਰਚੇ ਦਰਜ ਕਰਨ ਦੀ ਕਾਰਵਾਈ ਕੀਤੀ ਗਈ, ਤਾਂ ਉਸ ਦਾ ਜ਼ਬਰਦਸਤ ਵਿਰੋਧ ਕੀਤਾ ਜਾਵੇਗਾ।ਕਿਸਾਨ ਆਗੂਆਂ ਨੇ ਅਨਾਜ ਮੰਡੀਆਂ 'ਚ ਕਿਸਾਨਾਂ ਲਈ ਲੋੜੀਂਦੀਆਂ ਸਹੂਲਤਾਂ ਦਾ ਪ੍ਰਬੰਧ ਕਰਨ ਤੇ ਝੋਨੇ ਦੀ ਫ਼ਸਲ ਦੀ ਅਦਾਇਗੀ ਸਮੇਂ ਸਿਰ ਕਰਨ ਦੀ ਮੰਗ ਕੀਤੀ।ਬਲਾਕ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਜਥੇਬੰਦੀ ਦੀ ਮਜ਼ਬੂਤੀ ਲਈ ਸਰਗਰਮੀਆਂ ਨੂੰ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਦੀ ਅਗਵਾਈ ਹੇਠ ਹੋਰ ਤੇਜ਼ ਕਰਨ ਦਾ ਸੱਦਾ ਦਿੱਤਾ।ਬਲਾਕ ਖਜ਼ਾਨਚੀ ਜਸਵਿੰਦਰ ਸਿੰਘ ਛੀਨੀਵਾਲ, ਡਾ. ਸੁਖਦੀਪ ਸਿੰਘ ਗਿੱਲ, ਅਮਰਜੀਤ ਸਿੰਘ ਝੱਲਾ, ਬਲਵਿੰਦਰ ਸਿੰਘ ਛਾਪਾ, ਸਰਬਜੀਤ ਸਿੰਘ ਸਹੌਰ, ਸੁਰਿੰਦਰ ਸਿੰਘ ਵਜੀਦਕੇ, ਸਤਨਾਮ ਸਿੰਘ ਸਹੌਰ, ਬਲਤੇਜ ਸਿੰਘ ਵਜੀਦਕੇ, ਭਰਪੂਰ ਸਿੰਘ ਵਜੀਦਕੇ, ਹਰਬੰਸ ਸਿੰਘ ਚੰਨੀ, ਨਿਰਮਲ ਸਿੰਘ ਦਿਉਲ, ਹਰਚੰਦ ਸਿੰਘ, ਨਿਰਮਲ ਸਿੰਘ ਛਾਪਾ, ਕੁਲਵੰਤ ਸਿੰਘ ਨੇ ਸਮੂਹ ਕਿਸਾਨਾਂ ਨੂੰ ਜਥੇਬੰਦੀ ਦੀ ਅਗਵਾਈ ਹੇਠ ਲਾਮਬੰਦ ਹੋ ਕੇ ਆਪਣੀਆਂ ਹੱਕੀ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ਾਂ 'ਚ ਕਾਫ਼ਲੇ ਬੰਨ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ।

## ਸੁਪਰੀਮ ਕੌਨਵੈਂਟ ਸਕੂਲ 'ਚ ਧੂਮਧਾਮ ਨਾਲ ਮਨਾਇਆ ਦੀਵਾਲੀ ਦਾ ਤਿਉਹਾਰ



**ਹਠੂਰ (ਨਛੱਤਰ ਸੰਧੂ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਜੋ ਕਿ ਇੱਕ ਮੋਹਰੀ ਸੰਸਥਾ ਵਜੋਂ ਜਾਣੀ ਜਾਂਦੀ ਹੈ।ਜੋ ਵਿਦਿਆਰਥੀਆਂ ਨੂੰ ਹਰੇਕ ਪੱਧਰ ਵਿੱਚ ਉੱਚਾ ਚੁੱਕਣ ਲਈ ਵਚਨਬੱਧ ਹੈ। ਇਸ ਲਈ ਉਹਨਾਂ ਨੂੰ ਸੱਭਿਆਚਾਰਕ ਕਦਰਾਂ ਕੀਮਤਾਂ ਨਾਲ ਜੋੜਨ ਲਈ ਵੱਖ-ਵੱਖ ਦਿਨ ਤਿਉਹਾਰਾਂ ਨੂੰ ਸਕੂਲ ਵਿੱਚ ਮਨਾਇਆ ਜਾਂਦਾ ਹੈ। ਇਸੇ ਗੱਲ ਨੂੰ ਮੁੱਖ ਰੱਖਦਿਆਂ ਦੀਵਾਲੀ ਦੇ ਪਵਿੱਤਰ ਤਿਉਹਾਰ ਨੂੰ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਵੱਖ-ਵੱਖ ਹਾਊਸਾਂ ਦਾ ਬੋਰਡ ਸਜਾਉਣ ਦਾ ਮੁਕਾਬਲਾ ਕਰਵਾਇਆ ਗਿਆ।ਜਿਨ੍ਹਾਂ ਨੂੰ ਸਾਰੇ ਹੀ ਹਾਊਸ ਦੇ ਵਿਦਿਆਰਥੀਆਂ ਨੇ ਬਹੁਤ ਹੀ ਖੂਬਸੂਰਤ ਤਰੀਕੇ ਨਾਲ ਸਜਾਇਆ।ਜਿਸ ਵਿੱਚ ਰਾਜਗੁਰੂ ਹਾਊਸ ਨੇ ਪਹਿਲਾ ਸਥਾਨ, ਭਗਤ ਸਿੰਘ ਹਾਊਸ ਨੇ ਦੂਸਰਾ ਸਥਾਨ ਤੇ ਨੇਤਾ ਜੀ ਹਾਊਸ ਨੇ ਤੀਸਰਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਵਿਦਿਆਰਥੀਆਂ ਦੁਆਰਾ ਹਾਊਸ ਅਨੁਸਾਰ ਰੰਗੋਲੀ ਬਣਾਉਣ ਦਾ ਮੁਕਾਬਲਾ ਵੀ ਕਰਵਾਇਆ ਗਿਆ ਜਿਸ ਵਿੱਚ ਰਾਜਗੁਰੂ ਹਾਊਸ ਨੇ ਪਹਿਲਾ ਸਥਾਨ ਭਗਤ ਸਿੰਘ ਹਾਊਸ ਨੇ ਦੂਸਰਾ ਸਥਾਨ ਤੇ ਨੇਤਾ ਜੀ ਹਾਊਸ ਨੇ ਤੀਸਰਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਵੱਖ-ਵੱਖ ਕਲਾਸਾਂ ਦੇ ਦੀਵੇ ਅਤੇ ਮੋਮਬੱਤੀਆਂ ਨੂੰ ਸਜਾਉਣ ਦੇ ਮੁਕਾਬਲੇ ਵੀ ਕਰਵਾਏ ਗਏ।ਇਸ ਤੋਂ ਇਲਾਵਾ ਵਿਦਿਆਰਥੀਆਂ ਦੁਆਰਾ ਗ੍ਰੀਨ ਦੀਵਾਲੀ ਮਨਾਉਣ ਤੇ ਵਾਤਾਵਰਨ ਨੂੰ ਸਾਫ ਰੱਖਣ ਲਈ ਪੋਸਟਰ ਬਣਾ ਕੇ ਸਭ ਨੂੰ ਸੁਚੇਤ ਕੀਤਾ ਗਿਆ।ਇਸ ਵਿਸ਼ੇਸ਼ ਮੌਕੇ ਸਭ ਵਿਦਿਆਰਥੀਆਂ ਨੇ ਆਪਣੇ ਨਾਲ ਘਰ ਦੇ ਬਣੇ ਪਕਵਾਨਾਂ ਨੂੰ ਮਿਲ ਕੇ ਖਾਧਾ।ਇਸ ਮੌਕੇ ਸਕੂਲ ਪ੍ਰਧਾਨ ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਦੀਵਾਲੀ ਦੇ ਤਿਉਹਾਰ ਦੀ ਵਧਾਈ ਦਿੱਤੀ।

## ਸੂਬਾਈ ਅਜਲਾਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ



**ਮਾਨਸਾ (ਆਤਮਾ ਸਿੰਘ ਪਮਾਰ)**-ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ (ਵਿਗਿਆਨਕ)ਦੇ ਜ਼ਿਲ੍ਹਾ ਪ੍ਰਧਾਨ ਬਿੱਕਰ ਸਿੰਘ ਮਾਖਾ, ਜਨਰਲ ਸਕੱਤਰ ਹਿੰਮਤ ਸਿੰਘ ਦੂਲੋਵਾਲ ਨੇ ਦੱਸਿਆ ਕਿ ਜੱਥੇਬੰਦੀ ਦਾ ਪੰਜਾਬ ਪੱਧਰੀ ਡੈਲੀਗੇਟ ਇਜਲਾਸ ਮਾਨਸਾ ਦੇ ਪੈਨਸ਼ਨਰਜ਼ ਭਵਨ ਵਿਖੇ ਹੋ ਰਿਹਾ ਹੈ, ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਆਗੂਆਂ ਨੇ ਦੱਸਿਆ ਕਿ ਇਸ ਦਿਨ ਮੁਲਾਜ਼ਮ ਮੰਗਾਂ ਅਤੇ ਜਥੇਬੰਦੀ ਵੱਲੋਂ ਕੀਤੇ ਕੰਮਾਂ ਅਤੇ ਕਰਨ ਵਾਲੇ ਕੰਮਾਂ 'ਤੇ ਖੁੱਲ੍ਹ ਕੇ ਵਿਚਾਰਾਂ ਕੀਤੀਆਂ ਜਾਣਗੀਆਂ।ਸਾਥੀਆਂ ਨੇ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਪ੍ਰਤੀ ਰੁੱਖੇ ਵਤੀਰੇ ਦੀ ਸਖ਼ਤ ਨਿਖੇਧੀ ਕੀਤੀ। ਉਹਨਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰੇ ਅਤੇ ਬਣਦਾ ਬਕਾਇਆ ਵੀ ਦੇਵੇ। ਠੇਕੇ 'ਤੇ ਇਨਲਿਸਟਮੈਂਟ ਅਤੇ ਆਊਟਸੋਰਸ 'ਤੇ ਕੰਮ ਕਰਦੇ ਕਾਮੇ ਪੱਕੇ ਕੀਤੇ ਜਾਣ, ਮਹਿਕਮਿਆਂ ਦਾ ਨਿੱਜੀਕਰਨ ਬੰਦ ਕੀਤਾ ਜਾਵੇ, ਨਵੀਂ ਰੈਗੂਲਰ ਭਰਤੀ ਚਾਲੂ ਕੀਤੀ ਜਾਵੇ, ਮੁਲਾਜ਼ਮਾਂ ਨੂੰ ਮੀਟਿੰਗਾਂ ਦਾ ਸਮਾ ਦੇ ਕੇ ਨਾ ਮਿਲਣ ਦੀ ਖੇਡੀ ਜਾ ਰਹੀ ਚਾਲ ਬੰਦ ਕੀਤੀ ਜਾਵੇ।

## ਬੰਦੀ ਸਿੰਘਾਂ ਦੀ ਰਿਹਾਈ ਲਈ 14 ਨੂੰ ਦਿੱਲੀ ਵੱਲ ਰੋਸ ਮਾਰਚ : ਲੱਖੋਵਾਲ



**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਸੂਬਾ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਨੇ ਪ੍ਰੈਸ ਨੋਟ ਜ਼ਾਰੀ ਕਰਦਿਆ ਕਿਹਾ ਕਿ ਪੰਜਾਬ ਅਤੇ ਬਾਕੀ ਸੂਬਿਆਂ ਦੇ ਸੈਂਕੜੇ ਲੋਕ ਆਪਣੀਆਂ ਬਣਦੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਪਰ ਉਨ੍ਹਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ ਹੈ, ਤੇ ਨਾ ਹੀ ਪੈਰੋਲ ਦਿੱਤੀ ਜਾ ਰਹੀ ਹੈ।ਖਾਸ ਕਰਕੇ ਪੰਜਾਬ ਦੇ ਨੌਜਵਾਨਾਂ ਜੋ 25-30 ਸਾਲਾਂ ਤੋਂ ਜੇਲ੍ਹਾਂ ਵਿੱਚ ਬੰਦ ਹਨ।ਕਈ ਆਪਣੀਆਂ ਬਣਦੀਆਂ ਸਜ਼ਾਵਾਂ ਤੋਂ ਵੱਧ ਸਜ਼ਾਵਾਂ ਵੀ ਪੂਰੀਆਂ ਕਰ ਚੁੱਕੇ ਹਨ।ਪਰ ਸਰਕਾਰਾਂ ਉਨ੍ਹਾਂ ਨੂੰ ਰਿਹਾਅ ਨਹੀਂ ਕਰ ਰਹੀਆਂ, ਜਿਸ ਦਾ ਪੰਜਾਬ ਅਤੇ ਆਮ ਲੋਕਾਂ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਹੈ।ਇਸ ਲਈ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਕਰਾਉਣ ਲਈ ਪਿਛਲੇ 3 ਸਾਲਾਂ ਤੋਂ ਮੋਹਾਲੀ ਵਿੱਚ ਲੋਕ ਇਨਸਾਫ ਮੋਰਚੇ ਵੱਲੋਂ ਮੋਰਚਾ ਲਾਇਆ ਹੋਇਆ ਹੈ।ਮੋਰਚੇ ਵੱਲੋਂ ਕੇਂਦਰ ਸਰਕਾਰ ਨਾਲ ਗੱਲਬਾਤ ਕਰਨ ਲਈ ਵਾਰ-ਵਾਰ ਸਮਾਂ ਮੰਗਿਆ ਗਿਆ, ਪਰ ਕੇਂਦਰ ਸਰਕਾਰ ਨਾਂ ਤਾ ਸਮਾਂ ਦੇ ਰਹੀ ਹੈ ਤੇ ਨਾ ਹੀ ਗੱਲ ਸੁਣਨ ਨੂੰ ਤਿਆਰ ਹੈ।ਉਨ੍ਹਾਂ ਕਿਹਾ ਕਿ ਲੋਕ ਲਹਿਰ ਉਸਾਰ ਕੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਲਈ ਅਵਾਜ਼ ਉਠਾਉਣੀ ਲੋੜ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ 1ਨਵੰਬਰ ਨੂੰ ਪਿੰਡਾਂ ਵਿੱਚ ਘਰਾਂ ਵਿੱਚ ਅਰਦਾਸ ਦਿਵਸ ਦੇ ਤੌਰ 'ਤੇ ਮਨਾਇਆ ਜਾਵੇ ਤੇ 14 ਨਵੰਬਰ ਨੂੰ ਇਕ ਰੋਸ ਮਾਰਚ ਦਿੱਲੀ ਵੱਲ ਵਹੀਰਾਂ ਘੱਤੇਗਾ ਤੇ ਸਰਕਾਰ ਨੂੰ ਜਗਾਉਣ ਲਈ ਮੰਗ ਪੱਤਰ ਦਿੱਤਾ ਜਾਵੇਗਾ।

## ਬਾਬਾ ਵਿਸ਼ਵਕਰਮਾ ਦਿਵਸ 'ਤੇ ਲਗਾਇਆ ਖ਼ੂਨਦਾਨ ਕੈਂਪ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਬਾਬਾ ਵਿਸ਼ਵਕਰਮਾ ਦਿਵਸ ਦੇ ਸਬੰਧ ਵਿੱਚ ਗੁਰੂਹਰਸਹਾਏ ਵਿਸ਼ਕਰਮਾ ਗੁਰਦੁਆਰਾ ਸਾਹਿਬ ਨਜ਼ਦੀਕ ਮੇਰਾ ਪਰਵਾਰ ਵੈਲਫੇਅਰ ਸੁਸਾਇਟੀ ਵੱਲੋਂ ਇੱਕ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਐਸ.ਕੇ ਡਾਇਗਨੋਸਟਿਕ ਲੈਬ ਵੱਲੋਂ ਫਰੀ ਸ਼ੂਗਰ ਟੈਸਟ ਤੇ ਬਲੱਡ ਪ੍ਰੈਸ਼ਰ ਚੈਕ ਕੀਤਾ ਗਿਆ।ਜਿਸ ਵਿਚ 50 ਤੋਂ ਵੱਧ ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ।ਇਸ ਕੈਂਪ ਦੌਰਾਨ ਮੁੱਖ ਮਹਿਮਾਨ ਦੇ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਮੁੱਖ ਸੇਵਾਦਾਰ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਰੋਹਿਤ ਕੁਮਾਰ ਮੋਂਟੂ ਵੋਹਰਾ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਖ਼ੂਨਦਾਨ ਦੀ ਸ਼ੁਰੂਆਤ ਕਰਾਉਂਦਿਆਂ ਰੋਹਿਤ ਕੁਮਾਰ ਮੋਂਟੂ ਵੋਹਰਾ ਨੇ ਕਿਹਾ ਕਿ ਖ਼ੂਨਦਾਨ ਇੱਕ ਮਹਾਦਾਨ ਹੈ, ਸਾਨੂੰ ਵਧ ਚੜ੍ਹ ਕੇ ਖ਼ੂਨ ਦਾਨ ਕਰਨਾ ਚਾਹੀਦਾ। ਉਹਨਾਂ ਮੇਰਾ ਪਰਵਾਰ ਵੈਲਫੇਅਰ ਸੋਸਾਇਟੀ ਦੀ ਸਿਫਤ ਕਰਦਿਆਂ ਕਿਹਾ ਕਿ ਇਸ ਸੋਸਾਇਟੀ ਨੂੰ ਸਟੇਟ ਅਵਾਰਡ ਨਾਲ ਸਨਮਾਨਤ ਕੀਤਾ ਗਿਆ ਸੀ ਤੇ ਸੋਸਾਇਟੀ ਹਲਕਾ ਗੁਰੂ ਹਰ ਸਹਾਏ 'ਚ ਲਗਾਤਾਰ ਖ਼ੂਨਦਾਨ ਕੈਂਪ ਲਾ ਕੇ ਲੋਕ ਹਿੱਤ ਦੇ ਕੰਮ ਕਰ ਰਹੀ ਹੈ।ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਸੰਦੀਪ ਕੰਬੋਜ ਨੇ ਕਿਹਾ ਕਿ ਬਾਬਾ ਵਿਸ਼ਵਕਰਮਾ ਦਿਵਸ ਦੇ ਸੰਬੰਧ ਦੇ ਵਿੱਚ ਅੱਜ ਦਾ ਖ਼ੂਨਦਾਨ ਕੈਂਪ ਲਗਾਇਆ ਗਿਆ ਸੀ ਜਿਸ ਨੂੰ ਗੁਰਦੁਆਰਾ ਬੇਰ ਸਾਹਿਬ ਵਿਖੇ ਡਿਓੜੀ ਸਾਹਿਬ 'ਚ ਲਗਾਇਆ ਗਿਆ।

# ਬਲਾਕ ਫ਼ਿਰੋਜ਼ਪੁਰ-1 ਦੀਆਂ ਸਕੂਲ ਖੇਡਾਂ ਪੂਰੇ ਉਤਸ਼ਾਹ ਨਾਲ ਹੋਈਆਂ ਸੰਪੰਨ

## ਖੇਡਾਂ ਦਾ ਵਿਦਿਆਰਥੀ ਜੀਵਨ 'ਚ ਅਤਿ ਮਹੱਤਵਪੂਰਨ ਸਥਾਨ : ਬੀ ਪੀ ਈ ਓ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਸਕੂਲ ਸਿੱਖਿਆ ਵਿਭਾਗ ਪੰਜਾਬ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਬਲਾਕ ਫ਼ਿਰੋਜ਼ਪੁਰ-1 ਦੀਆਂ ਤਿੰਨ ਰੋਜ਼ਾ ਬਲਾਕ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਜ਼ਿਲ੍ਹਾ ਸਿੱਖਿਆ ਅਫ਼ਸਰ ਅਫ਼ਸਰ (ਐ.ਸਿ) ਸੁਨੀਤਾ ਰਾਣੀ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਕੋਮਲ ਅਰੋੜਾ ਦੀ ਅਗਵਾਈ ਹੇਠ ਬਲਾਕ ਫ਼ਿਰੋਜ਼ਪੁਰ-1 ਦੀਆਂ ਖੇਡਾਂ ਐੱਮਐੱਲਐੱਮ ਸਕੂਲ ਦੇ ਖੇਡ ਮੈਦਾਨ 'ਚ ਸ਼ਾਨੋ-ਸ਼ੌਕਤ ਨਾਲ ਸੰਪੰਨ ਹੋਈਆਂ।



ਇੰਚਾਰਜ ਬਲਾਕ ਖੇਡਾਂ ਗੁਰਬਚਨ ਸਿੰਘ ਭੁੱਲਰ ਦੱਸਿਆ ਕਿ ਇਸ ਖੇਡ ਸਮਾਗਮ 'ਚ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸੁਮਨਦੀਪ ਕੌਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਤੇ ਉਨ੍ਹਾਂ ਨੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ, ਹੌਸਲਾ ਅਫ਼ਜ਼ਾਈ ਕੀਤੀ ਅਤੇ ਕਿਹਾ ਕਿ ਖੇਡਾਂ ਦਾ ਵਿਦਿਆਰਥੀ ਜੀਵਨ ਵਿੱਚ ਅਤਿ ਮਹੱਤਵਪੂਰਨ ਸਥਾਨ ਹੈ ਤੇ ਉਨ੍ਹਾਂ ਅਗਲੇ ਜ਼ਿਲ੍ਹਾ ਟੂਰਨਾਮੈਂਟ ਲਈ ਸ਼ੁਭ ਇੱਛਾਵਾਂ ਦਿੱਤੀਆਂ। ਇਨ੍ਹਾਂ ਖੇਡ ਮੁਕਾਬਲਿਆਂ ਦੇ ਨਤੀਜਿਆਂ ਬਾਰੇ ਉਨ੍ਹਾਂ ਦੱਸਿਆ ਕਿ ਫੁੱਟਬਾਲ ਮੁੰਡੇ ਪਹਿਲਾ ਸਥਾਨ ਸੈਂਟਰ ਭੂਰੇ ਖੁਰਦ, ਦੂਜਾ ਸਥਾਨ ਸੈਂਟਰ ਝੋਕ ਹਰੀਹਰ, ਖੋ-ਖੋ ਮੁੰਡੇ ਪਹਿਲਾ ਸਥਾਨ ਸੈਂਟਰ ਰੁਕਨਾ ਬੇਗੂ, ਦੂਜਾ ਸਥਾਨ ਸੈਂਟਰ ਮਾਡਲ ਸਕੂਲ, ਖੋ-ਖੋ ਕੁੜੀਆਂ ਪਹਿਲਾ ਸਥਾਨ ਸੈਂਟਰ ਰੁਕਨਾ ਬੇਗੂ, ਦੂਜਾ ਸਥਾਨ ਸੈਂਟਰ ਕਰੀ ਕਲਾਂ, ਕਬੱਡੀ ਸਰਕਲ ਸਟਾਈਲ ਮੁੰਡੇ ਪਹਿਲਾ ਸਥਾਨ ਸੈਂਟਰ ਰੁਕਨਾ ਬੇਗੂ, ਦੂਜਾ ਸਥਾਨ ਸੈਂਟਰ ਕਰੀ ਕਲਾਂ, ਰੱਸਾਕਸ਼ੀ ਪਹਿਲਾ ਸਥਾਨ ਸੈਂਟਰ ਝੋਕ ਹਰੀਹਰ, ਦੂਜਾ ਸਥਾਨ ਸੈਂਟਰ ਭੂਰੇ ਖੁਰਦ ਸਥਾਨ, ਕਬੱਡੀ ਨੈਸ਼ਨਲ ਸਟਾਈਲ ਮੁੰਡੇ ਪਹਿਲਾ ਸਥਾਨ ਸੈਂਟਰ ਕਰੀ ਕਲਾਂ, ਦੂਜਾ ਸਥਾਨ ਸੈਂਟਰ ਝੋਕ ਹਰੀਹਰ, ਕਬੱਡੀ ਨੈਸ਼ਨਲ ਸਟਾਈਲ ਕੁੜੀਆਂ ਪਹਿਲਾ ਸਥਾਨ ਸੈਂਟਰ ਮਾਡਲ ਸਕੂਲ, ਦੂਜਾ ਸਥਾਨ ਸੈਂਟਰ ਰੁਕਨਾ ਬੇਗੂ, 100 ਮੀਟਰ ਮੁੰਡੇ ਪਹਿਲਾ ਸਥਾਨ ਸੁਖਪ੍ਰੀਤ ਸਿੰਘ, ਦੂਜਾ ਸਥਾਨ ਸ਼ਿਵਾ ਤੇ ਤੀਜਾ ਸਥਾਨ ਅਰੁਣ, 200 ਮੀਟਰ ਮੁੰਡੇ ਪਹਿਲਾ ਸਥਾਨ ਇਮਾਨਦੀਪ ਸਿੰਘ ਭੂਰੇ ਖੁਰਦ ਦੂਜਾ ਸਥਾਨ ਰਾਜਵੀਰ ਤੇ ਤੀਜਾ ਸਥਾਨ ਵੀਰਪ੍ਰਤਾਪ 400 ਮੀਟਰ ਮੁੰਡੇ ਪਹਿਲਾ ਸਥਾਨ ਰਾਜਵੀਰ, ਦੂਜਾ ਸਥਾਨ ਇਮਾਨਦੀਪ ਸਿੰਘ ਤੇ ਤੀਜਾ ਸਥਾਨ ਰਾਮਦੇਵ, 600 ਮੀਟਰ ਦੌੜ ਮੁੰਡਿਆਂ ਦੀ ਪਹਿਲਾ ਸਥਾਨ ਨਿਹਾਲ ਸਿੰਘ, ਦੂਜਾ ਸਥਾਨ ਮਨਜੋਤ ਤੇ ਤੀਜਾ ਸਥਾਨ ਅਨਮੋਲ, 100 ਮੀਟਰ ਕੁੜੀਆਂ ਪਹਿਲਾ ਸਥਾਨ ਪੂਜਾ, ਦੂਜਾ ਸਥਾਨ ਲਕਸ਼ਮੀ ਤੇ ਤੀਜਾ ਸਥਾਨ ਜੈਸਮੀਨ, 200 ਮੀਟਰ ਕੁੜੀਆਂ ਪਹਿਲਾ ਸਥਾਨ ਸੁਨੈਨਾ, ਦੂਜਾ ਸਥਾਨ ਜਸਮੀਤ ਕੌਰ ਤੇ ਤੀਜਾ ਸਥਾਨ ਅਮਨਜੋਤ,400 ਮੀਟਰ ਕੁੜੀਆਂ ਪਹਿਲਾ ਸਥਾਨ ਸੁਖਮਨੀ, ਦੂਜਾ ਸਥਾਨ ਤਮੰਨਾ ਤੇ ਤੀਜਾ ਸਥਾਨ ਪੂਜਾ 600 ਮੀਟਰ ਕੁੜੀਆਂ ਪਹਿਲਾ ਸਥਾਨ ਤਮੰਨਾ, ਦੂਜਾ ਸਥਾਨ ਮੀਰਾ ਤੇ ਤੀਜਾ ਸਥਾਨ ਸ਼ਰਨਦੀਪ ਲੰਮੀ ਛਾਲ ਮੁੰਡੇ ਪਹਿਲਾ ਸਥਾਨ ਰੋਬਿਨ ਦੂਜਾ ਸਥਾਨ ਜੋਹਨ ਤੀਜਾ ਸਥਾਨ ਜਗਰੂਪ, ਲੰਮੀ ਛਾਲ ਕੁੜੀਆਂ ਪਹਿਲਾ ਸਥਾਨ, ਮਨਪ੍ਰੀਤ ਦੂਜਾ ਸਥਾਨ ਤਾਨੀਆ ਤੀਜਾ ਸਥਾਨ ਮੀਰਾ, ਰਿਲੇਅ ਰੇਸ ਮੁੰਡੇ ਪਹਿਲਾ ਸਥਾਨ ਸੈਂਟਰ ਰੁਕਨਾ ਬੇਗੂ, ਦੂਜਾ ਸਥਾਨ ਸੈਂਟਰ ਭੂਰੇ ਖੁਰਦ ਤੀਜਾ ਸਥਾਨ ਸੈਂਟਰ ਮਾਡਲ ਸਕੂਲ, ਰਿਲੇਅ ਰੇਸ ਕੁੜੀਆਂ ਪਹਿਲਾ ਸਥਾਨ ਸੈਂਟਰ ਰੁਕਨਾ ਬੇਗੂ ਦੂਜਾ ਸਥਾਨ ਸੈਂਟਰ ਮਾਡਲ ਤੀਜਾ ਸਥਾਨ ਸੈਂਟਰ ਕਰੀ ਕਲਾਂ ਹਾਸਲ ਕੀਤਾ।

## ਡੀ ਸੀ ਵੱਲੋਂ ਝੋਨੇ ਦੀ ਖਰੀਦ ਦਾ ਜਾਇਜ਼ਾ, ਮੰਡੌੜ ਮੰਡੀ ਦਾ ਦੌਰਾ ਕੀਤਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਝੋਨੇ ਦੀ ਚੱਲ ਰਹੀ ਖਰੀਦ ਦਾ ਜਾਇਜ਼ਾ ਲੈਣ ਲਈ ਮੰਡੌੜ ਮੰਡੀ ਦਾ ਦੌਰਾ ਕੀਤਾ।ਆਪਣੀ ਜਿਣਸ ਵੇਚਣ ਆਏ ਕਿਸਾਨਾਂ ਨੇ ਖਰੀਦ ਪ੍ਰਕ੍ਰਿਆ 'ਤੇ ਤਸੱਲੀ ਪ੍ਰਗਟਾਉਂਦਿਆਂ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ ਉਨ੍ਹਾਂ ਨੂੰ ਆਪਣੀ ਫ਼ਸਲ ਵੇਚਣ 'ਚ ਕੋਈ ਮੁਸ਼ਕਲ ਨਹੀਂ ਅਤੇ ਉਨ੍ਹਾਂ ਨੂੰ ਨਾਲ-ਨਾਲ ਅਦਾਇਗੀ ਵੀ ਹੋ ਗਈ ਹੈ।

ਕਿਸਾਨਾਂ ਨੇ ਇਸ ਗੱਲ ਦੀ ਵੀ ਸ਼ਲਾਘਾ ਕੀਤੀ ਕਿ ਮੰਡੀ 'ਚ ਝੋਨੇ ਦੀਆਂ ਬੋਰੀਆਂ ਦੀ ਨਾਲੋ-ਨਾਲ ਚੁਕਾਈ ਵੀ ਹੋ ਰਹੀ ਹੈ।ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਬੰਦੀ ਛੋੜ ਦਿਵਸ ਤੇ ਦੀਵਾਲੀ ਦੀ ਵਧਾਈ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਅੰਦਰ ਸਾਰੀਆਂ ਮੰਡੀਆਂ ਵਿੱਚ ਕਿਸਾਨਾਂ ਵੱਲੋਂ ਵੇਚਣ ਲਈ ਲਿਆਂਦੀ ਜਾ ਰਹੀ ਝੋਨੇ ਦੀ ਫ਼ਸਲ ਦਾ ਦਾਣਾ-ਦਾਣਾ ਸੁਚਾਰੂ ਤੇ ਨਿਰਵਿਘਨ ਢੰਗ ਨਾਲ ਖਰੀਦਿਆ ਜਾ ਰਿਹਾ ਹੈ।ਡਾ. ਪ੍ਰੀਤੀ ਯਾਦਵ ਨੇ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕਰਦਿਆਂ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਦੀਆਂ ਮੰਡੀਆਂ 'ਚ 6 ਲੱਖ 3994 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ ਤੇ ਇਸ 'ਚੋਂ 5 ਲੱਖ 95 ਹਜ਼ਾਰ 728 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ, ਜਿਸ ਲਈ ਕਿਸਾਨਾਂ ਨੂੰ 100 ਫੀਸਦੀ ਖਰੀਦ ਦੀ 1240 ਕਰੋੜ ਰੁਪਏ ਦੀ ਅਦਾਇਗੀ ਕਰ ਦਿੱਤੀ ਗਈ ਹੈ।ਇਸ ਤੋਂ ਬਾਅਦ ਡਿਪਟੀ ਕਮਿਸ਼ਨਰ ਨੇ ਝੋਨੇ ਦੀ ਖਰੀਦ ਪ੍ਰਕ੍ਰਿਆ ਦਾ ਜਾਇਜ਼ਾ ਲੈਣ ਲਈ ਏ.ਡੀ.ਸੀ. ਨਵਰੀਤ ਕੌਰ ਸੇਖੋਂ, ਡੀ.ਟੀ.ਓ. ਬਬਨਦੀਪ ਸਿੰਘ ਵਾਲੀਆ, ਡੀ.ਐਫ.ਐਸ.ਸੀ. ਰਵਿੰਦਰ ਕੌਰ ਸਮੇਤ ਵੱਖ-ਵੱਖ ਖਰੀਦ ਏਜੰਸੀਆਂ ਤੇ ਹੋਰ ਅਧਿਕਾਰੀਆਂ ਨਾਲ ਜਾਇਜ਼ਾ ਬੈਠਕ ਵੀ ਕੀਤੀ।ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਬਾਹਰਲੇ ਰਾਜਾਂ ਨਾਲ ਲੱਗਦੀਆਂ ਹੱਦਾਂ 'ਤੇ ਲਾਏ ਜਾ ਰਹੇ ਨਾਕਿਆਂ ਦੀ ਨਿਰੰਤਰ ਨਿਗਰਾਨੀ ਕੀਤੀ ਜਾਵੇ ਤਾਂ ਜੁ ਕੋਈ ਵੀ ਸ਼ਰਾਰਤੀ ਅਨਸਰ ਮੌਜੂਦਾ ਝੋਨੇ ਦੀ ਖਰੀਦ ਦੇ ਸੀਜਨ ਦੌਰਾਨ ਝੋਨੇ ਜਾਂ ਚੌਲਾਂ ਦੀ ਬੋਗਸ ਖਰੀਦ/ਗ਼ੈਰ ਕਾਨੂੰਨੀ ਰੀਸਾਇਕਲਿੰਗ ਨਾ ਕਰ ਸਕੇ, ਜਿਸ ਲਈ ਸਾਰੇ ਨਾਕਿਆਂ 'ਤੇ ਪੰਜਾਬ ਤੋਂ ਬਾਹਰੋਂ ਆ ਰਹੇ ਟਰੱਕਾਂ ਦੇ ਬਿਲ ਬਿਲਟੀਆਂ ਆਦਿ ਦੀ ਚੈਕਿੰਗ ਕਰਕੇ ਡਿਟੇਲ ਨੋਟ ਕਰਨ 'ਚ ਕੋਈ ਢਿੱਲ ਨਾ ਵਰਤੀ ਜਾਵੇ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਦੂਜੇ ਰਾਜਾਂ ਤੋਂ ਘੱਟ ਰੇਟ 'ਤੇ ਝੋਨਾ/ਚਾਵਲ ਖਰੀਦ ਕੇ ਪੰਜਾਬ ਵਿੱਚ ਵੇਚਣ ਲਈ ਲਿਆਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ।ਇਸ ਅਣਅਧਿਕਾਰਤ ਆਉਣ ਵਾਲੇ ਝੋਨੇ ਜਾਂ ਚਾਵਲ ਦੀ ਆਮਦ ਅਤੇ ਗ਼ੈਰ ਕਾਨੂੰਨੀ ਗਤੀਵਿਧੀਆਂ ਰੋਕਣ ਲਈ ਟੀਮਾਂ ਪੂਰੀ ਮੁਸਤੈਦੀ ਵਰਤਣ ਅਤੇ ਇਸ ਮਾਮਲੇ 'ਚ ਕੋਈ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਗ਼ੈਰ ਕਾਨੂੰਨੀ ਝੋਨੇ ਅਤੇ ਚਾਵਲ ਦੇ ਪਾਏ ਜਾਣ ਵਾਲੇ ਟਰੱਕ ਜਾਂ ਗੁਦਾਮ ਜ਼ਬਤ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਪ੍ਰਾਇਮਰੀ ਤੋਂ ਮਾਸਟਰ ਕਾਡਰ ਦੀਆਂ ਤਰੱਕੀਆਂ ਜਲਦ ਹੋਣ ਦੀਆਂ ਸੰਭਾਵਨਾਵਾਂ ਵਧੀਆਂ : ਅਮਨਦੀਪ ਸ਼ਰਮਾ

**ਮਾਨਸਾ (ਆਤਮਾ ਸਿੰਘ ਪਮਾਰ)**-ਪਿਛਲੇ ਲੰਮੇ ਸਮੇਂ ਤੋਂ ਪ੍ਰਾਇਮਰੀ ਤੋਂ ਮਾਸਟਰ ਕਾਡਰ ਦੀਆਂ ਤਰੱਕੀਆਂ ਹੋਣ ਸਬੰਧੀ ਰਾਹ ਪੱਧਰਾ ਹੁੰਦਾ ਵਿਖਾਈ ਦੇ ਰਿਹਾ ਹੈ।ਜਥੇਬੰਦੀ ਦੇ ਸੂਬਾਈ ਪ੍ਰਧਾਨ ਅਮਨਦੀਪ ਸ਼ਰਮਾ ਨੇ ਦੱਸਿਆ ਕਿ 2018 ਵਿੱਚ ਹੋਈਆਂ ਤਰੱਕੀਆਂ ਤੋਂ ਬਾਅਦ ਹੁਣ ਮਾਸਟਰ ਕਾਡਰ ਦੇ ਵੱਖ-ਵੱਖ ਵਿਸ਼ਿਆਂ ਪੰਜਾਬੀ, ਹਿੰਦੀ, ਅੰਗਰੇਜ਼ੀ, ਸੋਸ਼ਲ ਸਾਇੰਸ, ਗਣਿਤ, ਸਾਇੰਸ, ਫਿਜ਼ੀਕਲ ਐਜੂਕੇਸ਼ਨ ਦੀਆਂ ਵੱਡੇ ਪੱਧਰ 'ਤੇ ਤਰੱਕੀਆਂ ਹੋਣ ਦੀਆਂ ਸੰਭਾਵਨਾਵਾਂ ਬਣ ਗਈਆਂ ਹਨ।ਉਹਨਾਂ ਦੱਸਿਆ ਕਿ ਇਹਨਾਂ ਤਰੱਕੀਆਂ ਵਿੱਚ 2015 ਅਤੇ 2018 ਦੇ ਲੈਫਟ ਆਊਟ ਕੇਸ ਅਧਿਆਪਕ ਵੀ ਵਿਚਾਰੇ ਜਾਣੇ ਹਨ।ਪ੍ਰਾਇਮਰੀ ਤੋਂ ਮਾਸਟਰ ਕਾਡਰ ਦੀਆਂ ਤਰੱਕੀਆਂ ਵਿੱਚ ਹੈਡ ਟੀਚਰ ਨੂੰ 4% ਅਤੇ ਸੈਂਟਰ ਹੈਡ ਟੀਚਰ ਨੂੰ ਵੱਖਰਾ 1% ਕੋਟਾ ਦੇ ਕੇ ਪਹਿਲੀ ਵਾਰ ਤਰੱਕੀਆਂ ਕੀਤੀਆਂ ਜਾ ਰਹੀਆਂ ਹਨ।ਜਥੇਬੰਦੀ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਪ੍ਰਾਇਮਰੀ ਤੋਂ ਮਾਸਟਰ ਕਾਡਰ ਤਰੱਕੀਆਂ ਦੀ ਮੰਗ ਕੀਤੀ ਜਾ ਰਹੀ ਸੀ। ਜਥੇਬੰਦੀ ਦੇ ਸੂਬਾਈ ਪ੍ਰਚਾਰ ਸਕੱਤਰ ਗੁਰਜੰਟ ਸਿੰਘ ਬੱਛੋਆਣਾ ਨੇ ਦੱਸਿਆ ਕਿ ਪ੍ਰਾਇਮਰੀ ਤੋਂ ਮਾਸਟਰ ਕਾਡਰ ਦੀਆਂ ਤਰੱਕੀਆਂ ਸਬੰਧੀ 24 ਅਕਤੂਬਰ ਤੱਕ ਖਾਲੀ ਅਸਾਮੀਆਂ ਦੀ ਸੂਚੀ ਅਪਡੇਟ ਕਰਨ ਨੂੰ ਸੰਬੰਧੀ ਗੂਗਲ ਫਾਰਮ ਸ਼ੇਅਰ ਕੀਤਾ ਜਾ ਚੁੱਕਾ ਹੈ।

## ਰਾਜਨੀਤਕ ਅਗਵਾਈ ਦੀ ਕਮਜ਼ੋਰੀ ਕਾਰਨ ਹਲਕੇ ਦੀਆਂ ਸਮੱਸਿਆਵਾਂ ਜਿਉਂ ਦੀਆਂ ਤਿਉਂ : ਟਿੱਬਾ



**ਸ਼ੇਰਪੁਰ (ਰਵੀ ਟਿੱਬਾ)**

ਹੋਪ ਫਾਰ ਦੇ ਇੰਚਾਰਜ ਕੁਲਵੰਤ ਸਿੰਘ ਟਿੱਬਾ ਨੇ ਫ਼ਤਿਹ ਪ੍ਰੈੱਸ ਕਲੱਬ ਦੇ ਦਫ਼ਤਰ ਵਿਖੇ ਵਿਸ਼ੇਸ਼ ਮਿਲਣੀ ਦੌਰਾਨ ਜਿੱਥੇ ਹਲਕੇ ਦੀਆਂ ਸਮੱਸਿਆਵਾਂ ਬਾਰੇ ਗੱਲ ਕੀਤੀ, ਉੱਥੇ ਸਮੂਹ ਪਰਵਾਰਾਂ ਨੂੰ ਦਿਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਤੇ ਉਨ੍ਹਾਂ ਦੀ ਆਵਾਜ਼ ਵੱਡੇ ਪੱਧਰ ਤੱਕ ਪੁਚਾਉਣ ਲਈ ਸੰਸਥਾ ਵੱਲੋਂ ਜਲਦ ਹੀ ਦਫ਼ਤਰ ਖੋਲ੍ਹਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਬਲਾਕ ਸ਼ੇਰਪੁਰ ਦੇ 21 ਪਿੰਡ ਪੂਰੀ ਤਰ੍ਹਾਂ ਵਿਕਾਸ ਪੱਖੋਂ ਅਧੂਰੇ ਹਨ। ਸਰਕਾਰੀ ਅਦਾਰਿਆਂ ਵਿੱਚ ਬਹੁਗਿਣਤੀ ਜ਼ਰੂਰੀ ਅਸਾਮੀਆਂ ਖਾਲੀ ਹਨ।ਉਨ੍ਹਾਂ ਕਿਹਾ ਕਿ ਹਲਕੇ ਦੇ ਜੁਝਾਰੂ ਲੋਕ ਹਮੇਸ਼ਾ ਹੱਕ ਤੇ ਸੱਚ ਲਈ ਲੜਦੇ ਆਏ ਹਨ, ਪਰ ਰਾਜਨੀਤਕ ਅਗਵਾਈ ਦੀ ਕਮਜ਼ੋਰੀ ਕਾਰਨ ਹਲਕੇ ਦੀਆਂ ਬਹੁਤ ਸਾਰੀਆਂ ਲੋਕ ਸਮੱਸਿਆਵਾਂ ਅਜੇ ਤੱਕ ਜਿਉਂ ਦੀਆਂ ਤਿਉਂ ਬਣੀਆਂ ਹੋਈਆਂ ਹਨ।ਟਿੱਬਾ ਨੇ ਕਿਹਾ ਕਿ ਹੋਪ ਫਾਰ ਮਹਿਲ ਕਲਾਂ ਦਾ ਮੁੱਖ ਏਜੰਡਾ ਆਗਾਮੀ ਵਿਧਾਨ ਸਭਾ ਚੋਣਾਂ ਦੌਰਾਨ ਪ੍ਰਪੱਕ ਮਜਬੂਤ ਤੇ ਟਿਕਾਊ ਲੀਡਰਸ਼ਿਪ ਦਾ ਵਿਕਲਪ ਉਭਾਰਨਾ ਹੈ , ਤਾਂ ਜੁ ਇਹ ਹਲਕਾ ਨਾ ਸਿਰਫ਼ ਸਮਾਜਿਕ ਸੰਘਰਸ਼ 'ਚ ਸਗੋਂ ਰਾਜਨੀਤਿਕ ਮੰਚ 'ਤੇ ਵੀ ਆਪਣੀ ਵੱਖਰੀ ਪਛਾਣ ਬਣਾਵੇ, ਉਹ ਵੀ ਬਿਨਾਂ ਧਰਨੇ ਪ੍ਰਦਰਸ਼ਨ ਤੋਂ।ਉਨ੍ਹਾਂ ਦੱਸਿਆ ਕਿ ਜਨ ਸੰਪਰਕ ਮੁਹਿੰਮ ਤਹਿਤ ਸੰਸਥਾ ਵੱਲੋਂ ਹਰੇਕ ਪਿੰਡ ਤੱਕ ਪਹੁੰਚ ਕਰਕੇ ਦਲਿਤ, ਪਛੜੇ, ਮਜ਼ਦੂਰ, ਗ਼ਰੀਬ ਕਿਸਾਨ ਤੇ ਛੋਟੇ ਦੁਕਾਨਦਾਰ ਵਰਗਾਂ ਨਾਲ ਸੰਪਰਕ ਕੀਤਾ ਜਾਵੇਗਾ ਤਾਂ ਜੁ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਇਨ੍ਹਾਂ ਲੋਕਾਂ ਤੱਕ ਪੁਚਾਇਆ ਜਾਵੇ।ਇਸ ਦੌਰਾਨ ਪਿੰਡ ਪੱਧਰ 'ਤੇ 21 ਮੈਂਬਰੀ ਕਮੇਟੀਆਂ ਦਾ ਗਠਨ ਕੀਤਾ ਜਾਵੇਗਾ, ਜੋ ਲੋਕਾਂ ਦੀਆਂ ਸਮੱਸਿਆਵਾਂ ਨੂੰ ਦਫ਼ਤਰ ਤੱਕ ਪਹੁੰਚਾ ਕੇ ਉਨ੍ਹਾਂ ਦਾ ਹੱਲ ਲੱਭਣ ਵਿੱਚ ਸਹਾਇਕ ਹੋਣਗੀਆਂ।

ਕੁਲਵੰਤ ਸਿੰਘ ਟਿੱਬਾ ਨੇ ਨੌਜਵਾਨ ਵਰਗ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ 'ਚ ਹੋਪ ਫਾਰ ਮਹਿਲ ਕਲਾਂ ਨਾਲ ਜੁੜ ਕੇ ਆਮ ਲੋਕਾਂ ਦੀ ਭਲਾਈ ਲਈ ਹੋ ਰਹੇ ਯਤਨਾਂ ਦਾ ਹਿੱਸਾ ਬਣਨ।ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਭਾਗੀਦਾਰੀ ਨਾਲ ਹੀ ਸਰਕਾਰੀ ਦਫ਼ਤਰਾਂ 'ਚ ਹੋ ਰਹੀ ਆਮ ਲੋਕਾਂ ਦੀ ਖੱਜਲ ਖੁਆਰੀ ਨੂੰ ਘਟਾਇਆ ਜਾ ਸਕੇਗਾ।

## ਮਜ਼ਦੂਰ ਜਥੇਬੰਦੀਆਂ ਨੇ ਮਨਾਇਆ ਬਾਬਾ ਵਿਸ਼ਵਕਰਮਾ ਦਿਵਸ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਦੀ ਅਗਵਾਈ ਵਾਲੀਆਂ ਮਜ਼ਦੂਰ ਜਥੇਬੰਦੀਆਂ ਨੇ ਇੱਥੇ ਜੀ ਟੀ ਰੋਡ 'ਤੇ ਸਥਿਤ ਸ਼ਹੀਦ ਭਗਤ ਸਿੰਘ ਮਾਰਕੀਟ ਨੇੜੇ ਸਥਿਤ ਈ ਰਿਕਸ਼ਾ ਸਟੈਂਡ 'ਤੇ ਵਿਜੇ ਧੀਰ ਐਡਵੋਕੇਟ ਅਤੇ ਜਨਰਲ ਸਕੱਤਰ ਪ੍ਰਵੀਨ ਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਕਿਰਤੀਆਂ ਦੇ ਰਹਿਬਰ ਬਾਬਾ ਵਿਸ਼ਵਕਰਮਾ ਦਾ ਪ੍ਰਗਟ ਦਿਵਸ ਬੜੀ ਧੂਮਧਾਮ ਅਤੇ ਜੋਸ਼ੋ ਖਰੋਸ਼ ਨਾਲ ਮਨਾਇਆ। ਇਸ ਮੌਕੇ ਔਜ਼ਾਰਾਂ ਦੀ ਪੂਜਾ ਵੀ ਕੀਤੀ ਗਈ। ਬਾਬਾ ਵਿਸ਼ਵਕਰਮਾ ਜੀ ਦੇ ਸਰੂਪ ਮੂਹਰੇ ਵੱਖ ਵੱਖ ਮਜ਼ਦੂਰ ਯੂਨੀਅਨਾਂ ਦੇ ਆਗੂ ਅਤੇ ਵਰਕਰ ਨਤਮਸਤਕ ਹੋਏ ਅਤੇ ਬਾਬਾ ਵਿਸ਼ਵਕਰਮਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸਾਬਕਾ ਮੈਂਬਰ ਪਾਰਲੀਮੈਂਟ ਕੇਵਲ ਸਿੰਘ, ਰਾਮ ਬਚਨ ਰਾਓ, ਸ਼ੰਕਰ, ਜਸਵਿੰਦਰ ਸਿੰਘ ਡੱਡ, ਮੇਜਰ ਸਿੰਘ ਲੰਡੇ ਕੇ , ਮਦਨ ਲਾਲ ਬੋਹਤ, ਕਰਮ ਚੰਦ ਚੰਡਾਲੀਆ, ਸੰਜੀਵ ਲੱਡੂ ਆਰੇ ਵਾਲਾ, ਸੱਤ ਪਾਲ ਭਾਗੀ ਕੇ ਤੇ ਅਸ਼ੋਕ ਕਾਲੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਸੰਬੋਧਨ ਕਰਦਿਆਂ ਕਿਰਤੀਆਂ ਦੇ ਰਹਿਬਰ ਬਾਬਾ ਵਿਸ਼ਵਕਰਮਾ ਜੈਅੰਤੀ ਦੀਆਂ ਉਨ੍ਹਾਂ ਦੇ ਪੈਰੋਕਾਰ ਮਜ਼ਦੂਰਾਂ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਸਾਡੇ ਦੇਸ਼ ਵਿੱਚ 50 ਕਰੋੜ ਦੇ ਲਗਭਗ ਗੈਰ ਸੰਗਠਿਤ ਮਜ਼ਦੂਰ ਹਨ। ਧੀਰ ਨੇ ਕਿਹਾ ਕਿ ਦੇਸ਼ ਦੇ ਇਹ ਮਜ਼ਦੂਰ ਵਿਕਾਸ ਦਾ ਧੁਰਾ ਹੈ ਪ੍ਰੰਤੂ ਖੁਦ ਗਰੀਬੀ ਦੇ ਆਲਮ ਵਿੱਚ ਜਿਉਂ ਰਿਹਾ ਹੈ ਅਤੇ ਦੇਸ਼ ਦੇ ਵਿਕਾਸ ਦਾ ਧੁਰਾ ਇਸ ਵਰਗ ਦਾ ਨਾਮ ਲੈਣ ਤੋਂ ਸਰਕਾਰਾਂ ਗੁਰੇਜ਼ ਕਰਦੀਆਂ ਹਨ। ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ ਨੇ ਕਿਹਾ ਕਿ ਜੇਕਰ ਸਾਡੇ ਦੇਸ਼ ਦੇ ਬੇਰੋਜ਼ਗਾਰ ਨੌਜਵਾਨ ਬਾਬਾ ਵਿਸ਼ਵਕਰਮਾ ਵੱਲੋਂ ਦਿੱਤੀ ਗਈ ਦਸਤਕਾਰੀ ਯਾਨੀ ਹੱਥੀਂ ਕੰਮ ਕਰਨ ਦੀ ਕਲਾ ਅਪਨਾਉਣ ਤਾਂ ਬੇਰੋਜ਼ਗਾਰੀ ਦੀ ਸਮਸਿਆ ਕਾਫੀ ਹੱਦ ਤੱਕ ਘੱਟ ਕੀਤੀ ਜਾ ਸਕਦੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨੈਸਲੇ ਠੇਕੇਦਾਰ ਲੇਬਰ ਯੂਨੀਅਨ ਤੋਂ ਸ਼ੰਕਰ, ਨਰਿੰਦਰ ਸਿੰਘ ਬਲਖੰਡੀ, ਅਰੁਣ ਬੋਹਤਾ,ਨਾਨਕ, ਦਰਸ਼ਨ ਲਾਲ, ਰਾਜ ਕੁਮਾਰ, ਸੁਭਾਸ਼ ਚੰਦਰ ਫੋਕਲ ਪੁਆਇੰਟ, ਸੁਰਜੀਤ ਕੌਰ ਪ੍ਰਧਾਨ, ਵਿਜੇ ਛਾਪਰੀ, ਸੁਨੰਦਨ ਐਡਵੋਕੇਟ, ਬੂਟਾ ਸਿੰਘ, ਛੋਟਾ ਸਿੰਘ, ਭੱਠਾ ਮਜ਼ਦੂਰ ਯੂਨੀਅਨ ਤੋਂ ਰਾਮ ਮਿਲਨ ਜਮਾਦਾਰ, ਰਜਨੀਸ਼ ਕੁਮਾਰ ਜਮਾਦਰ, ਬਲੌਰ ਸਿੰਘ, ਰਮਨਦੀਪ ਸਿੰਘ, ਸਤਨਾਮ ਸਿੰਘ, ਗੁਰਮੇਲ ਸਿੰਘ, ਰਾਮ ਮਿਲਨ, ਕੇਵਲ ਕ੍ਰਿਸ਼ਨ ਬਾਂਸਲ, ਅਮਰੀਕ ਸਿੰਘ ਜੋੜਾ, ਲਖਵਿੰਦਰ ਸਿੰਘ ਭੁੱਲਰ, ਗਾਨੂੰ ਪ੍ਰਧਾਨ, ਧਨੀ, ਖੁਸ਼ਪਾਲ ਰਿਸ਼ੀ, ਕੁਲਦੀਪ ਚੰਦ, ਇਕਬਾਲ ਸਿੰਘ , ਰਮੇਸ਼ ਕੁਮਾਰ, ਕਮਲ ਕੁਮਾਰ, ਡਗਗਹਨੀ ਗਿੱਲ, ਕਮਲ ਸਿੰਘ ਧਰਮਕੋਟ, ਗਗਨ ਨੋਹਰੀਆ, ਹਰਜਿੰਦਰ ਸਿੰਘ ਧਰਮਕੋਟ, ਅਰੁਣ ਦੀਪ ਸਿੰਘ ਜੋੜਾ, ਰਣਜੀਤ ਸਿੰਘ, ਕ੍ਰਿਪਾ ਸ਼ੰਕਰ, ਮਿਡ ਡੇ ਮੀਲ ਕੁੱਕ ਯੂਨੀਅਨ ਫਿਰੋਜ਼ਪੁਰ ਤੋਂ ਸੰਧਿਆ, ਪਰਮਜੀਤ ਕੌਰ, ਕੁਲਵਿੰਦਰ ਕੌਰ, ਜਸਵੀਰ ਕੌਰ, ਕਮਲਜੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜਰ ਸਨ।

## ...ਸ.ਫ਼ਾ 1 ਦੇ ਬਾਕੀ

### ਮੁਸਤਫਾ ਨੇ ਸੁਣਾਏ...

ਦਿੱਤਾ। ਸ਼ਮਸ਼ੂਦੀਨ ਦੀ ਸ਼ਿਕਾਇਤ 'ਤੇ ਪੰਚਕੂਲਾ ਵਿਚ ਐੱਫ ਆਈ ਆਰ ਦਰਜ ਕੀਤੀ ਗਈ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਕੁਝ ਵਿਅਕਤੀ ਉਨ੍ਹਾਂ ਦੀ ਸਿਆਸੀ ਸਾਖ਼ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਸਾਬਕਾ ਡੀ ਜੀ ਪੀ ਨੇ ਕਿਹਾ ਕਿ ਉਨ੍ਹਾਂ ਦੇ ਪੁੱਤਰ ਦਾ ਪੋਸਟਮਾਰਟਮ ਉਨ੍ਹਾਂ ਦੀ ਬੇਨਤੀ 'ਤੇ ਕੀਤਾ ਗਿਆ ਸੀ, ਪਰ ਰਿਪੋਰਟ ਅਜੇ ਜਾਰੀ ਨਹੀਂ ਕੀਤੀ ਗਈ ਹੈ।

### ਮੋਦੀ ਵਾਲਾ ਭਾਰਤ...

ਬਹੁਲਵਾਦ ਦਾ ਉਤਸਵ ਮਨਾਉਣਾ ਚਾਹੀਦਾ ਹੈ ਤੇ ਉਸ ਲਈ ਜਤਨ ਕਰਨੇ ਚਾਹੀਦੇ ਹਨ। ਮੇਅਰ ਦੀ ਚੋਣ ਵਿੱਚ ਦੋ ਹਫਤੇ ਤੋਂ ਵੀ ਘੱਟ ਸਮਾਂ ਰਹਿ ਗਿਆ ਹੈ। ਹਾਲੀਆ ਸਰਵੇਖਣ ਮੁਤਾਬਕ ਮਮਦਾਨੀ ਆਜ਼ਾਦ ਵਿਰੋਧੀ ਤੇ ਨਿਊ ਯਾਰਕ ਦੇ ਸਾਬਕਾ ਗਵਰਨਰ ਐਂਡ੍ਰਿਊ ਕਯੂਮੋ ਤੋਂ 13 ਫੀਸਦੀ ਅੰਕਾਂ ਨਾਲ ਅੱਗੇ ਹਨ। ਹਾਲਾਂਕਿ, ਪਿਛਲੇ ਕੁਝ ਹਫਤਿਆਂ ਵਿੱਚ ਉਨ੍ਹਾ ਦੀ ਲੀਡ ਘਟੀ ਹੈ। ਜੇ ਤੀਜੇ ਸਥਾਨ 'ਤੇ ਚੱਲ ਰਹੇ ਰਿਪਬਲੀਕਨ ਉਮੀਦਵਾਰ ਕਰਟਿਸ ਸਲਿਵਾ ਮੈਦਾਨ ਵਿੱਚੋਂ ਬਾਹਰ ਹੋ ਜਾਂਦੇ ਹਨ ਤਾਂ ਮੁਕਾਬਲਾ ਕਾਫੀ ਫਸਵਾਂ ਹੋ ਜਾਵੇਗਾ। ਕਯੂਮੋ ਵੀ ਮਮਦਾਨੀ ਵਾਂਗ ਡੈਮੋਕਰੇਟਿਕ ਪਾਰਟੀ ਦੇ ਸਨ, ਪਰ ਮਮਦਾਨੀ ਨੇ ਪਾਰਟੀ ਚੋਣਾਂ ਵਿੱਚ ਉਨ੍ਹਾ ਨੂੰ ਹਰਾ ਕੇ ਉਮੀਦਵਾਰੀ ਹਾਸਲ ਕਰ ਲਈ ਸੀ।

ਨਿਊ ਯਾਰਕ ਸ਼ਹਿਰ ਵਿੱਚ ਭਾਰਤੀ-ਅਮਰੀਕੀ ਆਬਾਦੀ ਸਭ ਤੋਂ ਵੱਡੀ ਹੈ। ਮਮਦਾਨੀ ਹਰ ਭਾਈਚਾਰੇ ਨੂੰ ਨਾਲ ਲੈਣ ਦੀ ਕੋਸ਼ਿਸ਼ ਕਰ ਰਹੇ ਹਨ। ਪ੍ਰਸਿੱਧ ਫਿਲਮਸਾਜ਼ ਮੀਰਾ ਨਾਇਰ ਦੇ ਬੇਟੇ ਨੇ ਇਹ ਵੀ ਕਿਹਾ ਕਿ ਉਹ ਜਾਣਦੇ ਹਨ ਕਿ ਉਹ ਜਿਸ ਸ਼ਹਿਰ ਦੇ ਮੇਅਰ ਦੀ ਚੋਣ ਲੜ ਰਹੇ ਹਨ, ਉਸ ਵਿੱਚ 85 ਲੱਖ ਲੋਕ ਰਹਿੰਦੇ ਹਨ। ਉਨ੍ਹਾਂ ਵਿੱਚੋਂ ਕਈ ਉਨ੍ਹਾ ਦੇ ਮੋਦੀ ਬਾਰੇ ਵਿਚਾਰਾਂ ਨਾਲ ਸਹਿਮਤ ਨਹੀਂ ਹੋਣਗੇ। ਇਹ ਉਨ੍ਹਾਂ ਦਾ ਅਧਿਕਾਰ ਹੈ ਅਤੇ ਉਹ ਜਿੱਤਦੇ ਹਨ ਤਾਂ ਉਹ ਸਭ ਨੂੰ ਨਾਲ ਲੈ ਕੇ ਚੱਲਣਗੇ, ਕਿਉਂਕਿ ਸਾਰੇ ਲੋਕਾਂ ਦੀ ਸੁਰੱਖਿਆ ਤੇ ਸ਼ਹਿਰ ਦੀ ਤਰੱਕੀ ਉਨ੍ਹਾ ਦੀ ਜ਼ਿੰਮੇਵਾਰੀ ਹੋਵੇਗੀ। ਸਭ ਨੂੰ ਨਾਲ ਲੈ ਕੇ ਚੱਲਣ ਦਾ ਸਬਕ ਉਨ੍ਹਾ ਭਾਰਤ ਵਰਗੇ ਬਹੁਲਵਾਦੀ ਸਮਾਜ ਵਿੱਚ ਪਲਦੇ ਹੋਏ ਸਿੱਖਿਆ ਹੈ।

## ਲੋਕ ਸੰਗਰਾਮ ਮੋਰਚਾ ਦੀ ਸੂਬਾ ਕਮੇਟੀ ਦੀ ਮੀਟਿੰਗ 'ਚ ਜਬਰ ਦੀ ਨਿੰਦਾ

**ਮੋਗਾ (ਇਕਬਾਲ ਸਿੰਘ ਖਹਿਰਾ)**-ਲੋਕ ਸੰਗਰਾਮ ਮੋਰਚਾ ਸੂਬਾ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਤਾਰਾ ਸਿੰਘ ਮੋਗਾ ਦੀ ਪ੍ਰਧਾਨਗੀ ਹੇਠ ਮੋਗਾ ਵਿਖੇ ਕੀਤੀ ਗਈ।ਮੀਟਿੰਗ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਕੇ ਸ਼ੁਰੂ ਕੀਤੀ ਗਈ।ਆਗੂਆਂ ਨੇ ਕਿਹਾ ਕਿ ਮੱਧ ਭਾਰਤ ਖਾਸ ਕਰਕੇ ਛੱਤੀਸਗੜ੍ਹ ਦੇ ਵਿੱਚ ਆਦਿ ਵਾਸੀਆਂ ਅਤੇ ਮਾਓਵਾਦੀਆਂ ਉੱਤੇ ਫਾਸ਼ੀਵਾਦੀ ਮੋਦੀ ਹਕੂਮਤ ਵੱਲੋਂ ਜਬਰ ਦਾ ਕੁਹਾੜਾ ਵਾਹਿਆ ਜਾ ਰਿਹਾ ਹੈ ਜੋ ਸਖਤ ਨਿੰਦਣਯੋਗ ਹੈ।

ਬਹੁਤ ਸਾਰੇ ਆਗੂਆਂ ਨੂੰ ਝੂਠੇ ਮੁਕਾਬਲਿਆਂ ਵਿੱਚ ਮਾਰਿਆ ਜਾ ਚੁੱਕਾ ਹੈ ਤਾਂ ਜੋ ਇਨਕਲਾਬੀ ਲਹਿਰ ਖਤਮ ਕੀਤੀ ਜਾ ਸਕੇ, ਲੋਕ ਸੰਗਰਾਮ ਮੋਰਚਾ ਇਸ ਹਕੂਮਤੀ ਜਬਰ ਦੀ ਨਿਖੇਧੀ ਕਰਦਾ ਹੈ।ਆਗੂਆਂ ਨੇ ਕਿਹਾ ਕਿ ਅਮਰੀਕੀ ਸਾਮਰਾਜ ਰਾਸ਼ਟਰਪਤੀ ਟਰੰਪ ਦੀ ਅਗਵਾਈ ਵਿੱਚ ਵੱਡੇ ਟੈਰਿਫ ਲਾ ਕੇ ਅਤੇ ਧਮਕੀਆਂ ਦੇ ਕੇ, ਦੁਨੀਆ ਭਰ ਦੀਆਂ ਮੰਡੀਆਂ ਵਿੱਚ ਖੁਦ ਪਸਾਰਾ ਕਰਕੇ ਆਪਣੇ ਸੰਕਟ ਨੂੰ ਹੱਲ ਕਰਨ ਦਾ ਭਰਮ ਪਾਲ ਰਿਹਾ ਹੈ। ਟਰੰਪ ਦੀ ਇਸ ਪਸਾਰਵਾਦੀ ਨੀਤੀ ਦਾ ਲੋਕ ਸੰਗਰਾਮ ਮੋਰਚਾ ਨਿਖੇਧੀ ਅਤੇ ਵਿਰੋਧ ਕਰਦਾ ਹੈ।ਪੂਰਨ ਕੁਮਾਰ ਪੁਲਸ ਅਧਿਕਾਰੀ ਨੂੰ ਪੁਲਸ ਦੇ ਵੱਡੇ ਅਧਿਕਾਰੀਆਂ ਵੱਲੋਂ ਜਾਤੀ ਆਧਾਰ 'ਤੇ ਪਰੇਸ਼ਾਨ ਕਰਕੇ ਖੁਦਕਸ਼ੀ ਕਰਨ ਲਈ ਮਜਬੂਰ ਕੀਤਾ ਇਸ ਘਟਨਾ ਦੀ ਲੋਕ ਸੰਗਰਾਮ ਮੋਰਚਾ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ।

ਵਿਸ਼ਵ ਪ੍ਰਸਿੱਧ ਵਾਤਾਵਰਨ ਪ੍ਰੇਮੀ ਸੋਨਮ ਵਾਂਗਚੁੱਕ ਨੂੰ ਯੂ.ਏ.ਪੀ.ਏ ਕਾਨੂੰਨ ਤਹਿਤ ਗ੍ਰਿਫਤਾਰ ਕੀਤਾ ਹੈ।ਲੋਕ ਸੰਗਰਾਮ ਮੋਰਚੇ ਨੇ ਉਸ ਦੀ ਬਿਨਾਂ ਸ਼ਰਤ ਰਿਹਾਈ ਦੀ ਮੰਗ ਕੀਤੀ ਹੈ।ਲੋਕ ਸੰਗਰਾਮ ਮੋਰਚੇ ਨੇ ਫੈਸਲਾ ਕੀਤਾ ਕਿ 29 ਨਵੰਬਰ ਨੂੰ 11 ਵਜੇ ਕਾਮਰੇਡ ਸ਼ਮਸ਼ੇਰ ਸੇਰੀ ਦੀ ਬਰਸੀ ਉਹਨਾਂ ਦੇ ਜੱਦੀ ਪਿੰਡ ਖੋਖਰ ਕਲਾਂ (ਲਹਿਰਾਗਾਗਾ) ਵਿਖੇ ਮਨਾਈ ਜਾਵੇਗੀ



## ਗ੍ਰੀਨ ਦੀਵਾਲੀ ਅਤੇ ਬੰਦੀ ਛੋੜ ਦਿਵਸ 'ਤੇ ਵਿਸ਼ੇਸ਼ ਸਮਾਰੋਹ



**ਦੋਰਾਹਾ (ਹਰਮਿੰਦਰ ਸੇਠ)**-ਮਾਤਾ ਗੰਗਾ ਖਾਲਸਾ ਕਾਲਜ ਮੰਜੀ ਸਾਹਿਬ ਕੋਟਾਂ ਦੇ ਸਾਇੰਸ ਅਤੇ ਗਣਿਤ ਵਿਭਾਗਾਂ ਵੱਲੋਂ ਗ੍ਰੀਨ ਦਿਵਾਲੀ ਅਤੇ ਬੰਦੀ ਛੋੜ ਦਿਵਸ ਮਨਾਇਆ ਗਿਆ।ਇਹ ਦੋਵੇਂ ਦਿਨਾਂ ਵਿੱਚ ਕਾਲਜ ਦੇ ਪ੍ਰਾਂਗਣ ਵਿੱਚ ਰੂਹਾਨੀ ਚਾਨਣ ਅਤੇ ਖੁਸ਼ੀ ਦਾ ਮਾਹੌਲ ਛਾਇਆ ਰਿਹਾ।ਵਿਦਿਆਰਥੀਆਂ ਨੇ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਸਮਾਗਮ ਵਿੱਚ ਭਾਗ ਲਿਆ।ਇਸ ਮੌਕੇ ਬੀ ਐਸ ਸੀ 2 ਦੀ ਗੁਰਜੋਤ ਕੌਰ ਨੇ ਦਿਵਾਲੀ ਦੀ ਮਹੱਤਤਾ 'ਤੇ ਚਾਨਣ ਪਾਇਆ, ਜਦਕਿ ਬੀ.ਐੱਸ. ਸੀ. ਭਾਗ ਪਹਿਲਾ ਦੀ ਵਿਦਿਆਰਥਣ ਖੁਸ਼ਦੀਪ ਕੌਰ ਨੇ ਬੰਦੀ ਛੋੜ ਦਿਵਸ ਦੀ ਮਹਾਨਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਵਿਦਿਆਰਥੀਆਂ ਨੇ ਆਪਣੀਆਂ ਮਿੱਠੀਆਂ ਨਜ਼ਮਾਂ ਅਤੇ ਸ਼ਬਦਾਵਲੀਆਂ ਨਾਲ ਸਾਰਿਆਂ ਦੇ ਦਿਲ ਜਿੱਤ ਲਏ।ਸੰਗੀਤ ਵਿਭਾਗ ਦੀ ਪ੍ਰੋ. ਰਜਿੰਦਰ ਕੌਰ ਨੇ ਆਪਣੇ ਸੁਰੀਲੇ ਗੀਤਾਂ ਰਾਹੀਂ ਸਮਾਰੋਹ ਵਿੱਚ ਰਸ ਭਰ ਦਿੱਤਾ।ਇਸ ਮੌਕੇ ਪ੍ਰੋਫੈਸਰ ਸਾਹਿਬਾਨ ਨੇ ਵੀ ਗ੍ਰੀਨ ਦੀਵਾਲੀ ਦਾ ਸੰਦੇਸ਼ ਦਿੰਦਿਆਂ ਪ੍ਰਕ੍ਰਿਤੀ ਪ੍ਰੇਮ ਅਤੇ ਸਾਦਗੀ ਦੀ ਮਹੱਤਤਾ ਉਜਾਗਰ ਕੀਤੀ।ਅੰਤ ਵਿੱਚ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਸ਼ਖਸੀਅਤ ਨੂੰ ਇੱਕ ਮਹਾਨ ਨਾਇਕ ਵਜੋਂ ਦੱਸਿਆ।ਉਨ੍ਹਾਂ ਨੇ ਕਿਹਾ ਕਿ ਅਸੀਂ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਤੁਰ ਕੇ ਸੱਚਾਈ ਅਤੇ ਨੇਕਦਿਲੀ ਨਾਲ ਚੰਗੇ ਸਮਾਜ ਦੀ ਸਿਰਜਣਾ ਕਰ ਸਕਦੇ ਹਾਂ।ਉਨ੍ਹਾਂ ਨੇ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਉਸ ਮਹਾਨ ਘਟਨਾ ਦਾ ਜ਼ਿਕਰ ਕੀਤਾ ਜਦੋਂ ਉਨ੍ਹਾਂ ਨੇ ਬੰਦੀ ਛੋੜ ਦਿਵਸ ਦੇ ਦਿਨ ਆਪਣੇ ਬਵੰਜਾ ਰਾਜਿਆਂ ਨੂੰ ਜੇਲ੍ਹ ਵਿੱਚੋਂ ਆਜ਼ਾਦ ਕਰਵਾਇਆ ਸੀ।ਦੀਵਾਲੀ ਦੇ ਇਸ ਖੁਸ਼ੀ ਭਰੇ ਮੌਕੇ 'ਤੇ ਮੁੱਖ ਮਹਿਮਾਨ ਮੈਡਮ ਅਨੀਤਾ ਸਿੰਘ ਨੂੰ ਗ੍ਰੀਨ ਦਿਵਾਲੀ ਦੀ ਨਿਸ਼ਾਨੀ ਵਜੋਂ ਇੱਕ ਪੌਦਾ ਭੇਟ ਕੀਤਾ ਗਿਆ।ਵਿਦਿਆਰਥੀਆਂ ਵੱਲੋਂ ਸੁੰਦਰ ਪੋਸਟਰ ਤਿਆਰ ਕੀਤੇ ਗਏ।ਇਸ ਮੌਕੇ ਸਾਰੇ ਅਧਿਆਪਕਾਂ ਅਤੇ ਸਟਾਫ ਮੈਂਬਰਾਂ ਨੇ ਇਕ ਦੂਜੇ ਨੂੰ ਦੀਵਾਲੀ ਦੀਆਂ ਮੁਬਾਰਕਾਂ ਦਿੱਤੀਆਂ। ਇਹ ਸਮਾਰੋਹ ਪ੍ਰੋਫੈਸਰ ਹਰਿੰਦਰ ਕੌਰ, ਡਾ. ਮੰਜੂ ਸਦੀ, ਡਾ. ਅਮ੍ਰਿਤ ਕੌਰ ਬਾਂਸਲ, ਗੁਰਵਿੰਦਰ ਕੌਰ, ਪਵਨਜੀਤ ਕੌਰ ਅਤੇ ਮਿਸ ਸਿਮਰਨਜੀਤ ਕੌਰ ਦੇ ਸਾਂਝੇ ਯਤਨਾਂ ਸਦਕਾ ਸਫਲਤਾਪੂਰਵਕ ਸਿਰੇ ਚੜ੍ਹਿਆ।

## ਜਬਰੀ ਸਮਾਰਟ ਮੀਟਰ ਲਗਾਉਣ ਦੀ ਪਾਲਿਸੀ ਰੱਦ ਕੀਤੀ ਜਾਵੇ : ਆਗੂ



**ਬੱਧਨੀ ਕਲਾਂ (ਲਵਲੀ ਕੁਮਾਰ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਨਿਹਾਲ ਸਿੰਘ ਵਾਲਾ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਬਿਜਲੀ ਦਫਤਰ ਬਿਲਾਸਪੁਰ ਦੇ ਐਸ ਡੀ ਓ ਨੂੰ ਵਫ਼ਦ ਮਿਲਿਆ। ਵਫ਼ਦ ਨੇ ਮੰਗ ਪੱਤਰ ਰਾਹੀਂ ਦੱਸਿਆ ਕਿ ਇਸ ਵਾਰੀ ਪਾਵਰਕੌਮ ਵੱਲੋਂ ਮੀਟਰਾਂ ਦੀ ਰੀਡਿੰਗ ਲਈ ਨਵੀਂ ਐਪ ਜਾਰੀ ਕੀਤੀ ਗਈ ਸੀ ਤਾਂ ਕਿ ਉਹ ਇਸ ਐਪ ਦੀ ਆੜ ਹੇਠ ਸਾਰੇ ਪੰਜਾਬ ਵਿੱਚ ਸਮਾਰਟ ਮੀਟਰ ਲਾਉਣਾ ਚਾਹੁੰਦੀ ਹੈ। ਜਦੋਂ ਇਹ ਐਪ ਚਾਲੂ ਹੋਈ ਤਾਂ ਪਿੰਡ ਹਿੰਮਤਪੁਰਾ ਵਿੱਚ ਮੀਟਰਾਂ ਦੀ ਰੀਡਿੰਗ ਚੱਲ ਰਹੀ ਸੀ।ਇਸ ਨਵੀ ਐਪ ਦਾ ਪੰਜਾਬ ਦੇ ਬਾਕੀ ਪਿੰਡਾਂ ਵਿੱਚ ਵਿਰੋਧ ਹੋਇਆ ਤਾਂ ਹਿੰਮਤਪੁਰਾ ਵਿੱਚ ਮੀਟਰਾਂ ਦੀ ਰੀਡਿੰਗ ਸਾਰੇ ਪਿੰਡ ਦੀ ਨਹੀਂ ਨਿਕਲੀ। ਬਾਕੀ ਰਹਿੰਦੇ ਮੀਟਰਾਂ ਨੂੰ ਮਹਿਕਮੇ ਵੱਲੋਂ ਐਵਰਜ ਦੇ ਹਿਸਾਬ ਨਾਲ ਜ਼ਿਆਦਾ ਬਿੱਲ ਪਾ ਦਿੱਤੇ ਹਨ। ਦੋਵੇਂ ਜਥੇਬੰਦੀਆਂ ਮੰਗ ਕਰਦੀਆਂ ਹਨ ਕਿ ਕਿਸੇ ਵੀ ਕਾਰਨ ਐਵਰਜ ਦੇ ਹਿਸਾਬ ਨਾਲ ਬਿੱਲ ਪਾਉਣ ਦੀ ਨੀਤੀ ਰੱਦ ਕੀਤੀ ਜਾਵੇ, ਨਵੀਂ ਐਪ ਰਾਹੀਂ ਮੀਟਰ ਦੀ ਰੀਡੰਗ ਕਰਨ ਦਾ ਫੈਸਲਾ ਵਾਪਸ ਲਿਆ ਜਾਵੇ ਅਤੇ ਬਿੱਲਕੁਲ ਠੀਕ ਚਲਦੇ ਮੀਟਰ ਦੀ ਥਾਂ ਧੱਕੇ ਅਤੇ ਜਬਰੀ ਸਮਾਰਟ ਮੀਟਰ ਲਗਾਉਣ ਦੀ ਪਾਲਿਸੀ ਰੱਦ ਕੀਤੀ ਜਾਵੇ, ਨਹੀਂ ਲੋਕ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਸ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਗੁਰਮੁਖ ਸਿੰਘ ਹਿੰਮਤਪੁਰਾ, ਗੁਰਜੰਟ ਸਿੰਘ ਕੁੱਸਾ, ਗੁਰਨਾਮ ਸਿੰਘ ਮਾਛੀਕੇ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਦਰਸ਼ਨ ਸਿੰਘ ਹਿੰਮਤਪੁਰਾ, ਤਰਸੇਮ ਸਿੰਘ ਆਦਿ ਵੱਡੀ ਗਿਣਤੀ ਵਿੱਚ ਕਿਸਾਨ ਅਤੇ ਮਜ਼ਦੂਰ ਹਾਜ਼ਰ ਸਨ ।

## ਦੇਸ਼ ਲਈ ਕੁਰਬਾਨ ਹੋਏ ਸ਼ਹੀਦਾਂ ਨੂੰ ਪੁਲਸ ਨੇ ਦਿੱਤੀ ਸ਼ਰਧਾਂਜਲੀ




**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਦੇਸ਼ ਦੀ ਸੇਵਾ ਅਤੇ ਡਿਊਟੀ ਦੌਰਾਨ ਸ਼ਹੀਦ ਹੋਏ ਬਹਾਦਰ ਪੁਲਸ ਜਵਾਨਾਂ ਦੀ ਯਾਦ ਵਿੱਚ, ਫਰੀਦਕੋਟ ਪੁਲਿਸ ਵੱਲੋਂ 21 ਅਕਤੂਬਰ ਨੂੰ ਪੁਲਿਸ ਕਮੈਮੋਰੇਸ਼ਨ-ਡੇਅ-2025 ਦੇ ਸਬੰਧ ਵਿੱਚ ਪੁਲਿਸ ਲਾਈਨ ਫਰੀਦਕੋਟ ਵਿਖੇ ਇੱਕ ਸਦਭਾਵਨਾ ਸਮਾਗਮ ਦਾ ਆਯੋਜਨ ਕੀਤਾ ਗਿਆ।ਡੀ.ਆਈ.ਜੀ ਫਰੀਦਕੋਟ ਰੇਂਜ ਸ਼੍ਰੀਮਤੀ ਨਿਲਾਂਬਰੀ ਜਗਦਲੇ ਆਈ.ਪੀ.ਐਸ ਤੇ ਡਾ. ਪ੍ਰਗਿਆ ਜੈਨ ਆਈ.ਪੀ.ਐਸ, ਐਸ.ਐਸ.ਪੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਡੀ.ਐਸ.ਪੀ (ਐਨ.ਡੀ.ਪੀ.ਐਸ) ਸ਼੍ਰੀ ਰਮਨਦੀਪ ਸਿੰਘ ਦੀ ਅਗਵਾਈ ਹੇਠ ਸ਼ੋਕ ਪਰੇਡ ਕੀਤੀ ਗਈ।ਇਸ ਉਪਰੰਤ ਸਮੂਹ ਪੁਲਸ ਅਧਿਕਾਰੀਆਂ, ਕ੍ਰਮਚਾਰੀਆਂ ਤੇ ਸ਼ਹੀਦਾਂ ਦੇ ਪਰਵਾਰਕ ਮੈਂਬਰਾਂ ਨੇ ਸਿਰ ਨਿਵਾ ਕੇ 2 ਮਿੰਟ ਦਾ ਮੌਨ ਧਾਰਨ ਕੀਤਾ।ਐਸ.ਪੀ (ਸਥਾਨਕ) ਸ਼੍ਰੀ ਮਨਵਿੰਦਰ ਬੀਰ ਸਿੰਘ ਵੱਲੋਂ 01.09.2024 ਤੋਂ 31.08.2025 ਤੱਕ ਡਿਊਟੀ ਦੌਰਾਨ ਸ਼ਹੀਦ ਹੋਏ ਅਧਿਕਾਰੀਆਂ/ਕ੍ਰਮਚਾਰੀਆਂ ਦੇ ਨਾਮ ਪੜ੍ਹੇ ਗਏ।ਡਾ. ਪ੍ਰਗਿਆ ਜੈਨ ਐਸ.ਐਸ.ਪੀ ਨੇ ਇਸ ਦਿਨ ਦੀ ਮਹੱਤਤਾ ਬਾਰੇ ਦੱਸਦਿਆਂ 1959 'ਚ ਚੀਨ ਅਤੇ ਲੱਦਾਖ ਖੇਤਰ ਦੇ ਹਮਲੇ ਦੌਰਾਨ ਸ਼ਹੀਦ ਹੋਏ ਪੁਲਿਸ ਕ੍ਰਮਚਾਰੀਆਂ ਦੇ ਬਲਿਦਾਨ ਤੇ ਬਹਾਦਰੀ ਨੂੰ ਯਾਦ ਕੀਤਾ।ਉਨ੍ਹਾਂ ਕਿਹਾ ਕਿ ਇਹ ਦਿਨ ਸਾਨੂੰ ਉਨ੍ਹਾਂ ਬਹਾਦਰ ਪੁਲਸ ਜਵਾਨਾਂ ਦੀ ਯਾਦ ਦਵਾਉਂਦਾ ਹੈ ਜਿਨ੍ਹਾਂ ਨੇ ਦੇਸ਼ ਅਤੇ ਸਮਾਜ ਦੀ ਰੱਖਿਆ ਲਈ ਆਪਣਾ ਸਭ ਕੁਝ ਨਿਛਾਵਰ ਕਰ ਦਿੱਤਾ।ਸ਼੍ਰੀਮਤੀ ਨਿਲਾਂਬਰੀ ਜਗਦਲੇ ਡੀ.ਆਈ.ਜੀ ਤੇ ਡਾ. ਪ੍ਰਗਿਆ ਜੈਨ ਐਸ.ਐਸ.ਪੀ ਵੱਲੋਂ ਸ਼ਹੀਦ ਪਰਵਾਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

## ਪਾਰਕਿੰਗ 'ਚ ਅੱਗ ਲੱਗਣ ਨਾਲ ਕਾਰਾਂ ਸੜ ਕੇ ਸੁਆਹ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼ਹਿਰ ਦੇ ਵਿਚਕਾਰ ਸਥਿਤ ਧੋਬੀ ਘਾਟ ਨੇੜੇ ਬਣੀ ਪ੍ਰਾਈਵੇਟ ਪਾਰਕਿੰਗ 'ਚ ਬੀਤੀ ਰਾਤ ਖੜ੍ਹੀਆਂ ਗੱਡੀਆਂ ਨੂੰ ਅੱਗ ਲੱਗ ਗਈ, ਜਿਸ ਨਾਲ ਤਿੰਨ ਕਾਰਾਂ ਸੜ ਕੇ ਸਵਾਹ ਹੋ ਗਈਆਂ।ਅੱਗ ਲੱਗਣ ਦੀ ਘਟਨਾ ਬੀਤੀ ਅੱਧੀ ਰਾਤ ਨੂੰ ਵਾਪਰੀ ਦੱਸੀ ਜਾ ਰਹੀ ਹੈ, ਜਿਸ ਨੂੰ ਕਾਬੂ ਕਰਨ ਲਈ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਵੱਲੋਂ ਕਾਫੀ ਮੁਸ਼ੱਕਤ ਕਰਨੀ ਪਈ।ਅੱਗ ਲੱਗਣ ਦੀ ਘਟਨਾ ਦਾ ਭਾਵੇਂ ਅਸਲ ਕਾਰਨ ਪਤਾ ਨਹੀਂ ਲੱਗ ਸਕਿਆ, ਪਰ ਖਦਸ਼ਾ ਪ੍ਰਗਟਾਇਆ ਜਾ ਰਿਹਾ ਹੈ ਕਿ ਅੱਗ ਪਟਾਕੇ ਚਲਾਉਣ ਸਮੇਂ ਆਤਿਸ਼ਬਾਜ਼ੀ ਨਾਲ ਲੱਗੀ ਹੋ ਸਕਦੀ ਹੈ, ਕਿਉਂਕਿ ਪਾਰਕਿੰਗ ਸਿਰਫ਼ ਚਾਰਦੀਵਾਰੀ ਕਰਕੇ ਖੁੱਲ੍ਹੇ ਆਸਮਾਨ ਹੇਠ ਬਿਨਾਂ ਛੱਤ ਤੋਂ ਬਣਾਈ ਹੋਈ ਸੀ ਤੇ ਪਾਰਕਿੰਗ 'ਚ ਖੜ੍ਹੀਆਂ ਕਾਰਾਂ 'ਤੇ ਤਰਪਾਲਾਂ ਦਿੱਤੀਆਂ ਹੋਈਆਂ ਸਨ।ਫਾਇਰ ਬ੍ਰਿਗੇਡ ਅਧਿਕਾਰੀ ਰਾਜਿੰਦਰ ਕੌਂਸਲ ਨੇ ਦੱਸਿਆ ਕਿ ਮੰਗਲਵਾਰ ਤੇ ਬੁੱਧਵਾਰ ਦੀ ਦਰਮਿਆਨੀ ਰਾਤ ਨੂੰ ਲਗਪਗ 1 ਵਜੇ ਕੰਟਰੋਲ ਰੂਮ ਤੋਂ ਅੱਗ ਲੱਗਣ ਦੀ ਸੂਚਨਾ ਮਿਲੀ ਸੀ, ਜਿਸ 'ਤੇ ਕਾਬੂ ਪਾਉਣ ਲਈ ਵਿਭਾਗ ਦੀਆਂ ਦੋ ਗੱਡੀਆਂ ਨੂੰ ਮੌਕੇ 'ਤੇ ਭੇਜਿਆ ਗਿਆ ਸੀ, ਜਿਨ੍ਹਾਂ ਵੱਲੋਂ ਕਾਫੀ ਮੁਸ਼ੱਤਕ ਨਾਲ ਅੱਗ 'ਤੇ ਕਾਬੂ ਪਾਇਆ ਗਿਆ।ਚਸ਼ਮਦੀਦਾਂ ਦਾ ਕਹਿਣਾ ਸੀ ਕਿ ਅੱਗ ਦੀ ਭੇਟ ਚੜ੍ਹੀਆਂ ਗੱਡੀਆਂ 'ਚੋਂ ਇੱਕ ਇਨੋਵਾ ਕਾਰ ਬਿਲਕੁਲ ਨਵੀਂ ਸੀ।

## ਨਗਰ ਕੀਰਤਨ ਦਾ ਸ੍ਰੀ ਦੂਖਨਿਵਾਰਨ ਸਾਹਿਬ ਪੁੱਜਣ 'ਤੇ ਸਵਾਗਤ



**ਪਟਿਆਲਾ (ਰਾਜਿੰਦਰ ਥਿੰਦ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਅਤੇ ਭਾਈ ਸਤੀ ਦਾਸ, ਭਾਈ ਮਤੀ ਦਾਸ ਅਤੇ ਭਾਈ ਦਿਆਲਾ ਜੀ ਨੂੰ ਸਮਰਪਤ ਤਖਤ ਸ੍ਰੀ ਹਰਮਿੰਦਰ ਜੀ ਪਟਨਾ ਸਾਹਿਬ ਤੋਂ ਆਰੰਭ ਹੋਇਆ ਨਗਰ ਕੀਰਤਨ ਦਾ ਬੁੱਧਵਾਰ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪੁੱਜਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਉਚੇਚੇ ਤੌਰ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਸਾਹਿਬਾਨ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਸਤਵਿੰਦਰ ਸਿੰਘ ਟੌਹੜਾ, ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਬੀਬੀ ਕੁਲਦੀਪ ਕੌਰ ਟੌਹੜਾ, ਹਰਿੰਦਰਪਾਲ ਸਿੰਘ ਟੌਹੜਾ, ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਮੈਨੇਜਰ ਭਾਗ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਆਦਿ ਹਾਜ਼ਰ ਸਨ।ਨਗਰ ਕੀਰਤਨ ਦੇ ਸਵਾਗਤ ਵਿਚ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਪ੍ਰਬੰਧਕਾਂ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਮੈਨੇਜਰ ਭਾਗ ਸਿੰਘ ਨੇ ਗੁਰੂ ਸਾਹਿਬ ਦੀ ਪਾਲਕੀ ਵਿਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਅਦਬ ਸਤਿਕਾਰ ਅਤੇ ਗੁਰੂ ਸਾਹਿਬ ਲਈ ਰੁਮਾਲਾ ਸਾਹਿਬ ਵੀ ਭੇਟ ਕੀਤਾ ਗਿਆ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਮੀਤ ਮੈਨੇਜਰ ਗੁਰਬਚਨ ਸਿੰਘ, ਮਨਦੀਪ ਸਿੰਘ ਭਲਵਾਨ, ਸੁਪਰਵਾਈਜ਼ਰ ਵਰਿੰਦਰ ਸਿੰਘ ਗੋਲਡੀ, ਸਰਬਜੀਤ ਸਿੰਘ, ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ ਜਗਜੀਤ ਸਿੰਘ ਦਰਦੀ, ਜਗਜੀਤ ਸਿੰਘ ਕੋਹਲੀ, ਭੁਪਿੰਦਰ ਸਿੰਘ ਸ਼ੇਖੂਪੁਰ, ਹਰਮਿੰਦਰਪਾਲ ਸਿੰਘ ਵਿੰਟੀ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਤੇ ਸਟਾਫ ਮੈਂਬਰ ਆਦਿ ਸ਼ਾਮਲ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਡੇਅਰੀ ਯੂਨੀਅਨ ਅਜਨਾਲਾ ਨੇ ਵਿਧਾਇਕ ਧਾਲੀਵਾਲ ਨੂੰ ਕੀਤਾ ਸਨਮਾਨਿਤ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਦੀਵਾਲੀ ਦੇ ਤਿਉਹਾਰ ਤੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਤੇ ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੂੰ ਡੇਅਰੀ ਯੂਨੀਅਨ ਅਜਨਾਲਾ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕੁਲਦੀਪ ਸਿੰਘ ਧਾਲੀਵਾਲ ਨੇ ਬੋਲਦਿਆਂ ਕਿਹਾ ਕਿ ਸਾਨੂੰ ਦੀਵਾਲੀ ਦਾ ਤਿਉਹਾਰ ਰਲ-ਮਿਲ ਕੇ ਸਾਰਿਆਂ ਨੂੰ ਮਨਾਉਣਾ ਚਾਹੀਦਾ ਹੈ। ਸਾਨੂੰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣੀ ਚਾਹੀਦੀ ਹੈ। ਇਸ ਮੌਕੇ ਡੇਅਰੀ ਯੂਨੀਅਨ ਅਜਨਾਲਾ ਦੇ ਪ੍ਰਧਾਨ ਦੀਪਕ ਕੁਮਾਰ ਚੈਨਪੁਰੀਆ ਨੇ ਅਜਨਾਲੇ ਦੀ ਟਰੈਫਿਕ ਸਮੱਸਿਆ ਦਾ ਮੁੱਦਾ ਚੁੱਕਿਆ। ਉਨ੍ਹਾਂ ਕਿਹਾ ਕਿ ਅਜਨਾਲੇ ਵਿੱਚ ਬਹੁਤ ਜ਼ਿਆਦਾ ਟਰੈਫਿਕ ਹੋਣ ਕਰਕੇ ਕਿੰਨਾ ਕਿੰਨਾ ਟਾਈਮ ਐਂਬੂਲੈਂਸ ਨੂੰ ਵੀ ਰੁਕਣਾ ਪੈਂਦਾ ਹੈ। ਇਸ ਸਮੱਸਿਆ ਦਾ ਠੋਸ ਹੱਲ ਹੋਣਾ ਚਾਹੀਦਾ ਹੈ। ਨਾਲ ਹੀ ਪ੍ਰਧਾਨ ਦੀਪਕ ਨੇ ਅਜਨਾਲੇ ਸ਼ਹਿਰ ਦੀ ਬਿਜਲੀ ਦੀ ਸਮੱਸਿਆ ਨੂੰ ਸਰਪਲਸ ਕਰਨ 'ਤੇ ਧਾਲੀਵਾਲ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੱਤਪਾਲ ਮੱਟੀਆਂ, ਅਸ਼ਵਨੀ ਕੁਮਾਰ ਪ੍ਰਾਸ਼ਰ, ਆਰ. ਡੀ. ਡੇਅਰੀ ਅਜਨਾਲਾ, ਦੀਪਕ ਮਦਾਨ ਸ਼ਿਵਮ ਡੇਅਰੀ ਅਜਨਾਲਾ, ਸੰਦੀਪ ਕੁਮਾਰ ਖੁਰਾਣਾ ਡੇਅਰੀ ਅਜਨਾਲਾ, ਰਾਕੇਸ਼ ਕੁਮਾਰ ਜੱਜ ਡੇਅਰੀ ਅਜਨਾਲਾ, ਮਦਨ ਮੋਹਨ ਆਰ. ਐੱਸ. ਡੇਅਰੀ ਅਜਨਾਲਾ, ਅਨਮੋਲ ਜਿਊਲਰ ਅਜਨਾਲਾ ਤੇ ਵਿੱਕੀ ਸਰਾਫ ਆਦਿ ਹਾਜ਼ਰ ਸਨ।



## ਗੰਧਕ-ਪੋਟਾਸ਼ ਧਮਾਕੇ 'ਚ ਸੱਤ ਜਣੇ ਜ਼ਖ਼ਮੀ, ਇਕ ਦੀ ਮੌਤ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਪੁਲਸ ਥਾਣਾ ਡੇਰਾ ਬਾਬਾ ਨਾਨਕ ਅਧੀਨ ਆਉਂਦੇ ਪਿੰਡ ਧਰਮਾਬਾਦ ਵਿਖੇ ਬੀਤੀ ਰਾਤ ਦਿਵਾਲੀ ਦੇ ਤਿਉਹਾਰ ਮੌਕੇ ਗੰਧਕ ਤੇ ਪੋਟਾਸ਼ ਨੂੰ ਕੁੱਟਦਿਆਂ ਹੋਏ ਬਲਾਸਟ ਕਾਰਨ 2 ਔਰਤਾਂ, ਦੋ ਬੱਚਿਆਂ ਸਮੇਤ 7 ਵਿਅਕਤੀ ਗੰਭੀਰ ਜ਼ਖ਼ਮੀ ਹੋ ਗਏ ਸਨ ਜਿਨ੍ਹਾਂ ਵਿੱਚੋਂ ਅਮਨ ਪੁੱਤਰ ਸਤਨਾਮ ਸਿੰਘ ਦੀ ਅੰਮ੍ਰਿਤਸਰ ਦੇ ਹਸਪਤਾਲ ਵਿੱਚ ਮੌਤ ਹੋਣ ਸਬੰਧੀ ਦੱਸਿਆ ਜਾ ਰਿਹਾ। ਇਸ ਘਟਨਾ ਦੀ ਖ਼ਬਰ ਸੁਣਦਿਆਂ ਹੀ ਪੁਲਸ ਜ਼ਿਲਾ ਬਟਾਲਾ ਦੇ ਐੱਸਐੱਸਪੀ ਤੋਂ ਇਲਾਵਾ ਵੱਖ-ਵੱਖ ਜਾਂਚ ਟੀਮਾਂ ਮੌਕੇ ਪਹੁੰਚ ਗਈਆਂ ਹਨ। ਇਸ ਹੋਏ ਬਲਾਸਟ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਦੇ ਸਾਬਕਾ ਸਰਪੰਚ ਜਤਿੰਦਰ ਪਾਲ ਸਿੰਘ ਨੇ ਦੱਸਿਆ ਕਿ ਪ੍ਰਾਪਤ ਜਾਣਕਾਰੀ ਅਨੁਸਾਰ ਦਿਵਾਲੀ ਵਾਲੀ ਰਾਤ ਪੋਟਾਸ਼ ਅਤੇ ਗੰਧਕ ਕਾਰਨ ਹੋਏ ਬਲਾਸਟ ਨਾਲ ਗੁਰਨਾਮ ਸਿੰਘ ਅਤੇ ਸਤਨਾਮ ਸਿੰਘ ਦੋਵੇਂ ਭਰਾਵਾਂ ਤੋਂ ਇਲਾਵਾ ਉਨ੍ਹਾਂ ਦੇ ਬੱਚੇ ਜੀਜੇ ਸਮੇਤ ਸੱਤ ਜਣੇ ਜ਼ਖ਼ਮੀ ਹੋ ਗਏ ਜਿਨ੍ਹਾਂ ਵਿੱਚੋਂ ਦੋ ਦੀ ਹਾਲਤ ਗੰਭੀਰ ਸੀ ਜਿਨ੍ਹਾਂ ਨੂੰ ਅੰਮ੍ਰਿਤਸਰ ਦੇ ਨਿੱਜੀ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ। ਇਸ ਹਾਦਸੇ ਦੌਰਾਨ ਬੱਚਿਆਂ ਦੇ ਹੱਥ ਤੱਕ ਉਡ ਗਏ ਅਤੇ ਅੱਖਾਂ 'ਤੇ ਵੀ ਵੱਡਾ ਅਸਰ ਹੋਣ ਤੋਂ ਇਲਾਵਾ ਬਲਾਸਟ ਦੌਰਾਨ ਹੱਥਾਂ ਦੀਆਂ ਹੱਡੀਆਂ ਦੂਰ-ਦੂਰ ਖਿੱਲਰ ਗਈਆਂ। ਇਸ ਮੌਕੇ ਉਨ੍ਹਾਂ ਕਿਹਾ ਕਿ ਸ਼ਰੇਆਮ ਪੋਟਾਸ਼ ਗੰਧਕ ਵਿਕਣਾ ਸਰਕਾਰ ਦੀ ਨਾਕਾਮੀ ਹੈ। ਗਰੀਬਾਂ ਲਈ ਪੈਸਿਆਂ ਦੀ ਥੁੜ ਨੇ ਇਸ ਦਰਦਨਾਕ ਹਾਦਸੇ ਨੂੰ ਜਨਮ ਦਿੱਤਾ। ਉਨ੍ਹਾਂ ਕਿਹਾ ਕਿ ਪਿੰਡ ਦੇ ਲੋਕਾਂ ਵੱਲੋਂ ਜ਼ਖ਼ਮੀਆਂ ਦਾ ਇਲਾਜ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਪਿੰਡ ਦੇ ਵਸਨੀਕ ਗੁਰਵਿੰਦਰ ਸਿੰਘ ਨੇ ਕਿਹਾ ਕਿ ਛੋਟੇ ਬੱਚਿਆਂ ਨੂੰ ਜ਼ਿਆਦਾ ਮਾਤਰਾ ਵਿੱਚ ਗੰਧਕ ਪੋਟਾਸ਼ ਦੇਣਾ ਦੁਕਾਨਦਾਰ ਦੀ ਗਲਤੀ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਜ਼ਖ਼ਮੀਆਂ ਵਿੱਚ ਦੋ ਸਕੇ ਭਰਾ ਇਕ ਧੀ ਤੇ ਦੋ ਜਵਾਈ ਸ਼ਾਮਿਲ ਹਨ। ਇਸ ਘਟਨਾ ਨੂੰ ਲੈ ਕੇ ਡੇਰਾ ਬਾਬਾ ਨਾਨਕ ਇਲਾਕੇ ਅੰਦਰ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ। ਇਸ ਮੌਕੇ ਪੁੱਜੇ ਡੇਰੇ ਬਾਬਾ ਨਾਨਕ ਪੁਲਸ ਦੇ ਐੱਸਐੱਚਓ ਅਸ਼ੋਕ ਸ਼ਰਮਾ ਨੇ ਦੱਸਿਆ ਕਿ ਇਸ ਸਾਰੇ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਤੇ ਫਰਾਂਸਿਕ ਟੀਮਾਂ ਵੀ ਮੰਗਾਈਆਂ ਜਾ ਰਹੀਆਂ ਹਨ ਜਿਨ੍ਹਾਂ ਵੱਲੋਂ ਇਸ ਵੱਡੇ ਹਾਦਸੇ ਦੀ ਬਰੀਕੀ ਨਾਲ ਜਾਂਚ ਕੀਤੀ ਜਾਵੇਗੀ ਤੇ ਇਸ ਵੱਡੀ ਮਾਤਰਾ ਵਿੱਚ ਗੰਧਕ ਤੇ ਪੋਟਾਸ਼ ਵੇਚਣ ਵਾਲੇ ਉਨ੍ਹਾਂ ਲੋਕਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਸਥਾਨਕ ਲੋਕਾਂ ਨੇ ਪੰਜਾਬ ਪੁਲਸ ਦੇ ਉਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਸ਼ਰੇਆਮ ਪੋਟਾਸ਼ ਅਤੇ ਗੰਧਕ ਵੇਚ ਰਹੇ ਦੁਕਾਨਦਾਰਾਂ ਉਪਰ ਬਣਦੀ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ।



## ਝੁੱਗੀ ਝੌਂਪੜੀਆਂ 'ਚ ਜਾ ਕੇ ਹੜ੍ਹ ਮਾਰੇ ਪਰਿਵਾਰਾਂ ਨੂੰ ਗੈਰ-ਭੋਜਨ ਕਿੱਟਾਂ ਵੰਡੀਆਂ




ਗੁਰਦਾਸਪੁਰ (ਦਿਨੇਸ਼ ਕੁਮਾਰ)- ਕਸਬਾ ਰਮਦਾਸ ਦੀ ਵਾਰਡ ਨੰਬਰ 4 ਵਿਚ ਰਹਿੰਦੇ ਹੜ੍ਹ ਪ੍ਰਭਾਵਿਤ ਝੁੱਗੀ ਝੌਂਪੜੀ ਵਾਲੇ ਲੋੜਵੰਦ ਪਰਿਵਾਰਾਂ ਨੂੰ ਸੀ. ਵਾਈ. ਟੀ. ਏ. (ਯੂਥ ਡਿਵੈਲਪਮੈਂਟ ਐਂਡ ਐਕਟੀਵਿਟੀਜ਼ ਸੈਂਟਰ) ਵੱਲੋਂ 150 ਗੈਰ ਭੋਜਨ ਕਿੱਟਾਂ ਵੰਡੀਆਂ ਗਈਆਂ ਅਤੇ ਹਰੇਕ ਕਿੱਟ ਵਿੱਚ ਰੋਜ਼ਾਨਾ ਵਰਤੋਂ ਵਾਲੀਆਂ ਬੁਨਿਆਦੀ ਚੀਜ਼ਾਂ ਜਿਵੇਂ ਰਸੋਈ ਦੇ ਭਾਂਡੇ, ਫਰਸ਼ ਮੈਟ, ਮਾਵਾਂ ਦੀ ਸਫ਼ਾਈ ਕਿੱਟਾਂ ਅਤੇ ਕੰਬਲ ਵਰਗੀਆਂ ਚੀਜ਼ਾਂ ਸ਼ਾਮਿਲ ਹਨ। ਇਸ ਮੌਕੇ ਯੂਥ ਡਿਵੈਲਪਮੈਂਟ ਐਂਡ ਐਕਟੀਵਿਟੀਜ਼ ਸੈਂਟਰ ਦੇ ਨੁਮਾਇੰਦੇ ਚੰਦਨ ਸਿੰਘ ਸਿਸੋਦੀਆ ਨੇ ਕਿਹਾ ਕਿ ਅਸੀਂ ਸਥਾਨਕ ਸੰਗਠਨਾਂ ਨਾਲ ਮਿਲ ਕੇ ਕੰਮ ਕਰਦੇ ਹਾਂ। ਇਹ ਗੈਰ ਭੋਜਨ ਕਿੱਟਾਂ ਵੰਡਣ ਸਬੰਧੀ ਪ੍ਰੋਗਰਾਮ ਐੱਨਜੀਓ ਉਡਾਨ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ ਹੈ ਜਿਸਦੀ ਅਗਵਾਈ ਬਲਜੀਤ ਸਿੰਘ ਉੱਪਲ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਸਾਰਿਆਂ ਦਾ ਇੱਕ ਹੀ ਟੀਚਾ ਹੈ ਕਿ ਮਨੁੱਖਤਾ ਦੀ ਵੱਧ ਤੋਂ ਵੱਧ ਸੇਵਾ ਕੀਤਾ ਜਾਵੇ, ਕਿਉਂਕਿ ਹੜ੍ਹਾਂ ਦੀ ਤਬਾਹੀ ਦੇ ਬਾਵਜੂਦ ਹਮਦਰਦੀ, ਸਹਿਯੋਗ ਅਤੇ ਮਨੁੱਖਤਾ ਦਾ ਨਿੱਘ ਜਦੋਂ ਜ਼ਿੰਦਾ ਰਹਿੰਦਾ ਹੈ ਤਾਂ ਇਹ ਸਾਬਤ ਕਰਦਾ ਹੈ ਕਿ ਇਕੱਠੇ ਹੋ ਕੇ ਅਸੀਂ ਉਮੀਦ ਨੂੰ ਮੁੜ ਜਗਾ ਸਕਦੇ ਹਾਂ। ਇਸ ਸਮਾਗਮ ਵਿਚ ਚੰਦਨ ਸਿੰਘ ਸਿਸੋਦੀਆ ਤੋਂ ਇਲਾਵਾ ਸਿਧਾਰਥ ਕਾਂਬਲੇ, ਬਲਜੀਤ ਸਿੰਘ ਉੱਪਲ (ਉਡਾਨ), ਅਮਰਜੀਤ ਸਿੰਘ, ਸੁਰਿੰਦਰ ਪਾਲ ਕਾਲੀਆ, ਸਿਮਰਜੀਤ ਸਿੰਘ ਅਤੇ ਗੁਰਬਿੰਦਰ ਸੋਨਾ ਆਦਿ ਹਾਜ਼ਰ ਸਨ।

## ਟਰੱਕ ਹੇਠਾਂ ਆਉਣ ਨਾਲ ਗਰਭਵਤੀ ਮਹਿਲਾ ਅਤੇ ਬੇਟੀ ਦੀ ਮੌਤ, ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਟਰੱਕ ਨਾਲ ਟਕਰਾਉਣ ਕਰਕੇ ਮੋਟਰਸਾਈਕਲ ਸਵਾਰ ਗਰਭਵਤੀ ਮਹਿਲਾ ਅਤੇ ਉਸ ਦੀ ਬੇਟੀ ਦੀ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਦਿਨੇਸ਼ ਪੁੱਤਰ ਨੱਥਾ ਰਾਮ ਵਾਸੀ ਘੁਮਿਆਰਾ ਮੁਹੱਲਾ ਡ੍ਰਿੰਮੇ ਰੋਡ ਗੁਰਦਾਸਪੁਰ ਨੇ ਦੱਸਿਆ ਕਿ ਮੇਰੀ ਛੋਟੀ ਭੈਣ ਕਾਜਲ ਉਮਰ ਕਰੀਬ 28 ਸਾਲ ਪਤਨੀ ਅਰੁਨ ਵਾਸੀ ਨਵੀਂ ਅਬਾਦੀ ਅਵਾਂਖਾ ਨਾਲ 5 ਸਾਲ ਪਹਿਲਾਂ ਵਿਆਹੀ ਸੀ ਜਿਸ ਦੀ ਇਕ 3 ਸਾਲ ਦੀ ਲੜਕੀ ਪ੍ਰਿਆਂਸ਼ੀ ਸਹਿਰੀਆ ਹੈ ਅਤੇ ਹੁਣ ਕ੍ਰੀਬ 6 ਮਹੀਨੇ ਤੋਂ ਗਰਭਵਤੀ ਸੀ। ਬੀਤੇ ਦਿਨੀਂ ਮੇਰੀ ਭੈਣ ਕਾਜਲ ਆਪਣੀ ਬੇਟੀ ਨਾਲ ਜੀਜੇ ਮੰਨੂ ਪੁੱਤਰ ਸੁਰਿੰਦਰ ਪਾਲ ਵਾਸੀ ਹਰਦੋਬਥਵਾਲਾ ਦੇ ਮੋਟਰ ਸਾਇਕਲ 'ਤੇ ਸਵਾਰ ਹੋ ਕੇ ਗੁਰਦਾਸਪੁਰ ਨੂੰ ਆ ਰਹੇ ਸੀ ਕਿ ਸਵੇਰੇ 11 ਵਜੇ ਦੇ ਕਰੀਬ ਜਦ ਉਹ ਪਿੰਡ ਹੱਲਾ ਪਾਣੀ ਵਾਲੀ ਟੈਂਕੀ ਨੇੜੇ ਪੁੱਜੇ ਤਾਂ ਸਾਹਮਣੇ ਤੋਂ ਇੱਕ ਟਰੱਕ ਤੇਜ਼ ਰਫਤਾਰ ਨਾਲ ਆਇਆ ਅਤੇ ਗਲਤ ਸਾਇਡ ਤੋਂ ਲਾਪ੍ਰਵਾਹੀ ਨਾਲ ਲਿਆ ਕੇ ਟਰੱਕ ਮੰਨੂ ਦੇ ਮੋਟਰਸਾਈਕਲ ਵਿੱਚ ਮਾਰ ਦਿੱਤਾ ਜਿਸ ਨਾਲ ਪੀੜਤ ਦੀ ਭੈਣ ਕਾਜਲ ਅਤੇ ਭਨੇਵੀ ਪ੍ਰਿਆਂਸ਼ੀ ਦੀ ਮੌਕੇ 'ਤੇ ਹੀ ਮੌਤ ਹੋ ਗਈ।

## ਮਨਰੇਗਾ ਕਾਮਿਆਂ ਦੇ ਖਾਤਿਆਂ 'ਚ ਤੁਰੰਤ ਬਕਾਏ ਪਾਏ ਜਾਣ : ਜਸਬੀਰ ਝਬਾਲ



ਛੇਹਰਟਾ (ਮਨੋਜ ਕੁਮਾਰ) : ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਕਿਹਾ ਹੈ ਕਿ ਜ਼ਿਲ੍ਹਾ ਅੰਮ੍ਰਿਤਸਰ 'ਚ ਮਨਰੇਗਾ ਅਧੀਨ ਕੀਤੇ ਕੰਮਾਂ ਦੇ ਬਕਾਏ ਬਹੁਤ ਸਾਰੇ ਪੇਂਡੂ ਮਨਰੇਗਾ ਕਾਮਿਆਂ ਦੇ ਖਾਤਿਆਂ ਵਿਚ ਮਨਰੇਗਾ ਅਧਿਕਾਰੀ ਵੱਲੋਂ ਨਾ ਪਾਏ ਜਾਣ 'ਤੇ ਮਜ਼ਦੂਰ ਕਾਲੀ ਦੀਵਾਲੀ ਮਨਾ ਰਹੇ ਹਨ। ਉਨ੍ਹਾਂ ਦੇ ਘਰਾਂ ਦੀਆਂ ਛੱਤਾਂ ਤਾਂ ਪਹਿਲਾਂ ਹੀ ਭਾਰੀ ਬਾਰਸ਼ਾਂ ਤੇ ਹੜ੍ਹਾਂ ਦੀ ਤਬਾਹੀ ਨਾਲ ਉੱਡ ਗਈਆਂ ਹਨ ਤੇ ਹੁਣ ਉਹ ਰਾਤ ਦੇ ਹਨੇਰੇ ਵਿਚ ਚੰਦਰਮਾ ਦੇ ਚਾਨਣ ਦਾ ਸਹਾਰਾ ਲੈ ਕੇ ਘੁੱਪ ਹਨੇਰਿਆਂ ਵਿਚ ਜੀਵਨ ਬਸਰ ਕਰ ਰਹੇ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਤੇ ਇਸ ਦੇ ਅਧਿਕਾਰੀ ਪੇਂਡੂ ਖੇਤ ਮਜ਼ਦੂਰਾਂ ਤੇ ਮਨਰੇਗਾ ਕਾਮਿਆਂ ਨੂੰ ਨਜ਼ਰ ਅੰਦਾਜ ਕਰਕੇ ਕੁੰਭਕਰਨ ਦੀ ਨੀਂਦ ਸੁੱਤੇ ਹਨ ਅਤੇ ਮਾਨ ਸਰਕਾਰ ਦਾ ਮਜ਼ਦੂਰ ਵਿਰੋਧੀ ਚਿਹਰਾ ਨੰਗਾ ਹੋ ਗਿਆ। ਸਾਥੀ ਝਬਾਲ ਤੇ ਮਨਰੇਗਾ ਕਾਮਿਆਂ ਦੇ ਜ਼ਿਲ੍ਹਾ ਆਗੂ ਤਰਸੇਮ ਸਿੰਘ ਟਾਂਗਰਾ, ਸੁਲੱਖਣ ਸਿੰਘ ਓਠੀਆਂ, ਜਸਬੀਰ ਸਿੰਘ ਦੁਧਾਰਾਏ ਨੇ ਵੱਖ-ਵੱਖ ਪਿੰਡਾਂ ਵਿਚ ਜਾ ਕੇ ਤੇ ਉਨ੍ਹਾਂ ਦੀਆਂ ਮੀਟਿੰਗਾਂ ਕਰਕੇ ਆਉਣ ਵਾਲੇ ਸਮੇਂ ਵਿਚ ਜਥੇਬੰਦਕ ਸੰਘਰਸ਼ ਕਰਨ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਪਿੰਡਾਂ ਦੁਧਾਰਾਏ ਤੇ ਬੋਹਲੀਆਂ ਵਿਚ ਮਜ਼ਦੂਰਾਂ ਦੀਆਂ ਭਰਵੀਆਂ ਮੀਟਿੰਗਾਂ ਕੀਤੀਆਂ ਗਈਆਂ ਜਿਸ ਵਿਚ ਬਲਦੇਵ ਸਿੰਘ, ਮਨਿਕਾ, ਸਰਬਜੀਤ ਕੌਰ, ਜੋਗਿੰਦਰ ਕੌਰ, ਕਰਮਜੀਤ ਕੌਰ, ਬਲਜੀਤ ਕੌਰ, ਮਨਜੀਤ ਕੌਰ, ਰੇਖਾ, ਸੱਤਵਿੰਦਰ ਕੌਰ, ਜਗੀਰ, ਰਾਣੀ, ਕਿਰਨ, ਸੁਨੀਤਾ ਆਦਿ ਵਰਕਰ ਹਾਜ਼ਰ ਸਨ। ਸਾਥੀ ਝਬਾਲ ਨੇ ਜ਼ਿਲ੍ਹਾ ਅਧਿਕਾਰੀ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮਨਰੇਗਾ ਕਾਮਿਆਂ ਦੇ ਖਾਤਿਆਂ ਵਿਚ ਇਕ ਹਫ਼ਤੇ ਅੰਦਰ ਪੈਸੇ ਨਾ ਪਾਏ ਤਾਂ ਸਾਰੇ ਬਲਾਕ ਦਫ਼ਤਰਾਂ ਦੇ ਘਿਰਾਓ ਕੀਤੇ ਜਾਣਗੇ।

## ਸ਼ਹੀਦਾਂ ਨੇ ਵੱਡੀਆਂ ਕੁਰਬਾਨੀਆਂ ਦੇ ਕੇ ਸ਼ਾਨਾਮੱਤਾ ਇਤਿਹਾਸ ਸਿਰਜਿਆ : ਐੱਸ ਐੱਸ ਪੀ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਪੁਲਸ ਦੇ ਬਹਾਦਰ ਜਵਾਨਾਂ ਨੇ ਹਮੇਸ਼ਾ ਹੀ ਸੂਬੇ ਅਤੇ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਕਾਇਮ ਰੱਖਦਿਆਂ ਵੱਡੀਆਂ ਕੁਰਬਾਨੀਆਂ ਦੇ ਕੇ ਸ਼ਾਨਾਮੱਤਾ ਇਤਿਹਾਸ ਸਿਰਜਿਆ ਹੈ। ਇਹ ਪ੍ਰਗਟਾਵਾ ਐੱਸਐੱਸਪੀ ਗੁਰਦਾਸਪੁਰ ਆਦਿੱਤਿਆ ਨੇ ਸਥਾਨਕ ਪੁਲਸ ਲਾਈਨ ਵਿਖੇ ਪੁਲਸ ਸ਼ਹੀਦੀ ਦਿਵਸ ਮੌਕੇ ਸ਼ਹੀਦ ਹੋਏ ਪੰਜਾਬ ਪੁਲਸ ਤੇ ਹੋਰ ਸੁਰੱਖਿਆ ਬਲਾਂ ਦੇ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਆਪਣੇ ਸੰਬੋਧਨ ਦੌਰਾਨ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ, ਡਾ. ਹਰਜਿੰਦਰ ਸਿੰਘ ਬੇਦੀ ਵਧੀਕ ਡਿਪਟੀ ਕਮਿਸ਼ਨਰ (ਜ) ਐਸ.ਪੀ (ਐੱਚ), ਜੁਗਰਾਜ ਸਿੰਘ, ਪਰਮਜੀਤ ਕੁਮਾਰ, ਸੀਨੀਅਰ ਮੀਤ ਪ੍ਰਧਾਨ ਸੇਵਾਮੁਕਤ ਵੈਲਫੇਅਰ ਐਸੋਸੀਏਸ਼ਨ ਗੁਰਦਾਸਪੁਰ ਅਤੇ ਮੈਂਬਰ ਸੈਮੂਅਲ ਮਸੀਹ, ਐਮ.ਡੀ ਡਾ. ਅਜੈਪਾਲ ਸਿੰਘ, ਸਮੂਹ ਡੀ ਐਸ ਪੀਜ਼, ਸਮੂਹ ਐਸ ਐਚ ਓਜ਼ ਅਤੇ ਸ਼ਹੀਦ ਜਵਾਨਾਂ ਦੇ ਪਰਿਵਾਰਕ ਮੈਂਬਰ ਅਤੇ ਸਾਬਕਾ ਪੁਲਿਸ ਅਧਿਕਾਰੀ ਮੌਜੂਦ ਸਨ। ਐੱਸ.ਐੱਸ.ਪੀ. ਆਦਿੱਤਿਆ ਨੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਅਰਪਨ ਕਰਦਿਆਂ ਕਿਹਾ ਕਿ ਸ਼ਹੀਦ ਦੇਸ਼ ਤੇ ਕੌਮ ਦਾ ਸਰਮਾਇਆ ਹੁੰਦੇ ਹਨ ਅਤੇ ਪੂਰਾ ਦੇਸ਼ ਹਮੇਸ਼ਾਂ ਆਪਣੇ ਸ਼ਹੀਦਾਂ ਦਾ ਰਿਣੀ ਰਹੇਗਾ। ਐਸ ਪੀ ਗੁਰਦਾਸਪੁਰ ਨੇ ਅੱਜ ਦੇ ਦਿਨ 21 ਅਕਤੂਬਰ ਦੇ ਇਤਿਹਾਸ ਦਾ ਜ਼ਿਕਰ ਕਰਦਿਆਂ ਦੱਸਿਆ ਕਿ 1959 ਨੂੰ ਲੱਦਾਖ ਦੇ ਹੌਟ ਸਪਰਿੰਗਜ਼ ਵਿਖੇ ਚੀਨ ਦੇ ਬਾਰਡਰ 'ਤੇ ਪੈਟਰੋਲਿੰਗ ਕਰ ਰਹੀ ਸੀ.ਆਰ.ਪੀ.ਐੱਫ ਦੀ ਟੁੱਕੜੀ 'ਤੇ ਚੀਨੀ ਫੌਜੀਆਂ ਨੇ ਘਾਤ ਲਗਾ ਕੇ ਹਮਲਾ ਕੀਤਾ ਸੀ, ਜਿਸ ਦਾ ਸਾਡੇ ਦੇਸ਼ ਦੇ ਜਵਾਨਾਂ ਨੇ ਬੜੀ ਦਲੇਰੀ ਤੇ ਬਹਾਦਰੀ ਨਾਲ ਮੁਕਾਬਲਾ ਕੀਤਾ ਅਤੇ ਦੇਸ਼ ਦੀ ਰਾਖੀ ਲਈ ਇਹ ਜਵਾਨ ਸ਼ਹਾਦਤ ਪ੍ਰਾਪਤ ਕਰ ਗਏ ਸਨ। ਉਨਾਂ ਸ਼ਹੀਦਾਂ ਦੀ ਯਾਦ ਵਿਚ ਸਾਲ 1960 ਤੋਂ ਦੇਸ਼ ਦੀਆਂ ਸਾਰੀਆਂ ਪੁਲਿਸ ਫੋਰਸਿਜ਼, ਸੁਰੱਖਿਆ ਬਲਾਂ ਵੱਲੋਂ ਲਏ ਗਏ ਫੈਸਲੇ ਮੁਤਾਬਕ ਹਰ ਸਾਲ 21 ਅਕਤੂਬਰ ਦਾ ਦਿਨ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਜਾਨਾਂ ਵਾਰਨ ਵਾਲੇ ਬਹਾਦਰ ਜਵਾਨਾਂ ਦੀ ਯਾਦ ਨੂੰ ਸਮਰਪਿਤ ਕੀਤਾ ਗਿਆ ਹੈ। ਉਪਰੰਤ ਐਸ.ਐਸ.ਪੀ. ਗੁਰਦਾਸਪੁਰ ਵਲੋਂ ਸ਼ਹੀਦਾਂ ਜਵਾਨਾਂ ਦੇ ਪਰਿਵਾਰਕ ਮੈਂਬਰਾਂ ਦੀਆਂ ਦੁੱਖ ਤਕਲੀਫ਼ਾਂ ਵੀ ਸੁਣੀਆਂ ਤੇ ਕਿਹਾ ਕਿ ਪੁਲਿਸ ਵਿਭਾਗ ਸ਼ਹੀਦ ਪਰਿਵਾਰ ਦੀਆਂ ਮੁਸ਼ਕਲਾਂ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ।




## ਵਿਦਿਆਰਥੀਆਂ ਵੱਲੋਂ ਸੜਕ ਹਾਦਸੇ 'ਚ ਜ਼ਖ਼ਮੀ ਵਿਅਕਤੀ ਦੀ ਆਰਥਿਕ ਮਦਦ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਚੇਤਨਪੁਰਾ ਦੇ ਵਿਦਿਆਰਥੀਆਂ ਨੇ ਇਨਸਾਨੀਅਤ ਦਾ ਸਬੂਤ ਦਿੰਦਿਆਂ ਸਕੂਲ ਦੇ ਇੱਕ ਵਿਦਿਆਰਥੀ ਦੇ ਪਿਤਾ ਜੋ ਬੀਤੇ ਦਿਨੀਂ ਸੜਕ ਹਾਦਸੇ ਦਾ ਸ਼ਿਕਾਰ ਹੋ ਗਏ ਸਨ, ਦੀ ਮਦਦ ਕੀਤੀ ਹੈ। ਸਕੂਲ ਮੁਖੀ ਪਰਮਿੰਦਰ ਕੌਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਵਿੱਚ ਪੜ੍ਹਦੇ ਦੋ ਵਿਦਿਆਰਥੀਆਂ ਗੁਰਲੀਨ ਕੌਰ ਅਤੇ ਜਪਜੀਵ ਸਿੰਘ ਦੇ ਪਿਤਾ ਰਣਜੀਤਪਾਲ ਸਿੰਘ ਵਾਸੀ ਸੰਗਤਪੁਰਾ ਦਾ ਚੇਤਨਪੁਰਾ ਨਜ਼ਦੀਕ ਫਤਿਹਗੜ੍ਹ ਚੂੜੀਆਂ ਸੜਕ 'ਤੇ ਬਹੁਤ ਭਿਆਨਕ ਐਕਸੀਡੈਂਟ ਹੋਣ ਕਾਰਨ ਲੱਤ ਦੀ ਹੱਡੀ ਟੁੱਟ ਗਈ ਸੀ। ਵਿਦਿਆਰਥੀਆਂ ਨੇ ਆਪਣੇ ਸਾਥੀਆਂ ਦੇ ਦਰਦ ਨੂੰ ਆਪਣਾ ਦਰਦ ਸਮਝ ਕੇ ਆਪਣੇ ਜੇਬ ਖਰਚੇ ਵਿੱਚੋਂ ਕੁਝ ਹਿੱਸਾ ਇਕੱਠਾ ਕਰਕੇ ਰਣਜੀਤਪਾਲ ਸਿੰਘ ਨੂੰ ਦੇ ਕੇ ਆਰਥਿਕ ਮਦਦ ਕੀਤੀ। ਪ੍ਰਿੰ. ਨੇ ਕਿਹਾ ਕਿ ਉਹ ਸਕੂਲ ਵਿੱਚ ਪੜ੍ਹਾਈ ਦੇ ਨਾਲ ਨਾਲ ਵਿਦਿਆਰਥੀਆਂ ਨੂੰ ਸਮਾਜਿਕ ਕਦਰਾਂ-ਕੀਮਤਾਂ ਅਤੇ ਮਾਨਵੀ ਸੰਵੇਦਨਾ ਨੂੰ ਜਾਣਣ ਅਤੇ ਸਮਝਣ ਦੀ ਸਿੱਖਿਆ ਖਾਸ ਤੌਰ ਤੇ ਦਿੰਦੇ ਹਨ, ਜਿਸ ਦਾ ਅਸਰ ਬੱਚਿਆਂ 'ਤੇ ਹੋਇਆ ਹੈ। ਮੈਡਮ ਪਰਮਿੰਦਰ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਦੀ ਇਸ ਭਾਵਨਾ ਨਾਲ ਸਾਡੀ ਜ਼ਿੰਮੇਵਾਰੀ ਵੀ ਹੋਰ ਵੱਧ ਜਾਂਦੀ ਹੈ ਕਿ ਅਸੀਂ ਵੀ ਵਿਦਿਆਰਥੀਆਂ ਦਾ ਵੱਧ ਤੋਂ ਵੱਧ ਹੌਂਸਲਾ ਵਧਾਈਏ ਅਤੇ ਇਸ ਤਰਾਂ ਦੀਆਂ ਸਰਗਰਮੀਆਂ ਵਿੱਚ ਵੱਧ ਤੋਂ ਵੱਧ ਸਾਥ ਦੇਈਏ ਤਾਂ ਜੋ ਇਹ ਬੱਚੇ ਵੱਡੇ ਹੋ ਕੇ ਇਨਸਾਨੀਅਤ ਨਾਲ ਭਰਪੂਰ ਹੋ ਕੇ ਸਮਾਜ ਦੀ ਵੱਧ ਤੋਂ ਵੱਧ ਸੇਵਾ ਕਰਨ।



## ਗੁਰਦਾਸਪੁਰ ਦੇ ਲੋਕਾਂ ਲਈ ਮਸੀਹਾ ਬਣੇ ਸਿਮਰਜੀਤ ਸਿੰਘ ਸਾਬ

ਗੁਰਦਾਸਪੁਰ (ਦਿਨੇਸ਼ ਕੁਮਾਰ)- ਮੌਜੂਦਾ ਸਮੇਂ ਵਿਚ ਡੇਂਗੂ ਦੇ ਪ੍ਰਕੋਪ ਦੇ ਚਲਦੇ ਬੀਤੇ ਦਿਨੀਂ ਗੁਰਦਾਸਪੁਰ ਸ਼ਹਿਰ ਨਾਲ ਸਬੰਧਤ ਇਕ ਵਿਆਹੁਤਾ ਮਹਿਲਾ ਸਮੇਤ ਨੌਜਵਾਨਾਂ ਦੀ ਡੇਂਗੂ ਦੇ ਕਾਰਨ ਮੌਤ ਹੋ ਗਈ ਸੀ ਅਤੇ ਕਈ ਲੋਕ ਡੇਂਗੂ ਦਾ ਸ਼ਿਕਾਰ ਹੋ ਗਏ ਜਿਨ੍ਹਾਂ ਵਿੱਚੋਂ ਅਜੇ ਵੀ ਕੁਝ ਦਾ ਸਰਕਾਰੀ ਅਤੇ ਕੁਝ ਲੋਕਾਂ ਦਾ ਪ੍ਰਾਈਵੇਟ ਹਸਪਤਾਲਾਂ ਵਿਚ ਇਲਾਜ ਚਲ ਰਿਹਾ ਹੈ। ਦੂਜੇ ਪਾਸੇ ਆਮ ਆਦਮੀ ਪਾਰਟੀ ਦੇ ਟਰੇਡ ਵਿੰਗ, ਗੁਰਦਾਸਪੁਰ ਦੇ ਜ਼ਿਲ੍ਹਾ ਪ੍ਰਧਾਨ ਸਿਮਰਜੀਤ ਸਿੰਘ ਸਾਬ ਵੱਲੋਂ ਡੇਂਗੂ ਦੀ ਰੋਕਥਾਮ ਲਈ ਇਕ ਵੱਖਰੀ ਤਰ੍ਹਾਂ ਦੀ ਪਹਿਲ ਕੀਤੀ ਗਈ ਹੈ ਅਤੇ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਸ਼ਹਿਰ ਵਿਚ ਖੁਦ ਦੀ ਡੇਂਗੂ ਦੀ ਰੋਕਥਾਮ ਲਈ ਮਸ਼ੀਨ ਨੂੰ ਹੱਥ ਵਿਚ ਫੜ ਕੇ ਵੱਖ-ਵੱਖ ਇਲਾਕਿਆ ਵਿਚ ਪਹੁੰਚ ਕਰਕੇ ਸਪਰੇ ਕੀਤਾ ਜਾ ਰਿਹਾ ਹੈ ਤਾਂ ਕਿ ਸ਼ਹਿਰ ਵਿੱਚੋ ਡੇਂਗੂ ਦੇ ਪ੍ਰਕੋਪ ਨੂੰ ਖਤਮ ਕੀਤਾ ਜਾ ਸਕੇ। ਜ਼ਿਕਰਯੋਗ ਹੈ ਕਿ ਆਪ ਆਗੂ ਸਿਮਰਜੀਤ ਸਿੰਘ ਸਾਬ ਦੀਆਂ ਡੇਂਗੂ ਨੂੰ ਰੋਕਣ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੀ ਸ਼ਹਿਰ ਵਾਸੀ ਵੱਲੋਂ ਸ਼ਲਾਘਾ ਕੀਤਾ ਜਾ ਰਹੀ ਹੈ। ਇਸ ਸਬੰਧੀ ਜਦੋਂ ਜ਼ਿਲ੍ਹਾ ਪ੍ਰਧਾਨ ਸਿਮਰਜੀਤ ਸਿੰਘ ਸਾਬ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਵੱਲੋਂ ਕਿਹਾ ਗਿਆ ਕਿ ਜਦੋਂ ਉਨ੍ਹਾਂ ਨੂੰ ਪਤਾ ਲੱਗਾ ਕਿ ਸ਼ਹਿਰ ਵਿਚ ਡੇਂਗੂ ਦਾ ਪ੍ਰਕੋਪ ਦਿਨ ਪ੍ਰਤੀ-ਦਿਨ ਵੱਧ ਰਿਹਾ ਹੈ ਤਾਂ ਉਨ੍ਹਾਂ ਆਪਣੀ ਸਮਾਜਿਕ ਜ਼ਿੰਮੇਵਾਰੀ ਨੂੰ ਸਮਝਦਿਆਂ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰਖਦੇ ਹੋਏ ਬਿਨਾਂ ਦੇਰੀ ਡੇਂਗੂ ਨੂੰ ਖਤਮ ਕਰਨ ਲਈ ਵੱਖ-ਵੱਖ ਇਲਾਕਿਆਂ ਵਿਚ ਦਵਾਈ ਦਾ ਸਪਰੇ ਕਰਨ ਦਾ ਫੈਸਲਾ ਕੀਤਾ ਤਾਂ ਕਿ ਡੇਂਗੂ ਨੂੰ ਖਤਮ ਕੀਤਾ ਜਾ ਸਕੇ। ਇਕ ਸਵਾਲ ਦੇ ਜਵਾਬ ਵਿਚ ਆਪ ਆਗੂ ਨੇ ਕਿਹਾ ਕਿ ਉਹ ਭਵਿੱਖ ਵਿਚ ਵੀ ਲੋਕ ਭਲਾਈ ਦੇ ਕੰਮ ਜਾਰੀ ਰੱਖਣਗੇ ਅਤੇ ਸਮਾਜ ਦੇ ਜ਼ਰੂਰਤਮੰਦਾਂ ਦੀ ਸਹਾਇਤਾ ਲਈ ਹਮੇਸ਼ਾ ਤਿਆਰ ਰਹਿਣਗੇ। ਉਨ੍ਹਾਂ ਦੀ ਕੋਸ਼ਿਸ਼ ਰਹੇਗੀ ਕਿ ਗੁਰਦਾਸਪੁਰ ਸ਼ਹਿਰ ਵਾਸੀ ਹਰ ਮੁਸ਼ਕਲ ਤੋਂ ਦੂਰ ਰਹਿਣ ਅਤੇ ਹਮੇਸ਼ਾ ਚੜ੍ਹਦੀ ਕਲਾ ਵਿਚ ਰਹਿਣ।

## ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ ਮਨਾਇਆ ਬਾਬਾ ਵਿਸ਼ਵਕਰਮਾ ਦਿਹਾੜਾ

ਬਟਾਲਾ (ਤਰਲੋਕ ਬੱਗਾ)- ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇਪੀਐੱਮਓ) ਤਹਿਸੀਲ ਬਟਾਲਾ ਵੱਲੋਂ ਸਥਾਨਕ ਲੀਕ ਵਾਲਾ ਤਲਾਬ ਵਿਖੇ ਵਿਸ਼ਵਕਰਮਾ ਦਿਵਸ ਸਮਾਰੋਹ ਸਾਥੀ ਜਗੀਰ ਸਿੰਘ ਕਿਲ੍ਹਾ ਲਾਲ ਸਿੰਘ, ਅਵਤਾਰ ਸਿੰਘ ਮੁਰਗੀ ਮੁਹੱਲਾ, ਮੁਖਤਾਰ ਸਿੰਘ ਭਾਗੋਵਾਲ, ਜਸਵਿੰਦਰ ਸਿੰਘ ਛਿੱਤ, ਗੁਰਨਾਮ ਸਿੰਘ ਬਾਉਲੀ ਇੰਦਰਜੀਤ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਸਮਾਰੋਹ ਵਿੱਚ ਹਾਜ਼ਰ ਕਿਰਤੀ ਸਾਥੀਆਂ ਨੂੰ ਸੰਬੋਧਨ ਕਰਦਿਆਂ ਜੇਪੀਐੱਮਓ ਦੇ ਸੂਬਾਈ ਆਗੂ ਸਾਥੀ ਰਘਬੀਰ ਸਿੰਘ ਪਕੀਵਾਂ, ਤਹਿਸੀਲ ਸਕੱਤਰ ਸਾਥੀ ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਕਿਹਾ ਕਿ ਭਾਰਤ ਦੇ ਪਹਿਲੇ ਸ਼ਿਲਪਕਾਰ ਦੇ ਮੋਢੀ ਬਾਬਾ ਵਿਸ਼ਵਕਰਮਾ ਨੇ ਸਮੁੱਚੀ ਕਿਰਤੀ ਜਮਾਤ ਦੇ ਕੰਮ ਲਈ ਔਜ਼ਾਰ, ਹਥਿਆਰਾਂ, ਮਸ਼ੀਨਾਂ ਆਦਿ ਦਾ ਨਿਰਮਾਣ ਕੀਤਾ ਹੈ। ਉਨ੍ਹਾਂ ਨੂੰ ਕਿਰਤ ਦਾ ਦੇਵਤਾ ਆਖਿਆ ਜਾਂਦਾ ਹੈ। ਵੱਡੇ-ਵੱਡੇ ਡੈਮ, ਮਿੱਲਾਂ, ਆਸਮਾਨ ਨੂੰ ਛੂੰਹਦੀਆਂ ਇਮਾਰਤਾਂ, ਰੇਲਵੇ ਲਾਈਨਾਂ ਦੇ ਵਿਛੇ ਜਾਲ, ਪਹਾੜਾਂ ਵਿੱਚ ਸੁਰੰਗਾਂ ਆਦਿ ਸਭ ਦੀ ਉਸਾਰੀ ਵਿੱਚ ਵਰਤੇ ਔਜ਼ਾਰ ਅਤੇ ਮਸ਼ੀਨਰੀ ਬਾਬਾ ਵਿਸ਼ਵਕਰਮਾ ਜੀ ਦੀ ਦਸਤਕਾਰੀ ਦੀ ਕਲਾ ਦੀ ਦੇਣ ਹਨ। ਵਿਸ਼ਵਕਰਮਾ ਦਿਵਸ ਮੌਕੇ ਸੁਮੱਚੀ ਮਜ਼ਦੂਰ ਜਮਾਤ ਅਤੇ ਹਰ ਪ੍ਰਕਾਰ ਦੀ ਵਰਕਸ਼ਾਪ ਮਸ਼ੀਨਰੀ ਦੀ ਵਰਤੋਂ ਕਰਨ ਵਾਲੇ ਸਭ ਵਿਸ਼ਵਕਰਮਾ ਜੀ ਦੀ ਕਿਰਤ ਦੇ ਦੇਵਤੇ ਦੇ ਰੂਪ ਵਿੱਚ ਪੂਜਾ ਕਰਦੇ ਹਨ। ਮੌਜੂਦਾ ਦੌਰ ਵਿੱਚ ਮਜ਼ਦੂਰ ਜਮਾਤ ਦੀ ਹਾਲਤ ਬਦ ਤੋਂ ਬੱਦਤਰ ਹੈ ਜਿਸ ਦੀਆਂ ਜ਼ਿੰਮੇਵਾਰ ਕੇਂਦਰ ਤੇ ਸੂਬਿਆਂ ਅੰਦਰ ਰਾਜ ਕਰਦੀਆਂ ਸਰਕਾਰਾਂ ਹਨ। ਭਾਰਤ ਵਿੱਚ ਲਾਗੂ ਕੀਤੀਆਂ ਗਈਆਂ ਨਵਉਦਾਰਵਾਦੀ ਨੀਤੀਆਂ ਕਾਰਨ ਮਜ਼ਦੂਰਾਂ ਨੂੰ ਮਿਲਦੀਆਂ ਵੱਖ-ਵੱਖ ਸਹੂਲਤਾਂ ਇੱਕ-ਇੱਕ ਕਰਕੇ ਖੋਹੀਆਂ ਜਾ ਰਹੀਆਂ ਹਨ? ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਬਹੁਤ ਮਾੜੀ ਹੈ। ਇਨ੍ਹਾਂ ਸਾਰੀਆਂ ਮੁਸੀਬਤਾਂ ਦੇ ਹੱਲ ਮਜ਼ਦੂਰ ਜਮਾਤ ਦੀ ਲਾਮਬੰਦੀ ਕਰਕੇ ਵੱਡਾ ਅੰਦੋਲਨ ਕਰਨਾ ਹੋਵੇਗਾ। ਇਸ ਸਮੇਂ ਲੋਕ ਪੱਖੀ ਗੀਤਕਾਰ ਸਾਥੀ ਵਿਜੇ ਅਗਨੀਹੋਤਰੀ ਨੇ ਇਨਕਲਾਬੀ ਗੀਤ ਪੇਸ਼ ਕੀਤੇ। ਇਸ ਮੌਕੇ ਨਿਸ਼ਾਨ ਸਿੰਘ ਜੌੜਾ ਸਿੰਘਾ, ਜਗਪਾਲ ਸਿੰਘ ਨਵਾਂ ਪਿੰਡ, ਰੂਪ ਲਾਲ, ਹਰਦੀਪ ਸਿੰਘ ਢਿੱਲੋਂ, ਕੇ. ਐੱਸ. ਗਿੱਲ, ਵਿਕਰਮ, ਸੁਖਦੇਵ ਸਿੰਘ ਭੀਖੋਵਾਲੀ, ਸੁੱਚਾ ਮਸੀਹ ਵਿਰਕ, ਸਤਨਾਮ ਸਿੰਘ ਭੁੱਲਰ, ਕਸ਼ਮੀਰ ਖੋਖਰ ਫੌਜੀਆਂ, ਹਰਜਿੰਦਰ ਸਿੰਘ ਬਾਉਲੀ ਇੰਦਰਜੀਤ, ਰੁਪਿੰਦਰਪਾਲ ਸਿੰਘ ਲਾਡੀ ਨਵਾਂ ਪਿੰਡ, ਜਸਬੀਰ ਸਿੰਘ ਰਿਖਿਆ, ਤਾਜ ਸਿੰਘ ਛਿੱਤ, ਜਤਿੰਦਰਬੀਰ ਸਿੰਘ ਛਿੱਤ ਅਤੇ ਮੱਖਣ ਸਿੰਘ ਪ੍ਰਧਾਨ ਟੈਕਸੀ ਯੂਨੀਅਨ ਆਦਿ ਸਾਥੀ ਹਾਜ਼ਰ ਸਨ।




## ਵਾਹਿਗੁਰੂ ਐਂਟਰਪ੍ਰਾਈਜ਼ਿਜ਼ ਨੇ ਲਗਵਾਇਆ ਯੂਕੇ ਦਾ ਟੂਰਿਸਟ ਵੀਜ਼ਾ

ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)- ਨਾਮੀ ਸੰਸਥਾ ਵਾਹਿਗੁਰੂ ਐਂਟਰਪ੍ਰਾਈਜ਼ਿਜ਼ ਨੇ ਹਾਲ ਹੀ ਵਿੱਚ ਗੁਰਭੇਜ ਸਿੰਘ ਅਤੇ ਰਜਵੰਤ ਕੌਰ ਨੂੰ ਯੂਕੇ ਟੂਰਿਸਟ ਵੀਜ਼ਾ ਪ੍ਰਾਪਤ ਕਰਨ ਵਿੱਚ ਸਫਲਤਾ ਹਾਸਲ ਕੀਤੀ। ਇਹ ਉਪਲਬਧੀ ਤੇਜ਼ ਵੀਜ਼ਾ ਪ੍ਰਕਿਰਿਆ, ਵਿਸ਼ੇਸ਼ ਤਜਰਬੇਕਾਰ ਸਲਾਹਕਾਰਾਂ ਦੀ ਮਦਦ ਅਤੇ ਉਚ ਵੀਜ਼ਾ ਸਫਲਤਾ ਦਰ ਦੇ ਨਾਲ ਸੰਭਵ ਹੋਈ। ਗੁਰਭੇਜ ਸਿੰਘ ਅਤੇ ਰਜਵੰਤ ਕੌਰ ਨੇ ਕਿਹਾ ਕਿ ਉਨ੍ਹਾਂ ਨੇ ਆਪਣੇ ਯਾਤਰਾ ਦਸਤਾਵੇਜ਼ ਵਾਹਿਗੁਰੂ ਐਂਟਰਪ੍ਰਾਈਜ਼ਿਜ਼ ਦੇ ਸਹਾਇਕ ਸਹਿਯੋਗ ਨਾਲ ਬਿਨਾਂ ਕਿਸੇ ਰੁਕਾਵਟ ਦੇ ਪ੍ਰਾਪਤ ਕੀਤੇ। ਵਿਸ਼ੇਸ਼ ਤੌਰ ਤੇ ਉਨ੍ਹਾਂ ਨੂੰ ਵੀਜ਼ਾ ਪ੍ਰਕਿਰਿਆ ਦੇ ਹਰ ਪੱਧਰ 'ਤੇ ਵਿਸਥਾਰਪੂਰਵਕ ਮਾਰਗਦਰਸ਼ਨ ਮਿਲਿਆ, ਜਿਸ ਵਿੱਚ ਫਾਰਮ ਭਰਨ ਤੋਂ ਲੈ ਕੇ ਜ਼ਰੂਰੀ ਦਸਤਾਵੇਜ਼ਾਂ ਦੀ ਤਿਆਰੀ ਅਤੇ ਇੰਟਰਵਿਊ ਤਕ ਦੀ ਪੂਰੀ ਤਿਆਰੀ ਸ਼ਾਮਲ ਸੀ। ਵਾਹਿਗੁਰੂ ਐਂਟਰਪ੍ਰਾਈਜ਼ਿਜ਼ ਦੇ ਐੱਮ. ਡੀ. ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਨੇ ਸਥਾਨਕ ਲੋਕਾਂ ਅਤੇ ਵਿਦਿਆਰਥੀਆਂ ਵਿੱਚ ਵੀਜ਼ਾ ਪ੍ਰਕਿਰਿਆ ਪ੍ਰਤੀ ਭਰੋਸਾ ਬਣਾਇਆ ਹੈ। ਸੰਗਠਨ ਆਪਣੇ ਗਾਹਕਾਂ ਨੂੰ ਤੇਜ਼, ਭਰੋਸੇਯੋਗ ਅਤੇ ਸੁਗਮ ਵੀਜ਼ਾ ਪ੍ਰਕਿਰਿਆ ਮੁਹੱਈਆ ਕਰਵਾਉਂਦਾ ਹੈ। ਇਸ ਸਫਲਤਾ ਨੇ ਸਥਾਨਕ ਭਾਈਚਾਰੇ ਵਿੱਚ ਯਾਤਰਾ ਅਤੇ ਸਿੱਖਿਆ ਦੇ ਖੇਤਰਾਂ ਵਿੱਚ ਉਤਸ਼ਾਹ ਵਧਾਇਆ ਹੈ। ਉਨ੍ਹਾਂ ਨੇ ਕਿਹਾ ਕਿ ਵਾਹਿਗੁਰੂ ਐਂਟਰਪ੍ਰਾਈਜ਼ਿਜ਼ ਯਾਤਰੀਆਂ ਨੂੰ ਵਿਸ਼ੇਸ਼ ਤਜਰਬੇਕਾਰ ਸਲਾਹਕਾਰਾਂ ਦੀ ਸੇਵਾ, ਦਸਤਾਵੇਜ਼ਾਂ ਦੀ ਸਮੀਖਿਆ, ਇੰਟਰਵਿਊ ਪ੍ਰਸ਼ਨ-ਉਤਰ ਦੀ ਪ੍ਰੈਕਟਿਸ ਅਤੇ ਵੀਜ਼ਾ ਅਪਲਾਈ ਕਰਨ ਦੀ ਯੋਜਨਾ ਪ੍ਰਦਾਨ ਕਰਦਾ ਹੈ।



## ਡੀ ਐੱਸ ਪੁਆਇੰਟ 'ਤੇ ਟਾਈਲਾਂ ਖਰੀਦਣ ਵਾਲਿਆਂ ਨੂੰ ਵਿਸ਼ੇਸ਼ ਛੂਟ

ਗੁਰਦਾਸਪੁਰ (ਦਿਨੇਸ਼ ਕੁਮਾਰ)- ਦੀਵਾਲੀ ਮੌਕੇ ਲੋਕਾਂ ਵੱਲੋਂ ਜਿਥੇ ਘਰਾਂ ਨੂੰ ਸੁੰਦਰ ਬਣਾਉਣ ਲਈ ਭਰਪੂਰ ਖਰੀਦਦਾਰੀ ਕੀਤੀ ਜਾ ਰਹੀ ਹੈ ਉਥੇ ਹੀ ਬਥਵਾਲਾ ਮੋੜ, ਦੋਰਾਂਗਲਾ ਰੋਡ, ਗੁਰਦਾਸਪੁਰ ਵਿਖੇ ਸਥਿਤ ਡੀ. ਐੱਸ ਪੁਆਇੰਟ ਤੇ ਲੋਕਾਂ ਵੱਲੋਂ ਘਰਾਂ ਨੂੰ ਸੁੰਦਰ ਬਣਾਉਣ ਲਈ ਟਾਈਲਾਂ ਸਮੇਤ ਹੋਰ ਸਾਮਾਨ ਖਰੀਦਣ ਦਾ ਮੇਲਾ ਲਗਿਆ ਹੋਇਆ ਹੈ। ਡੀ. ਐੱਸ. ਪੁਆਇੰਟ ਦੇ ਚੇਅਰਮੈਨ ਤਜਿੰਦਰ ਸਿੰਘ ਅਤੇ ਐੱਮ. ਡੀ. ਜਤਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਸ਼ੋਅਰੂਮ ਵਿਚ ਵੱਖ-ਵੱਖ ਪ੍ਰਮੁੱਖ ਕੰਪਨੀਆਂ ਦੀਆਂ ਫਲੋਰ ਟਾਈਲਾਂ, ਵਾਲ ਟਾਈਲਾਂ, ਬਾਥਰੂਮ ਟਾਈਲਾਂ ਸਮੇਤ ਰਸੋਈ ਵਿਚ ਲਗਾਉਣ ਵਾਲੀਆਂ ਵਿਸ਼ੇਸ਼ ਟਾਈਲਾਂ ਆਦਿ ਦਾ ਸਾਮਾਨ ਘੱਟ ਰੇਟਾਂ 'ਤੇ ਮਿਲਦਾ ਹੈ। ਟਾਈਲਾਂ ਦੀ ਗੁਣਵੱਤਾ ਕਾਰਨ ਵੱਡੀ ਗਿਣਤੀ ਵਿਚ ਲੋਕ ਟਾਈਲਾਂ ਆਦਿ ਖਰੀਦਣ ਆ ਰਹੇ ਹਨ। ਪ੍ਰਬੰਧਕਾਂ ਵੱਲੋਂ ਦੱਸਿਆ ਗਿਆ ਕਿ ਦੀਵਾਲੀ ਦਾ ਪੂਰਾ ਮਹੀਨਾ ਟਾਈਲਾਂ ਖਰੀਦਣ ਵਾਲਿਆਂ ਨੂੰ ਵਿਸ਼ੇਸ਼ ਛੂਟ ਦਿੱਤੀ ਜਾ ਰਹੀ ਹੈ ਤਾਂ ਕਿ ਹਰ ਵਿਅਕਤੀ ਦਾ ਘਰ ਸਾਡੀਆਂ ਟਾਈਲਾਂ ਨਾਲ ਸੁੰਦਰ ਬਣ ਸਕੇ।



## ਲੋੜਵੰਦ ਪਰਿਵਾਰ ਦੀ ਲੜਕੀ ਦੀ ਸ਼ਾਦੀ 'ਤੇ ਘਰੇਲੂ ਵਰਤੋਂ ਦਾ ਸਾਮਾਨ ਦਿੱਤਾ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਲੋਕ ਸੇਵਾ ਦਲ (ਰਜਿ.) ਵੱਲੋਂ ਦੀਨਾਨਗਰ ਹਲਕੇ ਅਧੀਨ ਪਿੰਡ ਜੋਗਰ ਦੀ ਲੋੜਵੰਦ ਪਰਿਵਾਰ ਦੀ ਲੜਕੀ ਦੀ ਸ਼ਾਦੀ ਵਿੱਚ ਸੁਖਵਿੰਦਰ ਸਿੰਘ ਪਾਹੜਾ ਦੀ ਪ੍ਰਧਾਨਗੀ ਹੇਠ ਘਰੇਲੂ ਸਾਮਾਨ ਦਿੱਤਾ। ਇਸ ਮੌਕੇ ਪਾਹੜਾ ਨੇ ਦੱਸਿਆ ਕਿ ਸਭ ਤੋਂ ਪਹਿਲਾਂ ਗੁਰਦੁਆਰਾ ਕੈਂਪ ਵਿਖੇ ਲੜਕੀ ਦੇ ਚੰਗੇ ਭਵਿੱਖ ਲਈ ਅਰਦਾਸ ਕੀਤੀ ਗਈ। ਉਸ ਤੋਂ ਬਾਅਦ ਲੜਕੀ ਨੂੰ ਘਰੇਲੂ ਸਾਮਾਨ ਪੱਖਾ, ਪ੍ਰੈੱਸ, ਡਿਨਰ ਸੈੱਟ, ਗੈਸ ਵਾਲਾ ਚੁੱਲ੍ਹਾ, ਅਲਮਾਰੀ, ਤਿੰਨ ਗਰਮ ਬਿਸਤਰੇ, 11 ਸੂਟ, ਬੈੱਡ ਸ਼ੀਟਾਂ, ਸ਼ਾਲ ਅਤੇ ਟਰੰਕ ਦੇ ਨਾਲ 3100 ਨਗਦੀ ਦੇ ਕੇ ਆਰਥਿਕ ਸਹਾਇਤਾ ਕੀਤੀ ਗਈ। ਲੜਕੀ ਦਾ ਪਿਤਾ ਚੱਲਣ ਫਿਰਨ ਤੋਂ ਅਸਮਰਥ ਹੈ, ਘਰ 'ਚ ਹੋਰ ਕੋਈ ਕਮਾਉਣ ਵਾਲਾ ਨਹੀਂ ਹੈ। ਉਨ੍ਹਾਂ ਕਿਹਾ ਕਿ ਪਿੰਡ ਦੇ ਸਰਪੰਚ ਵੱਲੋਂ ਸਾਡੀ ਸੁਸਾਇਟੀ ਨੂੰ ਲੜਕੀ ਦੀ ਸਹਾਇਤਾ ਲਈ ਦਰਖਾਸਤ ਦਿੱਤੀ ਗਈ ਸੀ। ਦਰਖਾਸਤ ਮਿਲਣ ਤੋਂ ਬਾਅਦ ਸੁਸਾਇਟੀ ਦੇ ਸਾਰੇ ਮੈਂਬਰਾਂ ਦਾ ਯੋਗਦਾਨ ਨਾਲ ਲੋੜਵੰਦ ਪਰਿਵਾਰ ਦੀ ਸਹਾਇਤਾ ਕੀਤੀ ਗਈ ਹੈ। ਇਸ ਮੌਕੇ ਬਿਕਰਮਜੀਤ ਸਿੰਘ, ਚੰਦਰਭਾਨ, ਕੁਲਦੀਪ ਸਿੰਘ ਫੌਜੀ, ਘਣੱਈਆ ਸਿੰਘ ਜੋਗਰ, ਰਾਹੁਲ, ਬਬਲੂ, ਬਲਜਿੰਦਰ ਸਿੰਘ, ਕਿਰਪਾਲ ਸਿੰਘ, ਅਜੀਤ ਸਿੰਘ, ਓਂਕਾਰ ਸਿੰਘ ਹੁੰਦਲ, ਨਰਿੰਦਰ ਕਸ਼ਿਅਪ, ਮਾਸਟਰ ਬਲਵਿੰਦਰ ਕੁਮਾਰ, ਤਰਸੇਮ ਲਾਲ, ਗੁਰਨਾਮ ਸਿੰਘ, ਮਹਿੰਦਰ ਸਿੰਘ ਆਦਿ ਹਾਜ਼ਰ ਸਨ।



## ਹੜ੍ਹ ਪੀੜਤ ਕਿਸਾਨਾਂ ਨੇ ਇਸ ਵਾਰ ਮਨਾਈ ਕਾਲੀ ਦਿਵਾਲੀ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਪੰਜਾਬ ਤੇ ਕੇਂਦਰ ਸਰਕਾਰ ਵੱਲੋਂ ਹੜ੍ਹ ਪੀੜਤ ਕਿਸਾਨਾਂ ਦੀ ਵਾਜਬ ਮਦਦ ਨਾ ਕਰਨ ਕਾਰਨ ਡਾਢੇ ਰੋਸ ਵਜੋਂ ਇਸ ਵਾਰੀ ਕਾਲੀ ਦਿਵਾਲੀ ਮਨਾਈ। ਕਿਸੇ ਵੀ ਪੀੜਤ ਪਰਿਵਾਰ ਨੇ ਪਹਿਲਾਂ ਦੀ ਤਰ੍ਹਾਂ ਦੀਵੇ ਨਹੀਂ ਜਗਾਏ ਅਤੇ ਉਨ੍ਹਾਂ ਦੇ ਬੱਚੇ ਪਟਾਕਿਆਂ ਨੂੰ ਤਰਸਦੇ ਰਹੇ। ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਤੇ ਜਮੂਹਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਦੀ ਅਗਵਾਈ 'ਚ ਗਾਇਕ ਗੁਰਪਾਲ ਗਿੱਲ ਸੈਦਪੁਰ, ਬਲਵਿੰਦਰ ਸਿੰਘ ਡਿਆਲ ਭੱਟੀ, ਗੁਰਦੇਵ ਸਿੰਘ ਗੱਗੋਮਾਹਲ, ਪ੍ਰੋ. ਮਾਲਕ ਸਿੰਘ ਗੁਰਾਲਾ, ਜਸਬੀਰ ਸਿੰਘ ਡਿਆਲ ਭੱਟੀ ਨੇ ਹੜ੍ਹ ਪੀੜਤ ਪਿੰਡਾਂ ਡਿਆਲ ਭੱਟੀ, ਗੱਗੋਮਾਹਲ, ਕੋਟ ਰਜ਼ਾਦਾ, ਬੇਦੀ ਛੰਨਾ ਆਦਿ ਪਿੰਡਾਂ ਵਿੱਚ ਪੁੱਛਿਆ ਕਿ ਉਹ ਇਸ ਵਾਰੀ ਦਿਵਾਲੀ ਕਿਉਂ ਨਹੀਂ ਮਨਾ ਰਹੇ ਤਾਂ ਉਨ੍ਹਾਂ ਸਾਰਿਆਂ ਦਾ ਜਵਾਬ ਸੀ ਕਿ ਸਾਡੀਆਂ ਫਸਲਾਂ ਮਾਰੀਆਂ ਗਈਆਂ, ਡੰਗਰ ਮਾਰੇ ਗਏ, ਘਰ ਢਹਿ ਗਏ, ਦੱਸੋ ਅਸੀਂ ਕਿਵੇਂ ਦਿਵਾਲੀ ਮਨਾ ਸਕਦੇ ਹਾਂ? ਅਸੀਂ ਤਾਂ ਸਰਕਾਰਾਂ ਦਾ ਪਿੱਟ ਸਿਆਪਾ ਕਰ ਰਹੇ ਹਾਂ ਕਿ ਉਨ੍ਹਾਂ ਨੇ ਸਾਡੀ ਸਾਰ ਨਹੀਂ ਲਈ।

## ਐਲੀਮੈਂਟਰੀ ਟੀਚਰਜ਼ ਯੂਨੀਅਨ ਵੱਲੋਂ ਜ਼ਿਮਨੀ ਚੋਣ ਦੌਰਾਨ ਤਰਨਤਾਰਨ ਵਿਖੇ ਝੰਡਾ ਮਾਰਚ 26 ਨੂੰ

● ਝੰਡਾ ਮਾਰਚ 'ਚ ਜ਼ਿਲ੍ਹਾ ਗੁਰਦਾਸਪੁਰ ਤੋਂ ਵੱਡੀ ਗਿਣਤੀ 'ਚ ਅਧਿਆਪਕ ਸ਼ਮੂਲੀਅਤ ਕਰਨਗੇ : ਫੱਜੂਪੁਰ/ਪਰਮਾਰ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਐਲੀਮੈਂਟਰੀ ਟੀਚਰਜ ਯੂਨੀਅਨ ਗੁਰਦਾਸਪੁਰ ਦੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਫੱਜੂਪੁਰ ਅਤੇ ਸੂਬਾਈ ਆਗੂ ਹਰਪ੍ਰੀਤ ਪਰਮਾਰ ਨੇ ਦੱਸਿਆ ਕਿ ਮੰਗਾਂ ਨੂੰ ਲੈ ਕੇ ਜ਼ਿਮਨੀ ਚੋਣ ਦੌਰਾਨ ਤਰਨਤਾਰਨ ਵਿਖੇ 26 ਅਕਤੂਬਰ ਨੂੰ ਕੀਤੇ ਜਾ ਰਹੇ ਪੰਜਾਬ ਸਰਕਾਰ ਖਿਲਾਫ਼ ਝੰਡਾ ਮਾਰਚ ਵਿੱਚ ਜ਼ਿਲ੍ਹਾ ਗੁਰਦਾਸਪੁਰ ਤੋਂ ਵੱਡੀ ਗਿਣਤੀ ਵਿੱਚ ਅਧਿਆਪਕ ਸ਼ਮੂਲੀਅਤ ਕਰਨਗੇ। ਅਧਿਆਪਕ ਆਗੂਆਂ ਨੇ ਦੱਸਿਆ ਕਿ ਲੰਮੇ ਸਮੇਂ ਤੋਂ ਐਲੀਮੈਂਟਰੀ ਅਧਿਆਪਕਾਂ ਦੀਆਂ ਜਾਇਜ਼ ਮੰਗਾਂ ਜਿਵੇਂ ਕਿ 16 ਫੀਸਦੀ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਤੁਰੰਤ ਜਾਰੀ ਕਰਨਾ, ਪੁਰਾਣੀ ਪੈਨਸ਼ਨ ਬਹਾਲੀ ਦਾ ਨੋਟੀਫਿਕੇਸ਼ਨ ਜਾਰੀ ਕਰਨਾ, ਪੇ-ਕਮਿਸ਼ਨ ਦੀਆਂ ਤਰੁੱਟੀਆਂ, ਪੇਂਡੂ /ਬਾਰਡਰ ਭੱਤੇ, ਪੰਜਾਬ ਸਕੇਲ, ਡੀ ਏ ਦੀਆਂ ਕਿਸ਼ਤਾਂ ਅਤੇ ਬਕਾਏ ਜਾਰੀ ਕਰਨਾ, ਇਕ ਜੁਲਾਈ 2021 ਤੋਂ ਬੰਦ ਕੀਤੀ ਏਸੀਪੀ ਸਕੀਮ ਚਾਲੂ ਕਰਨ, ਬੀਪੀਈਓ ਦੇ ਵਧੇ ਕੋਟੇ ਦਾ ਨੋਟੀਫਿਕੇਸ਼ਨ ਕਰਕੇ ਪ੍ਰਮੋਸ਼ਨ ਕਰਨ ਸਮੇਤ ਸਾਰੀਆਂ ਪ੍ਰਮੋਸ਼ਨਾਂ ਸਮਾਂਬੱਧ ਕਰਨ ਅਤੇ ਐਲੀਮੈਂਟਰੀ ਅਧਿਆਪਕਾਂ ਕੋਲੋਂ ਲਏ ਜਾਂਦੇ ਸਾਰੇ ਗੈਰ-ਵਿਦਿਅਕ ਕੰਮ ਅਤੇ ਬੇਲੋੜੀਆਂ ਡਿਊਟੀਆਂ ਬੰਦ ਕਰਨ ਆਦਿ ਮੰਗਾਂ ਨੂੰ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਜਾਣਬੁੱਝ ਕੇ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ। ਇਸ ਕਾਰਨ ਅਧਿਆਪਕਾਂ ਭਾਰੀ ਰੋਸ ਹੈ ਜੋ ਪੰਜਾਬ ਸਰਕਾਰ ਵਿਰੁੱਧ ਆਪਣੇ ਗੁੱਸੇ ਦੀ ਭੜਾਸ ਤਰਨਤਾਰਨ ਜ਼ਿਮਨੀ ਚੋਣ ਵਿੱਚ 26 ਅਕਤੂਬਰ ਨੂੰ ਕੱਢਣਗੇ। ਪ੍ਰਧਾਨ ਅਸ਼ਵਨੀ ਫੱਜੂਪੁਰ ਅਤੇ ਹਰਪ੍ਰੀਤ ਪਰਮਾਰ ਨੇ ਦੱਸਿਆ ਕਿ ਤਰਨਤਾਰਨ ਵਿਖੇ ਹੋ ਰਹੇ ਝੰਡਾ ਮਾਰਚ ਦੀਆਂ ਵੱਡੇ ਪੱਧਰ 'ਤੇ ਤਿਆਰੀਆਂ ਕਰਨ ਸਬੰਧੀ ਐਲੀਮੈਂਟਰੀ ਅਧਿਆਪਕ ਆਗੂਆਂ ਦੀ ਡਿਊਟੀਆਂ ਲਗਾ ਦਿੱਤੀਆਂ ਹਨ। ਇਸ ਮੌਕੇ ਰਛਪਾਲ ਸਿੰਘ ਉਦੋਕੇ, ਮਲਕੀਤ ਸਿੰਘ ਕਾਹਨੂੰਵਾਨ, ਪ੍ਰਭਜੋਤ ਸਿੰਘ ਦੂਲਾਨੰਗਲ, ਨਿਸ਼ਾਨ ਸਿੰਘ ਖਾਨਪੁਰ, ਸੁਖਦੀਪ ਸਿੰਘ ਜੌਲੀ, ਪਰਮਜੀਤ ਸਿੰਘ ਲੁਬਾਣਾ, ਗੁਰਵਿੰਦਰ ਸਿੰਘ ਸੈਣੀ, ਗੁਰਿੰਦਜੀਤ ਸਿੰਘ ਜੱਜੀ, ਸਤਬੀਰ ਸਿੰਘ ਕਾਹਲੋਂ, ਰਜਿੰਦਰ ਕੁਮਾਰ, ਗੁਰਮਿੰਦਰ ਸਿੰਘ ਧਾਲੀਵਾਲ, ਕਮਲਦੀਪ ਸਿੰਘ ਬੰਟੀ, ਗੁਰਪ੍ਰੀਤ ਸਿੰਘ ਬਾਜਵਾ, ਸੱਤਪਾਲ ਆਦਿ ਅਧਿਆਪਕ ਆਗੂ ਹਾਜ਼ਰ ਸਨ।



## ਵਿਧਾਇਕ ਸੰਧੂ ਨੇ ਸੜਕ 'ਤੇ ਲੁੱਕ ਪਾਉਣ ਦੇ ਕੰਮ ਦਾ ਕੀਤਾ ਉਦਘਾਟਨ



ਵੇਰਕਾ (ਰਾਣਾ)- ਰਾਜ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਦੇ ਕੰਮਾਂ 'ਚ ਤੇਜ਼ੀ ਲਿਆਉਂਦੇ ਹੋਏ ਅਤੇ ਵਿਧਾਨ ਸਭਾ ਹਲਕਾ ਪੱਛਮੀ (ਅੰਮ੍ਰਿਤਸਰ) ਅਧੀਨ ਨਿਰੰਤਰ ਚੱਲ ਰਹੇ ਵਿਕਾਸ ਕਾਰਜਾਂ ਦਾ ਨਿਰੀਖਣ ਕਰਨ ਉਪਰੰਤ ਹਲਕੇ ਦੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਵੱਲੋਂ ਗ੍ਰਾਮ ਪੰਚਾਇਤ ਬਾਬਾ ਦਰਸ਼ਨ ਸਿੰਘ ਰਾਣੀਆਂ ਰਾਮ ਤੀਰਥ ਦਾ ਰੋਡ ਤੋਂ ਲੈ ਕੇ ਡੇਰਾ ਬਾਬਾ ਦਰਸ਼ਨ ਸਿੰਘ ਅੰਮ੍ਰਿਤਸਰ ਦੀ ਸੜਕ 'ਤੇ ਲੁੱਕ ਪਾਏ ਜਾਣ ਦਾ ਉਦਘਾਟਨ ਆਪਣੇ ਕਰ ਕਮਲਾਂ ਨਾਲ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਡਾ. ਸੰਧੂ ਨੇ ਦੱਸਿਆ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਕਾਰ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਵਿਕਾਸ ਕਾਰਜਾਂ ਦੀ ਹਲਕੇ ਅੰਦਰ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦਾਅਵਾ ਕੀਤਾ ਕਿ ਹਲਕੇ ਦਾ ਚਹੁੰ-ਮੁਖੀ ਤੇ ਨਿਰਪੱਖ ਵਿਕਾਸ ਹੋਵੇਗਾ। ਇਸ ਦੌਰਾਨ ਹਲਕੇ ਅੰਦਰ ਆਉਂਦੀਆਂ ਪੰਚਾਇਤਾਂ ਅਤੇ ਸ਼ਹਿਰੀ ਖੇਤਰ ਦੀਆਂ ਵਾਰਡਾਂ ਵਿੱਚ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਡਾ. ਸੰਧੂ ਨੇ ਹਲਕੇ ਦੇ ਸਮੂਹ ਵਲੰਟੀਅਰਾਂ, ਵਾਰਡ ਪ੍ਰਧਾਨਾਂ, ਸਰਪੰਚਾਂ/ਪੰਚਾਂ ਨੂੰ ਹਲਕੇ ਦੇ ਲੋਕਾਂ ਦੀ ਸੇਵਾ ਕਰਨ ਵਾਸਤੇ ਪ੍ਰੇਰਿਤ ਕਰਦੇ ਹੋਏ ਹੁਣ ਤੋਂ ਹੀ ਦਿਨ-ਰਾਤ ਇੱਕ ਕਰਨ ਦੀ ਅਪੀਲ ਵੀ ਕੀਤੀ।

## ਮੀਰੀ ਪੀਰੀ ਸੇਵਾ ਸਿਮਰਨ ਕਲੱਬ ਨੇ ਮਨਾਇਆ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ

ਹੁਸ਼ਿਆਰਪੁਰ (ਓ ਪੀ ਰਾਣਾ)- ਚੌਥੀ ਪਾਤਸ਼ਾਹੀ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ ਮੀਰੀ ਪੀਰੀ ਸੇਵਾ ਸਿਮਰਨ ਕਲੱਬ ਹੁਸ਼ਿਆਰਪੁਰ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕਾ ਵਾਸੀ ਸੰਗਤਾਂ ਦੇ ਸਹਿਯੋਗ ਨਾਲ ਚੇਅਰਮੈਨ ਸਰਬਜੀਤ ਸਿੰਘ ਬਡਵਾਲ ਦੀ ਦੇਖਰੇਖ ਹੇਠ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਮੁਹੱਲਾ ਟਿੱਬਾ ਸਾਹਿਬ ਹੁਸ਼ਿਆਰਪੁਰ ਵਿਖੇ ਮਨਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਦੀਆਂ ਬੀਬੀਆਂ ਵੱਲੋਂ ਹਰਦੀਪ ਕੌਰ ਨਿੱਜਰ ਦੀ ਅਗਵਾਈ ਹੇਠ ਅੰਮ੍ਰਿਤ ਵੇਲੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕੀਤੇ ਗਏ, ਉਪਰੰਤ ਸਜਾਏ ਗਏ ਵਿਸ਼ੇਸ਼ ਕੀਰਤਨ ਦੀਵਾਨ ਵਿੱਚ ਪੰਥ ਪ੍ਰਸਿੱਧ ਰਾਗੀ ਭਾਈ ਗੁਰਪਾਲ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਤਰਨਤਾਰਨ ਦੇ ਜਥੇ ਨੇ ਤੰਤੀ ਸਾਜ਼ ਨਾਲ ਕੀਰਤਨ ਕਰਕੇ ਪੁਰਾਤਨ ਕੀਰਤਨ ਸ਼ੈਲੀ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਤੇ ਗੁਰਮਤਿ ਸੰਗੀਤ ਦੇ ਪੁਰਾਤਨ ਤੇ ਅਮੀਰ ਵਿਰਸੇ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਗੁਰਮਤਿ ਸੰਗੀਤ ਦੇ ਅਹਿਮ ਹਸਤਾਖਰ ਭਾਈ ਅਵਤਾਰ ਸਿੰਘ ਪੰਜਾਬ ਐਂਡ ਸਿੰਧ ਬੈਂਕ ਦੇ ਜਥੇ ਨੇ ਨਿਰਧਾਰਿਤ ਰਾਗਾਂ ਵਿੱਚ ਕੀਰਤਨ ਕਰਕੇ ਸੰਗਤਾਂ ਦਾ ਮਨ ਮੋਹ ਲਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਬੱਚਿਆਂ ਦੇ ਕੀਰਤਨ ਜਥਿਆਂ ਦੇ ਨਾਲ ਭਾਈ ਸਤਿੰਦਰ ਸਿੰਘ ਆਲਮ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਮੁਹੱਲਾ ਟਿੱਬਾ ਸਾਹਿਬ ਅਤੇ ਗਿਆਨੀ ਜਸਵਿੰਦਰ ਸਿੰਘ ਪਰਮਾਰ ਜਥੇ ਨੇ ਕੀਰਤਨ ਅਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਇਤਿਹਾਸ ਨਾਲ ਸਬੰਧਤ ਵਿਚਾਰਾਂ ਕਰਦਿਆਂ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਮੁਬਾਰਕਬਾਦ ਦਿੱਤੀ। ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਜਸਵਿੰਦਰ ਸਿੰਘ ਪਰਮਾਰ ਜਨਰਲ ਸਕੱਤਰ ਸਿੱਖ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ, ਦਰਸ਼ਨ ਸਿੰਘ ਪਲਾਹਾ ਪ੍ਰਧਾਨ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ, ਡਾਕਟਰ ਹਰਜਿੰਦਰ ਸਿੰਘ ਉਬਰਾਏ, ਹਰਜੀਤ ਸਿੰਘ ਨੰਗਲ ਪ੍ਰਧਾਨ ਭਾਈ ਘਨਈਆ ਜੀ ਨਿਸ਼ਕਾਮ ਸੇਵਕ ਸਭਾ ਹਰਿਆਣਾ, ਓਂਕਾਰ ਸਿੰਘ ਧਾਮੀ ਮੁੱਖ ਸੇਵਾਦਾਰ ਗੁਰੂ ਨਾਨਕ ਦਰਬਾਰ ਨੂਰਪੁਰ, ਡਾਕਟਰ ਲਖਬੀਰ ਸਿੰਘ, ਬਰਿੰਦਰ ਸਿੰਘ ਪਰਮਾਰ, ਹਰਬਖ਼ਸ਼ਪਾਲ ਸਿੰਘ, ਹਰਬੰਸ ਸਿੰਘ ਸੈਬ, ਗੁਰਚਰਨ ਸਿੰਘ ਜਿੰਦ, ਜਸਵੀਰ ਸਿੰਘ ਹਰਿਆਣਾ, ਬਲਜਿੰਦਰ ਸਿੰਘ ਨੰਗਲ, ਪ੍ਰਿੰ. ਬਲਵੀਰ ਸਿੰਘ ਸੈਣੀ, ਕੁਲਵਿੰਦਰ ਕੌਰ ਪਰਮਾਰ, ਹਰਦੀਪ ਕੌਰ, ਸਰਬਜੀਤ ਕੌਰ ਚੀਮਾ, ਸਰਬਜੀਤ ਕੌਰ ਬਡਵਾਲ, ਡਾ. ਜਗਜੀਤ ਸਿੰਘ ਬਡਵਾਲ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਸਮਾਗਮ ਦੌਰਾਨ ਚੇਅਰਮੈਨ ਸਰਬਜੀਤ ਸਿੰਘ ਬਡਵਾਲ, ਜਨਰਲ ਸਕੱਤਰ ਪ੍ਰਿੰ. ਬਲਵੀਰ ਸਿੰਘ ਸੈਣੀ ਵੱਲੋਂ ਅਹਿਮ ਸਖਸ਼ੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਮੰਚ ਸੰਚਾਲਨ ਗੁਰਬਿੰਦਰ ਸਿੰਘ ਪਲਾਹਾ ਵੱਲੋਂ ਕੀਤਾ ਗਿਆ, ਉਪਰੰਤ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ।



## ਧੰਨ-ਧੰਨ ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ 26 ਨੂੰ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਧੰਨ-ਧੰਨ ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਪਿੰਡ ਲਸ਼ਕਰੀ ਨੰਗਲ ਵਿਖੇ 26 ਅਕਤੂਬਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੱਦੀਨਸ਼ੀਨ ਮੁੱਖ ਸੇਵਾਦਾਰ ਭਾਈ ਗੁਰਵਿੰਦਰ ਸਿੰਘ ਲਸ਼ਕਰੀ ਨੰਗਲ ਨੇ ਦੱਸਿਆ ਕਿ ਇਸ ਮੌਕੇ 24 ਅਕਤੂਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਜਾਣਗੇ, ਜਿਨ੍ਹਾਂ ਦੇ ਭੋਗ 26 ਅਕਤੂਬਰ ਨੂੰ ਸਵੇਰੇ 11 ਵਜੇ ਪੈਣਗੇ। ਉਪਰੰਤ ਖੁੱਲ੍ਹੇ ਪੰਡਾਲਾਂ ਵਿੱਚ ਦੀਵਾਨ ਸਜਾਏ ਜਾਣਗੇ। ਪੰਥ ਦੇ ਸਿਰਮੌਰ ਰਾਗੀ ਢਾਡੀ ਅਤੇ ਕਵੀਸ਼ਰੀ ਜਥਿਆਂ ਵੱਲੋਂ ਗੁਰੂ ਜਸ ਗਾਇਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਸਮੇਂ ਸੱਦੇ ਗਏ ਜਥਿਆਂ ਵਿੱਚ ਰਾਗੀ ਜਥਾ ਭਾਈ ਸਿਮਰਜੀਤ ਸਿੰਘ, ਕਥਾਵਾਚਕ ਭਾਈ ਮਨਦੀਪ ਸਿੰਘ ਝੰਡੇਰ, ਢਾਡੀ ਜਥਾ ਭਾਈ ਗੁਰਭੇਜ ਸਿੰਘ ਚਵਿੰਡਾ ਅਤੇ ਭਾਈ ਨਿਰਵੈਰ ਸਿੰਘ ਸੇਖਵਾਂ ਅਤੇ ਭਾਈ ਜੋਗਾ ਸਿੰਘ ਮਾਹਰ ਦੇ ਕਵੀਸ਼ਰੀ ਜਥੇ ਦੇ ਨਾਮ ਸ਼ਾਮਿਲ ਹਨ। ਸਮਾਗਮ ਦਾ ਸਿੱਧਾ ਪ੍ਰਸਾਰਨ ਹਰਗੁਣ ਟੀਵੀ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਇਲਾਕੇ ਦੀਆਂ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋ ਕੇ ਗੁਰਬਾਣੀ ਦਾ ਲਾਹਾ ਲੈ ਕੇ ਆਪਣਾ ਜੀਵਨ ਸਫਲ ਕਰਨ ਲਈ ਆਖਿਆ।

## ਗੁਰਵਿੰਦਰ ਸਿੰਘ ਸੰਘਰ ਨੇ ਮਜ਼ਦੂਰ ਭਾਈਚਾਰੇ ਨੂੰ ਵਿਸ਼ਵਕਰਮਾ ਦਿਵਸ ਦੀ ਦਿੱਤੀ ਵਧਾਈ

ਬਟਾਲਾ (ਤਰਲੋਕ ਬੱਗਾ)- ਵਿਸ਼ਵਕਰਮਾ ਦਿਵਸ ਮੌਕੇ ਬਟਾਲਾ ਹਲਕੇ ਤੋਂ ਕਾਂਗਰਸੀ ਆਗੂ ਗੁਰਵਿੰਦਰ ਸਿੰਘ ਸੰਘਰ ਵਲੋਂ ਆਪਣੇ ਸਾਥੀਆਂ ਸਮੇਤ ਸਥਾਨਕ ਵਿਸ਼ਵਕਰਮਾ ਲੇਬਰ ਚੌਂਕ ਵਿਖੇ ਪਹੁੰਚ ਕੇ ਯੂਨੀਅਨ ਦੇ ਪ੍ਰਧਾਨ ਬਲਵਿੰਦਰ ਸਿੰਘ ਦੀ ਅਗਵਾਈ ਹੇਠ ਆਯੋਜਿਤ ਪ੍ਰੋਗਰਾਮ ਵਿਚ ਹਾਜਰੀ ਭਰੀ। ਇਸ ਮੌਕੇ ਗੁਰਵਿੰਦਰ ਸਿੰਘ ਸੰਘਰ ਵਲੋਂ ਵਿਸ਼ਵਕਰਮਾ ਯੂਨੀਅਨ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਸਮੇਤ ਸਾਰਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਭਗਵਾਨ ਵਿਸ਼ਵਕਰਮਾ ਨਵੀਨਤਾ ਦਾ ਪ੍ਰਤੀਕ ਹਨ। ਭਗਵਾਨ ਵਿਸਵਕਰਮਾ ਨੂੰ ਬ੍ਰਹਿਮੰਡ ਵਿੱਚ ਪਹਿਲਾ ਇੰਜੀਨੀਅਰ, ਆਰਕੀਟੈਕਟ ਅਤੇ ਤਕਨਾਲੋਜੀ ਦਾ ਪਿਤਾ ਮੰਨਿਆ ਜਾਂਦਾ ਹੈ। ਉਨ੍ਹਾਂ ਦਾ ਜਨਮ ਦਿਨ ਨਾ ਸਿਰਫ ਮਜ਼ਦੂਰਾਂ, ਕਾਰੀਗਰਾਂ, ਤਕਨੀਕੀ ਮਾਹਿਰਾਂ ਅਤੇ ਉਦਯੋਗਿਕ ਜਗਤ ਲਈ ਪ੍ਰੇਰਨਾ ਸਰੋਤ ਹੈ, ਸਗੋਂ ਸਮਾਜ ਵਿੱਚ ਰਚਨਾਤਮਕਤਾ ਅਤੇ ਨਵੀਨਤਾ ਦਾ ਪ੍ਰਤੀਕ ਵੀ ਹੈ। ਉਹਨਾਂ ਕਿਹਾ ਭਗਵਾਨ ਵਿਸ਼ਵਕਰਮਾ ਸਖਤ ਮੇਹਨਤ ਕਰਨ ਵਾਲੇ ਮਜਦੂਰ ਵਰਗ ਲਈ ਬੇਹਦ ਸਤਿਕਾਰਯੋਗ ਹਨ। ਇਸ ਮੌਕੇ ਯੂਨੀਅਨ ਵਲੋਂ ਗੁਰਵਿੰਦਰ ਸੰਘਰ ਸਮੇਤ ਉਹਨਾਂ ਦੀ ਪੂਰੀ ਟੀਮ ਦਾ ਸਤਿਕਾਰ ਕੀਤਾ ਗਿਆ। ਗੁਰਵਿੰਦਰ ਸੰਘਰ ਨੇ ਕਿਹਾ ਕਾਂਗਰਸ ਪਾਰਟੀ ਨੇ ਹਮੇਸ਼ਾ ਹੀ ਗਰੀਬ ਅਤੇ ਮਜਦੂਰ ਵਰਗ ਦੀ ਬੇਹਤਰੀ ਅਤੇ ਤਰੱਕੀ ਲਈ ਕੰਮ ਕੀਤਾ ਹੈ ਅਤੇ ਕੇਂਦਰ ਵਿਚ ਕਾਂਗਰਸ ਦੀ ਸਰਕਾਰ ਸਮੇਂ ਮਜਦੂਰਾਂ ਦੇ ਹੱਕਾਂ ਵਿਚ ਵੱਡੇ ਫੈਸਲੇ ਲਏ ਜਿਸ ਦਾ ਸਿੱਧਾ ਲਾਭ ਮਜਦੂਰ ਵਰਗ ਨੂੰ ਮਿਲ ਰਿਹਾ ਹੈ। ਉਨ੍ਹਾ ਨੇ ਸਾਰਿਆ ਸੰਗਤਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਭਗਵਾਨ ਵਿਸ਼ਵਕਰਮਾ ਜੀ ਅੱਗੇ ਅਰਦਾਸ ਕੀਤੀ ਅਤੇ ਕਿਹਾ ਬਾਬਾ ਜੀ ਸਾਰਿਆ ਸੰਗਤਾਂ ਨੂੰ ਤਰਕਿਆ ਬਖਸ਼ੇ ਇਸ ਮੌਕੇ ਗੁਰਵਿੰਦਰ ਸੰਘਰ ਵਲੋਂ ਸਾਰਿਆਂ ਨੂੰ ਪ੍ਰਸਾਦ ਵੀ ਵੰਡਿਆ ਗਿਆ।



## ਵਜ਼ੀਰ ਸਿੰਘ ਲਾਲੀ ਸੰਗਰ ਦੀ ਮਾਤਾ ਨੂੰ ਸ਼ਰਧਾਂਜਲੀ



ਬਟਾਲਾ (ਤਰਲੋਕ ਬੱਗਾ)- ਕਾਂਗਰਸੀ ਨੇਤਾ ਗੁਰਵਿੰਦਰ ਸਿੰਘ ਸੰਗਰ ਵੱਲੋਂ ਪ੍ਰਤਾਪ ਸਿੰਘ ਬਾਜਵਾ (ਨੇਤਾ ਵਿਰੋਧੀ ਧਿਰ ਪੰਜਾਬ) ਨਾਲ ਧਾਰੀਵਾਲ ਦੇ ਪਿੰਡ ਸੰਗਰ ਵਿਖੇ ਪਹੁੰਚ ਕੇ ਸਾਬਕਾ ਚੇਅਰਮੈਨ ਸ. ਵਜ਼ੀਰ ਸਿੰਘ ਲਾਲੀ ਸੰਗਰ ਦੇ ਮਾਤਾ ਦੀ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਵਾਹਿਗੁਰੂ ਜੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਿਸ਼ ਕਰਨ।

ਨਵਾਂ ਜ਼ਮਾਨਾ
ਵੀਰਵਾਰ, 23 ਅਕਤੂਬਰ 2025

# ਦੋ ਦੀਵਾਲੀਆਂ ਦਾ ਧੂੰਆਂ

*ਇੱਕ ਦੀਵਾਲੀ ਨਾਲ ਪੈਦਾ ਹੋਣ ਵਾਲਾ ਪ੍ਰਦੂਸ਼ਣ ਹੀ ਕਈ ਦਿਨ ਸਾਹ ਲੈਣਾ ਮੁਹਾਲ ਕਰ ਦਿੰਦਾ ਸੀ, ਐਤਕੀਂ ਤਾਂ ਦੋ ਦੀਵਾਲੀਆਂ ਮਨਾਈਆਂ ਗਈਆਂ। ਸੋ, ਇਹ ਮਿਣਨ ਦਾ ਤਾਂ ਕੋਈ ਤੁਕ ਹੀ ਨਹੀਂ ਰਹਿ ਗਿਆ ਕਿ ਕਿਹੜੇ ਸ਼ਹਿਰ ਦੀ ਹਵਾ ਕਿੰਨੀ ਖਰਾਬ ਹੋਈ। ਪਿਛਲੀ ਦੀਵਾਲੀ ਨਾਲੋਂ ਵੱਧ ਹੀ ਖਰਾਬ ਹੋਣੀ ਸੀ। ਗਿਣਤੀ-ਮਿਣਤੀ ਕਰਨ ਵਾਲੀ ਚੀਜ਼ ਇਹ ਹੈ ਕਿ ਦੀਵਾਲੀ 'ਤੇ ਏਨਾ ਜ਼ੋਰ ਪਟਾਕਿਆਂ ਤੇ ਦੀਵਿਆਂ ਦੀ ਗਿਣਤੀ 'ਤੇ ਕਿਉਂ ਦਿੱਤਾ ਜਾ ਰਿਹਾ ਹੈ? ਧਾਰਮਕ ਮੌਕਿਆਂ 'ਤੇ ਸਟੇਟ (ਰਿਆਸਤ) ਦੀ ਭਾਗੀਦਾਰੀ ਕਿਉਂ ਏਨੀ ਤੇਜ਼ੀ ਨਾਲ ਵਧ ਰਹੀ ਹੈ? ਨਿਆਂ ਪਾਲਿਕਾ ਦਾ 'ਵਿਵੇਕ' ਵੀ ਇਸ ਦੀ ਜ਼ੱਦ ਵਿੱਚ ਆ ਰਿਹਾ ਹੈ ਅਤੇ ਉਸ ਦੇ ਫੈਸਲਿਆਂ ਵਿੱਚ ਇਸ ਦਾ ਸਿੱਧਾ ਅਸਰ ਦਿਖ ਰਿਹਾ ਹੈ। ਸੁਪਰੀਮ ਕੋਰਟ ਨੇ ਦਿੱਲੀ ਵਿੱਚ ਪਟਾਕਿਆਂ 'ਤੇ ਮੁਕੰਮਲ ਰੋਕ ਦੀ ਥਾਂ ਕੁਝ ਸਮੇਂ ਲਈ ਗਰੀਨ ਪਟਾਕੇ ਚਲਾਉਣ ਦੀ ਆਗਿਆ ਦੇ ਦਿੱਤੀ। ਇਸ ਨਾਲ ਦਿੱਲੀ ਵਾਸੀਆਂ ਦਾ ਜੋ ਹਾਲ ਹੋਇਆ, ਇਹ ਸਭ ਨੇ ਟੀ ਵੀ ਚੈਨਲਾਂ 'ਤੇ ਦੇਖ ਤੇ ਅਖਬਾਰਾਂ ਵਿੱਚ ਪੜ੍ਹ ਹੀ ਲਿਆ ਹੋਣਾ। ਇਸ ਦਾ ਪਤਾ ਕਿਵੇਂ ਲੱਗੇਗਾ ਕਿ ਲੋਕਾਂ ਨੇ ਗਰੀਨ ਪਟਾਕੇ ਚਲਾਏ ਜਾਂ ਰੈੱਡ? ਦਿੱਲੀ ਵਾਲਿਆਂ ਦਾ ਦਮ ਘੁਟਣ ਲਈ ਕਿਸ ਨੂੰ ਜ਼ਿੰਮੇਵਾਰ ਠਹਿਰਾਇਆ ਜਾਵੇਗਾ?*

*ਕਈ ਲੋਕ ਦੀਵਾਲੀ ਨੂੰ ਰਾਵਣ ਨੂੰ ਹਰਾਉਣ ਦੇ ਬਾਅਦ ਰਾਮ ਦੀ ਅਯੁੱਧਿਆ ਵਾਪਸੀ 'ਤੇ ਹੋਣ ਵਾਲੇ ਉਤਸਵ ਦੀ ਪਰੰਪਰਾ ਵਿੱਚ ਦੇਖਦੇ ਹਨ। ਕਈ ਲੋਕ ਇਸ ਨੂੰ ਫਸਲੀ ਚੱਕਰ ਬਦਲਣ ਨਾਲ ਜੋੜ ਕੇ ਦੇਖਦੇ ਹਨ। ਇਸ ਤਰ੍ਹਾਂ ਦੇ ਤਿਉਹਾਰ ਪੂਰੀ ਦੁਨੀਆ ਵਿੱਚ ਪਰੰਪਰਾ ਦੀ ਤਰ੍ਹਾਂ ਚਲੇ ਆ ਰਹੇ ਹਨ, ਪਰ ਜਿਸ ਤਰ੍ਹਾਂ ਪਰੰਪਰਾ, ਮਾਨਤਾ ਤੇ ਇਤਿਹਾਸ ਦੇ ਨਾਂਅ 'ਤੇ ਤਿਉਹਾਰਾਂ ਨੂੰ ਸੰਸਕ੍ਰਿਤੀ ਤੇ ਧਰਮ ਦੀਆਂ ਮਾਨਤਾਵਾਂ ਨਾਲ ਜੋੜਿਆ ਜਾ ਰਿਹਾ ਹੈ, ਉਹ ਨਵਾਂ ਹੈ। ਪਿਛਲੇ ਕੁਝ ਦਹਾਕਿਆਂ ਤੋਂ ਇਸ ਤਰ੍ਹਾਂ ਦੇ ਤਿਉਹਾਰਾਂ ਨੂੰ ਜਨੂੰਨ ਵਿੱਚ ਬਦਲ ਦਿੱਤਾ ਗਿਆ ਹੈ। ਜਨੂੰਨ ਵਿੱਚ ਬਦਲਣ 'ਚ ਸਟੇਟ, ਸਿਆਸੀ ਪਾਰਟੀਆਂ, ਸਮਾਜੀ-ਸੱਭਿਆਚਾਰਕ ਸੰਗਠਨ ਤੇ ਇੱਥੋਂ ਤੱਕ ਕਿ ਨਿਆਂ ਪਾਲਿਕਾ ਤੱਕ ਸਰਗਰਮ ਭੂਮਿਕਾ ਨਿਭਾ ਰਹੇ ਹਨ।*

*97 ਸਾਲ ਪਹਿਲਾਂ 1928 ਵਿੱਚ ਮਹਾਤਮਾ ਗਾਂਧੀ ਨੇ ਦੀਵਾਲੀ 'ਤੇ ਪਟਾਕੇ ਚਲਾਉਣ ਦੀ ਪ੍ਰਥਾ ਨੂੰ ਫਜ਼ੂਲ ਦੱਸਦਿਆਂ ਲੋਕਾਂ ਨੂੰ ਇਸ ਨੂੰ ਤੱਜਣ ਦੀ ਅਪੀਲ ਕੀਤੀ ਸੀ। ਗਾਂਧੀ ਨੇ ਇਸ ਮਾਮਲੇ ਵਿੱਚ ਵੱਡਿਆਂ ਨੂੰ ਫਰਜ਼ ਪਛਾਨਣ ਲਈ ਕਿਹਾ ਸੀ। ਉਨ੍ਹਾ ਕਿਹਾ ਸੀ, 'ਪਟਾਕੇ ਚਲਾ ਕੇ ਬੱਚੇ ਖੁਸ਼ ਹੁੰਦੇ ਹਨ, ਪਰ ਇਸ ਦੇ ਪਿੱਛੇ ਕਾਰਨ ਇਹ ਹੈ ਕਿ ਵੱਡੇ ਹੀ ਉਨ੍ਹਾਂ ਨੂੰ ਇਸ ਦੀ ਆਦਤ ਪਾਉਂਦੇ ਹਨ। ਮੈਂ ਦੱਖਣੀ ਅਫਰੀਕਾ ਵਿੱਚ ਦੇਖਿਆ ਕਿ ਬੱਚੇ ਤਿਉਹਾਰਾਂ 'ਤੇ ਪਟਾਕੇ ਨਹੀਂ ਚਲਾਉਂਦੇ, ਸਗੋਂ ਨੱਚਦੇ-ਗਾਉਂਦੇ ਅਤੇ ਖਾਂਦੇ-ਪੀਂਦੇ ਹਨ, ਕਿਉਂਕਿ ਉਨ੍ਹਾਂ ਦੇ ਵੱਡਿਆਂ ਨੇ ਪਟਾਕੇ ਚਲਾਉਣ ਦੀ ਆਦਤ ਨਹੀਂ ਪਾਈ। ਬੱਚਿਆਂ ਨੂੰ ਖੇਡਾਂ ਤੇ ਪਿਕਨਿਕ ਵੱਲ ਮੋੜਨ ਨਾਲੋਂ ਵੱਧ ਚੰਗਾ ਕੀ ਹੋ ਸਕਦਾ ਹੈ? ਬਾਜ਼ਾਰੀ ਮਿਠਾਈਆਂ ਨਾਲੋਂ ਤਾਜ਼ੇ ਫਲ ਤੇ ਸੁੱਕੇ ਮੇਵੇ ਖੁਆਉਣੇ ਕਿੰਨੇ ਚੰਗੇ ਹੋ ਸਕਦੇ ਹਨ। ਬੱਚੇ, ਅਮੀਰ ਹੋਣ ਜਾਂ ਗਰੀਬ, ਨੂੰ ਘਰ ਦੀ ਸਫਾਈ ਤੇ ਰੰਗਾਈ ਦੇ ਕੰਮ ਲਾਉਣ ਨਾਲ ਉਹ ਕਿਰਤ ਦੀ ਸ਼ਾਨ ਸਮਝਣ ਦੇ ਯੋਗ ਹੋਣਗੇ। ਇਸ ਦੀ ਸ਼ੁਰੂਆਤ ਤਿਉਹਾਰਾਂ ਤੋਂ ਕੀਤੀ ਜਾ ਸਕਦੀ ਹੈ। ਪਟਾਕਿਆਂ ਤੋਂ ਬਚਾਏ ਪੈਸੇ ਖਾਦੀ ਖਰੀਦਣ 'ਤੇ ਲਾਏ ਜਾ ਸਕਦੇ ਹਨ ਤੇ ਜੇ ਖਾਦੀ ਖਰੀਦਣ ਦਾ ਮਨ ਨਹੀਂ ਹੁੰਦਾ ਤਾਂ ਕਿਸੇ ਗਰੀਬ ਦਾ ਭਲਾ ਕੀਤਾ ਜਾ ਸਕਦਾ ਹੈ।'*

*ਮਹਾਤਮਾ ਗਾਂਧੀ ਦੀ ਪਟਾਕੇ ਚਲਾਉਣ ਦੀ ਥਾਂ ਖੁਦ ਨੂੰ ਆਪਣੇ ਘਰ ਤੇ ਦਿਲ ਸਵੱਛ ਕਰਨ ਦੀ ਅਪੀਲ ਦੀ ਪ੍ਰਵਾਹ ਨਹੀਂ ਕੀਤੀ ਗਈ। ਰਾਮਰਾਜੀਆਂ ਨੇ ਤਾਂ ਪਟਾਕੇ ਚਲਾਉਣੇ ਹੀ ਸਨ, ਬੰਦੀ ਛੋੜ ਦਿਵਸ ਮਨਾਉਣ ਵਾਲੇ ਨਾਨਕ ਨਾਮ ਲੇਵਿਆਂ ਨੇ ਵੀ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗਰੰਥੀ ਗਿਆਨੀ ਰਘਬੀਰ ਸਿੰਘ ਦੀ ਸਿਰਫ ਦੀਵਿਆਂ ਨਾਲ ਹੀ ਰੌਸ਼ਨੀ ਕਰਨ ਦੀ ਅਪੀਲ ਦੀ ਪ੍ਰਵਾਹ ਨਾ ਕਰਦਿਆਂ ਪਟਾਕੇ ਚਲਾਏ।*

*ਪਟਾਕਿਆਂ ਨਾਲ ਸਿਹਤ ਨੂੰ ਪਹੁੰਚਣ ਵਾਲੇ ਨੁਕਸਾਨ ਤੋਂ ਬਚਣ ਲਈ ਸਰਕਾਰਾਂ, ਨਿਆਂ ਪਾਲਿਕਾ ਤੇ ਧਰਮ ਗੁਰੂਆਂ ਵੱਲ ਤੱਕਣ ਦੀ ਥਾਂ ਹੁਣ ਇੱਕ ਹੀ ਚਾਰਾ ਬਚਿਆ ਲਗਦਾ ਹੈ ਕਿ ਦੀਵਾਲੀ 'ਤੇ ਸ਼ਹਿਰਾਂ ਵਿੱਚ ਰਹਿੰਦੇ ਲੋਕ ਪਿੰਡਾਂ ਨੂੰ ਚਲੇ ਜਾਇਆ ਕਰਨ। ਉੱਥੇ ਥੋੜ੍ਹਾ-ਬਹੁਤਾ ਸਾਹ ਤਾਂ ਆਵੇਗਾ ਤੇ ਨਾਲ ਹੀ ਰਿਸ਼ਤੇਦਾਰੀ ਵਾਲਾ ਨਿੱਘ ਵੀ ਵਧੇਗਾ।*

# ਬਿਹਾਰ ਦੇ ਨਤੀਜੇ ਖੇਤਰੀ ਦਲਾਂ ਦਾ ਭਵਿੱਖ ਤੈਅ ਕਰਨਗੇ


ਗੁਰਮੀਤ ਸਿੰਘ ਪਲਾਹੀ

2025 ਬਿਹਾਰ ਵਿਧਾਨ ਸਭਾ ਵਿੱਚ ਕਿਹੜਾ ਸਿਆਸੀ ਦਲ ਜਾਂ ਸਿਆਸੀ ਗੱਠਜੋੜ ਚੋਣ ਜਿੱਤੇਗਾ, ਇਸ ਦਾ ਅੰਦਾਜ਼ਾ ਲਾਉਣਾ ਮੁਸ਼ਕਲ ਹੈ, ਪਰ ਇੱਕ ਗੱਲ ਸਪੱਸ਼ਟ ਹੈ ਕਿ ਜੇਕਰ ਮੌਜੂਦਾ ਮੁੱਖ ਮੰਤਰੀ ਨਿਤੀਸ਼ ਕੁਮਾਰ ਦਾ ਸਿਆਸੀ ਦਲ ਪਹਿਲਾਂ ਨਾਲੋਂ ਕਮਜ਼ੋਰ ਹੁੰਦਾ ਹੈ, ਤਾਂ ਨੇੜਲੇ ਭਵਿੱਖ ਵਿੱਚ ਇਸ ਦਾ ਹਾਲ ਉਹੋ ਜਿਹਾ ਹੀ ਹੋਏਗਾ, ਜਿਹੋ ਜਿਹਾ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦਾ ਹੋਇਆ ਹੈ ਜਾਂ ਮਹਾਰਾਸ਼ਟਰ ਚੋਣਾਂ ਵਿੱਚ ਸ਼ਿਵ ਸੈਨਾ ਦਾ।

ਭਾਜਪਾ ਨੇ ਬਿਹਾਰ ਵਿੱਚ ਧਰਮ ਦੀ ਰਾਜਨੀਤੀ ਦੀ ਪੂਰਨ ਤੌਰ 'ਤੇ ਸ਼ਤਰੰਜੀ ਬਿਸਾਤ ਵਿਛਾ ਦਿੱਤੀ ਹੈ। ਚੋਣਾਂ ਵਿੱਚ ਧਰਮ ਨੂੰ ਜਾਤ-ਬਰਾਦਰੀ ਤੋਂ ਉੱਪਰ ਕਰਨ ਲਈ ਭਾਜਪਾ ਨੇ ਦਾਅ-ਪੇਚ ਚੱਲ ਦਿੱਤੇ ਹਨ, ਜਿਸ ਦਾ ਖ਼ਮਿਆਜ਼ਾ ਖੇਤਰੀ ਪਾਰਟੀਆਂ ਨੂੰ ਉਵੇਂ ਹੀ ਭੁਗਤਣਾ ਪੈਣਾ ਹੈ, ਜਿਵੇਂ ਉੱਤਰ ਪ੍ਰਦੇਸ਼, ਹਰਿਆਣਾ, ਪੰਜਾਬ, ਮਹਾਰਾਸ਼ਟਰ ਵਿੱਚ ਭੁਗਤਣਾ ਪਿਆ ਸੀ।

1920 ਵਿੱਚ ਸਥਾਪਤ ਅਕਾਲੀ ਦਲ ਨੇ ਅਜ਼ਾਦ ਭਾਰਤ ਵਿੱਚ ਸਿੱਖਾਂ ਦੀ ਪਛਾਣ ਨੂੰ ਆਪਣੀ ਸਿਆਸਤ ਦਾ ਕੇਂਦਰ ਬਣਾਇਆ ਸੀ। ਕਦੇ ਪੰਜਾਬ ਦੀ ਪਛਾਣ ਬਣਨ ਵਾਲਾ ਅਕਾਲੀ ਦਲ ਅੱਜ ਆਪਣੀ ਪਛਾਣ ਬਚਾਉਣ ਲਈ ਜੂਝ ਰਿਹਾ ਹੈ, ਕਾਰਨ, ਭਾਜਪਾ ਨਾਲ਼ ਗੱਠਜੋੜ ਤੇ ਕਾਰਨ ਹੋਰ ਵੀ ਬਥੇਰੇ ਹਨ।

ਹਰਿਆਣਾ ਵਿੱਚ ਭਜਨ ਲਾਲ ਤੋਂ ਲੈ ਕੇ ਬੰਸੀ ਲਾਲ ਤੱਕ ਦੀਆਂ ਪਾਰਟੀਆਂ ਕਾਂਗਰਸ ਅਤੇ ਭਾਜਪਾ ਦੇ ਵਿਚਾਲ਼ੇ ਆਪਣੀ ਪਛਾਣ ਬਚਾਉਣ ਲਈ ਤਰਲੋ, ਮੱਛੀ ਹੁੰਦੀਆਂ ਰਹੀਆਂ। ਇੱਕ ਸਮਾਂ ਇਹੋ ਜਿਹਾ ਸੀ, ਜਦੋਂ ਹਰਿਆਣਾ ਦੇ ਖੇਤਰੀ ਦਲ ਦੇ ਪ੍ਰਭਾਵ ਕਾਰਨ ਸੂਬੇ ਦੇ ਨੇਤਾਵਾਂ ਦੇ ਹਿੱਸੇ ਉਪ ਪ੍ਰਧਾਨ ਮੰਤਰੀ ਤੋਂ ਲੈ ਕੇ ਕੇਂਦਰੀ ਮੰਤਰੀਆਂ ਤੱਕ ਦੇ ਅਹੁਦੇ ਆਏ। ਅੱਜ ਦੇ ਦੌਰ ਵਿੱਚ ਖੇਤਰੀ ਦਲਾਂ ਨਾਲ਼ ਸੰਤੁਲਨ ਬਿਠਾਈ ਰੱਖਣ ਲਈ ਮੁੱਖ ਮੰਤਰੀ ਦੇ ਨਾਲ-ਨਾਲ ਦੋ ਉਪ ਮੁੱਖ ਮੰਤਰੀਆਂ ਦੇ ਅਹੁਦੇ ਆਮ ਗੱਲ ਹੋ ਗਈ ਹੈ।

ਬਿਹਾਰ ਵਿੱਚ ਮੁੱਖ ਮੰਤਰੀ ਦੇ ਅਹੁਦੇ ਲਈ ਦਾਅਵੇਦਾਰ ਤਾਂ ਦੋ ਹੀ ਹਨ, ਪਰ ਹਰ ਪਾਸੇ ਉਪ ਮੁੱਖ ਮੰਤਰੀ ਬਣਨ ਦੀ ਮੰਗ ਜ਼ੋਰ ਫੜ ਰਹੀ ਹੈ। ਇਸ ਦਾ ਕਾਰਨ ਇਹੀ ਹੈ ਕਿ ਖੇਤਰੀ ਦਲਾਂ ਦਾ ਪ੍ਰਭਾਵ ਘਟ ਰਿਹਾ ਹੈ। ਕਦੇ ਬਿਹਾਰ 'ਚ ਨਿਤੀਸ਼ ਕੁਮਾਰ ਵੱਡਾ ਭਾਈ ਸੀ ਤੇ ਭਾਜਪਾ ਛੋਟਾ ਭਾਈ, ਪਰ ਅੱਜ ਦੋਵੇਂ ਦਲ ਬਰੋ-ਬਰਾਬਰ 101-101 ਸੀਟਾਂ 'ਤੇ ਚੋਣ ਲੜ ਰਹੇ ਹਨ।

ਬਿਹਾਰ ਵਿਧਾਨ ਸਭਾ ਚੋਣਾਂ ਵਿੱਚ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦਾ ਹਸ਼ਰ ਮਹਾਰਾਸ਼ਟਰ ਦੇ ਏਕਨਾਥ ਸ਼ਿੰਦੇ ਜਿਹਾ ਹੋ ਜਾਵੇਗਾ? ਮਹਾਰਾਸ਼ਟਰ ਵਿੱਚ ਸ਼ਿਵ ਸੈਨਾ ਇੱਕ ਵੱਡੀ ਪਾਰਟੀ ਸੀ, ਜਿਸ ਦਾ ਕੇਂਦਰ ਦੀ ਸਰਕਾਰ ਵਿੱਚ ਵੱਡਾ ਹਿੱਸਾ ਸੀ। ਇਸ ਦਾ ਮਹਾਰਾਸ਼ਟਰ ਵਿੱਚ ਵੱਡਾ ਆਧਾਰ ਹੈ, ਸੀ। ਟੁੱਟ-ਭੱਜ ਨਾਲ਼ ਇਹ ਖੇਤਰੀ ਦਲ ਇਹੋ ਜਿਹਾ ਬਿਖਰਿਆ ਕਿ ਅੱਜ ਟੁੱਟ-ਭੱਜ ਨਾਲ਼ ਬਣੇ ਧੜੇ ਆਪਣੀ ਹੋਂਦ ਲੱਭ ਰਹੇ ਹਨ।

ਅੱਜ ਭਾਜਪਾ ਦੀ ਖੇਤਰੀ ਦਲਾਂ ਨੂੰ ਖਤਮ ਕਰਨ ਦੀ ਪ੍ਰਯੋਗਸ਼ਾਲਾ ਵਿੱਚ ਬਿਹਾਰ ਦਰਜ਼ਿਆ ਜਾ ਰਿਹਾ ਹੈ। ਪਿਛਲੇ ਇੱਕ ਦਹਾਕੇ 'ਚ ਭਾਜਪਾ ਸਭ ਤੋਂ ਵੱਡੀ ਰਾਸ਼ਟਰੀ ਧਿਰ ਬਣ ਚੁੱਕੀ ਹੈ। ਉਸ ਦੀ ਹਾਈ ਕਮਾਂਡ ਇਹ ਚੇਤਾਵਨੀ ਦੇ ਚੁੱਕੀ ਹੈ ਕਿ ਬਹੁਤ ਛੇਤੀ ਖੇਤਰੀ ਪਾਰਟੀਆਂ ਦੀ ਹੋਂਦ ਮਿਟ ਜਾਏਗੀ।

ਹਾਲਾਂਕਿ 2024 ਵਿੱਚ ਖੇਤਰੀ ਦਲਾਂ ਦੇ ਗੱਠਜੋੜ ਦੇ ਸਹਾਰੇ ਹੀ ਉਹ ਕੇਂਦਰੀ ਹਾਕਮ ਬਣ ਸਕੀ ਹੈ। 400 ਤੋਂ ਪਾਰ ਦਾ ਨਾਅਰਾ ਦੇਣ ਵਾਲ਼ੀ ਭਾਜਪਾ 240 ਸੀਟਾਂ ਉੱਤੇ ਸਿਮਟ ਗਈ ਅਤੇ ਖੇਤਰੀ ਦਲਾਂ ਦੇ ਸਹਾਰੇ ਤੀਜੀ ਵਾਰ ਸਰਕਾਰ ਬਣਾ ਸਕੀ ਹੈ।

ਅੱਜ ਦੇਸ਼ ਵਿੱਚ 50 ਦੇ ਲਗਭਗ ਖੇਤਰੀ ਦਲ ਹਨ। ਇਹ ਭਾਸ਼ਾ, ਸੱਭਿਆਚਾਰ, ਜਾਤ ਤੋਂ ਲੈ ਕੇ ਭੂਗੋਲਿਕ ਪਛਾਣ ਦੇ ਅਧਾਰ 'ਤੇ ਬਣੇ ਹਨ। ਖੇਤਰੀ ਧਿਰਾਂ ਅਤੇ ਉਹਨਾਂ ਦੀਆਂ ਮੰਗਾਂ ਭਾਰਤੀ ਲੋਕਤੰਤਰ ਦਾ ਹਿੱਸਾ ਹਨ ਅਤੇ ਭਾਰਤ ਦੇ ਸੰਘੀ ਢਾਂਚੇ ਦੀ ਬੁਨਿਆਦ ਬਣ ਚੁੱਕੀਆਂ ਹਨ।

ਕੇਂਦਰ ਸਰਕਾਰ ਦੇ ਖ਼ਿਲਾਫ਼ ਸੁਭਾਵਿਕ ਤੌਰ 'ਤੇ ਇਹ ਖੇਤਰੀ ਦਲ ਉਪਜਦੇ ਰਹੇ। ਭਾਰਤ ਵਿੱਚ ਇਹਨਾਂ ਖੇਤਰੀ ਦਲਾਂ ਦਾ ਰੋਲ ਮਹੱਤਵਪੂਰਨ ਰਿਹਾ ਹੈ। ਖੇਤਰੀ ਮੰਗਾਂ ਦੀ ਪਛਾਣ ਕਰਨਾ, ਆਪਣੇ ਖਿੱਤੇ ਦੀ ਬੋਲੀ, ਸੱਭਿਆਚਾਰ ਅਤੇ ਨੈਤਿਕ ਕਦਰਾਂ-ਕੀਮਤਾਂ ਦੀ ਪ੍ਰਫੁੱਲਤਾ ਲਈ ਕੰਮ ਕਰਨਾ, ਇਹਨਾਂ ਦਾ ਮੰਤਵ ਰਿਹਾ ਹੈ। ਇਹ ਦਲ ਖ਼ੁਦਮੁਖਤਿਆਰ ਹੋਣ, ਸੂਬਿਆਂ ਲਈ ਵਧੇਰੇ ਤਾਕਤਾਂ ਦੀ ਮੰਗ ਅਤੇ ਸੰਘਰਸ਼ ਕਰਦੇ ਰਹੇ। ਸ਼੍ਰੋਮਣੀ ਅਕਾਲੀ ਦਲ ਦਾ ਆਨੰਦਪੁਰ ਮਤਾ ਵਧੇਰੇ ਅਧਿਕਾਰਾਂ ਦਾ ਪ੍ਰਤੀਕ ਰਿਹਾ।

ਡੀ ਐੱਮ ਕੇ, ਤੇਲਗੂ ਦੇਸਮ, ਸ਼ਿਵ ਸੈਨਾ, ਸ਼੍ਰੋਮਣੀ ਅਕਾਲੀ ਦਲ, ਤ੍ਰਿਣਮੂਲ ਕਾਂਗਰਸ ਖੇਤਰੀ ਪਾਰਟੀਆਂ ਵਜੋਂ ਉੱਭਰੀਆਂ ਅਤੇ ਆਪੋ-ਆਪਣੇ ਖਿੱਤਿਆਂ 'ਚ ਰਾਜ-ਭਾਗ ਕਰਦੀਆਂ ਰਹੀਆਂ ਜਾਂ ਕਰ ਰਹੀਆਂ ਹਨ।

ਇਹ ਸਾਰੀਆਂ ਖੇਤਰੀ ਪਾਰਟੀਆਂ ਕਾਂਗਰਸ ਦੇ ਵਿਰੋਧ ਵਿੱਚੋਂ, ਉਸ ਦੀਆਂ ਨੀਤੀਆਂ ਦੇ ਵਿਰੋਧ ਅਤੇ ਖੇਤਰੀ ਹਿੱਤਾਂ ਨੂੰ ਨਜ਼ਰ-ਅੰਦਾਜ਼ ਕਰਨ ਕਾਰਨ ਆਪੋ ਆਪਣੇ ਖਿੱਤਿਆਂ 'ਚ ਸਰਗਰਮ ਹੋਈਆਂ। ਬਹੁ-ਚਰਚਿਤ ਭਾਰਤੀ ਰਾਸ਼ਟਰੀ ਕਾਂਗਰਸ ਦੀ ਨੇਤਾ ਮਮਤਾ ਬੈਨਰਜੀ ਪੱਛਮੀ ਬੰਗਾਲ ਵਿੱਚ ਖੱਬੇ-ਪੱਖੀਆਂ ਦੇ ਖ਼ਿਲਾਫ਼ ਤਿੱਖਾ ਰੁਖ ਅਪਣਾਉਣ ਦੇ ਹੱਕ @ਚ ਸੀ। ਕਾਂਗਰਸ ਨੇ ਉਸ ਦੇ ਇਸ ਦ੍ਰਿਸ਼ਟੀਕੋਣ ਨੂੰ ਨਕਾਰਿਆ। ਉਸ ਨੇ 1998 ਵਿੱਚ ਤ੍ਰਿਣਮੂਲ ਕਾਂਗਰਸ ਦੀ ਸਥਾਪਨਾ ਕੀਤੀ। ਉਸ ਦਾ ਦੋਸ਼ ਸੀ ਕਿ ਕਾਂਗਰਸ ਸਥਾਨਕ ਮੁੱਦਿਆਂ ਅਤੇ ਜਨਤਾ ਦੀਆਂ ਸਮੱਸਿਆਵਾਂ ਨੂੰ ਹਮੇਸ਼ਾ ਹਾਸ਼ੀਏ 'ਤੇ ਰੱਖਦੀ ਹੈ।

ਉਂਵ 1960 ਦੇ ਦਹਾਕੇ ਵਿੱਚ ਕਾਂਗਰਸ ਦੀ ਕੇਂਦਰੀ ਤਾਕਤ ਨੂੰ ਚੁਣੌਤੀ ਦਿੰਦੇ ਹੋਏ ਕਈ ਖੇਤਰੀ ਦਲ ਉੱਭਰੇ ਅਤੇ ਖੇਤਰੀ ਮੁੱਦਿਆਂ ਨੂੰ ਰਾਸ਼ਟਰੀ ਰਾਜਨੀਤੀ ਦੇ ਮੰਚ 'ਤੇ ਮੁੱਦਾ ਬਣਾਇਆ। ਭਾਰਤ ਜਿਹੇ ਵਿਸ਼ਾਲ ਭੂਗੋਲ ਦੇ ਸੰਦਰਭ ਵਿੱਚ ਖੇਤਰੀ ਦਲਾਂ ਦੀ ਸਿਆਸੀ ਹੋਂਦ ਨੂੰ ਸੰਘੀ ਢਾਂਚੇ ਦੀ ਰੀੜ੍ਹ ਦੀ ਹੱਡੀ ਦੇ ਰੂਪ ਵਿੱਚ ਵੇਖਿਆ ਗਿਆ। ਸਿਆਸਤ ਦਾ ਗਣਿਤ ਸਦਾ ਦੋ ਜਮ੍ਹਾਂ ਦੋ ਚਾਰ ਨਹੀਂ ਹੁੰਦਾ, ਕਦੇ ਪੰਜ ਵੀ ਹੋ ਸਕਦਾ ਹੈ। ਇਹੋ ਜਿਹਾ ਹੀ ਕਾਂਗਰਸ ਅਤੇ ਖੇਤਰੀ ਦਲਾਂ ਦੀ ਲੜਾਈ ਵਿੱਚ ਹੋਇਆ। ਇਹ ਲੜਾਈ ਸਾਲ ਦਰ ਸਾਲ ਤਿੱਖੀ ਹੋਈ। ਇਸ ਦਾ ਲਾਭ ਭਾਜਪਾ ਨੇ ਚੁੱਕਿਆ ਅਤੇ ਖੇਤਰੀ ਦਲਾਂ ਵੱਲੋਂ ਖ਼ਾਲੀ ਕਰਾਈ ਕਾਂਗਰਸ ਦੀ ਜ਼ਮੀਨ 'ਤੇ ਕਬਜ਼ਾ ਜਮਾ ਲਿਆ। ਇੱਥੋਂ ਹੀ ਭਾਰਤੀ ਜਨਤਾ ਪਾਰਟੀ ਦਾ ਉਭਾਰ ਹੋਣਾ ਸ਼ੁਰੂ ਹੋਇਆ।

ਖੇਤਰੀ ਦਲ ਕਾਂਗਰਸ ਦੀ ਜਿੰਨੀ ਜ਼ਮੀਨ ਖਿਸਕਾਉਂਦੇ ਰਹੇ, ਓਨੀ ਥਾਂ 'ਤੇ ਦੂਜੇ ਸਭ ਤੋਂ ਵੱਡੇ ਰਾਸ਼ਟਰੀ ਦਲ—ਭਾਜਪਾ ਦੀ ਜ਼ਮੀਨ ਬਣਦੀ ਗਈ। ਸਮਾਂ ਇਹੋ ਜਿਹਾ ਆ ਗਿਆ ਕਿ ਕਾਂਗਰਸ ਤੋਂ ਖ਼ਾਲੀ ਕਰਾਈ ਜ਼ਮੀਨ 'ਤੇ ਜਿਹੜੇ ਖੇਤਰੀ ਦਲ ਕਾਬਜ਼ ਹੋਏ, ਭਾਜਪਾ ਉਹਨਾਂ ਨੂੰ ਆਪਣੇ ਰਸਤੇ ਤੋਂ ਹਟਾਉਣ ਲੱਗੀ। ਇਸ ਸੰਬੰਧੀ ਉਸ ਵੱਲੋਂ ਵਧੇਰੇ ਪ੍ਰਯੋਗ ਕੀਤੇ ਗਏ। ਖੇਤਰੀ ਦਲਾਂ 'ਚ ਫੁੱਟ ਪਾਈ ਗਈ। ਕਈ ਥਾਈਂ ਖੇਤਰੀ ਨੇਤਾਵਾਂ ਨੂੰ ਲਾਲਚ ਦਿੱਤਾ ਗਿਆ।

ਲਾਲੂ ਪ੍ਰਸਾਦ ਯਾਦਵ, ਮੁਲਾਇਮ ਸਿੰਘ ਯਾਦਵ, ਮਾਇਆਵਤੀ, ਠਾਕਰੇ, ਪਵਾਰ ਜਿਹੇ ਖੇਤਰੀ ਧੁਰੰਤਰਾਂ, ਜਿਹਨਾਂ ਨੇ ਕਾਂਗਰਸ ਨੂੰ ਦੇਸ਼ ਦੀ ਸੱਤਾ ਤੋਂ ਪਾਸੇ ਕੀਤਾ ਸੀ, ਦੇ ਵਿਰੁੱਧ ਬਿਹਾਰ, ਯੂ.ਪੀ., ਮਹਾਰਾਸ਼ਟਰ ਵਿੱਚ ਭਾਜਪਾ ਨੇ ਲਾਲੂ, ਮੁਲਾਇਮ, ਮਾਇਆਵਤੀ, ਠਾਕਰੇ, ਪਵਾਰ ਦੇ ਅੰਕ ਗਣਿਤ ਨੂੰ ਸਮਝਦਿਆਂ ਵੱਡੇ ਝਟਕੇ ਦਿੱਤੇ ਅਤੇ ਉਹਨਾਂ ਨੂੰ ਕਮਜ਼ੋਰ ਕੀਤਾ।

ਉਵੈਸੀ ਦੀ ਸਿਆਸੀ ਪਾਰਟੀ ਕਾਂਗਰਸ ਦਾ ਇੱਕ-ਇੱਕ ਵੋਟ ਕੱਟ ਕੇ ਸੱਤਾਧਾਰੀ ਦਲ ਦਾ ਘੜਾ ਭਰਦੀ ਹੈ। ਇਸ ਤਰ੍ਹਾਂ ਦੇ ਜਿੰਨੇ ਵੀ ਦਲ ਹਨ, ਉਹ ਸੱਤਾਧਾਰੀ ਦਲ ਦੇ ਕੱਟੜ ਸਮਰਪਿਤ ਵੋਟਰਾਂ ਨੂੰ ਕੱਟ ਨਹੀਂ ਸਕਦੇ ਤਾਂ ਫਿਰ ਉਹ ਨੁਕਸਾਨ ਕਿਸ ਨੂੰ ਪਹੁੰਚਾਉਂਦੇ ਹਨ? ਉਸ ਦਾ ਸਿੱਧਾ ਨੁਕਸਾਨ ਕਾਂਗਰਸ ਨੂੰ ਪਹੁੰਚਦਾ ਹੈ। ਲੰਮੀ ਸਿਆਸੀ ਨੀਂਦ ਸੌਣ ਤੋਂ ਬਾਅਦ ਮਾਇਆਵਤੀ ਵੀ ਤੇਜ਼ ਹੋਏ ਹਨ, ਤਾਂ ਉਹਨਾਂ ਦਾ ਨਿਸ਼ਾਨਾ ਵੀ ਕਾਂਗਰਸ ਹੈ, ਕਿਉਂਕਿ ਦੇਸ਼ ਵਿੱਚ ਹੁਣ ਵੀ ਕਾਂਗਰਸ ਦੂਜੇ ਨੰਬਰ 'ਤੇ ਹੈ ਅਤੇ ਸੱਤਾਧਾਰੀ ਧਿਰ ਦਾ ਨਿਸ਼ਾਨਾ ਵੀ ਕਾਂਗਰਸ ਹੈ।

ਬਿਹਾਰ ਦੀ ਚੋਣ ਇਸ ਤਰ੍ਹਾਂ ਦੇ ਕਈ ਹੋਰ ਸਵਾਲਾਂ ਦਾ ਜਵਾਬ ਵੀ ਦੇਵੇਗੀ। ਕਦੇ ਨਿਤੀਸ਼ ਕੁਮਾਰ ਨੇ ਭਾਜਪਾ ਦੇ ਵਿਰੋਧ ਵਿੱਚ ਕਾਂਗਰਸ ਨਾਲ ਰਲ਼ ਕੇ ਗੱਠਜੋੜ ਬਣਾਉਣ ਦੀ ਕੋਸ਼ਿਸ਼ ਕੀਤੀ ਸੀ। ਉਸ ਨੂੰ ਬਿਹਾਰ ਵਿੱਚ ਭਾਜਪਾ ਦੇ ਲਗਾਤਾਰ ਅੱਗੇ ਵਧਣ ਦਾ ਡਰ ਸਤਾ ਰਿਹਾ ਸੀ, ਪਰ ਗੱਠਜੋੜ ਵਿੱਚ ਉਹ ਕਾਂਗਰਸ ਦੇ ਨਾਲ਼ ਕੁਝ ਵਿਰੋਧਾਂ ਕਾਰਨ ਚੱਲ ਨਹੀਂ ਸਕੇ ਅਤੇ ਭਾਜਪਾ ਦੇ ਖੇਮੇ ਵਿੱਚ ਜਾ ਪੁੱਜੇ।

2024 ਦੀਆਂ ਚੋਣਾਂ ਬਾਅਦ ਭਾਜਪਾ ਨੂੰ ਅਹਿਸਾਸ ਹੋ ਗਿਆ ਕਿ ਉਸ ਨੂੰ ਆਪਣਾ ਪ੍ਰਭਾਵ ਬਣਾਈ ਰੱਖਣ ਲਈ ਖੇਤਰੀ ਧਿਰਾਂ ਦੀ ਲੋੜ ਹੈ, ਉਹਨਾਂ ਨਿਤੀਸ਼ ਅਤੇ ਨਾਇਡੂ ਦੀ ਖੇਤਰੀ ਪਾਰਟੀ ਦਾ ਸਾਥ ਲਿਆ, ਕਿਉਂਕਿ ਉਸ ਨੂੰ ਇਸ ਗੱਲ ਦਾ ਅਹਿਸਾਸ ਹੈ ਕਿ ਯੂ ਪੀ ਵਿੱਚ ਇੱਕ ਖੇਤਰੀ ਦਲ ਨੇ ਉਸ ਦੇ ਸਾਰੇ ਸਮੀਕਰਨ ਲੋਕ ਸਭਾ ਚੋਣਾਂ ਵਿੱਚ ਵਿਗਾੜ ਦਿੱਤੇ ਸਨ ਅਤੇ ਕੇਂਦਰ ਵਿਚਲੀ ਸਰਕਾਰ ਦਾ ਪੂਰਨ ਬਹੁਮਤ ਵਾਲਾ ਖਿਤਾਬ ਖੇਰੂੰ-ਖੇਰੂੰ ਕਰ ਦਿੱਤਾ ਸੀ।


ਰਾਜਦ (ਕਾਂਗਰਸ ਅਤੇ ਰਾਸ਼ਟਰੀ ਜਨਤਾ ਦਲ) ਵੱਲੋਂ ਬਿਹਾਰ ਵਿੱਚ ਹਾਲਾਂਕਿ 'ਵੋਟ ਚੋਰ, ਗੱਦੀ ਛੋੜ' ਦੇ ਨਾਅਰੇ ਲੱਗ ਰਹੇ ਹਨ। ਭਾਰਤੀ ਚੋਣ ਕਮਿਸ਼ਨ ਤੇ ਭਾਜਪਾ ਦੀ ਆਪਸੀ ਸਾਂਝ ਵਿਰੁੱਧ ਗੁੱਸੇ 'ਚ ਲੋਕ ਉਬਲੇ ਪਏ ਹਨ, ਪਰ ਨਾਲ-ਨਾਲ ਰਾਜਦ (ਭਾਜਪਾ ਅਤੇ ਜਨਤਾ ਦਲ ਯੂਨਾਈਟਡ) ਪਰਵਾਰਵਾਦ ਦੀ ਰਾਜਨੀਤੀ ਨੂੰ ਖਾਰਜ ਕਰਨ ਲਈ ਗੁਹਾਰ ਲਗਾ ਰਹੇ ਹਨ। ਬਿਹਾਰ 'ਚ ਮਾਹੌਲ ਅਸਪੱਸ਼ਟ ਹੈ। ਚੋਣਾਂ ਸੰਬੰਧੀ ਕੋਈ ਵੀ ਅੰਦਾਜ਼ਾ ਜਾਂ ਅਜ਼ਾਦਾਨਾ ਭਵਿੱਖਬਾਣੀ ਸੰਭਵ ਨਹੀਂ ਜਾਪਦੀ।

ਪਰ ਸਵਾਲਾਂ ਦਾ ਸਵਾਲ ਇਹ ਹੈ ਕਿ ਲਗਾਤਾਰ ਇੱਧਰ-ਉੱਧਰ ਤਾਕਤ ਲਈ ਭਟਕਣ ਵਾਲੇ ਨਿਤੀਸ਼ ਦਾ ਫਿਰ ਤੋਂ ਤਾਰਾ ਚਮਕੇਗਾ ਜਾਂ ਉਹ ਅਲੋਪ ਹੋ ਜਾਣਗੇ? ਇਸ ਦਾ ਫਾਇਦਾ ਕਿਸ ਨੂੰ ਹੋਏਗਾ, ਕਾਂਗਰਸ ਜਾਂ ਭਾਜਪਾ ਨੂੰ? ਉਸ ਕਾਂਗਰਸ ਨੂੰ ਜੋ ਭਾਜਪਾ ਲਈ ਲੋਕ ਸਭਾ ਚੋਣਾਂ 'ਚ ਖਤਰਾ ਬਣੀ ਹੈ ਅਤੇ ਇਹ ਖਤਰਾ 40 ਤੋਂ 99 ਤੱਕ ਪੁੱਜ ਗਿਆ ਹੈ।

ਇਸ ਸਭ ਕੁਝ ਦੇ ਵਿਚਕਾਰ ਬਿਹਾਰ ਦੇ ਚੋਣ ਨਤੀਜੇ ਖੇਤਰੀ ਦਲਾਂ ਦੀ ਭੂਮਿਕਾ ਤੈਅ ਕਰਨਗੇ।

**# ਸੰਪਰਕ : 98158-02070**

# ਨਸ਼ਿਆਂ ਰੂਪੀ ਦਰਿਆ 'ਚ ਡੁੱਬਦਾ ਜਾ ਰਿਹਾ ਪੰਜਾਬ ਦਾ ਭਵਿੱਖ


ਵਰਿੰਦਰ ਸ਼ਰਮਾ

ਪਿਛਲੇ ਕੁਝ ਕੁ ਦਹਾਕੇ ਤੋਂ ਨਸ਼ਾਖੋਰੀ ਦੀ ਆਦਤ ਕਾਰਨ ਪੰਜਾਬ ਰਾਜ ਬੁਰੀ ਤਰ੍ਹਾਂ ਬਦਨਾਮ ਹੋ ਚੁੱਕਿਆ ਹੈ। ਅਜਿਹੀ ਕੋਈ ਗੱਲ ਨਹੀਂ ਹੈ ਕਿ ਇਸ ਤੋਂ ਪਹਿਲਾਂ ਇੱਥੇ ਕੋਈ ਨਸ਼ਾ ਨਹੀਂ ਸੀ, ਪਰ ਉਦੋਂ ਲੋਕ ਇਸ ਤਰ੍ਹਾਂ ਅਣਿਆਈ ਮੌਤ ਨਹੀਂ ਮਰਦੇ ਸੀ। ਪੋਸਤ, ਅਫੀਮ ਅਤੇ ਭੰਗ ਦਾ ਪ੍ਰਯੋਗ ਆਮ ਹੁੰਦਾ ਸੀ। ਜ਼ੁਕਾਮ, ਅੰਧਰੰਗ 'ਚ ਅਫੀਮ ਇੱਕ ਦਵਾਈ ਦੇ ਰੂਪ ਵਿੱਚ ਦਿੱਤੀ ਜਾਂਦੀ ਸੀ। ਮਾਂਵਾਂ ਕੰਮ ਦੇ ਬੋਝ ਕਾਰਨ ਆਪਣੇ ਛੋਟੇ ਬੱਚਿਆਂ ਨੂੰ ਸਵਾਉਣ ਲਈ ਅਫੀਮ ਦੇ ਦਿੰਦੀਆਂ ਸਨ। ਰਾਜਿਆਂ ਅਤੇ ਬਾਦਸ਼ਾਹਾਂ ਦੇ ਦਰਬਾਰ ਵਿਚ ਇਹਨਾਂ ਵਸਤਾਂ ਦੀ ਵਰਤੋਂ ਆਮ ਜਿਹੀ ਗੱਲ ਸੀ।

ਸਾਡੇ ਦੇਸ਼ ਵਿੱਚ ਅਨੇਕਾਂ ਸੂਬਿਆਂ ਵਿੱਚ ਪੋਸਤ ਦੀ ਕਾਸ਼ਤ ਅਜੇ ਵੀ ਸਰਕਾਰਾਂ ਦੇ ਕੰਟਰੋਲ ਹੇਠ ਕੀਤੀ ਜਾ ਰਹੀ ਹੈ। ਉਥੇ ਸਰਕਾਰੀ ਠੇਕੇ ਖੁੱਲ੍ਹੇ ਹਨ ਅਤੇ ਅੱਜ ਵੀ ਅਫੀਮ ਬਹੁਤ ਸਾਰੀਆਂ ਦਵਾਈਆਂ ਵਿਚ ਵਰਤੀ ਜਾਂਦੀ ਹੈ। ਇੱਥੇ ਇਹਨਾਂ ਚੀਜ਼ਾਂ ਦਾ ਜ਼ਿਕਰ ਕਰਨਾ ਮੇਰੇ ਵਲੋਂ ਇਸ ਗੱਲ ਦੀ ਵਕਾਲਤ ਕਰਨਾ ਬਿਲਕੁਲ ਨਹੀਂ ਕਿ ਪੰਜਾਬ ਵਿੱਚ ਅਫੀਮ ਦੀ ਖੇਤੀ ਸ਼ੁਰੂ ਕੀਤੀ ਜਾਵੇ। ਹਾਂ, ਸਾਡੇ ਕੁਝ ਸਿਆਸਤਦਾਨਾਂ ਅਤੇ ਸਮਾਜ ਸੇਵੀ ਸੰਸਥਾਵਾਂ ਨੇ ਪੰਜਾਬ ਵਿਚ ਪੋਸਤ ਦੀ ਕਾਸ਼ਤ ਕਰਨ ਦੀ ਪੁਰਜ਼ੋਰ ਵਕਾਲਤ ਕੀਤੀ ਹੈ। ਉਨ੍ਹਾਂ ਦਾ ਪੱਖ ਇਹ ਹੈ ਕਿ ਮੌਤਨੁਮਾ ਨਸ਼ਿਆਂ ਨਾਲੋਂ ਇਹ ਘਟੀਆ ਸੌਦਾ ਨਹੀਂ ਹੈ।

ਅਫਸੋਸ ਨਸ਼ੇ ਦੇ ਨਾਂਅ 'ਤੇ ਸਿੰਥੈਟਿਕ ਨਸ਼ਾ ਚਿੱਟਾ ਸ਼ਰੇਆਮ ਵੇਚਿਆ ਜਾ ਰਿਹਾ ਹੈ। ਇਹ ਜਾਨਲੇਵਾ ਸਾਬਤ ਹੋ ਰਿਹਾ ਹੈ। ਨਾ ਸਿਰਫ ਨੌਜਵਾਨ, ਬਲਕਿ ਬੱਚਿਆਂ ਨੂੰ ਵੀ ਨਸ਼ੇ ਦੀ ਦਲਦਲ ਵਿਚ ਧੱਕਿਆ ਜਾ ਰਿਹਾ ਹੈ। ਸ਼ੁਰੂ -ਸ਼ੁਰੂ ਵਿਚ ਕੁਝ ਲੋਕ ਸ਼ੌਕ ਨਾਲ ਨਸ਼ੇ ਦਾ ਸ਼ਿਕਾਰ ਹੋ ਰਹੇ ਹਨ ਅਤੇ ਕੁਝ ਨੂੰ ਭੈੜੀ ਸੰਗਤ ਕਾਰਨ ਇਹ ਸੌਗਾਤ ਮਿਲ ਰਹੀ ਹੈ। ਨਸ਼ਿਆਂ ਦੇ ਇਸ ਜਾਲ ਵਿੱਚ ਅਨੇਕਾਂ ਅਮੀਰ ਪਰਵਾਰਾਂ ਦੇ ਚਿਰਾਗ ਵੀ ਬੁਝ ਗਏ ਹਨ, ਕੁਝ ਬੁਝਣ ਦੀ ਫਿਰਾਕ ਵਿੱਚ ਹਨ। ਮਾਪੇ ਆਪਣੇ ਬੱਚਿਆਂ ਨੂੰ ਖੁੱਲਾ ਖਰਚਾ ਤਾਂ ਦੇ ਦਿੰਦੇ ਹਨ, ਪਰ ਉਹ ਪਿਆਰ ਨਹੀਂ ਦੇ ਪਾ ਰਹੇ। ਇੰਝ ਇਹ ਨੌਜਵਾਨ ਪੀੜ੍ਹੀ ਇਕਲੱਤਾ ਨੂੰ ਦੂਰ ਕਰਨ ਲਈ ਨਸ਼ੇ ਦਾ ਸਹਾਰਾ ਲੈਣ ਲੱਗ ਪਈ ਹੈ। ਇਸ ਸਮੇਂ ਸਾਡੀ ਨੌਜਵਾਨ ਪੀੜ੍ਹੀ ਖਾਤਮੇ ਦੀ ਕਗਾਰ 'ਤੇ ਹੈ। ਇਸ ਸਮੱਸਿਆ 'ਤੇ ਕਿਸੇ ਇੱਕ ਧਿਰ ਨੂੰ ਦੋਸ਼ੀ ਨਹੀਂ ਠਹਿਰਾਇਆ ਜਾ ਸਕਦਾ ਹੈ। ਸਰਕਾਰਾਂ 'ਤੇ ਪੂਰੀ ਜ਼ਿੰਮੇਵਾਰੀ ਪਾਉਣ ਨਾਲ ਇਸ ਬੇਹੱਦ ਗੰਭੀਰ ਸਮੱਸਿਆ ਤੋਂ ਬਚਿਆ ਨਹੀਂ ਜਾ ਸਕਦਾ। ਪੁਲਸ ਪ੍ਰਸ਼ਾਸਨ ਵੀ ਪੂਰੀ ਤਰ੍ਹਾਂ ਜ਼ਿੰਮੇਵਾਰ ਨਹੀਂ ਹੋ ਸਕਦਾ।

ਇੱਥੇ ਮੈਂ ਸੱਚਾਈ 'ਤੇ ਆਧਾਰਿਤ ਇੱਕ ਘਟਨਾ ਦਾ ਜ਼ਿਕਰ ਜ਼ਰੂਰ ਕਰਾਂਗਾ। ਇੱਕ ਨੌਜਵਾਨ ਕਾਂਸਟੇਬਲ ਕਿਸੇ ਨਸ਼ੇ ਲਈ ਬਦਨਾਮ ਪਿੰਡ 'ਚ ਸੂਚਨਾ ਮਿਲਣ 'ਤੇ ਨਸ਼ਾ ਤਸਕਰ ਨੂੰ ਫੜਨ ਲਈ ਆਪਣੇ ਸਾਥੀ ਨਾਲ ਗਿਆ ਤਾਂ ਤਸਕਰ ਨੇ ਹਥਿਆਰ ਦੇ ਨਾਲ ਉਸ 'ਤੇ ਹਮਲਾ ਕਰ ਉਸ ਨੂੰ ਜ਼ਖਮੀ ਕਰ ਦਿੱਤਾ ਅਤੇ ਉਥੋਂ ਭੱਜ ਗਿਆ, ਪਰ ਪਿੰਡ ਵਾਸੀ ਖਾਮੋਸ਼ ਖੜ੍ਹੇ ਤਮਾਸ਼ਾ ਦੇਖਦੇ ਰਹੇ। ਪਿੰਡ ਵਾਸੀਆਂ ਦਾ ਵੀ ਤਾਂ ਨੈਤਿਕ ਫਰਜ਼ ਬਣਦਾ ਸੀ ਕਿ ਉਹ ਉਸ ਬਹਾਦਰ ਕਾਂਸਟੇਬਲ ਦਾ ਸਾਥ ਦਿੰਦੇ। ਨਸ਼ਾ ਤਸਕਰਾਂ ਨੂੰ ਨੱਥ ਪਾਉਣ ਲਈ ਖੁਦ ਸਮਾਜ ਨੂੰ ਅੱਗੇ ਆਉਣਾ ਚਾਹੀਦਾ ਹੈ।



ਬਿਨਾਂ ਸ਼ੱਕ ਨਸ਼ੇ ਦੇ ਤਸਕਰਾਂ ਨੂੰ ਛਾਪੇਮਾਰੀ ਤੋਂ ਪਹਿਲਾਂ ਹੀ ਜਾਣਕਾਰੀ ਮਿਲ ਜਾਂਦੀ ਹੈ। ਮੈਡੀਕਲ ਨਸ਼ਿਆਂ ਦਾ ਜ਼ਿਕਰ ਵੀ ਇੱਥੇ ਜ਼ਰੂਰੀ ਹੈ। ਦੁਕਾਨਦਾਰ ਦਵਾਈਆਂ ਨੂੰ ਨਸ਼ੀਲੇ ਪਦਾਰਥਾਂ ਵਜੋਂ ਵੇਚ ਰਹੇ ਹਨ। ਗੈਰ -ਕਾਨੂੰਨੀ ਨਸ਼ੀਲੇ ਟੀਕੇ ਖੁੱਲ੍ਹੇ ਰੂਪ ਵਿਚ ਵਿਕ ਰਹੇ ਹਨ। ਸਿੰਥੈਟਿਕ ਡਰੱਗਜ਼ ਦੀ ਮਾਤਰਾ ਦਾ ਪਤਾ ਹੀ ਨਹੀਂ ਲਗਦਾ। ਇੰਜੈਕਸ਼ਨ ਦੁਆਰਾ ਲਈ ਇਸ ਦੀ ਖੁਰਾਕ ਨੌਜਵਾਨਾਂ ਲਈ ਘਾਤਕ ਸਾਬਤ ਹੋ ਰਹੀ ਹੈ। ਇਸ ਨਾਲ ਰੋਜ਼ਾਨਾ ਹੀ ਨੌਜਵਾਨ ਮੌਤ ਦੇ ਮੂੰਹ ਵਿਚ ਜਾ ਰਹੇ ਹਨ।

ਹੁਣ ਪਿੰਡ-ਪਿੰਡ, ਸ਼ਹਿਰ-ਸ਼ਹਿਰ ਨਸ਼ਾ ਛੁਡਾਊ ਕੇਂਦਰਾਂ ਦਾ ਹੜ੍ਹ ਜਿਹਾ ਆ ਗਿਆ ਹੈ। ਕੁਝ ਕੁ ਕੇਂਦਰ ਬਹੁਤ ਵਧੀਆ ਕੰਮ ਕਰ ਰਹੇ ਹਨ, ਪਰ ਜ਼ਿਆਦਾਤਰ ਕੇਂਦਰ ਨਸ਼ਾ ਹੀ ਵੰਡ ਰਹੇ ਹਨ। ਉਹ ਮੁਨਾਫੇ ਕਮਾਉਣ ਲਈ ਕੇਵਲ ਇੱਕ ਵਪਾਰਕ ਕੇਂਦਰ ਹਨ। ਹੁਣ ਇੱਥੇ ਇਹ ਸਵਾਲ ਉੱਭਰ ਕੇ ਸਾਹਮਣੇ ਆਉਂਦਾ ਹੈ ਕਿ ਨਸ਼ਾ ਰੂਪੀ ਛੇਵੇਂ ਦਰਿਆ ਵਿੱਚ ਡੁੱਬਣ ਤੋਂ ਪੰਜਾਬ ਦੇ ਭਵਿੱਖ ਨੂੰ ਕਿਵੇਂ ਬਚਾਇਆ ਜਾਵੇ। ਨੌਜਵਾਨ ਲੜਕੇ ਅਤੇ ਲੜਕੀਆਂ ਅਤੇ ਨਿਰਦੋਸ਼ ਬਚਪਨ ਨੂੰ ਨਸ਼ੇ ਦੀ ਦਲਦਲ ਵਿਚ ਡੁੱਬਣ ਤੋਂ ਬਚਾਉਣਾ ਬਹੁਤ ਜ਼ਰੂਰੀ ਹੈ। ਇਸ ਤੋਂ ਛੁਟਕਾਰਾ ਪਾਉਣ ਲਈ ਨੌਜਵਾਨਾਂ, ਮੀਡੀਆ, ਸਮਾਜ ਸੇਵੀ ਸੰਸਥਾਂਵਾਂ, ਸਮੂਹ ਸਿਆਸਤਦਾਨਾਂ ਅਤੇ ਪ੍ਰਸ਼ਾਸਨ ਨੂੰ ਸਾਂਝੇ ਉੱਦਮ ਕਰਨ ਦੀ ਲੋੜ ਹੈ।

ਪੰਜਾਬ ਦੀ ਨੌਜਵਾਨ ਪੀੜ੍ਹੀ ਨਸ਼ਿਆਂ ਕਾਰਨ ਖੋਖਲੀ ਹੁੰਦੀ ਜਾ ਰਹੀ ਹੈ, ਇਹ ਗੰਭੀਰ ਚਿੰਤਾ ਦਾ ਵਿਸ਼ਾ ਹੈ। ਇੱਥੇ ਸਾਡਾ ਸਭ ਦਾ ਨੈਤਿਕ ਫਰਜ਼ ਹੈ ਕਿ ਅਸੀਂ ਆਪਣੇ ਰਾਜ ਦੇ ਅਮੀਰ ਵਿਰਸੇ, ਸੱਭਿਆਚਾਰ ਅਤੇ ਨੌਜਵਾਨਾਂ ਦੇ ਸੁਨਹਿਰੀ ਭਵਿੱਖ ਨੂੰ ਬਚਾਉਣ ਦਾ ਭਰਪੂਰ ਯਤਨ ਕਰੀਏ। ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਿਆ ਜਾਵੇ। ਨੌਜਵਾਨਾਂ ਨੂੰ ਖੇਡਾਂ, ਸੱਭਿਆਚਾਰ 'ਤੇ ਆਪਣਾ ਪੂਰਾ ਧਿਆਨ ਕੇਂਦਰਤ ਕਰਨਾ ਚਾਹੀਦਾ ਹੈ। ਤੰਦਰੁਸਤ ਸਰੀਰ 'ਚ ਹੀ ਤੰਦਰੁਸਤ ਮਨ ਨਿਵਾਸ ਕਰਦਾ ਹੈ। ਸਿਹਤਮੰਦ ਜ਼ਿੰਦਗੀ ਜਿਉਣ ਲਈ ਸਾਨੂੰ ਸਾਰਿਆਂ ਨੂੰ ਪਹਿਲਾਂ ਆਪ ਅਤੇ ਫੇਰ ਆਪਣੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਹੋਵੇਗਾ, ਤਾਂ ਹੀ ਅਸੀਂ ਨੌਜਵਾਨ ਪੀੜ੍ਹੀ ਦੇ ਨਸ਼ਿਆਂ ਰੂਪੀ ਛੇਵੇਂ ਦਰਿਆ ਵਿੱਚ ਡੁੱਬਦੇ ਭਵਿੱਖ ਨੂੰ ਬਚਾਉਣ 'ਚ ਸਫਲ ਹੋ ਸਕਦੇ ਹਾਂ। ਇਸ ਵਿੱਚ ਹੀ ਸਭ ਦਾ ਭਲਾ ਹੈ।

**# ਸੰਪਰਕ : 94172-80333**

# ਅਲਬਰਟਾ 'ਚ ਅਧਿਆਪਕਾਂ ਦੀ ਹੜਤਾਲ


ਮੱਖਣ ਕੁਹਾੜ

ਸਾਮਰਾਜੀ ਤੇ ਹੋਰ ਸਾਰੇ ਵਿਕਸਤ ਤੇ ਵਿਕਾਸਸ਼ੀਲ ਸਰਮਾਏਦਾਰੀ ਪ੍ਰਬੰਧ ਵਾਲੇ ਦੇਸ਼ਾਂ ਦਾ ਆਰਥਕ ਸੰਕਟ ਲਗਾਤਾਰ ਵਧਦਾ ਹੀ ਜਾ ਰਿਹਾ ਹੈ। ਸਿੱਟੇ ਵਜੋਂ ਉਹ ਇਸ ਸੰਕਟ ਦਾ ਬੋਝ ਮਜ਼ਦੂਰ ਸ਼੍ਰੇਣੀ 'ਤੇ ਪਾ ਰਹੇ ਹਨ। ਉਹ ਸਹੂਲਤਾਂ, ਜੋ ਸੋਵੀਅਤ ਯੂਨੀਅਨ ਦੇ ਸਮਾਜਵਾਦੀ ਪ੍ਰਬੰਧ ਸਥਾਪਤ ਹੋਣ ਬਾਅਦ 1917 ਦੇ ਇਨਕਲਾਬ ਬਾਅਦ ਸ਼ੁਰੂ ਹੋਈਆਂ, ਉਹਨਾਂ ਸਹੂਲਤਾਂ 'ਤੇ ਕੱਟ ਲੱਗ ਰਹੇ ਹਨ। ਸੋਵੀਅਤ ਰੂਸ ਵਿੱਚ ਇਨਕਲਾਬ ਬਾਅਦ ਮਜ਼ਦੂਰ ਜਮਾਤ ਨੂੰ ਜੋ ਮੁਫ਼ਤ ਤੇ ਬਰਾਬਰ ਸਹੂਲਤਾਂ ਮਿਲੀਆਂ, ਉਹਨਾਂ ਤੋਂ ਸਾਰਾ ਸੰਸਾਰ ਅਚੰਭਤ ਹੋ ਗਿਆ ਸੀ। ਦੁਨੀਆ ਦੇ ਸਾਰੇ ਦੇਸ਼ਾਂ ਦੇ ਲੋਕ ਉਹ ਸਹੂਲਤਾਂ ਪ੍ਰਾਪਤ ਕਰਨ ਲਈ ਸਮਾਜਵਾਦੀ ਪ੍ਰਬੰਧ ਦੀ ਸਥਾਪਤੀ ਲਈ ਜੱਦੋਜਹਿਦ ਕਰਨ ਲੱਗ ਪਏ ਸਨ। ਲੋਕਾਂ ਵਿੱਚ ਸਰਮਾਏਦਾਰੀ ਪ੍ਰਬੰਧ ਪ੍ਰਤੀ ਨਫ਼ਰਤ ਹੋ ਗਈ ਸੀ। ਇੰਝ ਸਹਿਜੇ-ਸਹਿਜੇ ਕਈ ਹੋਰ ਦੇਸ਼ਾਂ ਵਿੱਚ ਵੀ ਇਨਕਲਾਬ ਹੋਏ ਅਤੇ ਸਮਾਜਵਾਦੀ ਪ੍ਰਬੰਧ ਕਾਇਮ ਹੋਏ। ਸਰਮਾਏਦਾਰੀ ਮੁਲਕਾਂ ਨੂੰ ਪਿੱਸੂ ਪੈ ਗਏ। ਅਮਰੀਕਾ, ਬਰਤਾਨੀਆਂ ਆਦਿ ਵਰਗੇ ਸਾਮਰਾਜੀ ਦੇਸ਼ਾਂ ਦੀ ਨੀਂਦ ਹਰਾਮ ਹੋ ਗਈ। ਇਹਨਾਂ ਮੁਲਕਾਂ ਦੀ ਅਮੀਰ ਸ਼੍ਰੇਣੀ (ਕਾਰਪੋਰੇਟ ਸੈਕਟਰ) ਇਹ ਕਦ ਬਰਦਾਸ਼ਤ ਕਰ ਸਕਦੀ ਹੈ ਕਿ ਉਸ ਦੇ ਹੱਥੋਂ ਰਾਜ ਪ੍ਰਬੰਧ ਖੁਸ ਜਾਵੇ ਅਤੇ ਮਜ਼ਦੂਰ-ਗ਼ਰੀਬ ਸ਼੍ਰੇਣੀ ਦਾ ਰਾਜ ਪ੍ਰਬੰਧ ਕਾਇਮ ਹੋ ਜਾਵੇ, ਪਰੰਤੂ ਉਸ ਸਰਮਾਏਦਾਰ ਜਮਾਤ ਸਾਹਮਣੇ ਲੋਕਾਂ ਵਿੱਚ ਪੈਦਾ ਹੋਈ ਬੇਚੈਨੀ ਤੇ ਉਹਨਾਂ ਦੀ ਸਮਾਜਵਾਦੀ ਪ੍ਰਬੰਧ ਵਾਲੀਆਂ ਸਹੂਲਤਾਂ ਮਾਨਣ ਦੀ ਪ੍ਰਬਲ ਹੋਈ ਖ਼ਾਹਿਸ਼ ਨੂੰ ਸ਼ਾਂਤ ਕਰਨ ਦੀ ਵੀ ਚੁਣੌਤੀ ਸੀ। ਸਿੱਟੇ ਵਜੋਂ ਸਮਾਜਵਾਦੀ ਪ੍ਰਬੰਧ ਵਾਲੇ ਸੋਵੀਅਤ ਰੂਸ ਵਾਲੀਆਂ ਸਹੂਲਤਾਂ ਦੇਣ ਦਾ ਚਾਰਾ ਕਰਨਾ ਜ਼ਰੂਰੀ ਸੀ। ਇਹਨਾਂ ਵਿੱਚ ਮੁਫ਼ਤ ਤੇ ਬਰਾਬਰ ਸਿਹਤ, ਸਿੱਖਿਆ ਸਹੂਲਤਾਂ, ਕੰਮ ਦੀ ਗਰੰਟੀ, ਮੁਫ਼ਤ ਰਿਹਾਇਸ਼, ਪੈਨਸ਼ਨਾਂ ਦੇ ਰੂਪ ਵਿੱਚ ਸਮਾਜਕ ਸੁਰੱਖਿਆ ਦੀ ਗਰੰਟੀ ਆਦਿ-ਆਦਿ ਸਹੂਲਤਾਂ ਦੇਣੀਆਂ ਪਈਆਂ। ਨਾਲ ਦੀ ਨਾਲ ਸਾਰੇ ਸਾਮਰਾਜੀ ਦੇਸ਼ ਮਿਲ ਕੇ ਪ੍ਰਬੰਧ ਦੇ ਚਮਕਦੇ ਸੂਰਜ ਸੋਵੀਅਤ ਯੂਨੀਅਨ ਨੂੰ ਤਬਾਹ ਕਰਨ ਦੀ ਚਾਲ ਵੀ ਚਲਾਉਣ ਲੱਗ ਪਏ। ਸਿੱਟੇ ਵਜੋਂ ਸਾਮਰਾਜ 1991 ਵਿੱਚ ਸੋਵੀਅਤ ਯੂਨੀਅਨ ਨੂੰ ਤੋੜਨ ਵਿੱਚ ਸਫ਼ਲ ਹੋ ਗਿਆ। ਓਧਰ ਇਹਨਾਂ ਦੇਸ਼ਾਂ ਦੇ ਹਾੜਬੂੰ-ਹਾੜਬੂੰ ਕਰਦੇ ਡਾਇਨਾਸੋਰਾਂ ਰੂਪੀ ਕਾਰਪੋਰੇਟਾਂ ਦੀ ਭੁੱਖ ਹੋਰ ਵਧਦੀ ਗਈ। ਇੰਝ ਰਾਜ ਕਰਦੀ ਸਰਮਾਏਦਾਰ ਸ਼੍ਰੇਣੀ ਕਾਰਪੋਰੇਟਾਂ ਦੀ ਆਮਦਨ ਵਧਾਉਣ ਲਈ ਗ਼ਰੀਬ ਸ਼੍ਰੇਣੀ ਦੀ ਲੁੱਟ ਹੋਰ ਵਧਾ ਦੇਂਦੀ ਹੈ। ਉਹ ਗ਼ਰੀਬ ਸ਼੍ਰੇਣੀ ਨੂੰ ਮਿਲਦੀਆਂ ਸਹੂਲਤਾਂ ਸਹਿਜੇ-ਸਹਿਜੇ ਬੰਦ ਕਰਦੀ ਜਾਂਦੀ ਹੈ। ਇਹੀ ਸੰਸਾਰ ਦੇ ਸਰਮਾਏਦਾਰ ਦੇਸ਼ਾਂ ਦੀਆਂ ਸਰਕਾਰਾਂ ਦਾ ਵਰਤਾਰਾ ਹੈ। ਕੈਨੇਡਾ ਵੀ ਇਹ ਸਹੂਲਤਾਂ ਸਹਿਜੇ-ਸਹਿਜੇ ਖ਼ਤਮ ਕਰ ਰਿਹਾ ਹੈ। ਸਿਹਤ, ਰੋਜ਼ਗਾਰ, ਮਹਿੰਗਾਈ, ਸਮਾਜਕ ਸੁਰੱਖਿਆ ਤੇ ਹੋਰ ਸਹੂਲਤਾਂ ਦਾ ਬੁਰਾ ਹਾਲ ਤਾਂ ਹੈ ਹੀ, ਹੁਣ ਸਭ ਤੋਂ ਜ਼ਰੂਰੀ ਮੁਫ਼ਤ ਤੇ ਬਰਾਬਰ ਸਿੱਖਿਆ ਦੇਣ ਤੋਂ ਵੀ ਸਰਕਾਰ ਪਿੱਛੇ ਹਟ ਰਹੀ ਹੈ। ਅਧਿਆਪਕਾਂ, ਵਿਦਿਆਰਥੀਆਂ, ਮਾਪਿਆਂ ਨੂੰ ਗੰਭੀਰ ਸੰਕਟਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਿੱਟੇ ਵਜੋਂ ਕੈਨੇਡਾ ਦੇ ਪ੍ਰਾਂਤ ਅਲਬਰਟਾ ਦੇ ਅਧਿਆਪਕਾਂ ਨੇ ਇਸ ਵਰਤਾਰੇ ਵਿਰੁੱਧ ਅਵਾਜ਼ ਉਠਾਉਣ ਦੀ ਪਹਿਲ ਕੀਤੀ ਹੈ ਅਤੇ ਉਹ ਬੀਤੀ 6 ਅਕਤੂਬਰ ਤੋਂ ਮੁਕੰਮਲ ਹੜਤਾਲ 'ਤੇ ਹਨ। ਉਹਨਾਂ ਨੂੰ ਅਲਬਰਟਾ ਪ੍ਰਾਂਤ ਦੇ ਸਮੁੱਚੇ ਵਿਦਿਆਰਥੀਆਂ ਤੇ ਉਹਨਾਂ ਦੇ ਮਾਪਿਆਂ ਦਾ ਪੂਰਨ ਸਮਰਥਨ ਮਿਲ ਰਿਹਾ ਹੈ। ਅਧਿਆਪਕ ਤਾਂ ਰੈਲੀਆਂ ਕਰ ਹੀ ਰਹੇ ਹਨ, ਵਿਦਿਆਰਥੀ ਅਤੇ ਮਾਪੇ ਵੀ ਵੱਡੀ ਪੱਧਰ 'ਤੇ ਇਸ ਹੜਤਾਲ ਦੇ ਹੱਕ ਵਿੱਚ ਥਾਂ-ਥਾਂ ਵਿਸ਼ਾਲ ਰੈਲੀਆਂ ਕਰ ਰਹੇ ਹਨ। ਏਨਾ ਹੀ ਨਹੀਂ, ਸਾਰੇ ਕੈਨੇਡਾ ਦੇ ਲੋਕਾਂ ਵੱਲੋਂ ਇਸ ਹੜਤਾਲ ਨੂੰ ਸਮਰਥਨ ਮਿਲ ਰਿਹਾ ਹੈ।

ਅਧਿਆਪਕਾਂ ਦੀ ਮੁੱਖ ਮੰਗ ਇਹ ਹੈ ਕਿ ਅਧਿਆਪਕ, ਵਿਦਿਆਰਥੀ ਅਨੁਪਾਤ, ਜੋ 1:18 ਤੋਂ 1:20 ਹੁੰਦਾ ਸੀ, ਉਹ ਹੁਣ 1:40 ਤੋਂ 1:45 ਤੀਕ ਚਲਾ ਗਿਆ ਹੈ। ਇੱਕ ਕਲਾਸ ਵਿੱਚ 40-45 ਬੱਚੇ ਬੈਠਦੇ ਹਨ। ਏਥੋਂ ਤੀਕ ਹਾਲਤ ਮੰਦੀ ਹੈ ਕਿ ਵਿਦਿਆਰਥੀ ਬਹੁਤ ਫਸ-ਫਸ ਕੇ ਮਸਾਂ ਹੀ ਕਲਾਸ ਵਿੱਚ ਬੈਠੇ ਹੁੰਦੇ ਹਨ। ਦੁਨੀਆ ਦੇ ਸਾਰੇ ਹੀ ਸਿੱਖਿਆ ਸ਼ਾਸਤਰੀਆਂ ਦਾ ਇਹੀ ਮੱਤ ਹੈ ਕਿ ਇੱਕ ਕਲਾਸ ਵਿੱਚ 20 ਤੋਂ ਵੱਧ ਵਿਦਿਆਰਥੀ ਨਹੀਂ ਹੋਣੇ ਚਾਹੀਦੇ। ਟੀਚਰ ਵਿਦਿਆਰਥੀਆਂ ਨਾਲ ਇਨਸਾਫ਼ ਨਹੀਂ ਕਰ ਸਕਦਾ। ਇਸ ਲਈ ਅਧਿਆਪਕਾਂ, ਅਸਿਸਟੈਂਟਾਂ, ਸਕੂਲਾਂ ਤੇ ਸਕੂਲੀ ਕਮਰਿਆਂ ਦੀ ਗਿਣਤੀ ਵਧਾਈ ਜਾਵੇ।

ਇਸ ਵਕਤ ਅਲਬਰਟਾ ਵਿੱਚ 51 ਹਜ਼ਾਰ ਅਧਿਆਪਕ ਹਨ, ਇਹਨਾਂ ਵਿੱਚ 37 ਹਜ਼ਾਰ ਅਸਲ ਪੂਰਾ ਟਾਈਮ ਅਧਿਆਪਕ ਹਨ ਅਤੇ 14 ਹਜ਼ਾਰ ਸਹਾਇਕ (ਅਸਿਸਟੈਂਟ) ਹਨ, ਜਦਕਿ ਵਿਦਿਆਰਥੀਆਂ ਦੀ ਗਿਣਤੀ ਸਾਢੇ ਸੱਤ ਲੱਖ ਹੈ। ਇੰਝ ਅਧਿਆਪਕ ਯੂਨੀਅਨ ਦੀ ਇਹ ਮੰਗ ਬਿਲਕੁਲ ਜਾਇਜ਼ ਗਿਣੀ ਜਾ ਰਹੀ ਹੈ ਕਿ ਅਨੁਪਾਤ ਠੀਕ ਕਰਨ ਲਈ ਘੱਟੋ-ਘੱਟ 5000 ਅਧਿਆਪਕ ਹੋਰ ਭਰਤੀ ਕੀਤਾ ਜਾਵੇ ਅਤੇ 3000 ਅਸਿਸਟੈਂਟਾਂ ਦੀ ਹੋਰ ਭਰਤੀ ਕੀਤੀ ਜਾਵੇ। ਅਧਿਆਪਕਾਂ ਦੀ ਦੂਜੀ ਮੁੱਖ ਮੰਗ ਸਿੱਖਿਆ ਦੇ ਬੱਜਟ (ਫੰਡਿੰਗ) ਵਿੱਚ ਵਾਧੇ ਦੀ ਹੈ। ਹਰ ਸਾਲ ਬੱਜਟ ਦਾ ਸਿੱਖਿਆ 'ਤੇ ਖ਼ਰਚਾ ਘਟਾਇਆ ਜਾ ਰਿਹਾ ਹੈ। 2025-26 ਦੇ ਬਜਟ ਵਿੱਚ ਸਿਰਫ਼ 9.9 ਬਿਲੀਅਨ ਡਾਲਰ ਹੀ ਸਿੱਖਿਆ ਲਈ ਰੱਖੇ ਗਏ ਹਨ। ਅਲਬਰਟਾ ਸਰਕਾਰ ਨੇ ਪ੍ਰਾਈਵੇਟ (ਨਿੱਜੀ) ਸਕੂਲਾਂ ਦੀ 2025-26 ਦੇ ਬਜਟ ਵਿੱਚ ਆਰਥਿਕ ਸਹਾਇਤਾ 10 ਫੀਸਦੀ ਹੋਰ ਵਧਾ ਕੇ 461 ਮਿਲੀਅਨ ਡਾਲਰ ਕਰ ਦਿੱਤੀ ਹੈ, ਪਰੰਤੂ ਪਬਲਿਕ (ਸਰਕਾਰੀ) ਸਕੂਲਾਂ ਨੂੰ ਬਜਟ ਦਾ ਸਿਰਫ਼ 4.5 ਫੀਸਦੀ ਹੀ ਦਿੱਤਾ ਗਿਆ ਹੈ। ਅਧਿਆਪਕਾਂ ਦੀ ਇਹ ਦਲੀਲ ਜਾਇਜ਼ ਹੈ ਕਿ ਪਬਲਿਕ ਸਕੂਲਾਂ ਦੀ ਹੀ ਮਦਦ ਹੋਣੀ ਚਾਹੀਦੀ ਹੈ, ਪ੍ਰਾਈਵੇਟ ਦੀ ਨਹੀਂ, ਕਿਉਂਕਿ ਲੋਕ ਜੋ ਸਿੱਖਿਆ ਲਈ ਫੰਡਿੰਗ ਕਰਦੇ ਹਨ, ਉਹ ਕੇਵਲ ਪਬਲਿਕ ਸਕੂਲਾਂ ਲਈ ਹੀ ਹੁੰਦੀ ਹੈ। ਅਧਿਆਪਕਾਂ ਦੀ ਮੰਗ ਹੈ ਕਿ ਘੱਟੋ-ਘੱਟ 11.3 ਬਿਲੀਅਨ ਡਾਲਰ ਫੰਡਿੰਗ ਹੋਣੀ ਚਾਹੀਦਾ ਹੈ। ਇਸ ਤੋਂ ਘੱਟ ਬਜਟ ਨਾਲ ਸਿੱਖਿਆ ਦੇ ਖ਼ਰਚਿਆਂ ਦੀ ਪ੍ਰਤੀ ਪੂਰਤੀ ਨਹੀਂ ਹੋ ਸਕਦੀ।

ਅਧਿਆਪਕਾਂ ਦੀ ਇਹ ਮੰਗ ਵੀ ਸਭ ਕੈਨੇਡਾ ਵਾਸੀਆਂ ਨੂੰ ਕਾਇਲ ਕਰਦੀ ਹੈ ਕਿ ਕੈਨੇਡਾ ਦੀ ਫੈਡਰਲ ਸਰਕਾਰ ਪ੍ਰਤੀ ਵਿਦਿਆਰਥੀ 13000 ਡਾਲਰ ਖ਼ਰਚ ਕਰਦੀ ਹੈ, ਜਦਕਿ ਅਲਬਰਟਾ ਸਰਕਾਰ ਵੱਲੋਂ ਸਭ ਕੈਨੇਡੀਅਨ ਸੂਬਿਆਂ ਤੋਂ ਘੱਟ 11664 ਡਾਲਰ ਸਾਲਾਨਾ ਪ੍ਰਤੀ ਵਿਦਿਆਰਥੀ ਹੀ ਖ਼ਰਚਿਆ ਜਾ ਰਿਹਾ ਹੈ। ਇਸ ਨੂੰ ਬਰਾਬਰ ਕੀਤਾ ਜਾਵੇ। ਫੰਡਿੰਗ ਨਾਲ ਜੁੜੀ ਅਧਿਆਪਕਾਂ ਦੀ ਇੱਕ ਹੋਰ ਵੱਡੀ ਤੇ ਮਹੱਤਵਪੂਰਨ ਮੰਗ ਤਨਖ਼ਾਹਾਂ ਵਿੱਚ ਵਾਧੇ ਦੀ ਹੈ। ਅਧਿਆਪਕਾਂ ਦੀ ਦਲੀਲ ਹੈ ਕਿ ਫ਼ਰਵਰੀ 2002 ਵਿੱਚ ਜਦ ਅਧਿਆਪਕਾਂ ਨੇ ਪਿਛਲੀ ਹੜਤਾਲ ਕੀਤੀ ਸੀ ਤੇ ਸਰਕਾਰ ਮਹਿੰਗਾਈ ਦੇ ਵਾਧੇ ਦੇ ਹਿਸਾਬ ਨਾਲ ਤਨਖ਼ਾਹਾਂ ਵਧਾਉਂਦੇ ਰਹਿਣ ਬਾਰੇ ਸਹਿਮਤ ਹੋਈ ਸੀ, ਉਹ ਹੁਣ ਪਿੱਛੇ ਹਟ ਗਈ ਹੈ। ਉਸ ਸਮੇਂ ਸਰਕਾਰ ਨੇ 'ਬੈਕ ਟੂ ਵਰਕ' ਦਾ ਪੱਤਾ ਖੇਡ ਕੇ ਅਧਿਆਪਕਾਂ ਨੂੰ ਸਕੂਲਾਂ ਵਿੱਚ ਵਾਪਿਸ ਜਾਣ ਲਈ ਮਜਬੂਰ ਕੀਤਾ ਸੀ। ਪਿਛਲੇ 10 ਸਾਲਾਂ ਵਿੱਚ ਮਹਿੰਗਾਈ 15 ਫੀਸਦੀ ਵਧੀ ਹੈ, ਜਦਕਿ ਤਨਖ਼ਾਹਾਂ ਵਿੱਚ ਵਾਧਾ ਸਿਰਫ਼ 3.8 ਫੀਸਦੀ ਹੀ ਹੋਇਆ ਹੈ। ਇਸ ਦੀ ਪ੍ਰਤੀਪੂਰਤੀ ਕੀਤੀ ਜਾਵੇ ਅਤੇ ਅੱਗੇ ਤੋਂ ਮਹਿੰਗਾਈ ਵਾਧੇ ਮੁਤਾਬਕ ਤਨਖ਼ਾਹਾਂ ਨੂੰ ਤਰਕਸੰਗਤ ਬਣਾਇਆ ਜਾਵੇ। ਕੈਨੇਡਾ ਦੇ ਨਿਯਮਾਂ ਅਨੁਸਾਰ ਯੂਨੀਅਨ ਬਣਾਉਣ ਅਤੇ ਹੜਤਾਲ ਦੀ ਸਹਿਮਤੀ ਲਈ ਸਖ਼ਤ ਨਿਯਮ ਹਨ। ਜਦ ਤੱਕ ਬਹੁਸੰਮਤੀ ਅਧਿਆਪਕ ਹੜਤਾਲ ਨਾਲ ਸਹਿਮਤ ਨਾ ਹੋਣ, ਹੜਤਾਲ ਨਹੀਂ ਕੀਤੀ ਜਾ ਸਕਦੀ। ਦੂਸਰੇ ਪਾਸੇ ਸਰਕਾਰ ਲੋਕਾਂ ਦੀ ਹਮਾਇਤ ਲੈਣ ਲਈ 11 ਸਾਲ ਤੱਕ ਹਰ ਸਕੂਲੀ ਵਿਦਿਆਰਥੀ ਨੂੰ 30 ਡਾਲਰ (ਪ੍ਰਤੀ ਵਿਦਿਆਰਥੀ) ਘਰ ਬੈਠੇ ਹੀ ਦੇ ਰਹੀ ਹੈ, ਤਾਂ ਕਿ ਮਾਪਿਆਂ ਨੂੰ ਅਧਿਆਪਕਾਂ ਦੇ ਵਿਰੁੱਧ ਕੀਤਾ ਜਾ ਸਕਦੇ। ਦੋਵੇਂ ਧਿਰਾਂ, ਅਧਿਆਪਕ ਯੂਨੀਅਨ ਤੇ ਅਲਬਰਟਾ ਦੀ ਡੇਨੀਅਲ ਸਮਿੱਥ ਦੀ ਯੂਨਾਈਟਿਡ ਕੰਜ਼ਰਵੇਟਿਵ ਪਾਰਟੀ (ਯੂ ਸੀ ਪੀ) ਸਰਕਾਰ ਆਪੋ-ਆਪਣੇ ਥਾਂ ਡਟੀਆਂ ਹੋਈਆਂ ਹਨ। ਸੱਚ ਤਾਂ ਇਹ ਹੈ ਕਿ ਇੱਕ ਪਾਸੇ ਸਮੂਹ ਲੋਕਾਈ ਹੈ ਤੇ ਦੂਜੇ ਪਾਸੇ ਅਲਬਰਟਾ ਸਰਕਾਰ। ਸਰਕਾਰ ਕੋਈ ਵਿਚਲਾ ਰਾਹ ਕੱਢਣ ਦਾ ਯਤਨ ਕਰ ਰਹੀ ਹੈ। ਸਰਕਾਰ ਨੇ 3000 ਹੋਰ ਨਵੇਂ ਅਧਿਆਪਕ ਅਤੇ 1500 ਅਸਿਸਟੈਂਟ ਦੇਣ ਅਤੇ ਅਗਲੇ 4 ਸਾਲਾਂ ਵਿੱਚ ਹਰ ਸਾਲ 3 ਫੀਸਦੀ ਤਨਖ਼ਾਹਾਂ ਵਿੱਚ ਵਾਧਾ ਕਰਕੇ ਕੁੱਲ 12 ਫੀਸਦੀ ਵਾਧਾ ਕਰ ਦੇਣ ਦੀ ਪੇਸ਼ਕਸ਼ ਕੀਤੀ ਹੈ, ਪਰ ਅਧਿਆਪਕ ਇਸ ਨਾਲ ਸਹਿਮਤ ਨਹੀਂ ਹੋਏ। ਅਧਿਆਪਕ ਏਥੇ ਚੇਤੇ ਕਰਾ ਰਹੇ ਹਨ ਕਿ ਇਸ ਤੋਂ 23 ਸਾਲ ਪਹਿਲਾਂ ਫ਼ਰਵਰੀ 2002 ਵਿੱਚ ਜੋ ਤਿੰਨ ਹਫ਼ਤੇ ਅਧਿਆਪਕਾਂ ਦੀ ਸਫ਼ਲ ਹੜਤਾਲ ਹੋਈ ਸੀ, ਉਸ ਸਮੇਂ ਵੀ ਅਧਿਆਪਕਾਂ ਦੀਆਂ ਇਹੀ ਮੰਗਾਂ ਸਨ, ਜਿਹਨਾਂ ਬਾਰੇ ਸਰਕਾਰ ਸਹਿਮਤ ਹੋ ਗਈ ਸੀ, ਤਾਂ ਹੀ ਹੜਤਾਲ ਖ਼ਤਮ ਹੋਈ ਸੀ, ਪਰ ਸਰਕਾਰ ਨੇ ਹੁਣ ਤੀਕ ਵੀ ਉਹ ਪੂਰੀਆਂ ਨਹੀਂ ਕੀਤੀਆਂ। ਉਸ ਸਮੇਂ ਵੀ ਕੰਜ਼ਰਵੇਟਿਵ ਪਾਰਟੀ ਦੀ ਸਰਕਾਰ ਸੀ ਅਤੇ ਇਸ ਸਮੇਂ ਵੀ ਉਹੀ ਹੈ। ਉਸ ਹੜਤਾਲ ਸਮੇਂ ਕੈਨੇਡਾ ਦੀ ਫੈਡਰਲ ਸਰਕਾਰ ਦਾ ਪ੍ਰਧਾਨ ਮੰਤਰੀ ਲਿਬਰਲ ਪਾਰਟੀ ਦਾ ਜੌਹਨ ਕ੍ਰੀਟਨ ਸੀ ਤੇ ਇਸ ਸਮੇਂ ਲਿਬਰਲ ਪਾਰਟੀ ਦੀ ਮਾਰਕ ਕਾਰਨੀ ਦੀ ਸਰਕਾਰ ਹੈ, ਪਰੰਤੂ ਮਸਲਾ ਪਾਰਟੀ ਦਾ ਨਹੀਂ, ਸ਼੍ਰੇਣੀ ਦਾ ਹੈ। ਕਾਰਪੋਰੇਟ ਸ਼੍ਰੇਣੀ ਦੀ ਸਰਕਾਰ ਹੋਣ ਕਰਕੇ ਮਿਲਦੀਆਂ ਸਹੂਲਤਾਂ ਖੋਹਣ 'ਚ ਕੋਈ ਅੰਤਰ ਨਹੀਂ ਹੈ। ਸੰਕਟ ਵਿੱਚ ਫਸੀ ਹੋਈ ਸਰਕਾਰ ਹੁਣ ਇੱਕ ਹੋਰ ਆਖ਼ਰੀ ਦਾਅ ਖੇਡਣ ਜਾ ਰਹੀ ਹੈ।

ਕੈਨੇਡਾ ਦੀ ਫੈਡਰਲ ਸਰਕਾਰ ਨੇ ਇੱਕ ਕਾਨੂੰਨ ਪਾਸ ਕਰ ਰੱਖਿਆ ਹੈ ਕਿ ਅਗਰ ਪਾਰਲੀਮੈਂਟ ਬਹੁਸੰਮਤੀ ਨਾਲ 'ਬੈਕ ਟੂ ਵਰਕ' (ਕੰਮ 'ਤੇ ਵਾਪਸ ਜਾਓ) ਦਾ ਮਤਾ ਪਾਸ ਕਰ ਦੇਂਦੀ ਹੈ ਤਾਂ ਹੜਤਾਲੀਆਂ ਨੂੰ ਹਰ ਹਾਲਤ 'ਚ ਵਾਪਸ ਕੰਮ 'ਤੇ ਜਾਣਾ ਪੈਂਦਾ ਹੈ ਅਤੇ ਇਹ ਮੱਦ ਵੀ ਉਸ ਕਾਨੂੰਨ ਵਿੱਚ ਸ਼ਾਮਲ ਹੈ ਕਿ ਅਗਰ ਕੋਈ ਹੋਰ ਪ੍ਰਾਂਤ ਦੀ ਅਸੰਬਲੀ ਵੀ ਚਾਹੇ ਤਾਂ ਇੰਝ ਹੀ ਆਪਣੀ ਵਿਧਾਨ ਸਭਾ ਵਿੱਚ ਐਸਾ ਬਹੁਸੰਮਤੀ ਮਤਾ ਪਾਸ ਕਰ ਸਕਦੀ ਹੈ। ਹੁਣ ਅਲਬਰਟਾ ਸਰਕਾਰ ਦਾ ਇਸੇ ਮਹੀਨੇ ਆਮ ਅਜਲਾਸ ਹੈ। ਇਸ ਸ਼ੈਸ਼ਨ ਵਿੱਚ ਅਲਬਰਟਾ ਦੀ ਰੈਲਫ ਕਲਾਈਵ ਦੀ ਸਰਕਾਰ 'ਬੈਕ ਟੂ ਵਰਕ' ਦਾ ਮਤਾ ਪਾਸ ਕਰਕੇ ਅਧਿਆਪਕਾਂ ਨੂੰ ਸਕੂਲਾਂ ਵਿੱਚ ਵਾਪਿਸ ਜਾਣ ਲਈ ਉਵੇਂ ਹੀ ਮਜਬੂਰ ਕਰ ਸਕਦੀ ਹੈ, ਜਿਵੇਂ ਫ਼ਰਵਰੀ 2002 ਵਿੱਚ ਕੀਤਾ ਗਿਆ ਸੀ। ਇੱਕ ਵਿਚੋਲੀਆ ਕਮੇਟੀ ਦੀ ਸਥਾਪਨਾ ਕਰਕੇ ਅਧਿਆਪਕਾਂ ਨੂੰ ਉਸ ਕਮੇਟੀ ਨਾਲ ਲੈ-ਦੇ ਕਰਕੇ ਵਿਚਲਾ ਰਾਹ ਕੱਢ ਕੇ ਮੰਗਾਂ ਪ੍ਰਤੀ ਸਹਿਮਤੀ ਲਈ ਮਜਬੂਰ ਕੀਤਾ ਜਾਵੇਗਾ, ਜੋ ਵਾਜਿਬ ਨਹੀਂ। ਵੇਖਣ ਵਾਲੀ ਗੱਲ ਤਾਂ ਇਹ ਹੈ ਕਿ ਲੋਕਾਂ ਵਿੱਚ ਮਿਲ ਰਹੀਆਂ ਸਮਾਜਵਾਦੀ ਸਹੂਲਤਾਂ ਵਿੱਚ ਕੀਤੀ ਜਾ ਰਹੀ ਕਮੀ ਦੇ ਗੁੱਸੇ ਨੂੰ ਕੈਨੇਡਾ ਜਾਂ ਅਲਬਰਟਾ ਸਰਕਾਰ ਇੰਝ ਕਦ ਕੁ ਤੱਕ ਠੱਲ੍ਹ ਪਾ ਸਕੇਗੀ।

**# ਸੰਪਰਕ : +91-95013-65522**

# ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਨੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਵਿਸ਼ਵਕਰਮਾ ਦਿਵਸ



**ਮੋਗਾ (ਇਕਬਾਲ ਸਿੰਘ ਖਹਿਰਾ)**

ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਵਲੋਂ ਸ੍ਰਿਸ਼ਟੀ ਤੇ ਕਲਾ ਦੇ ਨਿਰਮਾਤਾ ਸ੍ਰੀ ਵਿਸ਼ਵਕਰਮਾ ਜੀ ਦਾ ਜਨਮ ਦਿਨ ਵੱਖ ਵੱਖ ਜੱਥੇਬੰਦੀਆਂ ਦੇ ਸਹਿਯੋਗ ਨਾਲ ਮਨਾਇਆ ਗਿਆ।ਸ੍ਰੀ ਗੁਰੂ ਗਰੰਥ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਜੱਥਾ ਬੀਬੀਆਂ, ਵਿਸ਼ਵਕਰਮਾ ਭਵਨ ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਭਾਈ ਰਵਿੰਦਰ ਸਿੰਘ ਤੇ ਭਾਈ ਪਰਮਜੀਤ ਸਿੰਘ ਹਜ਼ੂਰੀ ਰਾਗੀ ਦੇ ਜੱਥੇ ਵਲੋਂ ਕੀਰਤਨ ਕੀਤਾ ਗਿਆ।ਗਿਆਨੀ ਗੁਰਬਚਨ ਸਿੰਘ ਸ਼ੇਰਪੁਰੀ ਦੇ ਕਵੀਸ਼ਰੀ ਜੱਥੇ ਨੇ ਇਤਿਹਾਸਕ ਰਚਨਾਵਾਂ ਪੇਸ਼ ਕੀਤੀਆਂ।ਇਸ ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਨਾਨਕਸਰ ਕਲੇਰਾਂ ਤੋਂ ਸੰਤ ਬਾਬਾ ਲੱਖਾ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਵਿਸ਼ਵਕਰਮਾ ਦਿਵਸ ਦੀ ਮਹਤੱਤਾ ਤੇ ਰਾਮਗੜ੍ਹੀਆ ਕੌਮ ਦੀ ਤਰੱਕੀ ਬਾਰੇ ਗਲਬਾਤ ਕਰਦਿਆਂ ਸੰਗਤ ਨੂੰ ਅਪੀਲ ਕੀਤੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਪੜ੍ਹੋ ਤੇ ਅਮਲ ਕਰੋ।ਉਨ੍ਹਾਂ ਪ੍ਰੇਰਨਾ ਕੀਤੀ ਕਿ ਨਸ਼ਿਆਂ ਤੋਂ ਬੱਚਿਆਂ ਨੂੰ ਬਚਾਉਣ ਲਈ ਪਹਿਲਾ ਫਰਜ਼ ਮਾਪਿਆਂ ਦਾ ਤੇ ਦੂਜੀ ਜਿੰਮੇਵਾਰੀ ਸਮਾਜਿਕ ਸੰਸਥਾਵਾਂ ਦੀ ਬਣਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਧਰਮ ਦੀ ਏਕਤਾ ਹੋਣੀ ਜਰੂਰੀ ਹੈ ਤਾਂ ਜੋ ਅਸੀਂ ਮਿਲ ਕੇ ਨਵੇਂ ਸਮਾਜ ਦੀ ਸਿਰਜਣਾ ਕਰ ਸਕੀਏ। ਇਸ ਸਮਾਗਮ ਵਿਚ ਡਾਕਟਰ ਅਮਨਦੀਪ ਕੌਰ ਅਰੋੜਾ ਐਮ ਐਲ ਏ ਮੋਗਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਦੇ ਨਾਲ ਡਾ ਹਰਜੋਤ ਕਮਲ ਸਾਬਕਾ ਵਧਾਇਕ, ਸ੍ਰੀਮਤੀ ਮਾਲਵਿਕਾ ਸੂਦ ਸੱਚਰ, ਸੰਜੀਤ ਸਿੰਘ (ਸੰਨੀ ਗਿੱਲ), ਬਲਜੀਤ ਸਿੰਘ ਚਾਨੀ ਮੇਅਰ ਨਗਰ ਨਿਗਮ, ਹਰਜਿੰਦਰ ਸਿੰਘ ਰੋਡੇ ਚੇਅਰਮੈਨ ਮਾਰਕੀਟ ਕਮੇਟੀ, ਮਨਜੀਤ ਸਿੰਘ ਧੰਮੂ, ਗਵਰਧਨ ਪੋਪਲੀ ਤੇ ਜਗਦੀਸ਼ ਸਿੰਘ ਛਾਬੜਾ (ਸਾਰੇ ਨਗਰ ਕੌਂਸਲਰ), ਦਵਿੰਦਰ ਸਿੰਘ ਰਣੀਆ, ਗੁਰਸੇਵਕ ਸਿੰਘ ਚੀਮਾ, ਡਾਕਟਰ ਪਵਨ ਥਾਪਰ ਆਦਿ ਸ਼ਾਮਲ ਹੋਏ।ਆਪਣੇ ਸੰਬੋਧਨ ਵਿਚ ਵਧਾਈ ਸੰਦੇਸ਼ ਦਿੰਦਿਆਂ ਡਾਕਟਰ ਅਰੋੜਾ ਨੇ ਕਿਹਾ ਕਿ ਸਾਂਝੀਵਾਲਤਾ ਤੇ ਆਪਸੀ ਭਾਈਚਾਰਕ ਸਾਂਝ ਲਈ ਅਜਿਹੇ ਸਮਾਗਮ ਸਾਨੂੰ ਪਾਰਟੀ ਪੱਧਰ ਤੋਂ ਉਪਰ ਉਠ ਕੇ ਮਨਾਉਣੇ ਚਾਹੀਦੇ ਹਨ।ਇਸ ਮੌਕੇ ਐਡਵੋਕੇਟ ਪਰਮਪਾਲ ਸਿੰਘ ਤਖਤੂਪੁਰਾ, ਕੁਲਵੰਤ ਸਿੰਘ ਰਾਮਗੜ੍ਹੀਆ, ਨਿਧੱੜਕ ਸਿੰਘ ਬਰਾੜ ਤੇ ਮੁਖਤਿਆਰ ਸਿੰਘ ਸਾਬਕਾ ਐਸ.ਪੀ. ਨੇ ਵਿਸ਼ਵਕਰਮਾ ਦਿਵਸ ਸਬੰਧੀ ਵਿਚਾਰ ਪੇਸ਼ ਕੀਤੇ ਤੇ ਵਧਾਈ ਦਿੱਤੀ। ਮੰਚ ਦਾ ਸੰਚਾਲਨ ਚਰਨਜੀਤ ਸਿੰਘ ਝੰਡੇਆਣਾ ਨੇ ਬਾਖੂਬੀ ਨਿਭਾਇਆ।ਸੁਸਾਇਟੀ ਦੇ ਪ੍ਰਧਾਨ ਹਰਮੇਲ ਸਿੰਘ ਡਰੋਲੀ ਨੇ ਸੰਗਤਾਂ ਦਾ ਧੰਨਵਾਦ ਕੀਤਾ। ਸੰਤ ਬਾਬਾ ਲੱਖਾ ਸਿੰਘ, ਡਾਕਟਰ ਅਮਨਦੀਪ ਅਰੋੜਾ, ਸ੍ਰੀ ਮਤੀ ਮਾਲਵਿਕਾ ਸੂਦ ਸੱਚਰ, ਸੰਜੀਤ ਸਿੰਘ ਸੰਨੀ ਗਿੱਲ, ਬਲਜੀਤ ਸਿੰਘ ਚਾਨੀ ਮੇਅਰ ਤੇ ਹੋਰ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ।ਸਮਾਗਮ ਦੀ ਸਫਲਤਾ ਲਈ ਸੋਹਣ ਸਿੰਘ ਸੱਗੂ, ਰਾਜਾ ਸਿੰਘ ਭਾਰਤ ਵਾਲੇ, ਮਾਸਟਰ ਇੰਦਰਜੀਤ ਸਿੰਘ, ਚਮਕੌਰ ਸਿੰਘ ਝੰਡੇਆਣਾ, ਗੁਰਦਰਸ਼ਨ ਸਿੰਘ, ਬਚਿੱਤਰ ਸਿੰਘ ਕਲਸੀ, ਦਲਜੀਤ ਸਿੰਘ, ਚਰਨਜੀਤ ਸਿੰਘ ਬੰਮਰਾਹ, ਗੁਰਨਾਮ ਸਿੰਘ ਲਵਲੀ, ਹਾਕਮ ਸਿੰਘ ਖੋਸਾ, ਮਹਿੰਦਰ ਸਿੰਘ ਕਲਸੀ ਤੇ ਹੋਰ ਮੈਂਬਰਾਂ ਨੇ ਮਿਹਨਤ ਕੀਤੀ।

# ਵਿਧਾਇਕ ਰੇਹੜੀ ਫੜ੍ਹੀ ਉਜਾੜੇ ਦੇ ਪੀੜਤਾਂ ਨੂੰ ਮੀਟਿੰਗ ਦੇ ਕੇ ਮੁੱਕਰਿਆ



**ਜਲਾਲਾਬਾਦ/ਮੰਡੀ ਘੁਬਾਇਆ (ਪਰਮਜੀਤ ਢਾਬਾਂ, ਰਣਬੀਰ ਕੌਰ, ਬਲਵਿੰਦਰ ਸਿੰਘ)**

ਰੇਹੜੀ ਫੜ੍ਹੀ ਉਜਾੜੇ ਦੇ ਪੀੜਤਾਂ ਵੱਲੋਂ ਸਾਂਝੀ ਮੀਟਿੰਗ ਸੰਯੁਕਤ ਕਿਸਾਨ ਮੋਰਚੇ ਵੱਲੋਂ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਸੁਰਿੰਦਰ ਢੰਡੀਆਂ ਦੀ ਪ੍ਰਧਾਨਗੀ ਹੇਠ ਕੀਤੀ ਗਈ। ਐਮ.ਐਲ.ਏ ਜਗਦੀਪ ਕੰਬੋਜ ਗੋਲਡੀ ਮੀਟਿੰਗ ਦਾ ਸਮਾਂ ਦੇ ਕੇ ਮੁੱਕਰ ਗਿਆ।

ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਵੱਲੋਂ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਤੇ 29 ਅਕਤੂਬਰ ਨੂੰ ਸ਼ਹਿਰ ਦੇ ਬਜ਼ਾਰਾਂ ਵਿੱਚ ਰੋਸ਼ ਪ੍ਰਦਰਸ਼ਨ ਕਰਕੇ ਐਸ ਡੀ ਐਮ ਤੇ ਐਮ ਐਲ ਏ ਦੇ ਪੁਤਲੇ ਫੂਕੇ ਜਾਣਗੇ।ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੀਨੀਅਰ ਆਗੂ ਰੇਸ਼ਮ ਮਿੱਡਾ, ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਹਰਦੀਪ ਸਿੰਘ ਬੀ ਕੇ ਯੂ ਡਕੌਂਦਾ ਧਨੇਰ ਦੇ ਬਲਾਕ ਪ੍ਰਧਾਨ ਪ੍ਰਵੀਨ ਮੌਲਵੀ ਵਾਲਾ, ਬੀ.ਕੇ.ਯੂ ਡਕੌਂਦਾ ਬੁਰਜ ਗਿੱਲ ਦੇ ਜ਼ਿਲ੍ਹਾ ਪ੍ਰਧਾਨ ਜੋਗਾ ਸਿੰਘ, ਪੰਜਾਬ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਅਸ਼ੋਕ ਕੰਬੋਜ, ਕੁੱਲ ਹਿੰਦ ਖੇਤ ਮਜ਼ਦੂਰ ਸਭਾ ਦੇ ਆਗੂ ਕਾਮਰੇਡ ਨੱਥਾ ਸਿੰਘ, ਬੀ.ਕੇ.ਯੂ ਉਗਰਾਹਾਂ ਵੱਲੋਂ ਮੀਟਿੰਗ ਦੇ ਫ਼ੈਸਲੇ ਨੂੰ ਸਹਿਮਤੀ ਦਿੱਤੀ ਅਤੇ ਸੰਘਰਸ਼ਸ਼ੀਲ ਜਥੇਬੰਦੀਆਂ ਦੇ ਆਗੂਆਂ ਨੇ ਦੱਸਿਆ ਕਿ ਪ੍ਰਸ਼ਾਸਨ ਤੇ ਐਮ ਐਲ ਏ ਜਗਦੀਪ ਕੰਬੋਜ ਗੋਲਡੀ ਦੀ ਬੇਰੁਖੀ ਜੱਗ ਜ਼ਾਹਰ ਹੋ ਚੁੱਕੀ ਕਿ ਆਮ ਆਦਮੀ ਹੋਣ ਦਾ ਦਾਅਵਾ ਕਰਨ ਵਾਲੀ ਪਾਰਟੀ ਆਮ ਆਦਮੀਆਂ (ਰੇਹੜੀ ਫੜ੍ਹੀ) ਨਾਲ ਮੀਟਿੰਗ ਕਰਨ ਤੋਂ ਭੱਜ ਗਈ ਹੈ, ਜੋ ਇਨ੍ਹਾਂ ਮਿਹਨਤਕਸ਼ ਲੋਕਾਂ ਤੇ ਜਬਰ ਢਾਉਣ ਵਾਲੀ ਸਰਕਾਰ ਨੇ ਦੁਸਹਿਰੇ ਦਿਵਾਲੀ ਵਰਗੇ ਤਿਉਹਾਰਾਂ ਤੇ ਵੀ ਰੇਹੜੀ-ਫੜ੍ਹੀ ਉਜਾੜੇ ਦੇ ਪੀੜਤਾਂ ਨੂੰ ਰਿਜਕ ਨਹੀਂ ਕਮਾਉਣ ਦਿੱਤਾ ਇਸ ਦਾ ਖਮਿਆਜ਼ਾ ਸਰਕਾਰ ਨੂੰ ਭੁਗਤਣਾ ਪਵੇਗਾ। ਆਉਣ ਵਾਲੀ 29 ਤੋਂ ਤਿੱਖੇ ਐਕਸ਼ਨਾਂ ਦਾ ਅਗਾਜ਼ ਸ਼ੁਰੂ ਕੀਤਾ ਜਾਵੇਗਾ।ਜ਼ਿਕਰਯੋਗ ਹੈ ਕਿ ਐਮ.ਐਲ.ਏ ਨੇ ਰੇਹੜੀ ਫੜ੍ਹੀ ਉਜਾੜੇ ਦੇ ਪੀੜਤਾਂ ਨੂੰ ਜਿਸ ਨਵੇਂ ਬਣੇ ਸ਼ੈੱਡ ਤੋਂ ਉਜਾੜਨ ਦਾ ਯਤਨ ਕੀਤਾ ਹੈ। ਕੁੱਝ ਸਮਾਂ ਪਹਿਲਾਂ ਆਪ ਹੀ ਧੁੱਪ 'ਚ ਸਬਜ਼ੀਆਂ ਵੇਚ ਰਹੇ ਇਨ੍ਹਾਂ ਰੇਹੜੀ ਫੜ੍ਹੀ ਵਾਲਿਆਂ ਲਈ ਇਸ ਨਵੇਂ ਸ਼ੈੱਡ ਦਾ ਉਦਘਾਟਨ ਕੀਤਾ ਗਿਆ ਸੀ, ਆਪ ਹੀ ਹੁਣ ਉਜਾੜਿਆ ਜਾ ਰਿਹਾ ਹੈ, ਜੋ ਸਰਾਸਰ ਕਿਰਤੀਆਂ ਨਾਲ ਧੱਕੇਸ਼ਾਹੀ ਹੈ।

## ਟਰੈਕਟਰ-ਟਰਾਲੇ ਤੇ ਮੋਟਰਸਾਈਕਲ ਦੀ ਟੱਕਰ 'ਚ ਨੌਜਵਾਨ ਦੀ ਮੌਤ, ਦੋ ਜ਼ਖ਼ਮੀ, ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਟਰੈਕਟਰ ਟਰਾਲੇ ਅਤੇ ਮੋਟਰਸਾਈਕਲ ਦੀ ਟੱਕਰ ਵਿਚ ਇਕ ਨੌਜਵਾਨ ਦੀ ਮੌਤ ਅਤੇ ਉਸ ਦੇ ਦੋ ਦੋਸਤਾਂ ਦੇ ਜ਼ਖਮੀ ਹੋਣ ਦੀ ਖਬਰ ਮਿਲੀ ਹੈ।

ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਟਰੱਕ ਚਾਲਕ ਖਿਲਾਫ 106, 281, 125 (ਏ), 125 (ਬੀ) ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਰਾਜ ਕੁਮਾਰ ਪੁੱਤਰ ਅਨੰਤ ਕੁਮਾਰ ਵਾਸੀ ਕੈਨਾਲ ਕਲੋਨੀ ਨੇ ਦੱਸਿਆ ਕਿ ਉਸ ਦਾ ਲੜਕਾ ਅਤੇ ਉਸ ਦੇ ਦੋ ਦੋਸਤ ਮਲੀ ਪੁੱਤਰ ਸੁੱਚਾ ਵਾਸੀ ਪਿੰਡ ਪੀਰ ਕੇ, ਹਰਮਨ ਪੁੱਤਰ ਸੁਖਚੈਨ ਵਾਸੀ ਕੋਠੀ ਰਾਏ ਸਾਹਿਬ ਮੋਟਰਸਾਈਕਲ ਨੰਬਰ ਪੀਬੀ 05 ਐੱਸ 1175 'ਤੇ ਸਵਾਰ ਹੋ ਕੇ ਸਾਡੇ ਘਰ ਆਏ ਅਤੇ ਉਸ ਦਾ ਲੜਕਾ ਵਿਸ਼ਾਲ ਇਨ੍ਹਾਂ ਨਾਲ ਪਟਾਕੇ ਲੈਣ ਲਈ ਸ਼ਹਿਰ ਨੂੰ ਗਿਆ।

ਰਾਜ ਕੁਮਾਰ ਨੇ ਦੱਸਿਆ ਕਿ ਉਹ ਇਨ੍ਹਾਂ ਦੇ ਪਿਛੇ ਸੀ, ਜਦ ਇਹ ਨਹਿਰ ਮਹਿਕਮੇ ਕੋਠੀ ਰਾਏ ਸਾਹਿਬ ਨੰਬਰ 6 ਕੋਲ ਪੁੱਜੇ ਤਾਂ ਸਾਹਮਣੇ ਤੋਂ ਤੇਜ਼ ਰਫ਼ਤਾਰ ਟਰੈਕਟਰ ਟਰਾਲਾ ਵਿਚ ਆ ਕੇ ਵੱਜਿਆ, ਜਿਸ ਨਾਲ ਉਸ ਦੇ ਲੜਕੇ ਅਤੇ ਇਸ ਦੇ ਤਿੰਨਾਂ ਦੋਸਤਾਂ ਦੇ ਸੱਟਾਂ ਲੱਗੀਆਂ। ਰਾਜ ਕੁਮਾਰ ਨੇ ਦੱਸਿਆ ਕਿ ਉਸ ਦੇ ਲੜਕੇ ਦੀ ਇਲਾਜ ਦੌਰਾਨ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਪਵਨ ਕੁਮਾਰ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਟਰੈਕਟਰ-ਟਰਾਲੇ ਚਾਲਕ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਦੂਜੇ ਰਾਜਾਂ ਤੋਂ ਝੋਨੇ ਦੀ ਆਮਦ ਰੋਕਣ ਲਈ ਨਾਕੇ ਲਾ ਕੇ ਰੱਖੀ ਜਾ ਰਹੀ ਸਖਤ ਨਿਗਰਾਨੀ

**ਪਟਿਆਲ਼ਾ (ਰਾਜਿੰਦਰ ਥਿੰਦ)**-ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਵੰਦਨਾ ਕੰਬੋਜ ਨੇ ਕਿਹਾ ਕਿ ਬਾਹਰਲੇ ਸੂਬਿਆਂ ਤੋਂ ਝੋਨੇ ਦੀ ਫ਼ਸਲ ਲਿਆ ਕੇ ਜ਼ਿਲ੍ਹੇ ਦੀਆਂ ਵੱਖ-ਵੱਖ ਮੰਡੀਆਂ ਵਿੱਚ ਵੇਚਣਾ ਗੈਰ ਕਾਨੂੰਨੀ ਹੈ ਤੇ ਜ਼ਿਲ੍ਹੇ ਨਾਲ ਲੱਗਦੇ ਗੁਆਂਢੀ ਰਾਜ 'ਤੇ ਨਾਕੇ ਲਾ ਕੇ ਸਖਤ ਨਿਗਰਾਨੀ ਰੱਖੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਹੋਰਨਾਂ ਰਾਜਾਂ ਤੋਂ ਆਉਣ ਵਾਲੀ ਫ਼ਸਲ ਨੂੰ ਜ਼ਿਲ੍ਹੇ ਦੀਆਂ ਮੰਡੀਆਂ 'ਚ ਵਿਕਣ ਨਹੀਂ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਖਤ ਹਦਾਇਤਾਂ ਹਨ ਕਿ ਬਾਹਰੀ ਸੂਬੇ ਦੀ ਫ਼ਸਲ ਪੰਜਾਬ ਦੀਆਂ ਮੰਡੀਆਂ ਵਿੱਚ ਨਹੀਂ ਆਉਣੀ ਚਾਹੀਦੀ।ਇਸੇ ਤਹਿਤ ਇੰਟਰਸਟੇਟ ਬੈਰੀਅਰ ਤੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾ ਰਹੀ ਹੈ ਤੇ ਬਾਹਰਲਿਆਂ ਸੂਬਿਆਂ ਤੋਂ ਆਉਣ ਵਾਲੀ ਫ਼ਸਲ ਨੂੰ ਫੜਨ ਲਈ ਟੀਮਾਂ ਦੀ ਤਾਇਨਾਤੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਕਾਲਾ ਬਜ਼ਾਰੀ ਨੂੰ ਰੋਕਣ ਲਈ ਇਕ ਪਲਾਨਿੰਗ ਤਹਿਤ ਹਰ ਇਕ ਐਂਟਰੀ ਪੁਆਇੰਟ ਤੇ ਬਾਹਰਲੇ ਰਾਜਾਂ ਤੋਂ ਆਉਣ ਵਾਲੀ ਫ਼ਸਲ ਨੂੰ ਰੋਕਣ ਲਈ ਪੂਰੇ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਦੋਸ਼ੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ ਦੇ ਮਦੇਨਜਰ ਸਮੂਹ ਜ਼ਿਲ੍ਹਾ ਮੰਡੀ ਅਧਿਕਾਰੀਆਂ ਤੇ ਮਾਰਕੀਟ ਕਮੇਟੀ ਦੇ ਸਕੱਤਰਾਂ ਨੂੰ ਮੰਡੀਆਂ 'ਚ ਹੋਰਨਾਂ ਸੂਬਿਆਂ ਤੋਂ ਝੋਨੇ ਦੀ ਆਮਦ 'ਤੇ ਤਿੱਖੀ ਨਜ਼ਰ ਰੱਖਣ ਲਈ ਵੀ ਕਿਹਾ।ਉਨ੍ਹਾਂ ਕਿਹਾ ਕਿ ਰਾਜਸਥਾਨ ਦੀ ਸਰਹੱਦ ਨਾਲ ਲੱਗਦੀਆਂ ਮੰਡੀਆਂ ਵਿੱਚ ਬਾਹਰੋਂ ਵੱਡੀ ਮਾਤਰਾ 'ਚ ਫ਼ਸਲ ਆਉਣ ਦੇ ਖ਼ਦਸ਼ੇ ਕਾਰਨ ਨਜ਼ਰਸਾਨੀ ਬਣਾਈ ਰੱਖਣ ਦੀ ਜ਼ਰੂਰਤ ਹੈ।ਉਨ੍ਹਾਂ ਕਿਹਾ ਕਿ ਗੁਆਂਢੀ ਸੂਬੇ ਨਾਲ ਲੱਗਦੀਆਂ ਹੱਦਾਂ 'ਤੇ ਵਿਸ਼ੇਸ਼ ਅੰਤਰਰਾਜੀ ਸਰਹੱਦੀ ਚੌਕੀਆਂ ਸਥਾਪਤ ਕੀਤੀਆਂ ਗਈਆਂ ਹਨ।

## ਕੁੱਟਮਾਰ ਕਰਨ ਦੇ ਦੋਸ਼ 'ਚ 6 ਖਿਲਾਫ਼ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੱਲਾਂਵਾਲਾ ਦੇ ਪਿੰਡ ਹਾਮਦ ਵਾਲਾ ਹਿਠਾੜ ਵਿਖੇ ਪੁਰਾਣੇ ਝਗੜੇ ਦੇ ਚੱਲਦਿਆਂ ਇਕ ਵਿਅਕਤੀ ਦੀ ਕੁੱਟਮਾਰ ਕਰਕੇ ਜ਼ਖ਼ਮੀ ਕਰਨ ਦੇ ਦੋਸ਼ ਵਿੱਚ ਥਾਣਾ ਮੱਲਾਂਵਾਲਾ ਪੁਲਸ ਨੇ 6 ਵਿਅਕਤੀਆਂ ਖਿਲਾਫ਼ 112 (2), 191 (3), 190 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਜਸਵੰਤ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਪਿੰਡ ਹਾਮਦ ਵਾਲਾ ਹਿਠਾੜ ਨੇ ਦੱਸਿਆ ਕਿ ਦੋਸ਼ੀਅਨ ਰਣਬੀਰ ਸਿੰਘ ਪੁੱਤਰ ਨਿਸ਼ਾਨ ਸਿੰਘ, ਭਗਵਾਨ ਸਿੰਘ ਪੁੱਤਰ ਕਸ਼ਮੀਰ ਸਿੰਘ, ਨਿਸ਼ਾਨ ਸਿੰਘ ਪੁੱਤਰ ਕਸ਼ਮੀਰ ਸਿੰਘ, ਗੁਰਦੇਵ ਸਿੰਘ ਪੁੱਤਰ ਮਹਿੰਗਾ ਸਿੰਘ, ਮਹਿੰਦਰ ਸਿੰਘ ਪੁੱਤਰ ਕਾਲਾ ਸਿੰਘ, ਕਸ਼ਮੀਰ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਹਾਮਦ ਵਾਲਾ ਹਿਠਾੜ ਨੇ ਹਮਮਸ਼ਵਰਾ ਹੋ ਕੇ ਉਸ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ। ਜਸਵੰਤ ਸਿੰਘ ਨੇ ਦੱਸਿਆ ਕਿ ਉਕਤ ਦੋਸ਼ੀਅਨ ਨਾਲ ਪੁਰਾਣਾ ਝਗੜਾ ਚੱਲ ਰਿਹਾ ਹੈ। ਇਸੇ ਰੰਜਿਸ਼ ਦੇ ਚੱਲਦਿਆਂ ਉਕਤ ਦੋਸ਼ੀਅਨ ਨੇ ਉਸ ਦੀ ਕੁੱਟਮਾਰ ਕੀਤੀ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਕਾਤਰਾਂ

### ਪੰਜਾਬ ਲੋਕ ਸੇਵਾ ਕਮਿਸ਼ਨ ਵੱਲੋਂ ਪ੍ਰੀਖਿਆ ਤਰੀਕਾਂ ਦਾ ਐਲਾਨ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਲੋਕ ਸੇਵਾ ਕਮਿਸ਼ਨ ਨੇ ਪੰਜਾਬ ਰਾਜ ਸਿਵਲ ਸੇਵਾਵਾਂ ਸੰਯੁਕਤ ਮੁਕਾਬਲਾ ਪ੍ਰੀਖਿਆ ਲਈ ਮੁੱਢਲੀ ਪ੍ਰੀਖਿਆ ਦੀ ਮਿਤੀ ਦਾ ਐਲਾਨ ਕਰ ਦਿੱਤਾ ਹੈ।ਕਮਿਸ਼ਨ ਵੱਲੋਂ ਜਾਰੀ ਸੂਚਨਾ ਅਨੁਸਾਰ ਪੀ ਸੀ ਐਸ ਦੀ ਮੁੱਢਲੀ ਪ੍ਰੀਖਿਆ 7 ਦਸੰਬਰ ਨੂੰ ਆਯੋਜਤ ਕੀਤੀ ਜਾਵੇਗੀ, ਜਿਹੜੇ ਉਮੀਦਵਾਰ ਇਸ ਵੱਕਾਰੀ ਪ੍ਰੀਖਿਆ ਦੀ ਤਿਆਰੀ ਕਰ ਰਹੇ ਹਨ, ਉਨ੍ਹਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਅਧਿਕਾਰਤ ਐਲਾਨ ਅਨੁਸਾਰ ਆਪਣੀ ਤਿਆਰੀ ਨੂੰ ਅੰਤਿਮ ਰੂਪ ਦੇਣ।ਪ੍ਰੀਖਿਆ ਨਾਲ ਸਬੰਧਤ ਐਡਮਿਟ ਕਾਰਡ ਅਤੇ ਹੋਰ ਮਹੱਤਵਪੂਰਨ ਜਾਣਕਾਰੀ ਜਲਦੀ ਹੀ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਦੀ ਅਧਿਕਾਰਤ ਵੈੱਬਸਾਈਟ 'ਤੇ ਜਾਰੀ ਕੀਤੀ ਜਾਵੇਗੀ।

### ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਸੰਬੰਧੀ ਪ੍ਰਭਾਤ ਫੇਰੀਆਂ 1 ਤੋਂ

**ਲੌਂਗੋਵਾਲ (ਪ੍ਰਦੀਪ ਸੱਪਲ)**-ਸਥਾਨਕ ਗੁਰਦੁਆਰਾ ਭਾਈ ਕੀ ਸਮਾਧ ਦੇ ਸੇਵਾਦਾਰ ਭਾਈ ਸਰਬਜੀਤ ਸਿੰਘ ਨੇ ਦੱਸਿਆ ਕਿ 1 ਨਵੰਬਰ ਤੋਂ ਸਲਾਈਟ ਲੌਂਗੋਵਾਲ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਸਬੰਧੀ ਪ੍ਰਭਾਤ ਫੇਰੀਆਂ ਕੱਢੀਆਂ ਜਾਣਗੀਆਂ।ਉਹਨਾਂ ਦੱਸਿਆ ਕਿ ਪ੍ਰਭਾਤ ਫੇਰੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਸਾਰੀਆਂ ਤਿਆਰੀਆਂ ਚੱਲ ਰਹੀਆਂ ਹਨ ਅਤੇ ਸਮੂਹ ਸਟਾਫ ਵਿੱਚ ਬੜੀ ਖੁਸ਼ੀ ਪਾਈ ਜਾ ਰਹੀ ਹੈ।

### ਬਾਬਾ ਨਾਮਦੇਵ ਜੀ ਦੇ 755ਵੇਂ ਪ੍ਰਕਾਸ਼ ਪੁਰਬ ਸੰਬੰਧੀ ਸਮਾਗਮ ਭਲਕ ਤੋਂ

**ਲੌਂਗੋਵਾਲ (ਪ੍ਰਦੀਪ ਸੱਪਲ)**-ਭਾਈ ਬਲਦੇਵ ਸਿੰਘ ਲੌਂਗੋਵਾਲ ਇੰਟਰਨੈਸ਼ਨਲ ਢਾਡੀ ਜਥਾ ਤਖਤ ਦਮਦਮਾ ਸਾਹਿਬ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਭਗਤ ਬ੍ਰਹਮ ਗਿਆਨੀ ਬਾਬਾ ਨਾਮਦੇਵ ਜੀ ਦੇ 755ਵੇਂ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਬ੍ਰਹਮ ਗਿਆਨੀ ਬਾਬਾ ਨਾਮਦੇਵ ਜੀ ਵੈਲਫੇਅਰ ਐਂਡ ਚੈਰੀਟੇਬਲ ਸੁਸਾਇਟੀ ਬਰਨਾਲਾ ਵੱਲੋਂ 24 ਤੋਂ 26 ਅਕਤੂਬਰ ਤੱਕ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਭਾ ਵੱਲੋਂ 24 ਅਕਤੂਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਆਰੰਭ ਹੋਣਗੇ ਅਤੇ 25 ਅਕਤੂਬਰ ਨੂੰ ਨਗਰ ਕੀਰਤਨ ਸਜਾਏ ਜਾਣਗੇ ਅਤੇ 26 ਅਕਤੂਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਭੋਗ ਪਾਏ ਜਾਣਗੇ। ਰਾਤ ਨੂੰ 7 ਵਜੇ ਤੋਂ 10 ਵਜੇ ਤੱਕ ਮਹਾਨ ਕੀਰਤਨ ਦਰਬਾਰ ਹੋਵੇਗਾ।

### ਹੋਲੀ ਹਾਰਟ ਸਕੂਲ ਦੇ ਚੇਅਰਮੈਨ ਵੱਲੋਂ ਵਿਸ਼ਵਕਰਮਾ ਜਯੰਤੀ ਦੀਆਂ ਵਧਾਈਆਂ

**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵੱਲੋਂ ਵਿਸ਼ਵਕਰਮਾ ਜਯੰਤੀ ਬੜੇ ਧਾਰਮਿਕ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਈ ਗਈ।ਇਸ ਮੌਕੇ ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ ਨੇ ਸਮੂਹ ਸਟਾਫ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਿਸ਼ਵਕਰਮਾ ਜਯੰਤੀ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਭਗਵਾਨ ਵਿਸ਼ਵਕਰਮਾ ਨੂੰ ਸ੍ਰਿਸ਼ਟੀ ਦਾ ਪਹਿਲਾ ਇੰਜੀਨੀਅਰ ਮੰਨਿਆ ਜਾਂਦਾ ਹੈ, ਜਿਨ੍ਹਾਂ ਨੇ ਆਪਣੇ ਬੁੱਧੀ-ਬਲ ਅਤੇ ਕਲਾ ਨਾਲ ਸਿਰਜਣਾ ਦੀ ਪ੍ਰੇਰਨਾ ਦਿੱਤੀ। ਇਸ ਦਿਨ ਨੂੰ ਮਿਹਨਤ, ਕੌਸ਼ਲ ਅਤੇ ਰਚਨਾਤਮਕਤਾ ਨੂੰ ਸਲਾਮ ਕਰਨ ਵਾਲਾ ਦਿਨ ਮੰਨਿਆ ਜਾਂਦਾ ਹੈ।ਇਸ ਮੌਕੇ ਸਕੂਲ ਪ੍ਰਿੰਸੀਪਲ ਸ਼ਾਕਸੀ ਗੁਲੇਰੀਆ ਨੇ ਵੀ ਸਾਰੇ ਵਿਦਿਆਰਥੀਆਂ ਨੂੰ ਵਿਸ਼ਵਕਰਮਾ ਜਯੰਤੀ ਦੀਆਂ ਮੁਬਾਰਕਾਂ ਦਿੱਤੀਆਂ।

# ਪਟਾਕੇ ਵੇਚਣ ਵਾਲੇ 6 ਵਿਅਕਤੀਆਂ ਖਿਲਾਫ਼ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਵਿਖੇ ਵੱਖ-ਵੱਖ ਥਾਂਵਾਂ 'ਤੇ ਪਟਾਕੇ ਰੱਖ ਕੇ ਵੇਚਣ ਵਾਲੇ 6 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਖਿਲਾਫ਼ ਵੱਖ-ਵੱਖ ਥਾਣਿਆਂ 'ਚ 223 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਐੱਚਸੀ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਉਧਮ ਸਿੰਘ ਚੌਕ ਵਿਖੇ ਪੁੱਜੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਪ੍ਰਤੀਕ ਵੋਹਰਾ ਪੁੱਤਰ ਰਵਿੰਦਰ ਕੁਮਾਰ ਵਾਸੀ ਹਾਊਸਿੰਗ ਬੋਰਡ ਕਲੋਨੀ ਫ਼ਿਰੋਜ਼ਪੁਰ ਸ਼ਹਿਰ ਦੀ ਪਾਰਕਿੰਗ 'ਚ ਪਟਾਕੇ ਰੱਖ ਕੇ ਵੇਚ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ 'ਤੇ ਛਾਪੇਮਾਰੀ ਕਰਕੇ ਉਸ ਨੂੰ ਪਟਾਕਿਆਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਇਸੇ ਹੀ ਥਾਣੇ ਦੇ ਸਹਾਇਕ ਥਾਣੇਦਾਰ ਜਗਰੂਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਚੌਕ ਭਗਵਾਨ ਵਾਲਮੀਕਿ ਪਾਸ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਰਤਨ ਕੁਮਾਰ ਪੁੱਤਰ ਕਿਦਾਰ ਪਾਸਵਾਨ ਵਾਸੀ ਪਿੰਡ ਬਰਿਆਰਪੁਰ ਸਟੇਸ਼ਨ ਜ਼ਿਲ੍ਹਾ ਮੁੰਗੇਰ (ਬਿਹਾਰ) ਹਾਲ ਨੇੜੇ ਮਹਿਤਾ ਡੇਅਰੀ, ਬਾਰਡਰ ਰੋਡ, ਫ਼ਿਰੋਜ਼ਪੁਰ ਸ਼ਹਿਰ ਜੋ ਮੁਲਤਾਨੀ ਗੇਟ ਦੇ ਕੋਲ ਪਟਾਕਿਆਂ ਦੀ ਦੁਕਾਨ ਲਾ ਕੇ ਵੇਚ ਰਿਹਾ ਹੈ। ਥਾਣਾ ਕੈਂਟ ਫ਼ਿਰੋਜ਼ਪੁਰ ਦੇ ਸਹਾਇਕ ਥਾਣੇਦਾਰ ਰਮਨ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਦੇ ਸਬੰਧ ਵਿਚ ਲਾਈਟਾਂ ਵਾਲਾ ਚੌਕ ਫ਼ਿਰੋਜ਼ਪੁਰ ਕੈਂਟ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਸੁਰਿੰਦਰ ਕੁਮਾਰ ਪੁੱਤਰ ਓਮ ਪ੍ਰਕਾਸ਼ ਵਾਸੀ ਬਜ਼ਾਰ ਨੰਬਰ 2 ਫ਼ਿਰੋਜ਼ਪੁਰ ਕੈਂਟ ਕਾਂਜੀ ਹਾਊਸ ਬਾਜ਼ਾਰ ਵਿਚ ਸੰਘਣੀ ਆਬਾਦੀ 'ਚ ਫੱਟੇ ਲਾ ਕੇ ਪਟਾਕੇ ਵੇਚਣ ਲਈ ਅੱਡਾ ਲਾਇਆ ਹੋਇਆ ਹੈ ਤੇ ਹੁਣ ਵੀ ਪਟਾਕੇ ਕੋਈ ਲਾਇਸੰਸ ਨਹੀਂ ਹੈ। ਜੇਕਰ ਉਸ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਉਹ ਸਮੇਤ ਪਟਾਕਿਆਂ ਦੇ ਕਾਬੂ ਆ ਸਕਦਾ ਹੈ। ਪੁਲਸ ਨੇ ਦੱਸਿਆ ਕਿ ਉਕਤ ਜਗ੍ਹਾ 'ਤੇ ਛਾਪੇਮਾਰੀ ਕੀਤੀ ਗਈ ਤੇ ਦੋਸ਼ੀ ਨੂੰ ਗ੍ਰਿਫ਼ਤਾਰ ਕਰਕੇ ਉਸ ਕੋਲੋਂ ਵੱਖ-ਵੱਖ ਮਾਰਕਿਆਂ ਦੇ ਪਟਾਕੇ ਬਰਾਮਦ ਹੋਏ। ਸਹਾਇਕ ਥਾਣੇਦਾਰ ਸਲਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਦੇ ਸੰਬਧ ਵਿਚ ਟੀ ਪੁਆਇੰਟ ਜੈ ਮਾਂ ਨਗਰ ਫ਼ਿਰੋਜ਼ਪੁਰ ਕੈਂਟ ਮੌਜੂਦ ਸੀ ਤਾਂ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਸੰਦੀਪ ਪੁੱਤਰ ਸੁਖਦਿਆਲ ਵਾਸੀ ਮਕਾਨ ਨੰਬਰ 8 ਗਲੀ ਨੰਬਰ 22 ਬਸਤੀ ਟੈਂਕਾਂ ਵਾਲੀ ਫ਼ਿਰੋਜ਼ਪੁਰ ਕੈਂਟ ਬਸਤੀ ਟੈਂਕਾਂਵਾਲੀ ਬਾਜ਼ਾਰ 'ਚ ਫੱਟੇ ਲਾ ਕੇ ਪਟਾਕੇ ਵੇਚਣ ਲਈ ਅੱਡਾ ਲਾ ਕੇ ਪਟਾਕੇ ਵੇਚ ਰਿਹਾ ਹੈ ਤੇ ਜਿਸ ਦੇ ਆਸ-ਪਾਸ ਸੰਘਣੀ ਆਬਾਦੀ ਹੈ, ਜਿਸ ਪਾਸ ਕੋਈ ਲਾਇਸੰਸ ਨਹੀਂ ਹੈ। ਜੇਕਰ ਉਸ 'ਤੇ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਉਹ ਸਮੇਤ ਪਟਾਕਿਆਂ ਦੇ ਕਾਬੂ ਆ ਸਕਦਾ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਕਾਬੂ ਕਰਕੇ ਉਸ ਕੋਲੋਂ ਵੱਖ-ਵੱਖ ਮਾਰਕਿਆਂ ਦੇ ਪਟਾਕੇ ਬਰਾਮਦ ਕੀਤੇ ਗਏ। ਥਾਣਾ ਕੈਂਟ ਫ਼ਿਰੋਜ਼ਪੁਰ ਦੇ ਹੀ ਸਹਾਇਕ ਥਾਣੇਦਾਰ ਜਸਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਚੁੰਗੀ ਨੰਬਰ 7 ਫ਼ਿਰੋਜ਼ਪੁਰ ਕੈਂਟ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਸੋਨੂੰ ਪੁੱਤਰ ਬਾਠਾ ਵਾਸੀ ਇੰਦਰਾ ਕਾਲੋਨੀ ਨੇੜੇ ਚੇਤਨ ਹਾਲ ਫ਼ਿਰੋਜ਼ਪੁਰ ਕੈਂਟ ਸੰਘਣੀ ਆਬਾਦੀ 'ਚ ਫੱਟੇ ਲਾ ਕੇ ਪਟਾਕੇ ਵੇਚਣ ਲਈ ਅੱਡਾ ਲਾ ਕੇ ਬਿਨਾਂ ਲਾਇਸੰਸ ਪਟਾਕੇ ਵੇਚ ਰਿਹਾ ਹੈ। ਜੇਕਰ ਉਸ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਸਮੇਤ ਪਟਾਕਿਆਂ ਕਾਬੂ ਆ ਸਕਦਾ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ 'ਤੇ ਛਾਪੇਮਾਰੀ ਕੀਤੀ ਗਈ ਤੇ ਉਸ ਕੋਲੋਂ ਵੱਖ-ਵੱਖ ਮਾਰਕਿਆਂ ਦੇ ਪਟਾਕੇ ਬਰਾਮਦ ਕੀਤੇ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ਼ ਮਾਮਲ ਦਰਜ ਕਰ ਲਏ ਗਏ ਹਨ।

## ਨਜਾਇਜ਼ ਪਟਾਕੇ ਰੱਖ ਕੇ ਵੇਚਣ ਵਾਲੇ ਦੋ ਗ੍ਰਿਫ਼ਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਵੱਖ ਵੱਖ ਥਾਵਾਂ 'ਤੇ ਨਜਾਇਜ਼ ਪਟਾਕੇ ਰੱਖ ਕੇ ਵੇਚਣ ਵਾਲੇ ਦੋ ਵਿਅਕਤੀਆਂ ਨੂੰ ਥਾਣਾ ਸਿਟੀ ਫ਼ਿਰੋਜ਼ਪੁਰ ਪੁਲਸ ਨੇ ਗ੍ਰਿਫ਼ਤਾਰ ਕਰਕੇ ਉਨ੍ਹਾਂ ਖਿਲਾਫ਼ 223 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਥਾਣਾ ਸਿਟੀ ਫ਼ਿਰੋਜ਼ਪੁਰ ਦੇ ਸਹਾਇਕ ਥਾਣੇਦਾਰ ਅਯੂਬ ਮਸੀਹ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਅਜੇ ਵਧਵਾ ਪੁੱਤਰ ਸਤਪਾਲ ਵਾਸੀ ਗਾਂਧੀ ਨਗਰ ਨੇੜੇ ਹਨੂੰਮਾਨ ਮੰਦਰ, ਜੋ ਹਾਊਸਿੰਗ ਬੋਰਡ ਕਲੋਨੀ ਨੇੜੇ ਸ੍ਰੀ ਗਣਪਤੀ ਡੇਅਰੀ ਦੇ ਸਾਹਮਣੇ ਆਈਟੀਆਈ ਲੜਕੇ ਦੇ ਗੇਟ ਪਾਸ ਬਿਨਾਂ ਲਾਇਸੰਸ ਪਟਾਕੇ ਰੱਖ ਕੇ ਵੇਚ ਰਿਹਾ ਹੈ। ਵਧਵਾ ਵੱਲੋਂ ਰਿਹਾਇਸ਼ੀ ਏਰੀਆ ਵਿੱਚ ਬਿਨਾਂ ਲਾਇਸੰਸ ਪਟਾਕੇ ਵੇਚਣਾ ਡੀਸੀ ਵੱਲੋਂ ਜਾਰੀ ਹੁਕਮਾ ਦੀ ਉਲੰਘਣਾ ਕੀਤੀ ਹੈ। ਇਸੇ ਹੀ ਥਾਣੇ ਦੇ ਸਹਾਇਕ ਥਾਣੇਦਾਰ ਜਗਰੂਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਹਰਿ ਕ੍ਰਿਸ਼ਨ ਉਰਫ ਕ੍ਰਿਸ਼ਨ ਲਾਲ ਉਰਫ ਘੰਟੀ ਪੁੱਤਰ ਨਵਾਬ ਪੁੱਤਰ ਮੰਦਾ ਵਾਸੀ ਬਸਤੀ ਬੋਰੀਆ ਵਾਲੀ, ਸਾਹਮਣੇ ਭਗਵਾਨ ਵਾਲਮੀਕ ਮੰਦਰ, ਜੋ ਮੁਲਤਾਨੀ ਗੇਟ ਦੇ ਕੋਲ ਪਟਾਕਿਆਂ ਦੀ ਦੁਕਾਨ ਲਗਾ ਕੇ ਪਟਾਕੇ ਵੇਚ ਰਿਹਾ ਹੈ, ਜਿਸ ਪਾਸ ਨਾ ਤਾਂ ਪਟਾਕੇ ਵੇਚਣ ਦਾ ਕੋਈ ਲਾਇਸੰਸ ਹੈ ਅਤੇ ਨਾ ਹੀ ਕੋਈ ਮਨਜ਼ੂਰੀ ਬਿਨਾਂ ਲਾਇਸੰਸ ਪਟਾਕੇ ਵੇਚਣਾ ਡੀਸੀ ਵੱਲੋਂ ਜਾਰੀ ਹੁਕਮਾਂ ਦੀ ਉਲੰਘਣਾ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਕੋਲੋਂ ਪਟਾਕੇ ਬਰਾਮਦ ਕਰਕੇ ਉਨ੍ਹਾਂ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

# 'ਮਨਜਿੰਦਰ ਸਿੰਘ ਸਿਰਸਾ ਦਾ ਦਿੱਲੀ ਵਿਚਲੇ ਪ੍ਰਦੂਸ਼ਣ ਬਾਰੇ ਬਿਆਨ ਤਰਕ-ਵਿਹੂਣਾ'



**ਮਾਨਸਾ (ਆਤਮਾ ਸਿੰਘ ਪਮਾਰ)**

ਦਿੱਲੀ ਸਰਕਾਰ ਦੇ ਵਾਤਾਵਰਨ ਮੰਤਰੀ ਮਨਜਿੰਦਰ ਸਿੰਘ ਸਿਰਸਾ ਸਿਰਸਾ ਦੇ ਵਾਤਾਵਰਨ ਸਬੰਧੀ ਬਿਆਨ, ਜਿਸ 'ਚ ਪੰਜਾਬ ਦੇ ਕਿਸਾਨਾਂ ਨੂੰ ਪ੍ਰਦੂਸ਼ਣ ਵਧਣ ਲਈ ਪੰਜਾਬ ਦੇ ਕਿਸਾਨਾਂ ਨੂੰ ਦੋਸ਼ੀ ਠਹਿਰਾਉਣ ਤੱਥ ਵਿਹੂਣਾ ਤੇ ਪੰਜਾਬ ਪ੍ਰਤੀ ਭਾਜਪਾ ਦੀ ਨਫ਼ਰਤ ਨੂੰ ਉਜਾਗਰ ਕਰਨ ਵਾਲਾ ਹੈ, ਜਿਨ੍ਹਾਂ ਦੇ ਬਿਆਨ ਚੋਂ ਭਾਜਪਾ ਦੀ ਪੰਜਾਬ ਪ੍ਰਤੀ ਨਫ਼ਰਤ ਸਾਫ਼ ਝਲਕਦੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੰਵਿਧਾਨ ਬਚਾਓ ਮੰਚ ਦੇ ਆਗੂ ਐਡਵੋਕੇਟ ਬਲਕਰਨ ਸਿੰਘ ਬੱਲੀ ਨੇ ਮਨਜਿੰਦਰ ਸਿੰਘ ਸਿਰਸਾ ਵੱਲੋਂ ਪੰਜਾਬ ਦੇ ਕਿਸਾਨਾਂ ਨੂੰ ਦੋਸ਼ੀ ਠਹਿਰਾਉਣ ਵਾਲੇ ਦਿੱਤੇ ਬਿਆਨ 'ਤੇ ਆਪਣਾ ਪ੍ਰਤੀਕਰਮ ਦਿੰਦਿਆਂ ਕਿਹਾ।

ਉਨ੍ਹਾਂ ਕਿਹਾ ਕਿ ਤਿੰਨ ਲੋਕ ਵਿਰੋਧੀ ਕਾਲ਼ੇ ਕਾਨੂੰਨ ਵਾਪਸ ਹੋਣ ਤੋਂ ਬਾਅਦ ਭਾਜਪਾ ਪੰਜਾਬ ਅਤੇ ਪੰਜਾਬ ਦੇ ਕਿਸਾਨਾਂ ਨੂੰ ਕਿਸੇ ਨਾ ਕਿਸੇ ਬਹਾਨੇ ਬਦਨਾਮ ਕਰਨ ਕਰਦੀ ਆ ਰਹੀ ਹੈ, ਤੇ ਬਦਨਾਮ ਕਰਨ ਦਾ ਕੋਈ ਮੌਕਾ ਹੱਥੋਂ ਖੁੰਝਣ ਦਿੰਦੀ।ਉਨ੍ਹਾਂ ਕਿਹਾ ਕਿ ਦਿਵਾਲੀ ਤੋਂ ਦੋ ਦਿਨ ਪਹਿਲਾਂ ਕੋਈ ਪ੍ਰਦੂਸ਼ਣ ਨਹੀਂ ਸੀ ਤੇ ਵਾਤਾਵਰਨ ਸਾਫ਼-ਸੁਥਰਾ ਸੀ, ਪਰ ਦਿਵਾਲੀ 'ਤੇ ਚਲਾਏ ਪਟਾਕਿਆਂ ਕਾਰਨ ਹਵਾ ਵਿੱਚ ਬਾਰੂਦ ਅਤੇ ਪੋਟਾਸ਼ ਦੀ ਗੰਧ ਫੈਲਣ ਕਾਰਨ ਵਾਤਾਵਰਨ ਪ੍ਰਦੂਸ਼ਿਤ ਹੋ ਗਿਆ ਹੈ ਅਤੇ ਪਟਾਕਿਆਂ ਕਾਰਨ ਬਹੁਤ ਸਾਰੇ ਥਾਵਾਂ ਤੇ ਲੱਗੀਆਂ ਅੱਗਾਂ ਕਾਰਨ ਜਿੱਥੇ ਲੋਕਾਂ ਦਾ ਭਾਰੀ ਨੁਕਸਾਨ ਹੋਇਆ ਹੈ, ਉਥੇ ਵਾਤਾਵਰਣ ਵਿੱਚ ਪ੍ਰਦੂਸ਼ਣ ਦੀ ਮਾਤਰਾ ਵਧੀ ਹੈ।ਉਨ੍ਹਾਂ ਕਿਹਾ ਕਿ ਦਿੱਲੀ ਦੇ ਵਾਤਾਵਰਨ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੂੰ ਪੰਜਾਬ ਦੇ ਕਿਸਾਨਾਂ ਖਿਲਾਫ ਬਿਆਨ ਦੇਣ ਤੋਂ ਪਹਿਲਾਂ ਇਹ ਪਤਾ ਕਰ ਲੈਣਾ ਚਾਹੀਦਾ ਸੀ ਕਿ ਪੰਜਾਬ 'ਚ ਅਜੇ ਦਸ ਪ੍ਰਤੀਸ਼ਤ ਵੀ ਝੋਨੇ ਦੀ ਕਟਾਈ ਨਹੀਂ ਹੋਈ ਤਾਂ ਕਿਸਾਨਾਂ ਨੇ ਕਿਹੜੀ ਪਰਾਲੀ ਨੂੰ ਅੱਗ ਲਾ ਦਿੱਤੀ।ਉਨ੍ਹਾਂ ਪੰਜਾਬ ਦੇ ਭਾਜਪਾ ਆਗੂਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਕੇਂਦਰੀ ਆਗੂਆਂ ਨੂੰ ਸਮਝਾਉਣ ਕਿ ਹਰ ਗੱਲ 'ਤੇ ਪੰਜਾਬ ਤੇ ਪੰਜਾਬ ਦੇ ਕਿਸਾਨਾਂ ਨੂੰ ਬਦਨਾਮ ਕਰਨਾ ਬੰਦ ਕਰਨ ਨਹੀਂ ਤਾਂ ਉਨ੍ਹਾਂ ਦਾ ਪਿੰਡਾਂ 'ਚ ਆਉਣਾ ਵੀ ਮੁਸ਼ਕਲ ਹੋ ਜਾਵੇਗਾ।

## ਗੁੱਡ ਮੌਰਨਿੰਗ ਕਲੱਬ ਵੱਲੋਂ ਬੂਟੇ ਲਾਉਣ ਦਾ ਸਮਾਰੋਹ ਅੱਜ

**ਕੋਟਕਪੂਰਾ (ਰਛਪਾਲ ਭੁੱਲਰ)**-'ਗੁੱਡ ਮੌਰਨਿੰਗ ਵੈਲਫੇਅਰ ਕਲੱਬ' ਵੱਲੋਂ ਵਾਤਾਵਰਣ ਦੀ ਸੰਭਾਲ ਤੇ ਲਗਾਤਾਰ ਬੂਟੇ ਲਾਉਣ ਦਾ ਸਿਲਸਿਲਾ ਨਿਰੰਤਰ ਜਾਰੀ ਹੈ। ਕਲੱਬ ਦੇ ਪ੍ਰਧਾਨ ਡਾ ਮਨਜੀਤ ਸਿੰਘ ਢਿੱਲੋਂ, ਚੇਅਰਮੈਨ ਪੱਪੂ ਲਹੌਰੀਆ ਤੇ ਮੁੱਖ ਸਰਪ੍ਰਸਤ ਗੁਰਿੰਦਰ ਸਿੰਘ ਮਹਿੰਦੀਰੱਤਾ ਦੀ ਅਗਵਾਈ ਹੇਠ ਦੇਵੀਵਾਲਾ/ਮੋਗਾ ਸੜਕ 'ਤੇ ਸਥਿਤ ਸਰਕਾਰੀ ਬਹੁਤਕਨੀਕੀ ਕਾਲਜ ਵਿਖੇ ਵੱਖ-ਵੱਖ ਕਿਸਮ ਦੇ 100 ਫਲਦਾਰ, ਛਾਂਦਾਰ ਤੇ ਵਿਰਾਸਤੀ ਬੂਟੇ 23 ਅਕਤੂਬਰ ਨੂੰ ਸਵੇਰੇ 7:30 ਵਜੇ ਲਾਉਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ।ਗੌਰਮਿੰਟ ਪੋਲੀਟੈਕਨਿਕ ਕਾਲਜ ਦੇ ਪ੍ਰਿੰਸੀਪਲ ਸੁਰਸ਼ੇ ਕੁਮਾਰ ਨੇ ਦੱਸਿਆ ਕਿ ਉਕਤ ਬੂਟੇ ਲਾਉਣ ਵਾਲੇ ਸਮਾਗਮ ਦੇ ਮੁੱਖ ਮਹਿਮਾਨ ਮਾਨਯੋਗ ਸਪੀਕਰ ਕੁਲਤਾਰ ਸਿੰਘ ਸੰਧਵਾਂ ਹੋਣਗੇ। ਸੰਸਥਾ ਦੇ ਪ੍ਰੋਜੈਕਟ ਇੰਚਾਰਜ ਲੈਕ. ਵਿਨੋਦ ਧਵਨ ਨੇ ਦੱਸਿਆ ਕਿ ਗੁੱਡ ਮੌਰਨਿੰਗ ਕਲੱਬ ਵਲੋਂ ਪਿਛਲੇ ਸਾਲ ਲਾਏ ਗਏ 11 ਹਜ਼ਾਰ ਵੱਖ-ਵੱਖ ਕਿਸਮ ਦੇ ਬੂਟਿਆਂ ਦੀ ਬਕਾਇਦਾ ਸੰਭਾਲ ਕੀਤੀ ਗਈ ਤੇ ਇਸ ਸਾਲ ਵੀ ਜਿੱਥੇ ਜਿੱਥੇ ਬੂਟੇ ਲਾਏ ਜਾਂਦੇ ਹਨ, ਉਹਨਾਂ ਦੀ ਬਕਾਇਦਾ ਸੰਭਾਲ ਵੀ ਕੀਤੀ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਜਿਸ ਤਰ੍ਹਾਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਖੁਦ ਕੁਦਰਤ ਪ੍ਰੇਮੀ ਹਨ ਅਤੇ ਕੁਦਰਤ ਨਾਲ ਖਿਲਵਾੜ ਕਰਨ ਵਾਲੇ ਕਾਰਜਾਂ ਦੇ ਵਿਰੁੱਧ ਹਨ, ਉਸੇ ਤਰ੍ਹਾਂ ਗੁੱਡ ਮੌਰਨਿੰਗ ਕਲੱਬ ਵੱਲੋਂ ਵੀ ਕੁਦਰਤ ਨਾਲ ਖਿਲਵਾੜ ਕਰਨ ਵਾਲਿਆਂ ਨੂੰ ਵਰਜ ਕੇ ਜਾਂ ਪ੍ਰੇਰ ਕੇ ਕੁਦਰਤ ਪ੍ਰੇਮੀ ਬਣਨ ਸਬੰਧੀ ਅਕਸਰ ਪ੍ਰੇਰਤ ਕੀਤਾ ਜਾਂਦਾ ਹੈ।ਐਨ.ਆਰ.ਆਈ. ਵਿੰਗ ਦੇ ਇੰਚਾਰਜ ਠੇਕੇਦਾਰ ਪ੍ਰੇਮ ਮੈਣੀ ਮੁਤਾਬਿਕ ਇਸ ਮੌਕੇ ਬਕਾਇਦਾ ਬਰੇਕਫਾਸਟ ਅਰਥਾਤ ਸਵੇਰ ਦੇ ਖਾਣੇ ਦਾ ਵੀ ਪ੍ਰਬੰਧ ਕੀਤਾ ਗਿਆ ਹੈ।

# ਉੱਚਾ ਰੁਤਬਾ ਹੋਣ ਦੇ ਬਾਵਜੂਦ ਦਲਿਤ ਸਮਾਜ ਨੂੰ ਜਾਤੀ ਅਧਾਰਤ ਵਿਤਕਰੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ : ਕਾਲੀ ਪਾਇਲ



**ਦੋਰਾਹਾ ( ਹਰਮਿੰਦਰ ਸੇਠ)**-ਚੀਫ ਜਸਟਿਸ ਆਫ ਇੰਡੀਆ ਬੀ ਆਰ ਗਵੱਈ ਵੱਲ ਜੁੱਤੀ ਸੁੱਟਣ ਦੇ ਵਿਰੋਧ ਵਿਚ ਅਤੇ ਆਈ ਪੀ ਐਸ ਵਾਈ ਪੂਰਨ ਕੁਮਾਰ ਨੂੰ ਇਨਸਾਫ ਦਿਵਾਉਣ ਲਈ ਖੰਨਾ ਦੇ ਡਾਕਟਰ ਅੰਬੇਡਕਰ ਚੌਂਕ ਤੋਂ ਚੱਲ ਕੇ ਲਲਹੇੜੀ ਚੌਂਕ ਤੱਕ ਕੇਂਦਰ ਦੀ ਮੋਦੀ ਸਰਕਾਰ ਅਤੇ ਆਰ ਐਸ ਐਸ ਮੁਰਦਾਬਾਦ ਦੇ ਨਾਅਰੇ ਮਾਰਦਾ ਹੋਇਆ ਇੱਕ ਵਿਸ਼ਾਲ ਕੈਂਡਲ ਮਾਰਚ ਕੱਢਿਆ ਗਿਆ।ਇਹ ਕੈਂਡਲ ਮਾਰਚ ਫੂਲੇ ਸ਼ਾਹੂ ਲੋਕ ਜਗਾਉ ਮੰਚ ਦੇ ਆਗੂ ਉੱਘੇ ਅੰਬੇਡਕਰਵਾਦੀ ਗੁਰਦੀਪ ਸਿੰਘ ਕਾਲੀ, ਸੰਜੂ ਜੱਸਲ, ਅਨਿਲ ਕੁਮਾਰ, ਬੰਟੀ ਪਾਇਲ, ਜਸਵਿੰਦਰ ਕੌਰ ਅਤੇ ਗੀਤਾ ਰਾਣੀ ਦੀ ਅਗਵਾਈ ਵਿੱਚ ਕੱਢਿਆ ਗਿਆ।ਇਸ ਕੈਂਡਲ ਮਾਰਚ ਵਿੱਚ ਸ਼ਹਿਰ ਦੀਆਂ ਵੱਖ ਵੱਖ ਜਥੇਬੰਦੀਆਂ ਅਤੇ ਆਗੂਆਂ ਨੇ ਸ਼ਿਰਕਤ ਕੀਤੀ।ਇਸ ਮੌਕੇ ਗੁਰਦੀਪ ਸਿੰਘ ਕਾਲੀ ਨੇ ਕਿਹਾ ਕਿ ਅਗਰ ਭਾਰਤ ਅੰਦਰ ਦਲਿਤ ਲੋਕਾਂ ਨੇ ਆਪਣੇ ਉਪਰ ਹੋ ਰਹੇ ਅੱਤਿਆਚਾਰ ਨੂੰ ਖਤਮ ਕਰਨਾ ਹੈ ਤਾਂ ਉਹਨਾਂ ਨੂੰ ਰਾਜਨੀਤਿਕ ਪਾਰਟੀਆਂ ਦੇ ਪਿੱਠੂ ਬਣਨ ਦੀ ਬਜਾਏ, ਅੰਬੇਡਕਰਵਾਦ ਨੂੰ ਪੜ੍ਹ ਕੇ ਅੰਬੇਡਕਰੀ ਬਣਨਾ ਹੋਵੇਗਾ। ਅੰਬੇਡਕਰ ਸਾਹਿਬ ਦੀ ਸੋਚ ਅਨੁਸਾਰ ਇਸ ਦੇਸ਼ ਨੂੰ ਚਲਾਉਣਾ ਹੋਵੇਗਾ।ਜੇਕਰ 85% ਮੂਲ ਨਿਵਾਸੀ ਲੋਕ ਇਕੱਠੇ ਹੋ ਰਾਜਭਾਗ ਤੇ ਕਾਬਜ਼ ਹੋ ਜਾਣ ਤਾਂ ਹੀ ਉਹ ਆਪਣੇ ਉੱਪਰ ਜ਼ੁਲਮ ਕਰਨ ਵਾਲੇ 15% ਲੋਕਾਂ ਨੂੰ ਭਜਾ ਸਕਣਗੇ।ਜਿਨਾਂ ਲੋਕਾਂ ਦੇ ਰਾਜ ਹੁੰਦੇ ਹਨ, ਉਹਨਾਂ ਲੋਕਾਂ ਉੱਤੇ ਕਦੇ ਵੀ ਅੱਤਿਆਚਾਰ ਅਤੇ ਤਸ਼ੱਦਦ ਨਹੀਂ ਹੁੰਦਾ।ਭਾਰਤ ਅੰਦਰ ਦਲਿਤਾਂ ਦੀ ਹਾਲਤ ਬਹੁਤ ਮਾੜੀ ਹੈ।ਬੇਸ਼ੱਕ ਇਹ ਲੋਕ ਉੱਚੇ ਰੁਤਬੇ ਉੱਪਰ ਅਤੇ ਸਾਧਨ ਸੰਪੰਨ ਹਨ।ਇਸ ਦੇ ਬਾਵਜੂਦ ਇਹਨਾਂ ਨਾਲ ਲਗਾਤਾਰ ਜਾਤੀ ਆਧਾਰਤ ਵਿਤਕਰਾ ਕੀਤਾ ਜਾ ਰਿਹਾ ਹੈ।ਇਹ ਵਿਤਕਰਾ ਅਤੇ ਜ਼ੁਲਮ ਬੰਦ ਕਰਵਾਉਣ ਲਈ ਸਾਰਿਆਂ ਨੂੰ ਇੱਕਜੁੱਟ ਹੋਣਾ ਪਵੇਗਾ।

ਇਸ ਸਬੰਧੀ ਖੰਨਾ ਵਿੱਚ ਜਲਦ ਹੀ ਦਲਿਤ ਮਹਾਂ ਪੰਚਾਇਤ ਕੀਤੀ ਜਾਵੇਗੀ।ਇਸ ਮੌਕੇ ਬਲਰਾਮ ਬਾਲੂ, ਰਾਜੀਵ ਕੁਮਾਰ ਮੋਨੀ, ਹਰਜਿੰਦਰ ਸਿੰਘ ਬਿਜਲੀ ਬੋਰਡ, ਹਰਪ੍ਰੀਤ ਸਿੰਘ ਘੁੰਗਰਾਲੀ, ਐਡਵੋਕੇਟ ਕੁਲਦੀਪ ਸਿੰਘ, ਟੇਕ ਚੰਦ ਖੰਨਾ, ਡਾਕਟਰ ਅੰਬੇਡਕਰ ਮਿਸ਼ਨ ਸੋਸਾਇਟੀ ਦੇ ਪ੍ਰਧਾਨ ਕਰਮਜੀਤ ਸਿਫਤੀ, ਕੌਂਸਲਰ ਸੁਖਮਨਜੀਤ ਸਿੰਘ ਆਦਿ ਨੇ ਇਸ ਕੈਂਡਲ ਮਾਰਚ ਵਿੱਚ ਸ਼ਮੂਲੀਅਤ ਕੀਤੀ।

## ਚਾਚੇ ਨੂੰ ਕਤਲ ਤੇ ਪਿਓ ਨੂੰ ਗੰਭੀਰ ਜ਼ਖਮੀ ਕਰਨ ਦੇ ਦੋਸ਼ 'ਚ ਨੌਜਵਾਨ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਨੇੜਲੇ ਪਿੰਡ ਕੋਟਲਾ ਡਡਹੇੜੀ ਵਿਖੇ ਕਹੀਆਂ ਮਾਰ ਮਾਰ ਕੇ ਚਾਚੇ ਨੂੰ ਮੌਤ ਦੇ ਘਾਟ ਉਤਾਰ ਦੇਣ ਅਤੇ ਪਿਓ ਨੂੰ ਗੰਭੀਰ ਜ਼ਖਮੀ ਕਰ ਦੇਣ ਦੇ ਕਥਿਤ ਮਾਮਲੇ ਵਿੱਚ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਇੱਕ ਨੌਜਵਾਨ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਤਿੰਦਰ ਕੌਰ ਪਤਨੀ ਜਸਪਾਲ ਸਿੰਘ ਵਾਸੀ ਪਿੰਡ ਕੋਟਲਾ ਡਡਹੇੜੀ ਨੇ ਪੁਲਸ ਨੂੰ ਦੱਸਿਆ ਕਿ 19 ਅਕਤੂਬਰ ਦੀ ਸ਼ਾਮ ਨੂੰ ਉਸ ਦੇ ਜੇਠ ਅਮਰਜੀਤ ਸਿੰਘ ਦਾ ਲੜਕਾ ਯਾਦਵਿੰਦਰ ਸਿੰਘ ਉਰਫ ਕਾਕਾ ਜਿਸ ਦੇ ਹੱਥ ਵਿੱਚ ਕਹੀ ਫੜੀ ਹੋਈ ਸੀ, ਕੋਠੇ ਤੋਂ ਪੌੜੀਆਂ ਰਾਹੀਂ ਉਨ੍ਹਾਂ ਦੇ ਘਰ ਵਿੱਚ ਦਾਖਲ ਹੋਇਆ ਜਿਸ ਨੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਉਸ ਦੇ ਪਤੀ ਜਸਪਾਲ ਸਿੰਘ ਦੇ ਸਿਰ ਅਤੇ ਸਰੀਰ ਦੇ ਹੋਰ ਹਿੱਸਿਆਂ 'ਤੇ ਕਹੀ ਨਾਲ ਕਈ ਵਾਰ ਕੀਤੇ, ਜਿਸ ਕਾਰਨ ਲਹੂ ਲੁਹਾਣ ਹੋ ਕੇ ਉਸ ਦਾ ਧਰਤੀ 'ਤੇ ਡਿੱਗ ਪਿਆ। ਰੌਲਾ ਸੁਣ ਕੇ ਉਸ ਦਾ ਜੇਠ ਤੇ ਯਾਦਵਿੰਦਰ ਦਾ ਪਿਤਾ ਅਮਰਜੀਤ ਸਿੰਘ ਉੱਥੇ ਆ ਗਿਆ ਜਿਸ 'ਤੇ ਯਾਦਵਿੰਦਰ ਸਿੰਘ ਉਰਫ ਕਾਕਾ ਨੇ ਉਸੇ ਕਹੀ ਨਾਲ ਆਪਣੇ ਪਿਤਾ ਅਮਰਜੀਤ ਸਿੰਘ ਉੱਤੇ ਵੀ ਵਾਰ ਕੀਤੇ, ਜਿਸ ਕਾਰਨ ਅਮਰਜੀਤ ਸਿੰਘ ਵੀ ਜਖਮੀ ਹੋ ਕੇ ਵਿਹੜੇ ਵਿਚ ਡਿੱਗ ਪਿਆ। ਉਕਤ ਵਾਰਦਾਤ ਨੂੰ ਅੰਜਾਮ ਦੇ ਕੇ ਯਾਦਵਿੰਦਰ ਸਿੰਘ ਉਰਫ ਕਾਕਾ ਮੌਕੇ ਤੋਂ ਫਰਾਰ ਹੋ ਗਿਆ। ਵਹੀਕਲ ਦਾ ਇੰਤਜ਼ਾਮ ਕਰਕੇ ਉਸ ਦੇ ਪਤੀ ਜਸਪਾਲ ਸਿੰਘ ਅਤੇ ਜੇਠ ਅਮਰਜੀਤ ਸਿੰਘ ਨੂੰ ਸਿਵਲ ਹਸਪਤਾਲ ਮੰਡੀ ਗੋਬਿੰਦਗੜ੍ਹ ਵਿਖੇ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਉਸ ਦੇ ਪਤੀ ਨੂੰ ਮ੍ਰਿਤਕ ਐਲਾਨ ਦਿੱਤਾ ਜਦਕਿ ਗੰਭੀਰ ਜ਼ਖਮੀ ਹੋਏ ਉਸ ਦੇ ਜੇਠ ਅਮਰਜੀਤ ਸਿੰਘ ਨੂੰ ਚੰਡੀਗੜ੍ਹ ਦੇ ਸੈਕਟਰ 32 ਹਸਪਤਾਲ ਵਿਖੇ ਰੈਫਰ ਕਰ ਦਿੱਤਾ। ਇਸ ਸਬੰਧੀ ਮ੍ਰਿਤਕ ਦੀ ਪਤਨੀ ਸਤਿੰਦਰ ਕੌਰ ਦੇ ਬਿਆਨਾਂ 'ਤੇ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਦਰਜ ਕੀਤੇ ਗਏ ਮੁਕੱਦਮੇ ਦੀ ਤਫ਼ਤੀਸ਼ ਕਰ ਰਹੀ ਐਸ ਐਚ ਓ ਥਾਣਾ ਮੰਡੀ ਗੋਬਿੰਦਗੜ੍ਹ ਇੰਸਪੈਕਟਰ ਸੰਦੀਪ ਸਿੰਘ ਦੀ ਅਗਵਾਈ ਟੀਮ ਵੱਲੋਂ ਇਸ ਵਾਰਦਾਤ ਨੂੰ ਅੰਜਾਮ ਦੇ ਕੇ ਫਰਾਰ ਹੋਏ ਯਾਦਵਿੰਦਰ ਸਿੰਘ ਉਰਫ ਕਾਕਾ ਨੂੰ ਗ੍ਰਿਫਤਾਰ ਕਰ ਲਏ ਜਾਣ ਦੀ ਸੂਚਨਾ ਹੈ ਤੇ ਮਾਮਲੇ ਦੀ ਤਫਤੀਸ਼ ਜਾਰੀ ਹੈ।

# ਬਲਾਕ ਪੱਧਰੀ ਖੇਡਾਂ 'ਚ ਕਲੱਸਟਰ ਬਹਾਦਰਪੁਰ ਨੇ ਓਵਰਆਲ ਟਰਾਫੀ ਜਿੱਤ ਕੇ ਰਚਿਆ ਇਤਿਹਾਸ



**ਬਰੇਟਾ (ਗੋਬਿੰਦ ਸ਼ਰਮਾ)**

ਪੰਜਾਬ ਸਰਕਾਰ ਸਿੱਖਿਆ ਵਿਭਾਗ ਵੱਲੋਂ ਰਾਜ ਭਰ ਦੇ ਪ੍ਰਾਇਮਰੀ ਸਕੂਲਾਂ ਅੰਦਰ ਕਰਾਏ ਜਾ ਰਹੇ ਖੇਡ ਟੂਰਨਾਮੈਂਟ ਤਹਿਤ ਮਾਨਸਾ ਜ਼ਿਲ੍ਹੇ ਦੇ ਬਲਾਕ ਬਰੇਟਾ ਦੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਵਿੱਚ ਕਲੱਸਟਰ ਬਹਾਦਰਪੁਰ ਨੇ ਲਗਾਤਾਰ ਚੌਥੇ ਸਾਲ ਓਵਰਆਲ ਟਰਾਫੀ 'ਤੇ ਕਬਜ਼ਾ ਕੀਤਾ।ਇਹ ਟੂਰਨਾਮੈਂਟ ਬਲਾਕ ਸਿੱਖਿਆ ਅਫਸਰ ਸਤਪਾਲ ਸਿੰਘ ਦੀ ਰਹਿਨਮਾਈ ਹੇਠ ਖੇਡ ਸਟੇਡੀਅਮ ਦਾਤੇਵਾਸ ਵਿਖੇ ਕਰਾਏ ਗਏ, ਜਿਸ ਵਿੱਚ ਲਗਭਗ 70 ਸਕੂਲਾਂ ਨੇ ਭਾਗ ਲਿਆ।ਕਲੱਸਟਰ ਬਹਾਦਰਪੁਰ ਦੇ ਖੇਡ ਇੰਚਾਰਜ ਵਿਨੋਦ ਕੁਮਾਰ ਨੇ ਦੱਸਿਆ ਕਿ ਕਲੱਸਟਰ ਬਹਾਦਰਪੁਰ ਨੇ ਸਰਕਲ ਕਬੱਡੀ, ਨੈਸ਼ਨਲ ਕਬੱਡੀ, ਲੜਕਿਆਂ ਦੀ ਫੁੱਟਬਾਲ, ਯੋਗਾ ਦੇ ਸਾਰੇ ਮੁਕਾਬਲੇ, ਰਿਧਮਿਕ ਜਿਮਨਾਸਟਿਕ, ਕੁਸ਼ਤੀ 30 ਕਿਲੋ, ਲੜਕੀਆਂ ਦੀ ਸ਼ਤਰੰਜ, ਰੱਸਾਕਸ਼ੀ, ਲੜਕਿਆਂ ਦੀ 100 ਮੀਟਰ ਦੌੜ, 200 ਮੀਟਰ ਦੌੜ, 400 ਮੀਟਰ ਦੌੜ ਰਿਲੇਅ, ਸ਼ਾਟਪੁੱਟ, ਲੜਕਿਆਂ ਦੀ ਮਿੰਨੀ ਹੈਂਡਬਾਲ, ਲੜਕਿਆਂ ਦੀ ਹਾਕੀ, ਕਰਾਟਿਆ ਦੇ ਅੱਠ ਮੁਕਾਬਲੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਤੇ ਲੜਕੇ ਖੋ-ਖੋ, ਲੜਕੀਆਂ ਫੁੱਟਬਾਲ, ਜਿਮਨਾਸਟਿਕ, ਕੁਸ਼ਤੀ 28 ਕਿਲੋ, ਲੜਕੇ ਸ਼ਤਰੰਜ, ਲੜਕੇ ਦੌੜ 100 ਮੀਟਰ 200 ਮੀਟਰ ਲੜਕੇ ਲੰਬੀ ਛਾਲ ਕਰਾਟਿਆਂ ਦੇ ਪੰਜ ਮੁਕਾਬਲੇ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਕਲੱਸਟਰ ਬਹਾਦਰਪੁਰ ਨੇ ਹੋਏ ਕੁੱਲ 57 ਮੁਕਾਬਲਿਆਂ ਵਿੱਚੋਂ 34 ਵਿੱਚ ਪਹਿਲਾ ਸਥਾਨ 14 ਵਿੱਚ ਦੂਜਾ ਸਥਾਨ ਤੇ ਚਾਰ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ।ਕਲੱਸਟਰ ਬਹਾਦਰਪੁਰ ਨੇ ਆਪਣੀ ਓਵਰਆਲ ਟਰਾਫ਼ੀ ਸਵ: ਕੁਲਵਿੰਦਰ ਸਿੰਘ ਐਚਟੀ ਨੂੰ ਸਮਰਪਤ ਕੀਤੀ।ਇਸ ਮੌਕੇ ਬੀ.ਐਸ.ਓ ਹਰਮੀਤ ਸਿੰਘ, ਹਰਜਿੰਦਰ ਸਿੰਘ, ਰਮੇਸ਼ ਕੁਮਾਰ, ਸੁਖਵਿੰਦਰ ਸਿੰਗਲਾ, ਅਮਨਦੀਪ, ਸੋਨੂ ਰਾਮ , ਕਰਮਦੀਨ ਖਾਨ, ਬੇਅੰਤ ਸਿੰਘ, ਨਾਇਬ ਸਿੰਘ, ਗਗਨਦੀਪ ਸਿੰਘ, ਜਗਜੀਵਨ ਕੁਮਾਰ, ਜਗਸੀਰ ਸਿੰਘ, ਰਾਮਜਸ ਸਿੰਘ, ਕੇਵਲ ਕ੍ਰਿਸ਼ਨ, ਸੁਖਚੈਨ ਸਿੰਘ, ਪਾਰਸਮਨੀ, ਰਜਨੀਸ਼ ਅਰੋੜਾ, ਗੁਰਵਿੰਦਰ ਸਿੰਘ, ਬ੍ਰਿਸ਼ਭਾਨ, ਲਖਵਿੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਸਰਬਜੀਤ ਸਿੰਘ, ਬੱਬੂ ਸਿੰਘ, ਗੁਰਵਿੰਦਰ ਸਿੰਘ, ਤੁਸ਼ਾਰ ਕੁਮਾਰ, ਅਮਨਦੀਪ ਸਿੰਘ ਕਰਾਟੇ ਕੋਚ, ਗੁਰਸੇਵਕ ਸਿੰਘ, ਹਰਦੀਪ ਸਿੰਘ, ਮਨਪ੍ਰੀਤ ਸਿੰਘ ਦਾ ਵਿਸ਼ੇਸ਼ ਸਹਿਯੋਗ ਰਿਹਾ।ਸੈਂਟਰ ਹੈੱਡ ਟੀਚਰ ਵਿਜੇ ਕੁਮਾਰ ਨੇ ਲਗਾਤਾਰ ਚੌਥੀ ਵਾਰ ਟਰਾਫੀ ਜਿੱਤਣ 'ਤੇ ਸਮੂਹ ਅਧਿਆਪਕਾਂ ਨੂੰ ਵਧਾਈ ਦਿੱਤੀ।

# ਵਿਸ਼ਵਕਰਮਾ ਮੰਦਰ ਵਿਖੇ ਵਿਸ਼ਵਕਰਮਾ ਦਿਵਸ ਬੜੀ ਸ਼ਰਧਾ ਨਾਲ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**

ਸ੍ਰੀ ਵਿਸ਼ਵਕਰਮਾ ਮੰਦਰ ਕਮੇਟੀ ਦੋਰਾਹਾ ਵਲੋਂ ਵਿਸ਼ਵਕਰਮਾ ਮੰਦਰ ਵਿਖੇ ਵਿਸ਼ਵਕਰਮਾ ਦਿਵਸ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਭਗਵਾਨ ਸ੍ਰੀ ਵਿਸ਼ਵਕਰਮਾ ਜੀ ਦੀ ਮੂਰਤੀ ਦੇ ਇਸ਼ਨਾਨ ਕਰਵਾਏ ਗਏ ਅਤੇ ਬਸਤਰ ਬਦਲੇ ਗਏ।

ਉਪਰੰਤ ਇਸ ਮੌਕੇ ਝੰਡੇ ਦੀ ਰਸਮ ਕਰਨੈਲ ਸਿੰਘ ਸਪਾਲ ਮਕਸੂਦੜੇ ਵਾਲਿਆਂ ਵਲੋਂ ਅਦਾ ਕੀਤੀ ਗਈ। ਇਸ ਮੌਕੇ ਸ੍ਰੀ ਵਿਸ਼ਵਕਰਮਾ ਪੁਰਾਣ ਦੇ ਪਾਠ ਦੇ ਭੋਗ ਪਾਉਣ ਉਪਰੰਤ ਆਰਤੀ ਕੀਤੀ ਗਈ। ਬਾਬਾ ਮਲਕੀਤ ਸਿੰਘ ਵਲੋਂ ਕੀਰਤਨ ਤੇ ਵਖਿਆਨ ਕੀਤਾ ਗਿਆ। ਇਸ ਮੌਕੇ ਵੱਖ ਵੱਖ ਕੀਰਤਨ ਜਥਿਆਂ, ਰਾਗੀ ਢਾਡੀਆਂ ਵਲੋਂ ਸ੍ਰਿਸ਼ਟੀ ਦੇ ਰਚੇਤਾ ਭਗਵਾਨ ਵਿਸ਼ਵਕਰਮਾ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਇਸ ਮੌਕੇ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਵੱਲੋਂ ਵੀ ਹਾਜ਼ਰੀ ਭਰੀ ਗਈ। ਇਸ ਮੌਕੇ ਇੰਜ. ਮਨਵਿੰਦਰ ਸਿੰਘ ਗਿਆਸਪੁਰਾ ਨੇ ਮਿਸਤਰੀ ਭਾਈਚਾਰੇ ਦੀ ਮੌਜੂਦਗੀ ਵਿਚ ਸ੍ਰੀ ਵਿਸ਼ਵਕਰਮਾ ਜੀ ਦੀ ਪੂਰੇ ਸੰਸਾਰ ਨੂੰ ਦੇਣ ਵਾਰੇ ਚਾਨਣਾ ਪਾਇਆ। ਇਸ ਮੌਕੇ ਸਾਬਕਾ ਵਿਧਾਇਕ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਪ੍ਰਧਾਨ ਲਖਵੀਰ ਸਿੰਘ ਲੱਖਾ ਨੇ ਦੱਸਿਆ ਕਿ ਭਗਵਾਨ ਸ੍ਰੀ ਵਿਸ਼ਵਕਰਮਾ ਦੀਆਂ ਸਿੱਖਿਆਵਾਂ ਤੋਂ ਸੇਧ ਲੈ ਕੇ ਉਸ ਦੇ ਅਨਿਆਈਆਂ ਵੱਲੋਂ ਪੰਜਾਬ ਸੂਬੇ ਦੀ ਤਰੱਕੀ ਲਈ ਅਹਿਮ ਯੋਗਦਾਨ ਪਾਇਆ ਗਿਆ ਹੈ।

ਉਹਨਾਂ ਦੱਸਿਆ ਕਿ ਇਹੋ ਕਾਰਨ ਹੈ ਕਿ ਵਿਸ਼ਵਕਰਮਾ ਦਿਵਸ ਨੂੰ ਔਜਾਰ ਪੂਜਾ ਅਤੇ ਮੂਰਤੀ ਸਥਾਪਨਾ ਦਿਵਸ ਵਜੋਂ ਮਨਾਇਆ ਜਾਂਦਾ ਹੈ।ਇਸ ਵਿਸ਼ੇਸ਼ ਮੌਕੇ ਪ੍ਰਬੰਧਕ ਕਮੇਟੀ ਵਲੋਂ ਵੱਖ ਵੱਖ ਸਮਾਜਿਕ ਧਾਰਮਿਕ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਦਾ ਸਨਮਾਨ ਕੀਤਾ ਗਿਆ। ਰਹਿਰਾਸ ਦੇ ਪਾਠ ਉਪਰੰਤ ਰਾਗੀ ਭਾਈ ਹੀਰਾ ਸਿੰਘ ਮਾਛੀਵਾੜੇ ਵਾਲਿਆਂ ਵਲੋਂ ਦੀਵਾਨ ਸਜਾਏ ਗਏ। ਇਸ ਮੌਕੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ, ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ ਪ੍ਰਧਾਨ ਨਗਰ ਕੌਂਸਲ ਦੋਰਾਹਾ, ਸਾਬਕਾ ਵਿਧਾਇਕ ਜਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਪ੍ਰਧਾਨ ਲਖਵੀਰ ਸਿੰਘ ਲੱਖਾ, ਚੇਅਰਮੈਨ ਬੰਤ ਸਿੰਘ ਦੋਬੁਰਜੀ ਹਲਕਾ ਪਾਇਲ ਕੋਡੀਨੇਟਰ, ਬਿਕਰਮਜੀਤ ਸਿੰਘ ਚੀਮਾ ਉਪ ਪ੍ਰਧਾਨ ਭਾਜਪਾ ਪੰਜਾਬ, ਭੁਪਿੰਦਰ ਸਿੰਘ ਚੀਮਾ ਜ਼ਿਲ੍ਹਾ ਪ੍ਰਧਾਨ ਭਾਜਪਾ ਖੰਨਾ ਜ਼ਿਲ੍ਹਾ ਸ਼੍ਰੋਮਣੀ ਅਕਾਲੀ ਦਲ ਹਲਕਾ ਪਾਇਲ ਤੋਂ ਗੁਰਪ੍ਰੀਤ ਸਿੰਘ ਲਾਪਰਾਂ, ਗੁਰਦੀਪ ਸਿੰਘ ਬਾਵਾ, ਸ੍ਰੀ ਵਿਸ਼ਵਕਰਮਾ ਮੰਦਰ ਕਮੇਟੀ ਦੋਰਾਹਾ ਦੇ ਪ੍ਰਧਾਨ ਹਰਵਿੰਦਰ ਸਿੰਘ ਲਾਲੀ, ਰਾਜਿੰਦਰ ਗਹਿਰ (ਕੌਂਸਲਰ) ਬਰਜਿੰਦਰ ਸਿੰਘ ਜੰਡੂ, ਅਜੀਤ ਸਿੰਘ ਹੂੰਝਣ, ਹਰਜੀਤ ਸਿੰਘ ਖਰੇ, ਦਵਿੰਦਰ ਸਿੰਘ ਰਾਜਾ, ਸ਼ੇਰ ਸਿੰਘ ਭੇਲੇ, ਸਰਬਜੀਤ ਸਿੰਘ ਕੁੱਕੂ, ਤਰਲੋਚਨ ਸਿੰਘ ਸਪਾਲ ਨਿਰਮਲ ਸਿੰਘ ਤੇਜਿੰਦਰ ਸਿੰਘ ਕਟਾਣੀ, ਦਲਵਿੰਦਰ ਕੌਰ ਕੌਂਸਲਰ, ਪ੍ਰੇਮ ਸਿੰਘ ਜੰਡੂ, ਕੁਲਦੀਪ ਸਿੰਘ, ਹਰਦੇਵ ਸਿੰਘ, ਦਲਜੀਤ ਸਿੰਘ, ਕਰਤਾਰ ਸਿੰਘ, ਕਰਮਜੀਤ ਸਿੰਘ ਤੋਂ ਇਲਾਵਾ ਸਮੂਹ ਮੈਂਬਰ ਸ੍ਰੀ ਵਿਸ਼ਵਕਰਮਾ ਮੰਦਰ ਕਮੇਟੀ ਦੋਰਾਹਾ ਬਾਬਾ ਵਿਸ਼ਵਕਰਮਾ ਰਾਮਗੜ੍ਹੀਆ ਸੋਸਾਇਟੀ ਤੇ ਸ਼ਹਿਰ ਵਾਸੀ ਹਾਜ਼ਰ ਸਨ।

# ਅਮਨ-ਸ਼ਾਂਤੀ ਲਈ ਸ਼ਹਾਦਤਾਂ ਦੇਣ ਵਾਲਿਆਂ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ : ਐੱਸ ਐੱਸ ਪੀ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੁਲਸ ਲਾਈਨ 'ਚ ਸ਼ਹੀਦ ਹੋਏ ਪੁਲਸ ਜਵਾਨਾਂ ਦੇ ਸ਼ਹੀਦੀ ਸਮਾਰਕ 'ਤੇ ਪੁਲਿਸ, ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਤੇ ਸ਼ਹੀਦਾਂ ਦੇ ਪਰਵਾਰਾਂ ਵੱਲੋਂ ਫੁੱਲ ਮਾਲਾਵਾਂ ਭੇਟ ਕਰਕੇ ਰਾਸ਼ਟਰੀ ਪੁਲਿਸ ਯਾਦਗਾਰ ਦਿਵਸ ਮਨਾਇਆ ਗਿਆ। ਡੀਐੱਸਪੀ ਕਰਨ ਸ਼ਰਮਾ ਦੀ ਅਗਵਾਈ 'ਚ ਪੁਲਸ ਜਵਾਨਾਂ ਵੱਲੋਂ ਹਥਿਆਰ ਉਲਟੇ ਕਰਕੇ ਸ਼ਹੀਦ ਪੁਲਸ ਜਵਾਨਾਂ ਨੂੰ ਸ਼ੋਕ ਸਲਾਮੀ ਦਿੱਤੀ ਗਈ ਤੇ ਸਾਰੇ ਅਧਿਕਾਰੀਆਂ ਅਤੇ ਮਹਿਮਾਨਾਂ ਵੱਲੋਂ ਦੋ ਮਿੰਟ ਦਾ ਮੌਨ ਧਾਰ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਇਸ ਉਪਰੰਤ ਵਿਸ਼ੇਸ਼ ਤੌਰ 'ਤੇ ਸ਼ਹੀਦ ਪਰਿਵਾਰਾਂ ਦੇ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਐੱਸਐੱਸਪੀ ਭੁਪਿੰਦਰ ਸਿੰਘ ਸਿੱਧੂ ਤੇ ਸਹਾਇਕ ਕਮਿਸ਼ਨਰ (ਜ) ਗੁਰਦੇਵ ਸਿੰਘ ਧੰਮ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸੰਬੋਧਨ ਕਰਦਿਆਂ ਐੱਸਐੱਸਪੀ ਭੁਪਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਦੇਸ਼ ਤੇ ਸੂਬੇ ਦੀ ਅਮਨ ਸ਼ਾਂਤੀ ਲਈ ਆਪਣੀਆਂ ਅਦੁੱਤੀਆਂ ਸ਼ਹਾਦਤਾਂ ਦੇਣ ਵਾਲੇ ਪੁਲਸ ਜਵਾਨਾਂ ਦੀ ਸ਼ਹਾਦਤ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ 21 ਅਕਤੂਬਰ 1959 ਨੂੰ ਚੀਨੀਆਂ ਵਿਰੁੱਧ ਲੜਾਈ ਦੌਰਾਨ ਲੇਹ ਲੱਦਾਖ ਦੇ ਹੌਟ ਸਪਰਿੰਗ ਇਲਾਕੇ 'ਚ ਤਾਇਨਾਤ ਕੀਤੇ ਗਏ ਜਵਾਨਾਂ ਦੀ ਇੱਕ ਟੁਕੜੀ ਤੇ ਚੀਨੀਆਂ ਵੱਲੋਂ ਅਚਾਨਕ ਹਮਲਾ ਕੀਤਾ ਗਿਆ, ਜਿਸ ਵਿੱਚ ਭਾਰਤੀ ਪੁਲਸ ਦੇ 10 ਜਵਾਨ ਸ਼ਹੀਦ ਹੋ ਗਏ ਸਨ।

ਪੁਲਸ ਅਧਿਕਾਰੀਆਂ/ਕ੍ਰਮਚਾਰੀਆਂ ਦੀ ਯਾਦ ਤਾਜ਼ਾ ਰੱਖਣ ਲਈ ਸਾਲ 1960 'ਚ ਸਮੂਹ ਸਟੇਟਾਂ ਦੇ ਆਈਜੀਪੀਜ਼ ਦੀ ਕਾਨਫ਼ਰੰਸ ਵਿਚ ਇਹ ਫ਼ੈਸਲਾ ਕੀਤਾ ਗਿਆ ਸੀ ਕਿ ਹਰ ਸਾਲ ਸਾਰੇ ਦੇਸ਼ ਵਿੱਚ ਜ਼ਿਲ੍ਹਾ ਹੈਡਕੁਆਰਟਰਾਂ ਤੇ ਹੋਰ ਪੁਲਿਸ ਯੂਨਿਟਾਂ ਵਿਚ 21 ਅਕਤੂਬਰ ਨੂੰ ਇਹ ਦਿਵਸ ਮਨਾਇਆ ਜਾਵੇਗਾ।

ਜ਼ਲ੍ਹਾ ਪੁਲਿਸ ਮੁਖੀ ਨੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਪੰਜਾਬ ਪੁਲਸ ਦਾ ਗੌਰਵਸ਼ਾਲੀ ਤੇ ਕੁਰਬਾਨੀਆਂ ਭਰਿਆ ਇਤਿਹਾਸ ਹੈ ਤੇ ਪੰਜਾਬ ਪੁਲਿਸ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਭਾਈਚਾਰਕ ਸਾਂਝ ਬਰਕਰਾਰ ਰੱਖਣ ਅਤੇ ਦੇਸ਼ ਵਿਚ ਅਮਨ-ਸ਼ਾਂਤੀ ਨੂੰ ਬਣਾਈ ਰੱਖਣ ਲਈ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ, ਜਿਨ੍ਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।

ਉਨ੍ਹਾਂ ਕਿਹਾ ਕਿ ਇਨ੍ਹਾਂ ਪੁਲਸ ਜਵਾਨਾਂ ਦੀਆਂ ਸ਼ਹੀਦੀਆਂ ਬਦੌਲਤ ਅਸੀਂ ਸ਼ਾਂਤੀ ਤੇ ਅਮਨ ਚੈਨ ਦੀ ਜ਼ਿੰਦਗੀ ਬਤੀਤ ਕਰ ਰਹੇ ਤੇ ਆਜ਼ਾਦ ਫ਼ਿਜ਼ਾ ਦਾ ਅਨੰਦ ਮਾਣ ਰਹੇ ਹਾਂ।

ਉਨ੍ਹਾਂ ਕਿਹਾ ਕਿ ਸਾਨੂੰ ਇਹੋ ਜਿਹੇ ਸ਼ਹੀਦਾਂ 'ਤੇ ਮਾਣ ਹੈ ਤੇ ਪੰਜਾਬ ਪੁਲਸ ਹਰ ਮੁਸ਼ਕਲ ਦੀ ਘੜੀ ਵਿਚ ਸ਼ਹੀਦ ਪਰਵਾਰਾਂ ਨਾਲ ਖੜੀ ਹੈ। ਇਸ ਤੋਂ ਪਹਿਲਾ ਦੇਸ਼ ਦੀਆਂ ਵੱਖ-ਵੱਖ ਸੁਰੱਖਿਆ ਫੋਰਸਾਂ ਦੇ ਸ਼ਹੀਦ ਹੋਏ ਅਫ਼ਸਰਾਂ ਤੇ ਜਵਾਨਾਂ ਦੇ ਨਾਮਾਂ ਦੀ ਸੂਚੀ ਪੜ੍ਹ ਕੇ ਉਨ੍ਹਾਂ ਨੂੰ ਯਾਦ ਕੀਤਾ। ਸਟੇਜ ਸੰਚਾਲਨ ਦੀ ਭੂਮਿਕਾ ਲਖਵੀਰ ਸਿੰਘ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿਚ ਸਿਵਲ, ਹੋਮ ਗਾਰਡਜ਼, ਸ਼ਹੀਦਾਂ ਦੇ ਪਰਵਾਰ ਤੇ ਪੁਲਸ ਅਧਿਕਾਰੀ ਹਾਜ਼ਰ ਸਨ।

## ਸਪੀਕਰ ਨੇ ਲੋਕਾਂ ਨੂੰ ਵਿਸ਼ਵਕਰਮਾ ਦਿਵਸ ਦੀਆਂ ਦਿੱਤੀਆਂ ਵਧਾਈਆਂ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਵਿਸ਼ਵਕਰਮਾ ਦਿਵਸ ਦੇ ਪਾਵਨ ਦਿਹਾੜੇ 'ਤੇ ਪਿੰਡ ਬਰਗਾੜੀ, ਪਿੰਡ ਢਿੱਲਵਾਂ ਕਲਾਂ, ਪਿੰਡ ਵਾਂਦਰ ਜਟਾਣਾ, ਗੁਰਦੁਆਰਾ ਰਾਮਗੜ੍ਹੀਆ ਸਿੰਘ ਸਭਾ ਕੋਟਕਪੂਰਾ, ਪਿੰਡ ਧੂੜਕੋਟ, ਵਿਸ਼ਵਕਰਮਾ ਭਵਨ ਸਰਕੂਲਰ ਰੋਡ ਨੇੜੇ ਕੰਮੇਆਣਾ ਗੇਟ ਵਿਖੇ ਸਮਾਗਮ ਵਿੱਚ ਸ਼ਿਰਕਤ ਕਰਕੇ ਕਿਰਤੀ ਭਾਈਚਾਰੇ ਨੂੰ ਵਧਾਈ ਦਿੱਤੀ।ਉਨ੍ਹਾਂ ਬਾਬਾ ਵਿਸ਼ਵਕਰਮਾ ਧਰਮਸ਼ਾਲਾ ਬਰਗਾੜੀ ਦੇ ਸ਼ੈੱਡ ਤੇ ਹੋਰ ਵਿਕਾਸ ਲਈ ਆਪਣੇ ਅਖ਼ਤਿਆਰੀ ਫੰਡ ਵਿੱਚੋਂ 2 ਲੱਖ ਰੁਪਏ ਦੀ ਗ੍ਰਾਂਟ ਭੇਂਟ ਕੀਤੀ ਤੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ।ਉਨ੍ਹਾਂ ਪਿੰਡ ਵਾਂਦਰ ਜਟਾਣਾ ਵਿਖੇ ਪੁਰਾਣੀ ਧਰਮਸ਼ਾਲਾ ਦੀ ਰਿਪੇਅਰ ਲਈ 4 ਲੱਖ ਰੁਪਏ ਤੇ ਨੌਜਵਾਨਾਂ ਦੀ ਮੰਗ 'ਤੇ ਜਿੰਮ ਲਈ ਵੀ 4 ਲੱਖ ਰੁਪਏ ਗ੍ਰਾਂਟ ਦੇਣ ਦਾ ਐਲਾਨ ਕੀਤਾ।ਸੰਧਵਾਂ ਨੇ ਕਿਹਾ ਕਿ ਵਿਸ਼ਵਕਰਮਾ ਨੂੰ ਬ੍ਰਹਿਮੰਡ ਦਾ ਪਹਿਲਾ ਸ਼ਿਲਪਕਾਰ ਮੰਨਿਆ ਜਾਂਦਾ ਹੈ। ਉਨ੍ਹਾਂ ਨੂੰ ਬ੍ਰਹਿਮੰਡ ਪਹਿਲੇ ਇੰਜੀਨੀਅਰ ਵਜੋਂ ਸਤਿਕਾਰਿਆ ਜਾਂਦਾ ਹੈ।ਭਗਵਾਨ ਵਿਸ਼ਵਕਰਮਾ ਵੱਲੋਂ ਕੀਤੀ ਗਈ ਰਚਨਾ ਨੇ ਭਾਰਤੀ ਦਸਤਕਾਰਾਂ, ਕਾਰੀਗਰਾਂ ਤੇ ਕਿਰਤੀ, ਕਾਮਿਆਂ ਵਿੱਚ ਸੱਚੀ ਤੇ ਸੁੱਚੀ ਕਿਰਤ ਕਰਨ ਦੀ ਭਾਵਨਾ ਪੈਦਾ ਕੀਤੀ।ਬਾਬਾ ਵਿਸ਼ਵਕਰਮਾ ਦੀ ਹਥਿਆਰਾਂ, ਔਜਾਰਾਂ, ਮਸ਼ੀਨਾਂ ਆਦਿ ਦੀ ਬਣਤਰ ਕਲਾ 'ਚ ਵੱਡੀ ਦੇਣ ਹੈ।ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਬਾਬਾ ਵਿਸ਼ਵਕਰਮਾ ਜੀ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਸਮੂਹ ਸੰਗਤ ਨੂੰ ਬਾਬਾ ਵਿਸ਼ਵਕਰਮਾ ਜੀ ਦੇ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ ਅਤੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ ਅਤੇ ਜੱਸਾ ਸਿੰਘ ਜੀ ਰਾਮਗੜ੍ਹੀਆ ਸਬੰਧੀ ਸੋਵੀਨਾਰ ਜਾਰੀ ਕੀਤਾ।ਉਨ੍ਹਾਂ ਕਿਹਾ ਕਿ ਵਿਸ਼ਵਕਰਮਾ ਦਿਵਸ ਮਿਹਨਤ, ਕਲਾ ਤੇ ਕਾਰੀਗਰੀ ਦਾ ਪ੍ਰਤੀਕ ਹੈ ਅਤੇ ਇਸ ਤਰ੍ਹਾਂ ਦੇ ਸਮਾਗਮ ਸਮਾਜ ਨੂੰ ਏਕਤਾ, ਸ਼ਰਧਾ ਤੇ ਸੇਵਾ ਦੇ ਰਾਹ ਤੇ ਪ੍ਰੇਰਤ ਕਰਦੇ ਹਨ।

## ਪਾਰਕ ਕਮੇਟੀ ਦੇ ਮੈਂਬਰਾਂ ਨੇ ਯੋਗਾ ਟਰੇਨਰਾਂ ਨੂੰ ਦਿੱਤਾ ਦੀਵਾਲੀ ਦਾ ਗਿਫਟ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਸ਼ਹਿਰ ਦੇ ਰੇਲਵੇ ਪਾਰਕ ਵਿੱਚ ਸੀ.ਐਮ ਦੀ ਯੋਗਸ਼ਾਲਾ ਅਧੀਨ ਕਰਾਏ ਜਾ ਰਹੇ ਰੋਜ਼ਾਨਾ ਯੋਗਾ 'ਚ ਦਿਵਾਲੀ ਦੇ ਸ਼ੁਭ ਮੌਕੇ ਯੋਗਾ ਟਰੇਨਰ ਮੰਜੂ ਬਾਲਾ ਤੇ ਕਿਰਨ ਬਾਲਾ ਨੂੰ ਪਾਰਕ ਕਮੇਟੀ ਦੇ ਮੈਂਬਰਾਂ ਵੱਲੋਂ ਦਿਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਹੋਇਆਂ ਤੋਹਫੇ ਦੇ ਕੇ ਸਨਮਾਨਤ ਕੀਤਾ ਗਿਆ ਤੇ ਯੋਗਾ ਟਰੇਨਰਾਂ ਨੂੰ ਦਿਵਾਲੀ ਦੇ ਸ਼ੁਭ ਤਿਉਹਾਰ ਦੀ ਵਧਾਈ ਦਿੱਤੀ। ਇਸ ਮੌਕੇ ਜੋਨੀ ਆਂਵਲਾ, ਕਪਿਲ ਕੰਧਾਰੀ, ਮਨੂੰ ਮਾਨਕਟਾਲਾ, ਸੰਤਪਾਲ ਗਿਰਧਰ, ਵਰੁਣ ਗਾਵੜੀ, ਬੱਬੂ ਕੰਧਾਰੀ, ਲਖਵਿੰਦਰ ਸੰਧੂ, ਗੁਰਵਿਰ ਆਂਵਲਾ, ਓਮ ਮੋਂਗਾ, ਸੰਦੀਪ ਮਦਾਨ, ਮਨੀਸ਼ ਸ਼ਰਮਾ, ਅਜਮੇਰ ਸਿੰਘ ਸੰਧੀ, ਡਾਕਟਰ ਆਤਮਾ ਰਾਮ, ਰਮੇਸ਼ ਹਾਂਡਾ, ਸੰਜੀਵ ਝੱਟਾ, ਮੰਜੂ ਰਹੇਜਾ, ਜਗਤਾਰ ਸਿੰਘ, ਸੁਰਿੰਦਰ ਸ਼ਰਮਾ ਕੈਸ਼ੀਅਰ ਆਦਿ ਹਾਜ਼ਰ ਸਨ।

## ਸੈਂਟੀਨਲ ਸਕੂਲ 'ਚ ਇੰਟਰ ਹਾਊਸ ਮੁਕਾਬਲੇ ਕਰਾਏ



**ਸਮਰਾਲਾ (ਸੁਰਜੀਤ ਸਿੰਘ)**-ਦੀਵਾਲੀ ਤਿਉਹਾਰ ਮੌਕੇ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਤੇ ਕਲਾ ਨੂੰ ਉਤਸ਼ਾਹਤ ਕਰਨ ਲਈ ਸੈਂਟੀਨਲ ਇੰਟਰਨੈਸ਼ਨਲ ਸਕੂਲ ਵਿਖੇ ਪ੍ਰਿੰਸੀਪਲ ਡਾ ਪੂਨਮ ਸ਼ਰਮਾ ਦੀ ਅਗਵਾਈ ਹੇਠ ਇੰਟਰ ਹਾਊਸ ਮੁਕਾਬਲੇ ਕਰਾਏ ਗਏ, ਜਿਨ੍ਹਾਂ 'ਚ ਦੀਵੇ, ਮੋਮਬੱਤੀਆਂ ਸਜਾਉਣਾ, ਪੇਂਟਿੰਗਸ ਤੇ ਫੁੱਲਾਂ ਨਾਲ ਆਪਣੀਆਂ ਰਚਨਾਵਾਂ ਨੂੰ ਅਲੌਕਿਕ ਬਣਾਉਣਾ ਆਦਿ। ਇਸੇ ਤਰ੍ਹਾਂ ਕਲਾਸ ਡੈਕੋਰੇਸ਼ਨ ਮੁਕਾਬਲਾ ਆਯੋਜਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੀਆਂ ਜਮਾਤਾਂ ਨੂੰ ਦੀਵਾਲੀ ਦੇ ਥੀਮ ਨਾਲ ਸਜਾਉਣ ਲਈ ਫੁੱਲਾਂ ਦੀਆਂ ਮਾਲਾਵਾਂ, ਰੰਗੀਨ ਚਾਰਟ ਪੇਪਰ ਤੇ ਲਾਈਟਾਂ ਦੀ ਵਰਤੋਂ ਕੀਤੀ।ਹਰੇਕ ਹਾਊਸ ਨੇ ਵੱਖਰੀ ਥੀਮ ਚੁਣੀ, ਜਿਸ ਵਿਚ ਰਵਾਇਤੀ ਪੰਜਾਬੀ ਦੀਵਾਲੀ ਜਾਂ ਆਧੁਨਿਕ ਈਕੋ-ਫ੍ਰੈਂਡਲੀ ਸਜਾਵਟ।ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਕਿਹਾ ਕਿ ਇਹ ਮੁਕਾਬਲੇ ਵਿਦਿਆਰਥੀਆਂ ਨੂੰ ਸਿਰਜਣਾਤਮਕਤਾ ਤੇ ਤਿਉਹਾਰੀ ਭਾਵਨਾ ਨਾਲ ਜੋੜਨ ਲਈ ਕਰਾਏ ਗਏ ਹਨ।ਸਕੂਲ ਪ੍ਰਬੰਧਕ ਕਰਨਬੀਰ ਸਿੰਘ ਢਿੱਲੋਂ ਨੇ ਜੇਤੂਆਂ ਨੂੰ ਇਨਾਮ ਵੰਡੇ ਤੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਕਰਨਵੀਰ ਸਿੰਘ ਢਿੱਲੋਂ ਤੇ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਵੱਲੋਂ ਸਕੂਲ ਦੇ ਸਾਰੇ ਸਟਾਫ਼ ਨੂੰ ਤੋਹਫੇ ਦਿੱਤੇ ਗਏ ਤੇ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

## ਐੱਨ ਜੀ ਓ ਦੇ ਸੇਵਾਦਾਰ ਨੇ ਮਰੀਜ਼ ਦੀ ਜਾਨ ਬਚਾਈ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਭਾਈਚਾਰਕ ਸਾਂਝ ਐੱਨ ਜੀ ਓ ਗਿੱਦੜਬਾਹਾ ਦੇ ਸੇਵਾਦਾਰ ਨਿਤਿਸ਼ ਕੁਮਾਰ ਪੁਨਹਾਨੀ ਨੇ ਮਨੁੱਖਤਾ ਦੀ ਮਿਸਾਲ ਪੇਸ਼ ਕਰਦਿਆਂ ਬੀਤੀ ਦੇਰ ਰਾਤ ਇੱਕ ਮਰੀਜ਼ ਦੀ ਜ਼ਿੰਦਗੀ ਬਚਾਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੇਵਾਦਾਰ ਹਰਪ੍ਰੀਤ ਸਿੰਘ ਮੱਕੜ ਨੇ ਦੱਸਿਆ ਕਿ ਰਾਤ ਦੇ ਸਮੇਂ ਉਨ੍ਹਾਂ ਨੂੰ ਇੱਕ ਵਿਅਕਤੀ ਵੱਲੋਂ ਫੋਨ ਰਾਹੀਂ ਜਾਣਕਾਰੀ ਮਿਲੀ ਕਿ ਉਸ ਦੀ ਪਤਨੀ ਨੂੰ ਡੇਂਗੂ ਹੋਣ ਕਰਕੇ ਉਹ ਬਠਿੰਡਾ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਹੈ, ਜਿਸ ਦੇ ਸੈੱਲ ਸਿਰਫ਼ 15,000 ਰਹਿ ਗਏ ਹਨ ਅਤੇ ਹਾਲਤ ਨਾਜ਼ੁਕ ਹੈ।ਮਰੀਜ਼ ਨੂੰ ਤੁਰੰਤ ਐਮਰਜੈਂਸੀ ਐੱਸ ਡੀ ਪੀ ਸੈੱਲ ਦੀ ਲੋੜ ਹੈ। ਫੋਨ ਸੁਣਦਿਆਂ ਹੀ ਸੇਵਾਦਾਰ ਨਿਤਿਸ਼ ਕੁਮਾਰ ਪੁਨਹਾਨੀ ਨੇ ਬਿਨਾ ਦੇਰ ਕੀਤੇ ਬਠਿੰਡਾ ਦੇ ਗੁਰੂ ਨਾਨਕ ਦੇਵ ਜੀ ਬਲੱਡ ਬੈਂਕ 'ਚ ਪਹੁੰਚ ਕੇ ਐੱਸ ਡੀ ਪੀ ਸੈੱਲ ਦਾਨ ਕੀਤੇ, ਜਿਸ ਨਾਲ ਮਰੀਜ਼ ਦੀ ਜ਼ਿੰਦਗੀ ਬਚ ਗਈ। ਸੇਵਾਦਾਰ ਮੱਕੜ ਨੇ ਦੱਸਿਆ ਕਿ 21 ਅਕਤੂਬਰ ਨੂੰ ਸੇਵਾਦਾਰ ਨਿਤਿਸ਼ ਕੁਮਾਰ ਪੁਨਹਾਨੀ ਦਾ ਜਨਮ ਦਿਨ ਸੀ ਅਤੇ ਉਸ ਨੇ ਇਕ ਲੋੜਵੰਦ ਦੀ ਜਾਨ ਬਚਾਉਣ ਲਈ ਕੀਤੇ ਉਪਰਾਲੇ ਨਾਲ ਆਪਣਾ ਜਨਮ ਦਿਨ ਮਨਾਇਆ। ਸੇਵਾਦਾਰ ਮੱਕੜ ਨੇ ਦੱਸਿਆ ਕਿ ਉਹ ਪਹਿਲਾਂ ਵੀ15 ਵਾਰ ਐਸ ਡੀ ਪੀ ਸੈੱਲਾਂ ਦੀ ਸੇਵਾ ਕਰ ਚੁੱਕੇ ਹਨ।

## ਬੀ ਕੇ ਯੂ ਏਕਤਾ ਉਗਰਾਹਾਂ ਨੇ 425 ਥੈਲੇ ਬੀਜ ਹੜ੍ਹ ਪੀੜਤਾਂ ਨੂੰ ਦਿੱਤਾ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਬਹਾਦਰਕੇ, ਬਾਘੀਆਂ ਵਿਖੇ ਹੜ੍ਹਾਂ ਤੋਂ ਹੋਏ ਨੁਕਸਾਨ ਤਹਿਤ ਪਹਿਲਾਂ ਇਹਨਾਂ ਪਿੰਡਾਂ ਵਿੱਚ ਡੰਗਰਾਂ ਲਈ ਅਚਾਰ, ਰਾਸ਼ਨ ਤੇ ਤੂੜੀ ਦਾ ਪ੍ਰਬੰਧ ਕੀਤਾ ਗਿਆ ਤੇ ਹੁਣ ਕਣਕ ਬੀਜਣ ਲਈ ਇਹਨਾਂ ਪਿੰਡਾਂ ਵਿੱਚ 425 ਥੈਲੇ ਬੀਜ ਵੰਡਿਆ ਗਿਆ। ਇਸ ਵੇਲੇ ਜ਼ਿਲ੍ਹਾ ਆਗੂਆਂ ਨੇ ਕਿਹਾ ਕਿ ਜਿੰਨਾ ਜ਼ਿਆਦਾ ਨੁਕਸਾਨ ਹੋਇਆ ਹੈ ਉਸ ਦੀ ਭਰਪਾਈ ਤਾਂ ਯੂਨੀਅਨ ਵਲੋਂ ਪੂਰੀ ਨਹੀਂ ਹੋ ਸਕਦੀ ਪਰ ਆਪਣੇ ਵਿੱਤ ਮੁਤਾਬਿਕ ਜ਼ਿਲ੍ਹਾ ਲੁਧਿਆਣਾ, ਫਾਜ਼ਿਲਕਾ, ਸ੍ਰੀ ਅੰਮ੍ਰਿਤਸਰ ਸਾਹਿਬ, ਗੁਰਦਾਸਪੁਰ ਤੇ ਹੁਸ਼ਿਆਰਪੁਰ 'ਚ ਲਗਾਤਾਰ ਵੱਡੀ ਗਿਣਤੀ ਵਿੱਚ ਮਜ਼ਦੂਰਾਂ ਤੇ ਬੇਜ਼ਮੀਨੇ ਲਈ ਕਣਕ ਵੰਡੀ ਗਈ ਤੇ ਕਿਸਾਨਾਂ ਨੂੰ ਕਣਕ ਬੀਜਣ ਲਈ ਬੀਜ ਦਿੱਤਾ ਗਿਆ। ਤੂੜੀ ਦੇ ਦਰਜਨਾਂ ਭੂੰਗ ਵੀ ਭੇਜੇ ਗਏ। ਆਗੂਆਂ ਕਿਹਾ ਕਿ ਜਥੇਬੰਦੀ ਵੱਲੋਂ ਕਣਕ ਬੀਜਣ ਤੱਕ ਨਾਲ ਹੀ ਹਨ। ਜਿਨ੍ਹਾਂ ਖੇਤਾਂ ਵਿਚ ਹਾਲੇ ਕਣਕ ਨਹੀਂ ਬੀਜੀ ਜਾ ਰਹੀ ਤੇ ਖੇਤਾਂ ਵਿੱਚ ਰੇਤਾ, ਗਾਰ ਚੜ੍ਹੀ ਹੈ, ਉਹਨਾਂ ਖੇਤਾਂ ਨੂੰ ਪੱਧਰ ਕੀਤਾ ਜਾ ਰਿਹਾ ਹੈ ਅਤੇ ਇਸੇ ਮੁਹਿੰਮ ਤਹਿਤ 23 ਅਕਤੂਬਰ ਨੂੰ ਮਾਲਵੇ ਚੋਂ ਵੱਡੀ ਗਿਣਤੀ ਵਿੱਚ ਟਰੈਕਟਰ ਜਾਣਗੇ ਤੇ ਉਹਨਾਂ ਕਿਸਾਨਾਂ ਦੀਆਂ ਜ਼ਮੀਨਾਂ ਦਾ ਪੱਧਰ ਕਰਨਗੇ। ਆਗੂਆਂ ਮੰਗ ਕੀਤੀ ਕਿ ਕਿਸਾਨਾਂ ਨੂੰ ਫਸਲਾਂ ਦਾ ਮੁਆਵਜ਼ਾ ਪੂਰਾ ਦਿੱਤਾ ਜਾਵੇ, ਉਹਨਾਂ ਦੇ ਕਰਜ਼ੇ ਖ਼ਤਮ ਕੀਤੇ ਜਾਣ, ਜ਼ਮੀਨਾਂ ਪੱਧਰ ਕਰਨ 'ਤੇ ਡੀਜ਼ਲ ਸਬਸਿਡੀ ਵਾਲਾ ਦਿੱਤਾ ਜਾਵੇ। ਇਸ ਵੇਲੇ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ, ਮੀਤ ਪ੍ਰਧਾਨ ਮਨੋਹਰ ਸਿੰਘ ਕਲਾੜ, ਰਾਜਿੰਦਰ ਸਿੰਘ ਸਿਆੜ ਖਜ਼ਾਨਚੀ, ਬਲਵੰਤ ਸਿੰਘ ਘੁਡਾਣੀ, ਯੁਵਰਾਜ ਸਿੰਘ ਘੁਡਾਣੀ, ਜਸਵੰਤ ਸਿੰਘ ਭੱਟੀਆਂ, ਅਮਰੀਕ ਸਿੰਘ ਭੂੰਦੜੀ, ਮਨਜੀਤ ਸਿੰਘ ਰਾਏਕੋਟ , ਤੀਰਥ ਸਿੰਘ ਤਲਵੰਡੀ ਸਤਪਾਲ ਸਿੰਘ ਪਤੀ ਮਲਤਾਨੀ, ਬਲਵੀਰ ਸਿੰਘ ਫਲੇਵਾਲ, ਕਮਿਕਰ ਸਿੰਘ, ਅਜੀਤ ਸਿੰਘ ਤੇ ਸੋਹਣ ਸਿੰਘ ਬਾਘੀਆਂ ਵੀ ਹਾਜ਼ਰ ਸਨ।

## ਵਿਸ਼ਵਕਰਮਾ ਦਿਵਸ ਸ਼ਰਧਾ ਨਾਲ ਮਨਾਇਆ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਸ਼ਿਲਪ ਕਲਾ ਦੇ ਰਚੇਤਾ ਬਾਬਾ ਵਿਸ਼ਵਕਰਮਾ ਜੀ ਦਾ ਅਵਤਾਰ ਦਿਹਾੜਾ ਵਿਸ਼ਵਕਰਮਾ ਸਭਾ ਵੱਲੋਂ ਧੂਮਧਾਮ, ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ।ਗੁਰਦੁਆਰਾ ਵਿਸ਼ਵਕਰਮਾ ਸਾਹਿਬ ਵਿਖੇ ਪਰਸੋਂ ਤੋਂ ਆਰੰਭ ਕੀਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਰਾਗੀ ਜੱਥੇ ਨੇ ਆਈਆਂ ਸੰਗਤਾਂ ਨੂੰ ਇਲਾਹੀ ਗੁਰਬਾਣੀ ਨਾਲ ਜੋੜ ਕੇ ਨਿਹਾਲ ਕੀਤਾ। ਇਸ ਮੌਕੇ ਕਵੀਸ਼ਰੀ ਤੇ ਢਾਡੀ ਜੱਥੇ ਵੱਲੋਂ ਵੀ ਬਾਬਾ ਵਿਸ਼ਵਕਰਮਾ ਜੀ ਜੀਵਨ ਕਾਲ ਨਾਲ ਜੁੜੀ ਗਾਥਾ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਤਿਹਾਸਕ ਗੁਰਦੁਆਰਾ ਜਾਮਣੀ ਸਾਹਿਬ ਬਜੀਦਪੁਰ (ਫਿਰੋਜ਼ਪੁਰ) ਤੋਂ ਵਿਸ਼ੇਸ਼ ਤੌਰ 'ਤੇ ਪੁੱਜੇ ਕਥਾ ਵਾਚਕ ਭਾਈ ਵਰਿੰਦਰ ਸਿੰਘ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੀ ਮਨੁੱਖਤਾ ਨੂੰ ਦੇਣ ਤੇ ਮਨ ਨੂੰ ਨਿਰਮਲ ਕਰਨ ਸਬੰਧੀ ਵਿਚਾਰਾਂ ਸਾਂਝੀਆ ਕੀਤੀਆਂ। ਕਸਬੇ ਵਿੱਚ ਦਸਤਕਾਰੀ ਨਾਲ ਜੁੜੇ ਅਤੇ ਹੋਰ ਵੱਖ-ਵੱਖ ਖੇਤਰਾਂ ਵਿੱਚ ਵਧੀਆ ਸੇਵਾਵਾਂ ਨਿਭਾਅ ਰਹੇ ਵਿਅਕਤੀਆਂ ਨੂੰ ਗੁਰੂ ਦੀ ਬਖਸ਼ਿਸ਼ ਸਿਰੋਪੇ ਭੇਟ ਕਰਕੇ ਬਾਬਾ ਰੌਲਾ ਸਿੰਘ ਪ੍ਰਧਾਨ ਵਿਸ਼ਵਕਰਮਾ ਸਭਾ ਤੇ ਕਮੇਟੀ ਮੈਂਬਰ ਸਹਿਬਾਨ ਵੱਲੋਂ ਸਨਮਾਨਤ ਕੀਤਾ ਗਿਆ।

## ਕੇਂਦਰ ਤੇ ਦਿੱਲੀ ਸਰਕਾਰ ਪ੍ਰਦੂਸ਼ਣ ਫੈਲਾਉਣ 'ਚ ਪੰਜਾਬ ਦੇ ਕਿਸਾਨਾਂ ਨੂੰ ਬਦਨਾਮ ਨਾ ਕਰੇ : ਸ਼ਾਹਪੁਰ



**ਦੋਰਾਹਾ (ਹਰਮਿੰਦਰ ਸੇਠ)**-ਹੁਣ ਦੀਵਾਲੀ ਤੋਂ ਬਾਅਦ ਰਾਜਧਾਨੀ ਦਿੱਲੀ ਸਮੇਤ ਪੂਰੇ ਉੱਤਰੀ ਭਾਰਤ ਵਿੱਚ ਬਹੁਤ ਵੱਡੇ ਪੱਧਰ 'ਤੇ ਪ੍ਰਦੂਸ਼ਣ 'ਚ ਵਾਧਾ ਵੇਖਣ ਨੂੰ ਮਿਲਿਆ।ਦਿੱਲੀ 'ਚ ਮੰਗਲਵਾਰ ਨੂੰ ਦੀਵਾਲੀ ਤੋਂ ਬਾਅਦ ਪ੍ਰਦੂਸ਼ਣ ਵਿੱਚ ਵੱਡਾ ਵਾਧਾ ਹੋਇਆ ਦਰਜ ਕੀਤਾ ਗਿਆ।ਇਸ ਵਾਰੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਸਾਬਕਾ ਜ਼ਿਲ੍ਹਾ ਵੈਟਨਰੀ ਇੰਸਪੈਕਟਰ ਅਤੇ ਲੋਕ ਸੇਵਾ ਸੋਸਾਇਟੀ ਦੇ ਪ੍ਰਧਾਨ ਸੁਰਿੰਦਰ ਸਿੰਘ ਸ਼ਾਹਪੁਰ ਨੇ ਕਿਹਾ ਕਿ ਕੇਂਦਰ ਅਤੇ ਦਿੱਲੀ ਸਰਕਾਰ ਹਮੇਸ਼ਾ ਪ੍ਰਦੂਸ਼ਣ ਫੈਲਾਉਣ ਦੇ ਮਾਮਲੇ 'ਚ ਪੰਜਾਬ ਦੇ ਕਿਸਾਨਾਂ ਨੂੰ ਬਦਨਾਮ ਕਰਦੇ ਹਨ ਜੋ ਕਿ ਸਰਾਸਰ ਗਲਤ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੇ ਪਰਾਲ਼ੀ ਨੂੰ ਸਾਂਭਣ ਲਈ ਵੱਡੇ ਵੱਡੇ ਮਸ਼ੀਨਰੀ ਦੇ ਬੰਦੋਬਸਤ ਕਰ ਲਏ ਹਨ ਅਤੇ ਵੱਡੀ ਮਾਤਰਾ ਚ ਮਸ਼ੀਨਰੀ ਖਰੀਦ ਲਈ ਹੈ।ਸੂਬੇ ਦਾ ਕਿਸਾਨ ਬਹੁਤ ਪੜ੍ਹਿਆ ਲਿਖਿਆ ਅਤੇ ਅਗਾਂਹਵਧੂ ਹੈ ਜੋ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੋਂ ਖੇਤੀ ਸੰਬੰਧੀ ਹਰ ਜਾਣਕਾਰੀ ਪਹਿਲਾ ਹੀ ਹਾਸਲ ਕਰ ਲੈਂਦਾ ਹੈ।ਸ਼ਾਹਪੁਰ ਨੇ ਕਿਹਾ ਕਿ ਪੰਜਾਬ ਨੂੰ ਛੱਡ ਕੇ ਦੇਸ਼ ਦੇ ਸਾਰੇ ਲੋਕਾਂ ਨੇ ਦੀਵਾਲੀ 20 ਅਕਤੂਬਰ ਨੂੰ ਮਨਾਈ ਹੈ ਅਤੇ ਦਿੱਲੀ ਅਤੇ ਉੱਤਰੀ ਭਾਰਤ 'ਚ ਧੂੰਆਂ 21 ਅਕਤੂਬਰ ਦੀ ਸਵੇਰ ਨੂੰ ਹੀ ਵੱਡੇ ਪੱਧਰ 'ਤੇ ਫੈਲ ਗਿਆ ਸੀ।ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਦੀਵਾਲੀ 21 ਅਕਤੂਬਰ ਨੂੰ ਮਨਾਈ ਹੈ ਇਸ ਲਈ ਦਿੱਲੀ ਅਤੇ ਉੱਤਰੀ ਭਾਰਤ 'ਚ ਫੈਲਿਆ ਪ੍ਰਦੂਸ਼ਣ ਹੋਰ ਰਾਜਾਂ ਦੁਆਰ ਫੈਲਾਇਆ ਗਿਆ ਹੈ।ਜੇਕਰ ਪਰਾਲ਼ੀ ਨੂੰ ਅੱਗ ਲਗਾਉਣ ਦੇ ਮਾਮਲੇ ਦੀ ਗੱਲ ਕਰੀਏ ਤਾਂ ਦਿੱਲੀ ਦੇ ਆਲੇ ਦੁਆਲੇ ਵੱਸਦੇ ਰਾਜ ਉੱਤਰ ਪ੍ਰਦੇਸ਼, ਹਰਿਆਣਾ ਅਤੇ ਰਾਜਸਥਾਨ ਦੀ ਕੋਈ ਗੱਲ ਨਹੀਂ ਕਰਦਾ।ਕੀ ਇਹ ਸਿਰਫ ਪੰਜਾਬ ਦੇ ਕਿਸਾਨਾਂ ਨੂੰ ਹਰ ਮਾਮਲੇ 'ਚ ਟਾਰਗੈਟ ਕਰਨਾ ਹੈ।ਉਹਨਾਂ ਕਿਹਾ ਕਿ ਹਰਿਆਣਾ 'ਚ ਸਾਡੇ ਪ੍ਰਦੂਸ਼ਣ ਦਾ ਹਰਿਆਣਾ 'ਚ ਕੋਈ ਅਸਰ ਨਹੀਂ ਪਰ ਦਿੱਲੀ 'ਚ ਪਤਾ ਨਹੀਂ ਕਿਵੇਂ ਅਸਰ ਹੁੰਦਾ ਹੈ।

## ਰਾਜੇਸ਼ ਕੁਮਾਰ ਬੌਬੀ ਨਮਿਤ ਪਾਠ ਦਾ ਭੋਗ 28 ਨੂੰ



**ਲੌਂਗੋਵਾਲ (ਪ੍ਰਦੀਪ ਸੱਪਲ)**-ਪਿਛਲੇ ਦਿਨੀਂ ਨੌਜਵਾਨ ਰਾਜੇਸ਼ ਕੁਮਾਰ ਬੌਬੀ ਦਾ ਦਿਹਾਂਤ ਹੋ ਗਿਆ ਸੀ। ਉਹਨਾਂ ਦੀ ਮੌਤ 'ਤੇ ਵੱਡੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਗੁਰਤੇਗ ਸਿੰਘ ਲੌਂਗੋਵਾਲ, ਭਾਜਪਾ ਆਗੂ ਰਤਨ ਕੁਮਾਰ ਮੰਗੂ, ਆੜ੍ਹਤੀਆ ਐਸੋ. ਪ੍ਰਧਾਨ ਪਵਨ ਕੁਮਾਰ ਬਾਬਲਾ, ਮੰਗਤ ਰਾਏ ਮੰਗੂ, ਹਰਮੇਸ਼ ਸ਼ਰਮਾ, ਅਮਰਜੀਤ ਸਿੰਘ ਗਿੱਲ, ਬਲਵਿੰਦਰ ਸਿੰਘ ਢਿੱਲੋਂ, ਅੰਮ੍ਰਿਤਪਾਲ ਸਿੰਘ ਸਿੱਧੂ, ਨਿਟੂ ਸ਼ਰਮਾ, ਡਾ. ਗੁਰਪ੍ਰੀਤ ਸਿੰਘ ਵਾਲੀਆ, ਸੁਖਪਾਲ ਸਿੰਘ ਬਾਜਵਾ, ਹਰਜਿੰਦਰ ਸਿੰਘ ਦੁੱਲਟ, ਗੁਰਜੰਟ ਸਿੰਘ ਦੁੱਲਟ, ਮੇਲਾ ਸਿੰਘ ਸੂਬੇਦਾਰ, ਬਲਜੀਤ ਸਿੰਘ ਸਿੱਧੂ, ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ ਤੋਂ ਇਲਾਵਾ ਵੱਖ-ਵੱਖ ਅਧਿਆਪਕ ਜਥੇਬੰਦੀਆਂ ਅਤੇ ਸਮੂਹ ਪੱਤਰਕਾਰ ਭਾਈਚਾਰੇ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਪਾਠ ਦੇ ਭੋਗ 28 ਅਕਤੂਬਰ ਨੂੰ ਸ਼ਿਵ ਮੰਦਰ ਲੌਂਗੋਵਾਲ ਵਿਖੇ ਪਾਏ ਜਾਣਗੇ।

# ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ 'ਚ ਬਣ ਰਹੇ ਮਹੱਲਾ ਕਲੀਨਿਕ ਦਾ ਵਿਰੋਧ



**ਦੋਰਾਹਾ (ਹਰਮਿੰਦਰ ਸੇਠ)**-ਪਾਇਲ ਸ਼ਹਿਰ ਵਿੱਚ ਵਾਰਡ ਨੰਬਰ-1,8,10,11 ਦੀ ਸਾਂਝੀ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਵਿੱਚ ਸਰਕਾਰ ਵੱਲੋਂ ਮਹੱਲਾ ਕਲੀਨਿਕ ਖੋਲ੍ਹਿਆ ਜਾ ਰਿਹਾ ਹੈ, ਜਿਸ ਵਿੱਚ ਇਹਨਾਂ ਚਾਰੇ ਵਾਰਡਾਂ ਦੇ ਦਲਿਤ ਭਾਈਚਾਰੇ ਦੀਆਂ ਬੀਬੀਆਂ ਅਤੇ ਭਾਈਆਂ ਵੱਲੋਂ ਇਸ ਦਾ ਵੱਡੇ ਪੱਧਰ 'ਤੇ ਵਿਰੋਧ ਕੀਤਾ ਗਿਆ। ਲੋਕਾਂ ਦਾ ਦੋਸ਼ ਹੈ ਕਿ ਮਹੱਲਾ ਕਲੀਨਿਕ ਸਾਡੀ ਸਹਿਮਤੀ ਤੋਂ ਬਿਨਾਂ ਖੋਲ੍ਹਿਆ ਜਾ ਰਿਹਾ ਹੈ ਕਿਉਂਕਿ ਸਾਡੇ ਕੋਲ ਪਹਿਲਾਂ ਹੀ ਜਗ੍ਹਾ ਬਹੁਤ ਘੱਟ ਹੈ, ਇਥੇ ਕੋਈ ਪ੍ਰੋਗਰਾਮ ਕਰਨਾ ਹੈ ਤਾਂ ਸਾਨੂੰ ਬਹੁਤ ਔਖਿਆਈ ਦਾ ਸਾਹਮਣਾ ਕਰਨਾ ਪਵੇਗਾ। ਵਿਧਾਇਕ ਦੇ ਧਿਆਨ ਵਿੱਚ ਆਉਣ ਤੋਂ ਬਾਅਦ ਇਸ ਮਹੱਲਾ ਕਲੀਨਿਕ ਦਾ ਕੰਮ ਫਿਲਹਾਲ ਰੋਕ ਦਿੱਤਾ ਗਿਆ ਹੈ।

ਇਸ ਮੌਕੇ ਮਹੱਲਾ ਨਿਵਾਸੀ ਬੀਬੀਆਂ ਤੇ ਭਾਈਆਂ ਨੇ ਕਿਹਾ ਕਿ ਨਗਰ ਕੌਂਸਲ ਅਤੇ ਆਮ ਆਦਮੀ ਪਾਰਟੀ ਦੀ ਗਲਤੀ ਹੈ ਜਿਨ੍ਹਾਂ ਨੇ ਮੁਹੱਲਾ ਨਿਵਾਸੀਆਂ ਤੋਂ ਬਿਨਾਂ ਸਲਾਹ ਕੀਤੇ ਹੀ ਇੱਥੇ ਮੁਹੱਲਾ ਕਲੀਨਿਕ ਖੋਲ੍ਹਣ ਦਾ ਫੈਸਲਾ ਕਰ ਲਿਆ, ਜਿਸ ਦਾ ਅਸੀਂ ਡਟ ਕੇ ਵਿਰੋਧ ਕਰਾਂਗੇ। ਇਸ ਮੌਕੇ ਪਹੁੰਚੇ ਉੱਘੇ ਅੰਬੇਡਕਵਾਦੀ ਗੁਰਦੀਪ ਸਿੰਘ ਕਾਲੀ ਨੇ ਕਿਹਾ ਕਿ ਮੁਹੱਲਾ ਕਲੀਨਿਕ ਖੋਲ੍ਹਣਾ ਤੋਂ ਸਰਕਾਰ ਦੀ ਨੀਤੀ ਹੈ ਪ੍ਰੰਤੂ ਗਰੀਬਾਂ ਦੀ ਧਰਮਸ਼ਾਲਾ 'ਚ ਕਿਉਂ ਖੋਲ੍ਹਿਆ ਜਾ ਰਿਹਾ ਹੈ। ਸ਼ਹਿਰ ਵਿੱਚ ਬਹੁਤ ਜਗ੍ਹਾ ਪਈਆਂ ਹਨ ਜਿੱਥੇ ਮੁਹੱਲਾ ਕਲੀਨਿਕ ਖੋਲ੍ਹਿਆ ਜਾ ਸਕਦਾ ਹੈ। ਇੱਥੇ ਇੱਕ ਵੱਡਾ ਹਸਪਤਾਲ ਵੀ ਹੈ। ਇੱਥੇ ਮੁਹੱਲਾ ਕਲੀਨਿਕ ਖੋਲ੍ਹਣ ਦੀ ਬਜਾਏ ਉੱਥੇ ਇਹ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ। ਲੋਕਾਂ ਦੇ ਰੋਹ ਨੂੰ ਦੇਖਦੇ ਹੋਏ ਹਲਕਾ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਆਪਣਾ ਨੁਮਾਇੰਦਾ ਸਾਬਕਾ ਚੇਅਰਮੈਨ ਬੂਟਾ ਸਿੰਘ ਨੂੰ ਭੇਜਿਆ ਤੇ ਉਹਨਾਂ ਕਿਹਾ ਕਿ ਇਹ ਸਾਰੀ ਗਲਤੀ ਨਗਰ ਕੌਂਸਲ ਦੀ ਹੈ, ਜਿਸ ਵਿੱਚ ਸਾਰੇ ਨਗਰ ਕੌਂਸਲ ਮੈਂਬਰ ਸਮੇਤ ਪ੍ਰਧਾਨ ਨੇ ਮਤਾ ਪਾ ਕੇ ਦਿੱਤਾ, ਉਸ ਤੋਂ ਬਾਅਦ ਅਸੀਂ ਮਨਜ਼ੂਰੀ ਲਈ ਹੈ। ਵਿਧਾਇਕ ਨੇ ਕਿਹਾ ਕਿ ਕਾਂਗਰਸ ਪਾਰਟੀ ਨਹੀਂ ਚਾਹੁੰਦੀ ਕਿ ਪਾਇਲ ਸ਼ਹਿਰ ਵਿੱਚ ਕੋਈ ਵਿਕਾਸ ਹੋਵੇ ਕਿਉਂਕਿ ਇਹ ਨਗਰ ਕੌਂਸਲ ਦੇ ਪ੍ਰਧਾਨ ਅਤੇ ਮੈਂਬਰ ਸਾਹਿਬਾਨ ਦੀ ਸਹਿਮਤੀ ਨਾਲ ਹੀ ਇਹ ਕੰਮ ਸ਼ੁਰੂ ਕੀਤਾ ਗਿਆ ਸੀ, ਉਹ ਸਾਨੂੰ ਕੋਈ ਹੋਰ ਜਗ੍ਹਾ ਦੱਸ ਦਿੰਦੇ, ਅਸੀਂ ਉਸ ਜਗ੍ਹਾ 'ਤੇ ਇਹ ਮੁਹੱਲਾ ਕਲੀਨਿਕ ਬਣਾ ਦਿੰਦੇ।

## ਸਾਨੂੰ ਬਾਬਾ ਵਿਸ਼ਵਕਰਮਾ ਦੇ ਦੱਸੇ ਹੋਏ ਮਾਰਗ 'ਤੇ ਚੱਲਣਾ ਚਾਹੀਦਾ : ਇੰਜੀਨੀਅਰ ਸੋਨੂ



**ਕੋਟ ਈਸੇ ਖਾਂ (ਅਰੋੜਾ)**-ਸਾਨੂੰ ਸਾਰਿਆਂ ਨੂੰ ਬਾਬਾ ਵਿਸ਼ਵਕਰਮਾ ਜੀ ਦੇ ਦੱਸੇ ਹੋਏ ਮਾਰਗ 'ਤੇ ਚੱਲਣਾ ਚਾਹੀਦਾ ਹੈ ਕਿਉਂਕਿ ਬਾਬਾ ਵਿਸ਼ਵਕਰਮਾ ਜੀ ਨੂੰ ਮੰਨਣ ਵਾਲੇ ਮਿਹਨਤਕਸ਼ ਲੋਕਾਂ ਨੇ ਦੇਸ਼ ਦੀ ਤਰੱਕੀ ਅਤੇ ਸਮਾਜ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾਇਆ ਹੈ ਅਤੇ ਅੱਜ ਅਸੀਂ ਬਾਬਾ ਵਿਸ਼ਵਕਰਮਾ ਜੀ ਦੀ ਅਪਾਰ ਕਿਰਪਾ ਸਦਕਾ ਅਨੇਕਾਂ ਪ੍ਰਕਾਰ ਦੀਆਂ ਸਹੂਲਤਾਂ ਦਾ ਆਨੰਦ ਮਾਣ ਰਹੇ ਹਾਂ ਇਨਾ ਸ਼ਬਦਾਂ ਦਾ ਪ੍ਰਗਟਾਵਾ ਇੰਜੀਨੀਅਰ ਰਜਿੰਦਰ ਸਿੰਘ ਸੋਨੂ ਮਾਡਰਨ ਬਿਲਡਿੰਗ ਡਿਜ਼ਾਇਨਰ ਵਾਲਿਆਂ ਨੇ ਆਪਣੇ ਦਫਤਰ ਵਿੱਚ ਆਪਣੇ ਸਾਥੀਆਂ ਨਾਲ ਬਾਬਾ ਵਿਸ਼ਵਕਰਮਾ ਜੀ ਦਾ ਦਿਹਾੜਾ ਮਨਾਉਣ ਮੌਕੇ ਕੀਤਾ ਉਹਨਾਂ ਬਾਬਾ ਵਿਸ਼ਵਕਰਮਾ ਜੀ ਦੀ ਤਸਵੀਰ ਅੱਗੇ ਫੁੱਲ ਮਲਾਵਾਂ ਭੇਟ ਕੀਤੀਆਂ ਅਤੇ ਸੰਗਤ ਨੂੰ ਪ੍ਰਸ਼ਾਦ ਵੰਡਿਆ ਤੇ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ।

## ਸ੍ਰੀ ਗੁਰੂ ਗ੍ਰੰਥ ਸਾਹਿਬ 'ਵਰਸਿਟੀ ਵੱਲੋਂ 'ਅੰਤਰਰਾਸ਼ਟਰੀ ਕਵਾਂਟਮ ਵਿਗਿਆਨ ਤੇ ਤਕਨਾਲੋਜੀ ਵਰ੍ਹੇ' ਨੂੰ ਸਮਰਪਤ ਲੈਕਚਰ ਸੀਰੀਜ਼



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੇ ਭੌਤਿਕ ਵਿਗਿਆਨ ਵਿਭਾਗ ਵੱਲੋਂ 'ਅੰਤਰਰਾਸ਼ਟਰੀ ਕਵਾਂਟਮ ਵਿਗਿਆਨ ਅਤੇ ਤਕਨਾਲੋਜੀ ਵਰ੍ਹੇ' ਨੂੰ ਸਮਰਪਤ ਦੋ-ਦਿਨਾ ਲੈਕਚਰ ਸੀਰੀਜ਼ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਮੁੱਖ ਵਿਸ਼ੇਸ਼ ਵਿਅਖਿਆਤਾ ਡਾ. ਬੀਰਬਿਕਰਮ ਸਿੰਘ, ਐਸੋਸੀਏਟ ਪ੍ਰੋਫੈਸਰ, ਪਾਂਡਿਚੇਰੀ ਯੂਨੀਵਰਸਿਟੀ (ਪੁਡੂਚੇਰੀ) ਰਹੇ, ਜਿਨ੍ਹਾਂ ਨੇ ਰੋਲ ਆਫ ਕਵਾਂਟਮ ਸਾਇੰਸ ਵਿਸ਼ੇ 'ਤੇ ਵਿਸਤ੍ਰਿਤ ਅਤੇ ਗਿਆਨਵਰਧਕ ਲੈਕਚਰ ਦਿੱਤੇ।ਇਹ ਲੈਕਚਰ ਐਮ.ਐੱਸ.ਸੀ. (ਆਨਰਜ਼) ਅਤੇ ਬੀ.ਐੱਸ.ਸੀ. (ਆਨਰਜ਼) ਭੌਤਿਕ ਵਿਗਿਆਨ ਦੇ ਵਿਦਿਆਰਥੀਆਂ ਤੇ ਵਿਭਾਗ ਦੇ ਅਧਿਆਪਕ ਮੈਂਬਰਾਂ ਵੱਲੋਂ ਉਤਸ਼ਾਹ ਨਾਲ ਸੁਣੇ ਗਏ।ਇਸ ਪ੍ਰੋਗਰਾਮ ਦੀ ਕੋਆਰਡੀਨੇਟਰ ਨਵਨੀਤ ਕੌਰ ਸਨ।ਪਹਿਲੇ ਦਿਨ ਡਾ. ਸਿੰਘ ਨੇ ਕਵਾਂਟਮ ਮਕੈਨਿਕਸ ਦੇ 100 ਸਾਲ ਪੂਰੇ ਹੋਣ ਦੇ ਵਿਸ਼ਵ ਪੱਧਰੀ ਮਹੱਤਵ 'ਤੇ ਚਰਚਾ ਕੀਤੀ ਅਤੇ ਮੈਕਸ ਪਲੈਂਕ, ਆਲਬਰਟ ਆਇੰਸਟਾਈਨ, ਨੀਲਸ ਬੋਹਰ, ਵੋਲਫਗੈਂਗ ਪੌਲੀ, ਵਰ ਰ ਹਾਈਜ਼ਨਬਰਗ ਅਤੇ ਐਰਵਿਨ ਸ਼ਰੋਡਿੰਗਰ ਵਰਗੇ ਵਿਗਿਆਨੀਆਂ ਦੇ ਮਹੱਤਵਪੂਰਨ ਯੋਗਦਾਨ ਬਾਰੇ ਜਾਣਕਾਰੀ ਦਿੱਤ। ਦੂਜੇ ਦਿਨ ਡਾ. ਸਿੰਘ ਨੇ ਕਵਾਂਟਮ ਮਕੈਨਿਕਸ ਦੀ ਵਰਤੋਂ ਨਾਲ ਬਣਾਈ ਗਈ ਅਰਧ-ਅਨੁਭਵਿਕ ਮਾਸ ਫਾਰਮੂਲਾ 'ਤੇ ਵਿਚਾਰ ਸਾਂਝੇ ਕੀਤੇ।ਭੌਤਿਕ ਵਿਗਿਆਨ ਵਿਭਾਗ ਦੇ ਮੁਖੀ ਡਾ. ਪ੍ਰੀਤ ਕੌਰ ਨੇ ਸੈਕੰਡ ਕਵਾਂਟਮ ਰਿਵੋਲਿਊਸ਼ਨ ਦੀ ਮਹੱਤਤਾ ਉਜਾਗਰ ਕੀਤੀ।ਡਾ. ਤੇਜਬੀਰ ਸਿੰਘ ਪ੍ਰੋਫੈਸਰ, ਭੌਤਿਕ ਵਿਗਿਆਨ ਵਿਭਾਗ ਨੇ ਵਿਦਿਆਰਥੀਆਂ ਨੂੰ ਕਵਾਂਟਮ ਮਕੈਨਿਕਸ ਵਿੱਚ ਖੋਜ ਕਰਨ ਲਈ ਪ੍ਰੇਰਿਤ ਕੀਤਾ ਅਤੇ ਇਸ ਦੇ ਵਿਸ਼ਾਲ ਖੇਤਰ ਅਤੇ ਸੰਭਾਵਨਾਵਾਂ 'ਤੇ ਚਾਨਣਾ ਪਾਇਆ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਵਿਭਾਗ ਵੱਲੋਂ ਕੀਤੇ ਇਸ ਪ੍ਰਯਾਸ ਦੀ ਪਸੰਸਾ ਕੀਤੀ ਅਤੇ ਕਿਹਾ ਕਿ ਇਸ ਤਰ੍ਹਾਂ ਦੀਆਂ ਅਕਾਦਮਿਕ ਗਤੀਵਿਧੀਆਂ ਵਿਦਿਆਰਥੀਆਂ ਦੇ ਵਿਗਿਆਨਕ ਮਾਨਸਿਕ ਵਿਕਾਸ ਲਈ ਅਤਿਅੰਤ ਜ਼ਰੂਰੀ ਹਨ।ਡੀਨ ਅਕਾਦਮਿਕ ਮਾਮਲੇ ਡਾ. ਸੁਖਵਿੰਦਰ ਸਿੰਘ ਬਿਲਿੰਗ ਨੇ ਵਿਭਾਗ ਨੂੰ ਲੈਕਚਰ ਸੀਰੀਜ਼ ਆਯੋਜਿਤ ਕਰਨ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਵਿਗਿਆਨ ਦੇ ਆਧੁਨਿਕ ਵਿਕਾਸਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ

# ਧੀਰਪੁਰ ਵਾਸੀ ਅਮਨਦੀਪ ਕੌਰ ਨੇ ਇੰਟਰਨੈਸ਼ਨਲ ਖੇਡਾਂ 'ਚ ਲਿਆਂਦਾ ਗੋਲਡ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਅਮਨਦੀਪ ਕੌਰ ਨੇ ਏਸ਼ੀਅਨ ਰਗਬੀ ਲੀਗ ਵਿੱਚ ਗੋਲਡ ਮੈਡਲ ਹਾਸਲ ਕਰਕੇ ਜਿੱਥੇ ਦੇਸ਼ ਤੇ ਸੂਬੇ ਦਾ ਨਾਂਅ ਰੌਸ਼ਨ ਕੀਤਾ, ਉੱਥੇ ਆਪਣੇ ਮਾਪਿਆਂ ਦੇ ਨਾਂਅ ਨੂੰ ਵੀ ਚਾਰ-ਚੰਦ ਲਾਏ ਹਨ।ਜਿੱਤਣ ਉਪਰੰਤ ਜਦੋਂ ਅਮਨਦੀਪ ਕੌਰ ਪਿੰਡ ਪਹੁੰਚੀ ਤਾਂ ਵਿਧਾਇਕ ਲਖਬੀਰ ਸਿੰਘ ਰਾਏ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਲੜਕੀ ਦਾ ਸਨਮਾਨ ਕੀਤਾ।ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਅਮਨਦੀਪ ਕੌਰ ਨੇ ਬਹੁਤ ਵੱਡਾ ਕਾਰਜ ਕੀਤਾ ਹੈ। ਇਸ ਦੇ ਲਈ ਮਾਪੇ ਤੇ ਪਿੰਡ ਵਾਸੀ ਵਧਾਈ ਦੇ ਪਾਤਰ ਹਨ।ਉਨ੍ਹਾਂ ਕਿਹਾ ਕਿ ਲੜਕੀ ਦੇ ਹੌਸਲੇ ਨੂੰ ਦਾਤ ਦੇਣੀ ਚਾਹੀਦੀ ਹੈ, ਜਿਸ ਨੇ ਏਨੇ ਵੱਡੇ ਪੱਧਰ 'ਤੇ ਹਿੱਸਾ ਲੈ ਕੇ ਦੇਸ਼ ਨੂੰ ਗੋਲਡ ਦਿਵਾਇਆ ਹੈ।ਕੋਚ ਸੰਦੀਪ ਕੁਮਾਰ ਨੇ ਦੱਸਿਆ ਕਿ ਅਮਨਦੀਪ ਕੌਰ ਪੁੱਤਰੀ ਮਲੂਕ ਸਿੰਘ ਵਾਸੀ ਪਿੰਡ ਧੀਰਪੁਰ 2021 ਤੋਂ ਰਗਬੀ ਖੇਡਦੀ ਆ ਰਹੀ ਹੈ।ਖੇਡਾਂ ਵਤਨ ਪੰਜਾਬ ਦੀਆਂ ਦੌਰਾਨ ਅਮਨਦੀਪ ਕੌਰ ਦੋ ਵਾਰੀ ਸਟੇਟ 'ਚੋਂ ਗੋਲਡ ਹਾਸਲ ਕਰ ਚੁੱਕੀ ਹੈ, ਇਸ ਤੋਂ ਇਲਾਵਾ ਸੀਨੀਅਰ ਸਟੇਟ ਦੇ ਵਿੱਚ ਵੀ ਦੋ ਗੋਲਡ ਹਾਸਲ ਕੀਤੇ ਹਨ।ਉਨ੍ਹਾਂ ਦੱਸਿਆ ਕਿ ਖੇਲੋ ਇੰਡੀਆ ਅਸਮੀਤ ਲੀਗ, ਜੋ ਅੰਮ੍ਰਿਤਸਰ ਵਿਖੇ ਹੋਈ ਸੀ, ਉਨ੍ਹਾਂ ਖੇਡਾਂ ਵਿੱਚ ਕਲੱਬ ਵੱਲੋਂ ਜਦੋਂ ਅਮਨਦੀਪ ਕੌਰ ਨੇ ਹਿੱਸਾ ਲਿਆ ਤਾਂ ਉਨ੍ਹਾਂ ਖੇਡਾਂ ਦੇ ਵਿੱਚ ਵੀ ਗੋਲਡ ਹਾਸਲ ਕੀਤਾ।ਇਨ੍ਹਾਂ ਖੇਡਾਂ ਉਪਰੰਤ ਸਾਲ 2025 ਜੁਲਾਈ ਦੇ ਵਿੱਚ ਅਮਨਦੀਪ ਕੌਰ ਦੀ ਇੰਡੀਆ ਕੈਂਪ ਦੇ ਲਈ ਸਲੈਕਸ਼ਨ ਹੋ ਗਈ ਸੀ।ਹਾਲ ਹੀ ਵਿੱਚ ਹੋਈਆਂ ਏਸ਼ੀਅਨ ਰਗਬੀ ਲੀਗ, ਜਿਸ ਦੇ ਮੈਚ ਥਾਈਲੈਂਡ, ਚਾਈਨਾ, ਸ੍ਰੀਲੰਕਾ ਸਮੇਤ ਵੱਖ-ਵੱਖ ਦੇਸ਼ਾਂ ਦੇ ਵਿੱਚ ਹੋਏ ਸਨ।

ਇਸ ਲੀਗ ਦੇ ਦੌਰਾਨ ਵੀ ਅਮਨਦੀਪ ਕੌਰ ਨੇ ਗੋਲਡ ਹਾਸਲ ਕਰਕੇ ਭਾਰਤ ਦਾ ਨਾਂਅ ਰੌਸ਼ਨ ਕੀਤਾ ਹੈ।ਉਸ ਦੇ ਪਿੰਡ ਪਹੁੰਚਣ ਤੇ ਪਿੰਡ ਵਾਸੀਆਂ ਵੱਲੋਂ ਢੋਲ ਨਾਲ ਅਮਨਦੀਪ ਕੌਰ ਦਾ ਸਵਾਗਤ ਕੀਤਾ। ਅਮਨਦੀਪ ਕੌਰ ਨੇ ਕਿਹਾ ਕਿ ਉਹ ਆਪਣੇ ਕੋਚ ਸੰਦੀਪ ਕੁਮਾਰ ਤੇ ਪਰਵਾਰ ਦੇ ਤਹਿ ਦਿਲੋਂ ਧੰਨਵਾਦੀ ਹਨ, ਉਨ੍ਹਾਂ ਦੇ ਸਹਿਯੋਗ ਸਦਕਾ ਹੀ ਇਸ ਮੁਕਾਮ ਤੱਕ ਪਹੁੰਚੀ ਹਾਂ।

## ਗਿੱਲ ਪਰਵਾਰ ਨੂੰ ਸਦਮਾ, ਮਾਤਾ ਜਸਵਿੰਦਰ ਕੌਰ ਦਾ ਦਿਹਾਂਤ



**ਸ੍ਰੀ ਮੁਕਤਸਰ (ਸ਼ਮਿੰਦਰਪਾਲ, ਪੂਜਾ)**

ਸੇਵਾਮੁਕਤ ਪ੍ਰਿੰਸੀਪਲ ਬਲਜੀਤ ਸਿੰਘ ਗਿੱਲ (ਖੁੜੰਜ) ਦੀ ਧਰਮ ਪਤਨੀ, ਜ਼ਿਲ੍ਹਾ ਕਾਂਗਰਸ ਕਮੇਟੀ ਦੇ ਜਰਨਲ ਸਕੱਤਰ ਗੁਰਪ੍ਰੀਤ ਸਿੰਘ ਗਿੱਲ ਤੇ ਹਰਪ੍ਰੀਤ ਸਿੰਘ ਗਿੱਲ (ਪਬਲਿਕ ਹੈਲਥ) ਦੇ ਮਾਤਾ ਸਰਦਾਰਨੀ ਜਸਵਿੰਦਰ ਕੌਰ ਗਿੱਲ (72) ਪਿਛਲੇ ਦਿਨੀ ਸਦੀਵੀ ਵਿਛੋੜਾ ਦੇ ਗਏ ਸਨ ਤਾਂ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਆਗੂਆਂ ਤੇ ਸਮਾਜਿਕ ਸ਼ਖ਼ਸੀਅਤਾਂ ਨੇ ਘਰ ਪਹੁੰਚ ਕੇ ਉਹਨਾਂ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

ਉਨ੍ਹਾਂ ਨਮਿਤ ਸਹਿਜ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 24 ਅਕਤੂਬਰ ਨੂੰ ਦੁਪਿਹਰ 12 ਤੋ 1 ਵਜੇ ਤੱਕ ਸ਼ਾਂਤੀ ਭਵਨ, ਬਠਿੰਡਾ ਰੋਡ ਵਿਖੇ ਹੋਵੇਗੀ।

## ਪੰਜਾਬ ਰੋਡਵੇਜ਼ ਮੁਲਾਜ਼ਮ ਅੱਜ ਕਰਨਗੇ ਪ੍ਰਦਰਸ਼ਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਰੋਡਵੇਜ਼ ਦੇ ਕਰਮਚਾਰੀ 23 ਅਕਤੂਬਰ ਨੂੰ ਭਾਈ ਦੂਜ ਦੇ ਮੌਕੇ 'ਤੇ ਜਲੰਧਰ ਦੇ ਪੀ ਏ ਪੀ ਚੌਂਕ 'ਤੇ ਰਾਸ਼ਟਰੀ ਰਾਜਮਾਰਗ ਨੂੰ ਜਾਮ ਕਰਕੇ ਸਰਕਾਰ ਵਿਰੁੱਧ ਪ੍ਰਦਰਸ਼ਨ ਕਰਨਗੇ। ਇਹ ਵਿਰੋਧ ਪ੍ਰਦਰਸ਼ਨ ਕਿਲੋਮੀਟਰ ਸਕੀਮ ਦੇ ਟੈਂਡਰ ਨੂੰ ਰੱਦ ਨਾ ਕਰਨ ਦੇ ਵਿਰੋਧ ਵਿੱਚ ਕੀਤਾ ਜਾਵੇਗਾ। ਇਸ ਪ੍ਰਦਰਸ਼ਨ ਵਿੱਚ ਪੰਜਾਬ ਭਰ ਦੇ ਵੱਖ-ਵੱਖ ਡੀਪੂਆਂ ਦੇ ਕਰਮਚਾਰੀ ਹਿੱਸਾ ਲੈਣਗੇ।ਜਲੰਧਰ ਡੀਪੂ ਦੇ ਜਨਰਲ ਸਕੱਤਰ ਰਣਜੀਤ ਸਿੰਘ ਨੇ ਕਿਹਾ ਕਿ ਕਿਲੋਮੀਟਰ ਸਕੀਮ ਨੂੰ ਲੈ ਕੇ ਸਰਕਾਰ ਵਿਰੁੱਧ ਪ੍ਰਦਰਸ਼ਨ ਲੰਬੇ ਸਮੇਂ ਤੋਂ ਚੱਲ ਰਹੇ ਹਨ।

ਇਸ ਸਬੰਧ ਵਿੱਚ ਸਰਕਾਰ ਅਤੇ ਟਰਾਂਸਪੋਰਟ ਮੰਤਰੀ ਨੂੰ ਕਈ ਵਾਰ ਮੰਗ ਪੱਤਰ ਸੌਂਪੇ ਜਾ ਚੁੱਕੇ ਹਨ। ਹੁਣ ਤੱਕ ਸਰਕਾਰ ਵੱਲੋਂ ਕੋਈ ਜਵਾਬ ਨਹੀਂ ਮਿਲਿਆ ਅਤੇ ਨਾ ਹੀ ਕੋਈ ਕਾਰਵਾਈ ਕੀਤੀ ਗਈ ਹੈ ।

# ਪੁਲਸ ਸ਼ਹੀਦੀ ਯਾਦਗਾਰ ਦਿਵਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ



**ਮਾਨਸਾ (ਆਤਮਾ ਸਿੰਘ ਪਮਾਰ)**-ਪੁਲਸ ਲਾਈਨਜ਼ ਮਾਨਸਾ ਵਿਖੇ 21 ਅਕਤੂਬਰ ਨੂੰ ਜ਼ਿਲ੍ਹਾ ਪੱਧਰੀ ਪੁਲਿਸ ਸ਼ਹੀਦੀ ਯਾਦਗਾਰ ਦਿਵਸ ਮੌਕੇ ਜ਼ਿਲ੍ਹਾ ਪੁਲਸ ਅਧਿਕਾਰੀਆਂ ਦੇ ਨਾਲ-ਨਾਲ ਸ਼ਹੀਦਾਂ ਦੇ ਪਰਵਾਰਾਂ ਵੱਲੋਂ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਸਮਾਗਮ ਦੌਰਾਨ ਐੱਸ ਐੱਸ ਪੀ ਭਾਗੀਰਥ ਸਿੰਘ ਮੀਨਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਡੀ ਐੱਸ ਪੀ ਅੰਮ੍ਰਿਤਪਾਲ ਸਿੰਘ ਭਾਟੀ ਨੇ ਦੇਸ਼ ਦੇ ਵੱਖ-ਵੱਖ ਸੂਬਿਆਂ 'ਚ ਸ਼ਹੀਦੀਆਂ ਪ੍ਰਾਪਤ ਕਰਨ ਵਾਲੇ ਸ਼ਹੀਦ ਪੁਲਿਸ ਜਵਾਨ ਦੇ ਨਾਂਅ ਪੜ੍ਹੇ। ਐੱਸ ਐੱਸ ਪੀ ਭਾਗੀਰਥ ਸਿੰਘ ਮੀਨਾ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਸਾਨੂੰ ਕਿਸੇ ਵੀ ਮੁਸੀਬਤ ਦਾ ਡਟ ਕੇ ਸਾਹਮਣਾ ਕਰਨ, ਦੇਸ਼ ਦੀ ਆਨ ਅਤੇ ਸ਼ਾਨ ਦੀ ਖ਼ਾਤਰ ਹਰ ਸਮੇਂ ਤਿਆਰ-ਬਰ-ਤਿਆਰ ਰਹਿਣ ਲਈ ਪ੍ਰੇਰਿਤ ਕਰਦੀਆਂ ਹਨ। ਆਪਣੀ ਡਿਊਟੀ ਦੌਰਾਨ ਅਮਨ ਕਾਨੂੰਨ ਨੂੰ ਕਾਇਮ ਰੱਖਣ ਲਈ ਕੁਰਬਾਨੀਆਂ ਦੇਣ ਵਾਲੇ ਬਹਾਦਰ ਜਵਾਨਾਂ ਦੀ ਕੁਰਬਾਨੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਦੀ ਤਰਫੋਂ ਸ਼ਹੀਦਾਂ ਦੇ ਪਰਵਾਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਸ਼ਹੀਦਾਂ ਦੇ ਪਰਵਾਰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਸਬੰਧੀ ਜ਼ਿਲ੍ਹਾ ਪੁਲਸ ਦੇ ਕਿਸੇ ਵੀ ਅਧਿਕਾਰੀ ਜਾਂ ਉਨ੍ਹਾਂ ਨਾਲ ਸਿੱਧੇ ਤੌਰ 'ਤੇ ਸੰਪਰਕ ਕਰ ਸਕਦੇ ਹਨ ਅਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇ ਵਧੀਕ ਸੈਸ਼ਨ ਜੱਜ ਸ੍ਰੀ ਗੁਰਮੋਹਨ ਸਿੰਘ, ਐਸ.ਐਸ.ਪੀ. ਸ੍ਰੀ ਭਾਗੀਰਥ ਸਿੰਘ ਮੀਨਾ ਸਮੇਤ ਪੁਲਿਸ ਦੇ ਹੋਰ ਅਧਿਕਾਰੀਆਂ ਅਤੇ ਸ਼ਹੀਦਾਂ ਦੇ ਪਰਿਵਾਰਾਂ ਵੱਲੋਂ ਸ਼ਹੀਦੀ ਯਾਦਗਾਰ 'ਤੇ ਫੁੱਲ ਮਾਲਾਵਾਂ ਵੀ ਭੇਟ ਕੀਤੀਆਂ ਗਈਆਂ। ਇਸ ਤੋਂ ਪਹਿਲਾ ਜ਼ਿਲ੍ਹਾ ਮਾਨਸਾ ਦੇ ਸਮੂਹ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਸ਼ਹੀਦਾਂ ਦੀ ਯਾਦ ਵਿਚ 2 ਮਿੰਟ ਦਾ ਮੌਨ ਧਾਰਨ ਕਰਕੇ ਪੰਜਾਬ ਪੁਲਸ ਦੇ ਸ਼ਹੀਦ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

## ਸੇਵਾ ਮੁਕਤ ਹੋਣ ਵਾਲੇ ਪੈਨਸ਼ਨਰਾਂ ਨੂੰ ਸੋਧੀ ਹੋਈ ਲੀਵ ਇਨਕੈਸ਼ਮੈਂਟ ਦੀ ਦੂਜੀ ਕਿਸ਼ਤ ਦੀ ਤੁਰੰਤ ਅਦਾਇਗੀ ਕੀਤੀ ਜਾਵੇ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਦੇ ਵੱਖ ਵੱਖ ਸਰਕਾਰੀ ਵਿਭਾਗਾਂ ਵਿੱਚੋਂ 1 ਜਨਵਰੀ 2016 ਤੋਂ 30 ਜੂਨ 2021 ਦਰਮਿਆਨ ਸੇਵਾ ਮੁਕਤ ਹੋਏ ਬਹੁਤ ਸਾਰੇ ਪੈਨਸ਼ਨਰਾਂ ਨੂੰ ਆਪਣੀ ਸੋਧੀ ਹੋਈ ਲੀਵ ਇਨਕੈਸ਼ਮੈਂਟ ਲੈਣ ਲਈ ਲਗਾਤਾਰ ਜਥੇਬੰਦਕ ਅਤੇ ਕਾਨੂੰਨੀ ਜੱਦੋ-ਜਹਿਦ ਕਰਨੀ ਪੈ ਰਹੀ ਹੈ। ਇਸ ਹੱਕੀ ਅਤੇ ਜਾਇਜ਼ ਮੰਗ ਨੂੰ ਪ੍ਰਵਾਨ ਕਰਨ ਸਬੰਧੀ ਉਸ ਸਮੇਂ ਬੂਰ ਪਿਆ ਜਦੋਂ ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ 18 ਫਰਵਰੀ 2025 ਨੂੰ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਰਾਹੀਂ ਸੋਧੀ ਹੋਈ ਲੀਵ ਇਨਕੈਸ਼ਮੈਂਟ ਦੀ ਅਦਾਇਗੀ ਪੰਜਾਬ ਸਰਕਾਰ ਵੱਲੋਂ ਚਾਰ ਛਿਮਾਹੀ ਕਿਸ਼ਤਾਂ ਜਿਵੇਂ ਕਿ ਮਹੀਨਾ ਅਪ੍ਰੈਲ 2025, ਅਕਤੂਬਰ 2025, ਅਪ੍ਰੈਲ 2026 ਅਤੇ ਅਕਤੂਬਰ 2026 ਦੇਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ। ਇਸ ਸਬੰਧ ਵਿੱਚ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾ ਚੇਅਰਮੈਨ ਗੁਰਦੀਪ ਸਿੰਘ ਮੋਤੀ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਅਤੇ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਦੱਸਿਆ ਕਿ ਮਹੀਨਾ ਅਪ੍ਰੈਲ 2025 ਦੌਰਾਨ ਮਿਲਣ ਵਾਲੀ ਪਹਿਲੀ ਕਿਸ਼ਤ ਦੀ ਅਦਾਇਗੀ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਵੱਲੋਂ ਪੰਜਾਬ ਦੇ ਖਜ਼ਾਨਾ ਦਫਤਰਾਂ ਸਾਹਮਣੇ 3 ਜੁਲਾਈ ਨੂੰ ਪੰਜਾਬ ਦੇ ਖਜ਼ਾਨਾ ਦਫਤਰਾਂ ਸਾਹਮਣੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਦੇ ਪੁਤਲੇ ਫੂਕਣ ਦੇ ਐਕਸ਼ਨ ਤੋਂ ਬਾਅਦ ਸੰਭਵ ਹੋਈ ਸੀ। ਉਹਨਾਂ ਅੱਗੇ ਦੱਸਿਆ ਕਿ ਸੋਧੀ ਹੋਈ ਲੀਵ ਇਨਕੈਸ਼ਮਿੰਟ ਦੀ ਮਹੀਨਾ ਅਕਤੂਬਰ 2025 ਦੌਰਾਨ ਮਿਲਣ ਵਾਲੀ ਦੂਜੀ ਕਿਸ਼ਤ ਦੀ ਅਜੇ ਤੱਕ ਕਿਸੇ ਵੀ ਪੈਨਸ਼ਨਰ ਨੂੰ ਅਦਾਇਗੀ ਨਹੀਂ ਹੋਈ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਦੂਜੀ ਕਿਸ਼ਤ ਦੀ ਅਦਾਇਗੀ ਤੁਰੰਤ ਕੀਤੀ ਜਾਵੇ ਅਤੇ ਜਥੇਬੰਦੀ ਨੂੰ ਸੰਘਰਸ਼ ਸ਼ੁਰੂ ਕਰਨ ਲਈ ਮਜਬੂਰ ਨਾ ਕੀਤਾ ਜਾਵੇ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਦੀਵਾਲੀ 'ਤੇ 370 ਲੋੜਵੰਦਾਂ ਨੂੰ ਵਿੱਤੀ ਸਹਾਇਤਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਡਾਕਟਰ ਐਸ ਪੀ ਸਿੰਘ ਓਬਰਾਏ ਵਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ ਵੱਲੋਂ ਦੀਵਾਲੀ ਦੇ ਤਿਉਹਾਰ ਮੌਕੇ 370 ਲੋੜਵੰਦਾਂ ਨੂੰ 277500 ਰੁਪਏ ਦੀ ਵਿੱਤੀ ਸਹਾਇਤਾ ਮਹੰਤ ਕਸ਼ਮੀਰ ਸਿੰਘ ਦੀ ਰਹਿਨੁਮਾਈ ਹੇਠ ਡੇਰਾ ਭਾਈ ਮਸਤਾਨ ਸਿੰਘ ਸ੍ਰੀ ਮੁਕਤਸਰ ਸਾਹਿਬ ਵਿਖੇ ਦਿੱਤੀ ਗਈ।

ਇਸ ਸਮਾਗਮ ਵਿੱਚ ਜੈ ਸ੍ਰੀ ਰਾਮ ਲੀਲ੍ਹਾ ਦੁਸਹਿਰਾ ਕਮੇਟੀ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਰਮਨ ਗਿਰਧਰ, ਖਜ਼ਾਨਚੀ ਸੰਜੀਵ ਖੇੜਾ ਅਤੇ ਰਾਮ ਭਟੇਜਾ ਮੇਲੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਅਤੇ ਡਾਕਟਰ ਓਬਰਾਏ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਦੀਵਾਲੀ ਮੌਕੇ ਬੇਸਹਾਰਾ ਬੱਚਿਆਂ, ਬੇਸਹਾਰਾ ਵਿਧਵਾਵਾਂ, ਕੰਮ ਕਰਨ ਤੋਂ ਅਸਮਰੱਥ ਬਜ਼ੁਰਗਾਂ ਨੂੰ ਡਾ. ਓਬਰਾਏ ਵਲੋਂ ਭੇਜੀ ਹੋਈ ਰਾਸ਼ੀ ਦਿੱਤੀ ਗਈ ਤਾਂ ਜੋ ਇਹ ਲੋੜਵੰਦ ਅਪਣੀ ਦੀਵਾਲੀ ਵਧੀਆ ਢੰਗ ਨਾਲ ਮਨਾ ਸਕਣ। ਇਸ ਸਮਾਗਮ ਦੌਰਾਨ ਅੰਤਰਰਾਸ਼ਟਰੀ ਬਾਡੀ ਬਿਲਡਰ ਗੁਰਭੇਜ ਸਿੰਘ ਖੋਸਾ ਨੇ ਵੀ ਡਾ. ਓਬਰਾਏ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ ਅਤੇ ਲੋਕਾਂ ਨੂੰ ਵਧੀਆ ਖੁਰਾਕ ਖਾਣ ਲਈ ਵੀ ਪ੍ਰੇਰਿਤ ਕੀਤਾ।ਇਸ ਮੌਕੇ ਜਸਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ, ਮਲਕੀਤ ਸਿੰਘ ਰਿਟਾ ਬੈਕ ਮੈਨੇਜਰ ਮੀਤ ਪ੍ਰਧਾਨ, ਗੁਰਪਾਲ ਸਿੰਘ ਪਾਲੀ ਕੈਸ਼ੀਅਰ, ਚਰਨਜੀਤ ਸਿੰਘ, ਸੁਖਬੀਰ ਸਿੰਘ ਜੈਲਦਾਰ, ਜਸਬੀਰ ਸਿੰਘ ਰਿਟਾ ਏ ਐਸ ਆਈ, ਅਸ਼ੋਕ ਕੁਮਾਰ, ਗੁਰਚਰਨ ਸਿੰਘ ਆਸਟ੍ਰੇਲੀਆ ਵਾਲੇ ਮੈਨੇਜਰ ਸਹਿਬ, ਗੁਰਜੀਤ ਸਿੰਘ ਜੀਤਾ, ਸੋਮ ਨਾਥ, ਮਾਸਟਰ ਰਾਜਿੰਦਰ ਸਿੰਘ, ਬਰਨੇਕ ਸਿੰਘ ਰਿਟਾ ਲੈਕਚਰਾਰ, ਬਲਜੀਤ ਸਿੰਘ ਮਾਨ ਰਿਟਾ ਪ੍ਰਿੰਸੀਪਲ, ਸੁਖਦਰਸ਼ਨ ਸਿੰਘ ਬੇਦੀ ਰਿਟਾ ਬਲਾਕ ਅਫ਼ਸਰ, ਆਦਿ ਹਾਜ਼ਰ ਸਨ।

## ਸਰਹੱਦੀ ਪਿੰਡ ਦਰਵੇਸ਼ੇ ਕੇ ਦੇ ਖੇਤਾਂ 'ਚੋਂ 3 ਕਿਲੋ 716 ਗ੍ਰਾਮ ਹੈਰੋਇਨ ਬਰਾਮਦ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੀਐੱਸਐੱਫ਼ ਦੇ ਜਵਾਨਾਂ ਨੇ ਪਿੰਡ ਦਰਵੇਸ਼ੇ ਕੇ ਦੇ ਖੇਤਾਂ 'ਚੋਂ ਇੱਕ ਪੈਕੇਟ ਹੈਰੋਇਨ ਬਰਾਮਦ ਕਰਕੇ ਇਕ ਤਸਕਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਤੇ ਪੁੱਛਗਿੱਛ ਦੌਰਾਨ 3 ਕਿਲੋ 716 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਸਦਰ ਫ਼ਿਰੋਜ਼ਪੁਰ ਪੁਲਸ ਨੇ ਇਕ ਤਸਕਰ ਨੂੰ ਗ੍ਰਿਫਤਾਰ ਕਰਕੇ ਤਿੰਨ ਖਿਲਾਫ਼ ਐੱਨਡੀਪੀਐੱਸ ਐਕਟ (ਕਮਰਸ਼ੀਅਲ) ਤਹਿਤ ਮਾਮਲਾ ਦਰਜ ਕੀਤਾ ਹੈ। ਥਾਣਾ ਸਦਰ ਫ਼ਿਰੋਜ਼ਪੁਰ ਦੇ ਇੰਸਪੈਕਟਰ ਐੱਸਐੱਚਓ ਗੁਰਵਿੰਦਰ ਕੁਮਾਰ ਨੇ ਦੱਸਿਆ ਕਿ ਇੱਕ ਪੱਤਰ ਨੰਬਰ ਓ ਪੀ ਐੱਸ/ਐੱਫ ਆਈ ਆਰ/ਸੀ/99/ਬੀ ਐਨ/2025/444 ਵੱਲੋਂ ਅਵੀਸ਼ੇਕ ਆਨੰਦ ਕੰਪਨੀ ਕਮਾਂਡਰ 99 ਬਟਾਲੀਅਨ ਬੀਐੱਸਐੱਫ ਪਛਾੜੀਆਂ ਫ਼ਿਰੋਜ਼ਪੁਰ ਮੌਸੂਲ ਹੋਇਆ ਕਿ ਦੌਰਾਨੇ ਗਸ਼ਤ ਬੀ ਐੱਸ ਐੱਫ ਬੀ ਓ ਪੀ ਪਛਾੜੀਆਂ ਦੇ ਕ੍ਰਮਚਾਰੀਆਂ ਵੱਲੋਂ ਪਿੰਡ ਦਰਵੇਸ਼ੇ ਕੇ ਦੇ ਖੇਤਾਂ 'ਚੋਂ ਦੋਸ਼ੀ ਅਰਸ਼ਦੀਪ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਪਿੰਡ ਦਰਵੇਸ਼ੇ ਕੇ ਨੂੰ ਇਕ ਪੈਕੇਟ ਸਮੇਤ ਕਾਬੂ ਕੀਤਾ ਗਿਆ ਤਾਂ ਉਸ ਪੈਕੇਟ 'ਚੋਂ ਵਜ਼ਨੀ 562 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਕੋਲੋਂ ਸਖਤੀ ਨਾਲ ਪੁੱਛਗਿੱਛ ਕੀਤੀ ਗਈ ਤਾਂ ਅਰਸ਼ਦੀਪ ਸਿੰਘ ਨੇ ਮੰਨਿਆ ਕਿ ਉਸ ਨਾਲ ਇਸ ਕੰਮ ਵਿਚ ਜਸਵੰਤ ਸਿੰਘ ਪੁੱਤਰ ਦਿਆਲ ਸਿੰਘ ਵਾਸੀ ਪਿੰਡ ਦਰਵੇਸ਼ੇ ਕੇ ਤੇ ਗਗਨ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਪਿੰਡ ਦਰਵੇਸ਼ੇ ਕੇ ਵੀ ਸ਼ਾਮਲ ਹਨ, ਜੋ ਪੁੱਛਗਿੱਛ ਦੌਰਾਨ ਦੋਸ਼ੀ ਅਰਸ਼ਦੀਪ ਸਿੰਘ ਪਾਸੋਂ 3 ਕਿਲੋ 716 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ ਤੇ ਪਤਾ ਲਗਾਇਆ ਜਾ ਰਿਹਾ ਹੈ ਕਿ ਇਹ ਹੈਰੋਇਨ ਕਿਥੋਂ ਲਿਆਂਦੀ ਤੇ ਅੱਗੇ ਕਿਸ ਨੂੰ ਸਪਲਾਈ ਕਰਨੀ ਹੈ।

## ਸਬਜ਼ੀ ਮੰਡੀ ਬਣੀ ਹੱਡਾਰੋੜੀ, ਸ਼ਰੇਆਮ ਪਏ ਮਰੇ ਪਸ਼ੂ, ਪ੍ਰਸ਼ਾਸਨ ਬੇਖ਼ਬਰ



**ਮੰਡੀ ਘੁਬਾਇਆ/ਜਲਾਲਾਬਾਦ (ਬਲਵਿੰਦਰ ਸਿੰਘ, ਜੀਤ ਕੁਮਾਰ)**-ਰੇਹੜੀ ਫੜ੍ਹੀ ਉਜਾੜੇ ਦੇ ਪੀੜਤਾਂ ਦੇ ਧਰਨੇ 'ਤੇ ਬੈਠੇ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਵੱਲੋਂ ਸਬਜ਼ੀ ਮੰਡੀ ਦੇ ਸਫ਼ਾਈ ਦੇ ਪੱਖ ਤੋਂ ਚਿੰਤਾ ਪ੍ਰਗਟ ਕਰਦਿਆਂ ਦੋਸ਼ ਲਾਉਂਦਿਆਂ ਕਿਹਾ ਕਿ ਮੰਡੀ ਬੋਰਡ ਦੇ ਅਧਿਕਾਰੀਆਂ ਵੱਲੋਂ ਆੜ੍ਹਤੀਆਂ ਦੁਆਰਾ ਆੜਤਾ ਲੈਣ ਦੇ ਬਾਵਜੂਦ ਮੰਡੀ ਵਿੱਚ ਸਫ਼ਾਈ ਦੇ ਪੱਖ ਤੋਂ ਬੇਹੱਦ ਚਿੰਤਾਜਨਕ ਹਲਾਤ ਬਣੇ ਹੋਏ ਹਨ।ਕਿਰਤੀ ਕਿਸਾਨ ਯੂਨੀਅਨ ਦੇ ਸੀਨੀਅਰ ਆਗੂ ਰੇਸ਼ਮ ਮਿੱਡਾ, ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ, ਬੀ ਕੇ ਯੂ ਡਕੌਂਦਾ ਧਨੇਰ ਦੇ ਬਲਾਕ ਪ੍ਰਧਾਨ ਪ੍ਰਵੀਨ ਮੌਲਵੀਵਾਲਾ, ਬੀ ਕੇ ਯੂ ਡਕੌਂਦਾ ਬੁਰਜ ਗਿੱਲ ਦੇ ਜ਼ਿਲ੍ਹਾ ਪ੍ਰਧਾਨ ਜੋਗਾ ਸਿੰਘ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਢੰਡੀਆਂ, ਪੰਜਾਬ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਅਸ਼ੋਕ ਕੰਬੋਜ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਹਰਦੀਪ ਸਿੰਘ ਨੇ ਕਿਹਾ ਕਿ ਸਬਜ਼ੀ ਮੰਡੀ 'ਚੋਂ ਖਰੀਦਦਾਰ ਸਬਜ਼ੀਆਂ, ਫਰੂਟ ਖਰੀਦਣ ਦੇ ਨਾਲ ਨਾਲ ਬਿਮਾਰੀਆਂ ਵੀ ਖਰੀਦ ਕੇ ਲੈ ਕੇ ਜਾਂਦੇ ਹਨ। ਮੱਖੀ, ਮੱਛਰਾਂ ਦੇ ਨਾਲ ਨਾਲ ਕੁੱਤੇ, ਵੱਛੇ ਵੀ ਮਰੇ ਹੋਏ ਪਏ ਹਨ। ਇਹ ਇਲਾਕਾ ਨਿਵਾਸੀਆਂ ਲਈ ਚਿੰਤਾਜਨਕ ਹਾਲਾਤ ਹੈ। ਆਗੂਆਂ ਨੇ ਚੇਤਾਵਨੀ ਦਿੰਦੇ ਹੋਏ ਪ੍ਰਸ਼ਾਸ਼ਨ ਤੋਂ ਮੰਗ ਕੀਤੀ ਹੈ ਕਿ ਜ਼ਿੰਮੇਵਾਰ ਅਧਿਕਾਰੀਆਂ ਦੇ ਖਿਲਾਫ਼ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਦੇ ਦੋਸ਼ ਤਹਿਤ ਪਰਚਾ ਦਰਜ ਕੀਤਾ ਜਾਵੇ ਅਤੇ ਤੁਰੰਤ ਸਬਜ਼ੀ ਮੰਡੀ ਦੀ ਸਫ਼ਾਈ ਕਰਾਈ ਜਾਵੇ ਅਤੇ ਲੋਕਾਂ ਦੀ ਸਿਹਤ ਨਾਲ ਨਿਆਂ ਕੀਤਾ ਜਾਵੇ। ਜੇਕਰ ਕਿਸੇ ਕਿਸਮ ਦੀ ਢਿੱਲ ਮੱਠ ਕੀਤੀ ਗਈ ਤਾਂ ਪ੍ਰਸ਼ਾਸਨ ਖਿਲਾਫ਼ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗਾ।ਜਦੋਂ ਚੇਅਰਮੈਨ ਦੇਵਰਾਜ ਸ਼ਰਮਾ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਸ ਬਾਰੇ ਮੈਨੂੰ ਪਤਾ ਨਹੀਂ ਤੇ ਤੁਸੀਂ ਹੀ ਮੇਰੇ ਧਿਆਨ 'ਚ ਲਿਆਂਦਾ ਹੈ।

# ਬਰਾਸ ਫਾਉਂਡੇਸ਼ਨ ਦਾ ਸਾਲਾਨਾ ਅਜਲਾਸ ਤੇ ਦੀਪ ਦਾਨ ਉਤਸਵ ਆਯੋਜਿਤ



**ਦਿੜ੍ਹਬਾ (ਜਸਵੀਰ ਲਾਡੀ)**

ਨੇੜਲੇ ਪਿੰਡ ਗੋਬਿੰਦਗੜ੍ਹ ਜੇਜੀਆਂ ਵਿਖੇ ਭੀਮ ਰਾਓ ਅੰਬੇਡਕਰ ਸੋਸ਼ਲ ਸਰਵਿਸ (ਬਰਾਸ) ਫਾਊਂਡੇਸ਼ਨ ਵੱਲੋਂ ਸਲਾਨਾ ਇਜਲਾਸ ਸਮਾਰੋਹ ਅਤੇ ਦੀਪ ਦਾਨ ਉਤਸਵ ਗੰਭੀਰਤਾ ਅਤੇ ਗੌਰਵਮਈ ਢੰਗ ਨਾਲ ਆਯੋਜਿਤ ਕੀਤਾ ਗਿਆ।ਸਮਾਰੋਹ ਦੌਰਾਨ ਪ੍ਰਸਿੱਧ ਦਲਿਤ ਚਿੰਤਕ ਅਤੇ ਲੇਖਕ ਅੰਬੇਡਕਰੀਦੀਪ ਦੇ ਮੁੱਖ ਸੰਪਾਦਕ ਦਰਸ਼ਨ ਸਿੰਘ ਬਾਜਵਾ, ਪ੍ਰਿੰਸੀਪਲ ਦੇਸ ਰਾਜ ਛਾਜਲੀ ਅਤੇ ਜਗਦੀਸ਼ ਲਾਲ ਛਾਜਲੀ ਨੂੰ ਪ੍ਰੋ. ਗੁਰਨਾਮ ਸਿੰਘ ਮੁਕਤਸਰ ਪੁਰਸਕਾਰ ਨਾਲ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਸਮਾਜਿਕ ਜਥੇਬੰਦੀਆਂ ਦੇ ਸਰਗਰਮ ਕਾਰਕੁਨਾਂ-ਅੰਬੇਡਕਰੀ ਮਜ਼ਦੂਰ ਚੇਤਨਾ ਮੰਚ ਦੇ ਕਨਵੀਨਰ ਕਰਨੈਲ ਸਿੰਘ ਨੀਲੋਵਾਲ, ਜ਼ਬਰ ਜ਼ੁਲਮ ਵਿਰੋਧੀ ਫਰੰਟ ਦੇ ਪ੍ਰਧਾਨ ਰਾਜ ਸਿੰਘ ਟੋਡਰਵਾਲ ਅਤੇ ਰਿਜ਼ਰਵੇਸ਼ਨ ਚੋਰ ਫੜੋ ਮੋਰਚਾ ਦੇ ਆਗੂ ਬਲਵੀਰ ਸਿੰਘ ਆਲਮਪੁਰ ਨੂੰ ਗਿਆਨੀ ਦਿੱਤ ਸਿੰਘ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ 'ਤੇ ਐਡਵੋਕੇਟ ਹੰਸਰਾਜ ਸਿੰਘ ਬਖਸ਼ੀਵਾਲਾ ਦੇ ਜੀਵਨਸਾਥੀ ਕਿਰਨਪਾਲ ਕੌਰ ਨੂੰ ਆਪਣੇ ਪਤੀ ਨੂੰ ਕਾਨੂੰਨੀ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਨ 'ਤੇ ਰਮਾ ਬਾਈ ਅੰਬੇਡਕਰ ਐਵਾਰਡ ਨਾਲ ਨਵਾਜਿਆ ਗਿਆ।

ਸਮਾਗਮ ਦੌਰਾਨ ਬਰਾਸ ਫਾਊਂਡੇਸ਼ਨ ਦੀ ਨਵੀਂ ਕਾਰਜਕਾਰੀ ਕਮੇਟੀ ਦੀ ਚੋਣ ਵੀ ਕੀਤੀ ਗਈ। ਸਰਬਸੰਮਤੀ ਨਾਲ ਲਾਭ ਸਿੰਘ ਨੂੰ ਚੇਅਰਮੈਨ, ਕੁਲਦੀਪ ਸਿੰਘ ਨੂੰ ਵਾਇਸ ਚੇਅਰਮੈਨ, ਲਖਵਿੰਦਰ ਸਿੰਘ ਨੂੰ ਸਕੱਤਰ ਅਤੇ ਰਿੰਕੂ ਸਿੰਘ ਨੂੰ ਖ਼ਜ਼ਾਨਚੀ ਚੁਣਿਆ ਗਿਆ। ਇਸੇ ਤਰ੍ਹਾਂ ਦਰਸ਼ਨ ਸਿੰਘ ਨੂੰ ਸਲਾਹਕਾਰ, ਅਜੈਬ ਸਿੰਘ ਨੀਲੋਵਾਲ ਨੂੰ ਪ੍ਰੈਸ ਸਕੱਤਰ, ਨਿਰਮਲ ਸਿੰਘ ਬੰਟੀ ਨੰਗਲਾ, ਜਰਨੈਲ ਸਿੰਘ ਸੰਗਤੀ ਵਾਲਾ, ਰੋਸ਼ਨੀ ਕੌਰ ਅੜਕਵਾਸ ਅਤੇ ਹਰਪ੍ਰੀਤ ਕੌਰ ਲੌਂਗੋਵਾਲ ਨੂੰ ਕਾਰਜਕਾਰੀ ਮੈਂਬਰ ਚੁਣਿਆ ਗਿਆ। ਸੂਬੇਦਾਰ ਗੁਰਸੇਵਕ ਸਿੰਘ ਲੌਂਗੋਵਾਲ ਨੂੰ ਪ੍ਰਚਾਰਕ ਤੇ ਐਡਵੋਕੇਟ ਹੰਸਰਾਜ ਬਖਸ਼ੀਵਾਲਾ ਨੂੰ ਕਾਨੂੰਨੀ ਸਲਾਹਕਾਰ ਨਿਯੁਕਤ ਕੀਤਾ ਗਿਆ।

ਮੰਚ ਦਾ ਸੰਚਾਲਨ ਗੁਰਪ੍ਰੀਤ ਸਿੰਘ ਅਤੇ ਮਹਿੰਦਰ ਸਿੰਘ ਨੇ ਕੀਤਾ। ਸੰਗਰਾਮੀ ਕਲਾ ਕੇਂਦਰ ਸੁਨਾਮ ਦੇ ਭੋਲਾ ਸਿੰਘ ਨੇ ਮਿਸ਼ਨਰੀ ਗੀਤਾਂ ਰਾਹੀਂ ਹਾਜ਼ਰੀਨ ਨੂੰ ਜਾਗਰੂਕ ਕੀਤਾ। ਇਸ ਮੌਕੇ ਸਰਵਨ ਸਿੰਘ ਕਾਲਾਬੂਲਾ, ਰਘਵੀਰ ਸਿੰਘ ਫਤਿਹਗੜ੍ਹ, ਹਰਜਸ ਸਿੰਘ ਖੜਿਆਲ, ਹਰਵਿੰਦਰ ਸਿੰਘ ਮੰਡੇਰ , ਮਾ ਸ਼ਮਸ਼ੇਰ ਸਿੰਘ, ਸੰਜੀਵ ਸਿੰਘ, ਤਰਸੇਮ ਸਿੰਘ ਉਗਰਾਹਾਂ ਮਨਜੀਤ ਸਿੰਘ, ਲਖਵਿੰਦਰ ਸਿੰਘ, ਸਰਪੰਚ ਤੇਜ਼ ਕੌਰ, ਲਾਭ ਸਿੰਘ ਮੈਂਬਰ, ਮਾ ਕੁਲਵਿੰਦਰ ਸਿੰਘ, ਤਰਸੇਮ ਸਿੰਘ ਲੌਂਗੋਵਾਲ, ਅਮਨਦੀਪ ਸਿੰਘ ਅਮਨਾ ਲੌਂਗੋਵਾਲ, ਰੋਹੀ ਸਿੰਘ ਸਮੇਤ ਕਈ ਸਮਾਜ ਸੇਵੀ ਹਾਜ਼ਰ ਸਨ।

## ਮੰਡੀ ਬਰੀਵਾਲਾ 'ਚ ਵਿਸ਼ਵਕਰਮਾ ਦਿਹਾੜਾ ਮਨਾਇਆ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬਾਬਾ ਵਿਸ਼ਵਕਰਮਾ ਭਵਨ 'ਚ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਵਕਰਮਾ ਦਿਵਸ ਨੂੰ ਸਮਰਪਤ ਧਾਰਮਿਕ ਸਮਾਗਮ ਕਰਾਇਆ ਗਿਆ ਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਦੀ ਸੰਪੂਰਨਤਾ ਮੌਕੇ ਸੰਗਤਾਂ ਨਤਮਸਤਕ ਹੋਈਆਂ। ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਦੇ ਗ੍ਰੰਥੀ ਸਿੰਘਾਂ ਵੱਲੋਂ ਕੀਰਤਨ ਜ਼ਰੀਏ ਸੰਗਤਾਂ ਨੂੰ ਨਿਹਾਲ ਕੀਤਾ।ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਹਨੀ ਫੱਤਣਵਾਲਾ ਨੇ ਕਿਹਾ ਪਿਛਲੇ ਸਮੇਂ ਤੋਂ ਸਮੂਹ ਭਾਈਚਾਰੇ ਵਲੋਂ ਬਾਬਾ ਵਿਸ਼ਵਕਰਮਾ ਜੀ ਦਾ ਦਿਵਸ ਬੜੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਂਦਾ ਹੈ।ਹਨੀ ਫੱਤਣਵਾਲਾ ਨੇ ਕਿਹਾ ਕਿ ਬਾਬਾ ਵਿਸ਼ਵਕਰਮਾ ਜੀ ਵੱਲੋਂ ਸ਼ਿਲਪਕਾਰੀ, ਆਰਕੀਟੈਕਟ ਤੇ ਇੰਜਨੀਅਰਿੰਗ ਦੇ ਖੇਤਰ ਵਿੱਚ ਲੋਕਾਈ ਨੂੰ ਦਿਖਾਇਆ ਗਿਆ ਰਸਤਾ ਅੱਜ ਵੀ ਮਨੁੱਖਤਾ ਦਾ ਮਾਰਗ ਦਰਸ਼ਕ ਹੈ, ਜਿਸ ਤੋਂ ਸੇਧ ਲੈ ਕੇ ਅਸੀਂ ਨਰੋਏ ਸਮਾਜ ਦੀ ਸਿਰਜਣਾ ਕਰ ਸਕਦੇ ਹਾਂ।ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਸਾਬਕਾ ਵਿਧਾਇਕ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ, ਹਰਜਿੰਦਰ ਸਿੰਘ, ਚਰਨਦਾਸ ਕਾਲਾ, ਚਰਨਦਾਸ ਚੰਨਾ, ਕੇਵਲ ਸਿੰਘ, ਬਲਦੇਵ ਸਿੰਘ, ਸੁਖਮੰਦਰ ਸਿੰਘ ਕਲਸੀ, ਛਿੰਦਰਪਾਲ ਸਿੰਘ, ਬਲਦੇਵ ਸਿੰਘ ਦੀਪੀ, ਮੁਕੇਸ਼ ਬਰੀਵਾਲਾ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਨੇ ਆਪਣੀ ਹਾਜ਼ਰੀ ਲਗਵਾਈ।

# ਰੋਟਰੀ ਕਲੱਬ ਨੇ ਹੜ੍ਹ ਪ੍ਰਭਾਵਤ ਵਿਦਿਆਰਥੀਆਂ ਨੂੰ ਦਿੱਤਾ ਦੀਵਾਲੀ ਦਾ ਤੋਹਫ਼ਾ

## ਵਿਦਿਆਰਥੀਆਂ ਦੀਆਂ ਦਸ ਲੱਖ ਦੇ ਕਰੀਬ ਫ਼ੀਸਾਂ ਸਕੂਲਾਂ ਨੂੰ ਦਿੱਤੀਆਂ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਰੋਟਰੀ ਇੰਟਰਨੈਸ਼ਨਲ ਡਿਸਟ੍ਰਿਕਟ 3090 ਨੇ ਡਿਸਟ੍ਰਿਕਟ 3060 ਤੇ ਰੋਟਰੀ ਕਲੱਬ ਆਫ਼ ਬੰਬੇ ਦੇ ਸਹਿਯੋਗ ਨਾਲ ਹੜ੍ਹ ਪ੍ਰਭਾਵਤ ਵਿਦਿਆਰਥੀਆਂ ਲਈ ਸਕਾਲਰਸ਼ਿਪ ਕੈਂਪ ਲਗਾ ਕੇ ਵਿਦਿਆਰਥੀਆਂ ਨੂੰ ਦੀਵਾਲੀ ਦਾ ਤੋਹਫ਼ਾ ਦਿੱਤਾ ਹੈ ਤੇ ਉਨ੍ਹਾਂ ਦੀਆਂ ਲਗਭਗ ਦਸ ਲੱਖ ਦੀਆਂ ਫ਼ੀਸਾਂ ਭਰਕੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਈ ਹੈ। ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਸਿੱਖਿਆ ਦਾ ਸਮਰਥਨ ਕਰਨ ਲਈ ਇਕ ਨਵੇਕਲੀ ਪਹਿਲਕਦਮੀ 'ਚ ਰੋਟਰੀ ਨੇ ਸਾਂਝੇ ਤੌਰ 'ਤੇ ਇਕ ਸਕਾਲਰਸ਼ਿਪ ਕੈਂਪ ਦਾ ਆਯੋਜਨ ਕੀਤਾ, ਜਿਸ ਵਿੱਚ ਹੁਸੈਨੀਵਾਲਾ ਅੰਤਰਰਾਸ਼ਟਰੀ ਸਰਹੱਦ ਦੇ ਨੇੜੇ ਹੜ੍ਹ ਪ੍ਰਭਾਵਿਤ ਖੇਤਰ ਦੇ ਤਿੰਨ ਸਥਾਨਕ ਸਕੂਲਾਂ ਦੇ ਵਿਦਿਆਰਥੀਆਂ ਨੂੰ ਬਹੁਤ ਜ਼ਰੂਰੀ ਵਿੱਤੀ ਤੇ ਸਮੱਗਰੀ ਸਹਾਇਤਾ ਪ੍ਰਦਾਨ ਕੀਤੀ ਗਈ। ਸੰਸਥਾਵਾਂ ਦੇ ਕੁੱਲ 342 ਵਿਦਿਆਰਥੀਆਂ ਲਈ ਸਕੂਲ ਫ਼ੀਸਾਂ ਨੂੰ ਸਫਲਤਾਪੂਰਵਕ ਕਵਰ ਕੀਤਾ, ਕੇਂਦਰ ਮਾਡਲ ਸਕੂਲ ਪਿੰਡ ਟੇਂਡੀ ਦੇ 180 ਵਿਦਿਆਰਥੀ, ਐੱਸਬੀਐੱਸ ਸਕੂਲ ਪਿੰਡ ਝੰਗੇ ਕੇ ਦੇ 147 ਵਿਦਿਆਰਥੀ, ਗੁਰੂਕੁਲ ਸਕੂਲ ਦੇ 15 ਵਿਦਿਆਰਥੀ ਸ਼ਾਮਲ ਹਨ।

ਫ਼ੀਸਾਂ ਨੂੰ ਸਪਾਂਸਰ ਕਰਨ ਤੋਂ ਇਲਾਵਾ ਹਰੇਕ ਵਿਦਿਆਰਥੀ ਨੂੰ ਇੱਕ ਗ਼ਰਮ ਕੰਬਲ ਵੀ ਵੰਡਿਆ ਗਿਆ, ਜੋ ਉਨ੍ਹਾਂ ਦੇ ਸਰਦੀਆਂ ਦੇ ਨੇੜੇ ਆਉਣ ਤੇ ਉਨ੍ਹਾਂ ਦੇ ਕੰਮ ਆਉਗਾ ਤੇ ਉਨ੍ਹਾਂ ਦੀ ਰਿਕਵਰੀ 'ਚ ਆਰਾਮ ਦੀ ਇਕ ਪਰਤ ਸ਼ਾਮਲ ਹੁੰਦੀ ਹੈ। ਡਿਸਟ੍ਰਿਕ ਗਵਰਨਰ ਆਰਟੀਐੱਨ ਭੁਪੇਸ਼ ਮਹਿਤਾ, ਪੀਡੀਜੀ ਅਮਜਦ ਅਲੀ 3090, ਰੋਟਰੀ ਕਲੱਬ ਫ਼ਿਰੋਜ਼ਪੁਰ ਦੇ ਸਾਰੇ ਪ੍ਰਧਾਨਾਂ, ਫ਼ਿਰੋਜ਼ਪੁਰ ਦੇ ਸਾਰੇ ਰੋਟੇਰੀਅਨਾਂ, ਦਾਨੀਆਂ ਤੇ ਵਲੰਟੀਅਰਾਂ ਨੇ ਇਸ ਸਕਾਲਰਸ਼ਿਪ ਕੈਂਪ ਦੀ ਪਹਿਲਕਦਮੀ ਨੂੰ ਸਫਲ ਬਣਾਉਣ 'ਚ ਯੋਗਦਾਨ ਪਾਇਆ।

# ਮਖੂ ਰੇਲਵੇ ਸਟੇਸ਼ਨ ਤੋਂ 50 ਗ੍ਰਾਮ ਹੈਰੋਇਨ ਸਣੇ ਤਸਕਰ ਗ੍ਰਿਫ਼ਤਾਰ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਸਪੈਸ਼ਲ ਡਾਇਰੈਕਟਰ ਜਨਰਲ ਪੁਲਸ (ਐੱਸਜੀਪੀ) ਰੇਲਵੇ ਪੰਜਾਬ, ਚੰਡੀਗੜ੍ਹ ਤੇ ਉਪ ਕਪਤਾਨ ਪੁਲਿਸ (ਜ਼ੋਨਲ) ਦੇ ਸਖ਼ਤ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ 'ਚੋਂ ਨਸ਼ਿਆਂ ਦੇ ਕੋਹੜ ਨੂੰ ਖ਼ਤਮ ਕਰਨ ਲਈ ਵਿੱਢੀ ਗਈ ਵਿਸ਼ੇਸ਼ ਮੁਹਿੰਮ ਨੂੰ ਵੱਡੀ ਸਫ਼ਲਤਾ ਮਿਲੀ ਹੈ। ਇਸ ਮੁਹਿੰਮ ਦੇ ਤਹਿਤ ਰੇਲਵੇ ਪੁਲਸ ਦੀ ਇਕ ਟੀਮ ਨੇ ਕਾਰਵਾਈ ਕਰਦੇ ਹੋਏ ਮਖੂ ਰੇਲਵੇ ਸਟੇਸ਼ਨ 'ਤੇ ਇਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕੀਤਾ ਹੈ। ਐੱਸਆਈ/ਐੱਸਐੱਚਓ ਸੰਜੀਵ ਕੁਮਾਰ ਜੀਆਰਪੀ ਨੇ ਆਪਣੀ ਪੁਲਸ ਪਾਰਟੀ ਨਾਲ ਰੇਲਵੇ ਸਟੇਸ਼ਨ ਵਿਖੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ। ਚੈਕਿੰਗ ਦੌਰਾਨ ਸੋਨੂੰ ਪੁੱਤਰ ਸ਼ੇਰ ਸਿੰਘ ਜੋ ਮਕਾਨ ਨੰਬਰ 26681, ਗਲੀ ਨੰਬਰ 3, ਅਮਰਪੁਰਾ ਬਸਤੀ, ਥਾਣਾ ਕੈਨਾਲ ਕਾਲੋਨੀ, ਬਠਿੰਡਾ ਦਾ ਵਾਸੀ ਨੂੰ ਕਾਬੂ ਕੀਤਾ ਗਿਆ। ਤਲਾਸ਼ੀ ਲੈਣ 'ਤੇ ਉਸਦੇ ਕਬਜ਼ੇ 'ਚੋਂ 50 ਗ੍ਰਾਮ ਹੈਰੋਇਨ ਬਰਾਮਦ ਹੋਈ। ਰੇਲਵੇ ਪੁਲਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਮੁਲਜ਼ਮ ਸੋਨੂੰ ਨੂੰ ਗ੍ਰਿਫ਼ਤਾਰ ਕਰ ਲਿਆ ਤੇ ਉਸਦੇ ਖ਼ਿਲਾਫ਼ ਥਾਣਾ ਜੀਆਰਪੀ ਫ਼ਿਰੋਜ਼ਪੁਰ ਵਿਖੇ ਮੁਕੱਦਮਾ ਨੰਬਰ 35 ਮਿਤੀ 19-10-2025 ਅ/ਧ 21-61-85 ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ। ਥਾਣਾ ਰੇਲਵੇ ਪੁਲਸ ਫ਼ਿਰੋਜ਼ਪੁਰ ਦੇ ਮੁੱਖ ਅਫ਼ਸਰ ਇੰਸਪੈਕਟਰ ਨਵੀਨ ਕੁਮਾਰ ਦੀ ਨਿਗਰਾਨੀ ਹੇਠ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੋਨੂੰ ਨੂੰ ਅਦਾਲਤ 'ਚ ਪੇਸ਼ ਕੀਤਾ ਗਿਆ। ਅਦਾਲਤ ਨੇ ਮੁਲਜ਼ਮ ਤੋਂ ਹੋਰ ਪੁੱਛਗਿੱਛ ਤੇ ਨਸ਼ਾ ਸਪਲਾਈ ਚੇਨ ਦਾ ਪਤਾ ਲਾਉਣ ਲਈ ਪੁਲਸ ਨੂੰ 1 ਦਿਨ ਦਾ ਪੁਲਸ ਰਿਮਾਂਡ ਦੇ ਦਿੱਤਾ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨੂੰ ਜਾਗਰੂਕ ਕਰਨਾ ਸਮੇਂ ਦੀ ਲੋੜ : ਡੀ ਸੀ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਪ੍ਰਬੰਧਨ ਨੂੰ ਲੈ ਕੇ ਲਗਾਤਾਰ ਕੋਸ਼ਿਸ਼ਾਂ ਜਾਰੀ ਹਨ, ਤਾਂ ਜੁ ਜ਼ਿਲ੍ਹੇ 'ਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ ਅਤੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਪ੍ਰੇਰਤ ਕੀਤਾ ਜਾਵੇ। ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਕਿਹਾ ਕਿ ਖੇਤੀਬਾੜੀ ਵਿਭਾਗ ਵੱਲੋਂ ਪਿੰਡ ਪੱਧਰ 'ਤੇ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਅਧੀਨ ਕਿਸਾਨਾਂ ਨੂੰ ਮਸ਼ੀਨੀ ਸਾਧਨਾਂ ਜਿਵੇਂ ਮਲਚਰ, ਹੈਪੀ ਸੀਡਰ ਤੇ ਆਰਐੱਮਬੀ ਪਲਾਓ ਦੀ ਵਰਤੋਂ ਕਰਕੇ ਪਰਾਲੀ ਨੂੰ ਖੇਤ ਵਿਚ ਹੀ ਮਿਲਾਉਣ ਲਈ ਪ੍ਰੇਰਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬਲਾਕ ਜ਼ੀਰਾ ਦੇ ਪਿੰਡ ਬੰਡਾਲਾ 'ਚ ਕਿਸਾਨ ਨਸੀਬ ਸਿੰਘ ਪੁੱਤਰ ਮਾਨ ਸਿੰਘ ਵੱਲੋਂ 10 ਏਕੜ ਖੇਤ ਵਿੱਚ ਬਿਨਾਂ ਅੱਗ ਲਾਏ ਖੇਤ ਦੀ ਤਿਆਰੀ ਕਰਕੇ ਕਣਕ ਦੀ ਬਿਜਾਈ ਲਈ ਮਿਸਾਲ ਕਾਇਮ ਕੀਤੀ ਗਈ। ਖੇਤੀਬਾੜੀ ਵਿਭਾਗ ਬਲਾਕ ਜ਼ੀਰਾ ਵੱਲੋਂ ਪਿੰਡ ਵਾਸੀਆਂ ਨੂੰ ਵੀ ਪਰਾਲੀ ਨਾ ਸਾੜਨ ਸਬੰਧੀ ਜਾਗਰੂਕ ਕੀਤਾ ਗਿਆ। ਇਸੇ ਤਰ੍ਹਾਂ ਪਿੰਡ ਗੱਟੀ ਅਜੈਬ ਸਿੰਘ ਵਾਲਾ (ਬਲਾਕ ਗੁਰੂਹਰਸਹਾਏ) 'ਚ ਕਿਸਾਨ ਹਰਮੇਸ਼ ਲਾਲ ਨੇ 15 ਏਕੜ ਖੇਤਰ ਵਿੱਚ ਮਲਚਰ ਮਾਰ ਕੇ ਤੇ ਆਰਐੱਮਬੀ ਪਲਾਓ ਦੀ ਵਰਤੋਂ ਕਰਕੇ ਬਿਨਾਂ ਅੱਗ ਲਾਏ ਜ਼ਮੀਨ ਤਿਆਰ ਕੀਤੀ ਹੈ। ਇਸ ਤੋਂ ਇਲਾਵਾ ਪਿੰਡ ਕਾਹਨ ਸਿੰਘ ਵਾਲਾ (ਬਲਾਕ ਗੁਰੂਹਰਸਹਾਏ) ਦੇ ਕਿਸਾਨ ਸੁਰਿੰਦਰ ਸਿੰਘ ਪੁੱਤਰ ਸੋਹਣ ਸਿੰਘ ਦੀ 15 ਏਕੜ ਜ਼ਮੀਨ ਵਿਚ ਖੇਤੀਬਾੜੀ ਵਿਭਾਗ ਵੱਲੋਂ ਬੇਲਰ ਮਾਲਕ ਨਾਲ ਤਾਲਮੇਲ ਕਰਾ ਕੇ ਗੱਠਾਂ ਬਣਵਾਈਆਂ ਗਈਆਂ ਹਨ। ਇਸੇ ਕ੍ਰਮ 'ਚ ਪਿੰਡ ਬੱਧਨੀ ਜੈਮਲ ਸਿੰਘ ਵਾਲਾ 'ਚ ਵਿਭਾਗ ਵੱਲੋਂ ਸਰਪੰਚ ਨਾਲ ਮੀਟਿੰਗ ਕਰਕੇ ਗੁਰਦੁਆਰਾ ਸਾਹਿਬ ਵਿਖੇ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ ਗਈ। ਡੀ.ਸੀ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਆਉਣ ਵਾਲੀ ਪੀੜ੍ਹੀ ਦਾ ਭਵਿੱਖ ਸੁਰੱਖਿਅਤ ਰੱਖਣ ਲਈ ਪਰਾਲੀ ਸਾੜਨ ਦੀ ਪ੍ਰਥਾ ਛੱਡਣ ਤੇ ਸਰਕਾਰ ਵੱਲੋਂ ਉਪਲਬਧ ਕਰਵਾਏ ਜਾ ਰਹੇ ਮਸ਼ੀਨੀ ਸਾਧਨਾਂ ਦੀ ਵਰਤੋਂ ਕਰਕੇ ਝੋਨੇ ਦੀ ਪਰਾਲੀ ਨੂੰ ਜ਼ਮੀਨ 'ਚ ਹੀ ਰਲਾਉਣ।

# ਜਲਦੀ ਤਨਖਾਹਾਂ ਦੇਣ ਦਾ ਭਰੋਸਾ ਦੇਣ ਉਪਰੰਤ ਸਫਾਈ ਸੇਵਕਾਂ ਦੀ ਹੜਤਾਲ ਖਤਮ



**ਬਰੇਟਾ (ਗੀਤਵਾਲ)**-ਬਰੇਟਾ ਮੰਡੀ ਵਿਖੇ ਪਿਛਲੇ ਕਈ ਦਿਨਾਂ ਤੋਂ ਸਫਾਈ ਸੇਵਕਾਂ ਦੀ ਚੱਲ ਰਹੀ ਹੜਤਾਲ ਦੇ ਮੱਦੇਨਜ਼ਰ ਤਿਓਹਾਰ ਮੌਕੇ ਯੂਨੀਅਨ ਵੱਲੋਂ ਭਾਰੀ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ ਕਿ ਜੇਕਰ ਉਹਨਾਂ ਦੀਆਂ ਤਨਖਾਹਾਂ ਜਲਦੀ ਨਾ ਦਿੱਤੀਆਂ ਗਈਆਂ ਤਾਂ ਸੰਘਰਸ਼ ਨੂੰ ਪੰਜਾਬ ਪੱਧਰ 'ਤੇ ਤੇਜ਼ ਕੀਤਾ ਜਾਵੇਗਾ। ਜਿਸ ਤੋਂ ਪ੍ਰਭਾਵਿਤ ਹੋ ਕੇ ਬਰੇਟਾ ਮੰਡੀ ਦੇ ਸਾਬਕਾ ਕੌਂਸਲਰ ਅਤੇ ਸਮਾਜ ਸੇਵੀ ਸੁਮੇਸ਼ ਵਾਲੀ, ਕੌਂਸਲਰ ਦਰਸ਼ਨ ਸਿੰਘ, ਓਮ ਪ੍ਰਕਾਸ਼ ਅਤੇ ਪ੍ਰਧਾਨ ਗਾਂਧੀ ਰਾਮ ਨੇ ਡਿਪਟੀ ਕਮਿਸ਼ਨਰ ਮਾਨਸਾ ਨਾਲ ਰਾਬਤਾ ਕਰਨ ਦੀ ਕੋਸ਼ਿਸ਼ ਕੀਤੀ, ਜਿਸ ਦਾ ਕੋਈ ਸਿੱਟਾ ਨਹੀਂ ਨਿਕਲ ਸਕਿਆ ਅਤੇ ਇਸ ਦੀ ਖਬਰ ਲੱਗਣ ਉਪਰੰਤ ਡਿਪਟੀ ਕਮਿਸ਼ਨਰ ਮਾਨਸਾ ਵੱਲੋਂ ਬਰੇਟਾ ਮੰਡੀ ਦੇ ਲੋਕਾਂ ਨੂੰ ਆ ਰਹੀ ਸਫਾਈ ਸੰਬੰਧੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਕਾਰਜ ਸਾਧਕ ਅਫਸਰ ਬਰੇਟਾ ਸਿਕੰਦਰ ਸਿੰਘ ਨੂੰ ਸਫਾਈ ਸੇਵਕਾਂ ਦੀ ਹੜਤਾਲ ਖਤਮ ਕਰਵਾਉਣ ਸਬੰਧੀ ਆਦੇਸ਼ ਦਿੱਤਾ ਗਿਆ। ਇਸ ਆਦੇਸ਼ 'ਤੇ ਤੁਰੰਤ ਧਿਆਨ ਦਿੰਦਿਆਂ ਕਾਰਜ ਸਾਧਕ ਅਫਸਰ ਨੇ ਕੌਂਸਲਰਾਂ ਅਤੇ ਸਫਾਈ ਕਰਮਚਾਰੀਆਂ ਦੀ ਯੂਨੀਅਨ ਨਾਲ ਮੀਟਿੰਗ ਕਰਕੇ ਸਫਾਈ ਸੇਵਕਾਂ ਨੂੰ ਭਰੋਸਾ ਦਿੱਤਾ ਕਿ ਜਲਦੀ ਹੀ ਉਹਨਾਂ ਦੀਆਂ ਬਾਕੀ ਤਨਖਾਹਾਂ ਵਿੱਚੋਂ ਕੁੱਝ ਤਨਖਾਹਾਂ ਜਾਰੀ ਕਰ ਦਿੱਤੀਆਂ ਜਾਣਗੀਆਂ। ਇਸ ਭਰੋਸੇ ਤੋਂ ਬਾਅਦ ਸਫਾਈ ਕਰਮਚਾਰੀਆਂ ਨੇ ਆਪਣੇ ਹੜਤਾਲ ਖਤਮ ਕਰ ਦਿੱਤੀ ਅਤੇ ਸ਼ਹਿਰ ਦੇ ਵਿੱਚ ਨੀਲ ਸ਼ਰਮਾ ਦਰੋਗਾ, ਰਾਜ ਕੁਮਾਰ ਪਰੋਚਾ ਜਮਾਂਦਾਰ, ਪਰਮੇਸ਼, ਸੁਦਾਗਰ, ਅਜੇ ਕੁਮਾਰ, ਓਮਵਤੀ, ਰਾਣੀ, ਲੱਛਮੀ ਅਤੇ ਦੀਪ ਸੈਕਟਰੀ ਨੇ ਸਫਾਈ ਅਭਿਆਨ ਸ਼ੁਰੂ ਕਰਵਾਇਆ ਅਤੇ ਨਾਲ ਹੀ ਸਫਾਈ ਕਰਮਚਾਰੀਆਂ ਨੇ ਚੇਤਾਵਨੀ ਵੀ ਦਿੱਤੀ ਕਿ ਜੇਕਰ ਉਹਨਾਂ ਨੂੰ ਦਿੱਤੇ ਭਰੋਸੇ ਅਨੁਸਾਰ ਜਲਦੀ ਸਾਡੀਆਂ ਤਨਖਾਹਾਂ ਜਾਰੀ ਨਾ ਕੀਤੀਆਂ ਗਈਆਂ ਤਾਂ ਉਹ ਮੁੜ ਹੜਤਾਲ ਸ਼ੁਰੂ ਕਰ ਦੇਣਗੇ।

# ਗੁਰਦੁਆਰਾ ਚੋਲਾ ਸਾਹਿਬ ਘੁਡਾਣੀ ਕਲਾਂ ਗੁਰੂ ਜੀ ਦੇ ਬਲੀਦਾਨ, ਮਹਾਨ ਮਾਨਵਤਾਵਾਦੀ ਕਾਰਜ ਤੋਂ ਮਹੱਤਵਪੂਰਨ ਅਸਥਾਨ

**ਦੋਰਾਹਾ (ਹਰਮਿੰਦਰ ਸੇਠ)**- ਜਦੋਂ ਬਾਦਸ਼ਾਹ ਜਹਾਂਗੀਰ ਨੇ ਗੁਰੂ ਹਰਗੋਬਿੰਦ ਸਾਹਿਬ ਦੀ ਗਵਾਲੀਅਰ ਜੇਲ੍ਹ ਤੋਂ ਰਿਹਾਈ ਦਾ ਹੁਕਮ ਦਿੱਤਾ, ਤਾਂ ਗੁਰੂ ਜੀ ਨੇ ਜ਼ੋਰ ਦੇ ਕੇ ਕਿਹਾ ਕਿ ਉਸੇ ਜੇਲ੍ਹ ਵਿੱਚ ਬੰਦ 52 ਹਿੰਦੂ ਰਾਜਪੂਤ ਰਾਜੇ, ਜੋ ਗੁਰੂ ਸਾਹਿਬ ਦੀ ਪ੍ਰਸੰਸਾ ਕਰਦੇ ਸਨ, ਨੂੰ ਵੀ ਉਨ੍ਹਾਂ ਦੇ ਨਾਲ ਰਿਹਾਅ ਕੀਤਾ ਜਾਵੇ। ਜਹਾਂਗੀਰ ਉਨ੍ਹਾਂ ਨੂੰ ਰਿਹਾਅ ਨਹੀਂ ਕਰਨਾ ਚਾਹੁੰਦਾ ਸੀ। ਗੁਰੂ ਸਾਹਿਬ ਉਨ੍ਹਾਂ ਦੀ ਰਿਹਾਈ ਲਈ ਅਡੋਲ ਸਨ। ਬਾਦਸ਼ਾਹ ਜਹਾਂਗੀਰ ਇਸ ਸ਼ਰਤ ਨਾਲ ਸਹਿਮਤ ਹੋ ਗਿਆ ਕਿ ਗੁਰੂ ਸਾਹਿਬ ਦੇ ਚੋਲੇ ਦਾ ਕੋਨਾ ਫੜਨ ਵਾਲਾ ਰਾਜਾ ਰਿਹਾਅ ਹੋ ਜਾਵੇਗਾ। ਗੁਰੂ ਸਾਹਿਬ ਨੇ 52 ਕਲੀਆਂ ਵਾਲਾ ਚੋਲਾ ਬਣਾਉਣ ਦਾ ਹੁਕਮ ਦਿੱਤਾ, ਰਾਜਿਆਂ ਨੇ ਕੋਨਿਆਂ ਨੂੰ ਇੱਕ-ਇੱਕ ਕਰਕੇ ਫੜਿਆ ਹੋਇਆ ਸੀ ਅਤੇ ਉਨ੍ਹਾਂ ਨੂੰ ਰਿਹਾਅ ਕਰ ਦਿੱਤਾ ਗਿਆ। ਉਨ੍ਹਾਂ ਦੀ ਰਿਹਾਈ ਤੋਂ ਬਾਅਦ ਅੰਮ੍ਰਿਤਸਰ ਜਾਂਦੇ ਸਮੇਂ ਗੁਰੂ ਸਾਹਿਬ ਦੋਰਾਹੇ ਤੋਂ ਲਗਭਗ 9 ਕਿਲੋਮੀਟਰ ਦੂਰ ਘੁਡਾਣੀ ਕਲਾਂ ਨਾਮਕ ਇੱਕ ਪਿੰਡ ਵਿੱਚ ਠਹਿਰੇ। ਉਹ ਉੱਥੇ 45 ਦਿਨ ਰਹੇ ਅਤੇ ਲੋਕਾਂ ਨਾਲ ਪ੍ਰਵਚਨ ਕਰਦੇ ਰਹੇ। ਗੁਰੂ ਸਾਹਿਬ ਨਾਲ ਸੰਬੰਧਤ ਪੰਜ ਇਤਿਹਾਸਕ ਗੁਰਦੁਆਰੇ ਘੁਡਾਣੀ ਵਿੱਚ ਸਥਿਤ ਹਨ। ਗੁਰੂ ਸਾਹਿਬ ਨੇ 52 ਕੋਨਿਆਂ ਵਾਲਾ ਆਪਣਾ ਚੋਲਾ ਇਥੇ ਹੀ ਛੱਡ ਦਿੱਤਾ, ਜਿਸ ਨੇ ਰਾਜਪੂਤ ਰਾਜਿਆਂ ਨੂੰ ਜੇਲ੍ਹ ਵਿੱਚੋਂ ਬਾਹਰ ਲਿਆਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਸੀ। ਉਹ ਸਥਾਨ ਗੁਰਦੁਆਰਾ ਚੋਲਾ ਸਾਹਿਬ ਹੈ। ਗੁਰਦੁਆਰਾ ਚੋਲਾ ਸਾਹਿਬ, ਘੁਡਾਣੀ ਸਿੱਖਾਂ ਲਈ ਇੱਕ ਅਣਦੇਖੀ ਜਗ੍ਹਾ ਹੈ। ਸਾਡੇ ਵਿੱਚੋਂ ਬਹੁਤ ਸਾਰੇ ਲੋਕ ਇਸ ਮਹਾਨ ਭੁੱਲੇ ਹੋਏ ਇਤਿਹਾਸਕ ਸਥਾਨ ਬਾਰੇ ਨਹੀਂ ਜਾਣਦੇ ਜੋ ਸਾਨੂੰ ਗੁਰੂ ਜੀ ਦੇ ਬਲੀਦਾਨ, ਇੱਕ ਮਹਾਨ ਮਾਨਵਤਾਵਾਦੀ ਕਾਰਜ ਅਤੇ ਹਿੰਦੂ-ਸਿੱਖ ਏਕਤਾ ਦਾ ਇੱਕ ਜੀਵਤ ਪ੍ਰਤੀਕ ਅਤੇ ਸਭ ਤੋਂ ਮਹੱਤਵਪੂਰਨ, ਬੰਦੀ ਛੋੜ ਦਿਵਸ ਮਨਾਉਣ ਵਾਲੇ ਸਿੱਖਾਂ ਲਈ ਇੱਕ ਜੀਵਤ ਕੜੀ ਬਾਰੇ ਨਹੀਂ ਜਾਣਦੇ।

# ਭਾਰਤੀ ਕਿਸਾਨ ਯੂਨੀਅਨ ਅੰਬਾਵਤਾ 'ਚ ਨਵੀਆਂ ਨਿਯੁਕਤੀਆਂ



**ਫਿਰੋਜ਼ਪੁਰ (ਗੁਰਬਚਨ ਸਿੰਘ)**- ਭਾਰਤੀ ਕਿਸਾਨ ਯੂਨੀਅਨ (ਬੀ.ਕੇ.ਯੂ.) ਅੰਬਾਵਤਾ ਨੇ ਕਿਸਾਨੀ ਮਸਲਿਆਂ ਨੂੰ ਹੋਰ ਜ਼ੋਰ-ਸ਼ੋਰ ਨਾਲ ਉਠਾਉਣ ਅਤੇ ਜਥੇਬੰਦੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਪੰਜਾਬ ਇਕਾਈ ਵਿਚ ਅਹਿਮ ਨਿਯੁਕਤੀਆਂ ਕੀਤੀਆਂ ਹਨ। ਇਸ ਕੜੀ ਤਹਿਤ ਜਥੇਬੰਦੀ ਦੇ ਸੀਨੀਅਰ ਆਗੂ ਗੋਪੀ ਔਲਖ ਨੂੰ ਪੰਜਾਬ ਦਾ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ, ਜਦਕਿ ਆਗੂ ਗੁਲਸ਼ਨ ਸ਼ਰਮਾ ਨੂੰ ਜ਼ਿਲ੍ਹਾ ਵਾਇਸ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਇਨ੍ਹਾਂ ਅਹਿਮ ਅਹੁਦਿਆਂ 'ਤੇ ਨਿਯੁਕਤੀਆਂ ਦਾ ਰਸਮੀ ਐਲਾਨ ਅਤੇ ਨਿਯੁਕਤੀ ਪੱਤਰ ਦੇਣ ਦੀ ਰਸਮ ਪੰਜਾਬ ਪ੍ਰਧਾਨ ਬਲਦੇਵ ਸਿੰਘ ਵੱਲੋਂ ਇੱਕ ਪ੍ਰਭਾਵਸ਼ਾਲੀ ਸਮਾਰੋਹ ਦੌਰਾਨ ਪੂਰੀ ਕੀਤੀ ਗਈ। ਇਸ ਮੌਕੇ ਪੰਜਾਬ ਪ੍ਰਧਾਨ ਬਲਦੇਵ ਸਿੰਘ ਨੇ ਕਿਹਾ ਕਿ ਗੋਪੀ ਔਲਖ ਅਤੇ ਗੁਲਸ਼ਨ ਸ਼ਰਮਾ ਦੀਆਂ ਸੇਵਾਵਾਂ ਜਥੇਬੰਦੀ ਲਈ ਬਹੁਤ ਮਹੱਤਵਪੂਰਨ ਸਾਬਤ ਹੋਣਗੀਆਂ। ਉਨ੍ਹਾਂ ਨੇ ਕਿਹਾ ਕਿ ਇਹ ਦੋਵੇਂ ਆਗੂ ਕਿਸਾਨੀ ਸੰਘਰਸ਼ ਪ੍ਰਤੀ ਪੂਰੀ ਤਰ੍ਹਾਂ ਸਮਰਪਤ ਹਨ ਅਤੇ ਇਨ੍ਹਾਂ ਦੀ ਅਗਵਾਈ ਵਿਚ ਯੂਨੀਅਨ ਪੰਜਾਬ ਦੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਅਹਿਮ ਭੂਮਿਕਾ ਨਿਭਾਏਗੀ। ਉਨ੍ਹਾਂ ਨਵੇਂ ਨਿਯੁਕਤ ਅਹੁਦੇਦਾਰਾਂ ਨੂੰ ਕਿਸਾਨ ਹਿੱਤਾਂ ਲਈ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਨ ਦੀ ਪ੍ਰੇਰਨਾ ਦਿੱਤੀ। ਨਵੇਂ ਬਣੇ ਉਪ ਪ੍ਰਧਾਨ ਗੋਪੀ ਔਲਖ ਨੇ ਜਥੇਬੰਦੀ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਪੰਜਾਬ ਪ੍ਰਧਾਨ ਬਲਦੇਵ ਸਿੰਘ ਅਤੇ ਸਮੁੱਚੀ ਜਥੇਬੰਦੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਿਸਾਨੀ ਦੀ ਬਿਹਤਰੀ ਲਈ ਹਮੇਸ਼ਾ ਤਿਆਰ ਰਹਿਣਗੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆ ਰਹੀਆਂ ਦਰਪੇਸ਼ ਮੁਸ਼ਕਲਾਂ, ਜਿਵੇਂ ਕਿ ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਦੀ ਗਾਰੰਟੀ, ਕਰਜ਼ਾ ਮੁਆਫ਼ੀ ਅਤੇ ਆਰਥਿਕ ਸੰਕਟ, ਦੇ ਹੱਲ ਲਈ ਉਹ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ। ਇਸੇ ਤਰ੍ਹਾਂ ਜ਼ਿਲ੍ਹਾ ਵਾਇਸ ਪ੍ਰਧਾਨ ਗੁਲਸ਼ਨ ਸ਼ਰਮਾ ਨੇ ਵੀ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ ਨਾਲ ਨਿਭਾਉਣ ਦਾ ਪ੍ਰਣ ਲਿਆ। ਇਸ ਮੌਕੇ ਮਨਪ੍ਰੀਤ ਭੁੱਲਰ ਜਨਰਲ ਸਕੱਤਰ ਪੰਜਾਬ, ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ, ਇਕਬਾਲ ਸਿੰਘ, ਹਰਮਨ ਸੰਧੂ ਸਾਈਆਂਵਾਲਾ, ਗਗਨ ਗਾਮੇਵਾਲਾ, ਮੁਨੀਸ਼ ਸੁਲਹਾਣੀ, ਸੁਲੱਖਣ ਸੁਲਹਾਣੀ ਅਤੇ ਜਪਨਾਮ ਵੀਰ ਸਿੰਘ ਸ਼ਾਮਲ ਸਨ।

# ਸੈਨੀਟਰੀ ਹਾਰਡਵੇਅਰ ਦੀ ਦੁਕਾਨ ਨੂੰ ਅੱਗ ਲੱਗਣ ਕਾਰਨ ਕਰੋੜਾਂ ਦਾ ਨੁਕਸਾਨ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਦੀਵਾਲੀ ਦੀ ਰਾਤ ਅੱਡਾ ਝਬਾਲ ਵਿਖੇ ਸਭ ਤੋਂ ਵੱਡੀ ਸੈਨੀਟਰੀ ਅਤੇ ਹਾਰਡਵੇਅਰ ਦੀ ਰਮਨ ਐਂਡ ਸੰਨਜ਼ ਨਾਂਅ ਦੀ ਅੰਮ੍ਰਿਤਸਰ ਰੋਡ ਤੇ ਦੁਕਾਨ ਨੂੰ ਬੀਤੀ ਰਾਤ ਏਨੀ ਭਿਆਨਕ ਅੱਗ ਲੱਗੀ ਕਿ ਕੁੱਝ ਹੀ ਘੰਟਿਆਂ ਵਿੱਚ ਚਾਰ ਅੱਗ ਬੁਝਾਊ ਗੱਡੀਆਂ ਦੀਆਂ ਭਾਰੀ ਕੋਸ਼ਿਸ਼ਾਂ ਦੇ ਬਾਵਜੂਦ ਸਾਰੀ ਦੁਕਾਨ ਸੜ ਕੇ ਸੁਆਹ ਹੋ ਗਈ ਜਿਸ ਨਾਲ ਕਰੋੜਾਂ ਰੁਪਏ ਦਾ ਮਾਲੀ ਨੁਕਸਾਨ ਹੋਣ ਦਾ ਅਨੁਮਾਨ ਹੈ।ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਚੇਅਰਮੈਨ ਰਮਨ ਕੁਮਾਰ ਝਬਾਲ ਮਾਲਕ ਨੇ ਦੱਸਿਆ ਕਿ ਬੀਤੀ ਸ਼ਾਮ ਉਹ ਦੁਕਾਨ ਬੰਦ ਕਰਕੇ ਘਰ ਚਲੇ ਗਏ ਪ੍ਰੰਤੂ ਥੋੜੇ ਚਿਰ ਬਾਅਦ ਉਨ੍ਹਾਂ ਨੂੰ ਕਿਸੇ ਗੁਆਂਢੀ ਦਾ ਫੋਨ ਆਇਆ ਕਿ ਤੁਹਾਡੀ ਦੁਕਾਨ ਵਿੱਚੋਂ ਧੂੰਆਂ ਨਿਕਲ ਰਿਹਾ ਹੈ। ਉਨ੍ਹਾਂ ਨੇ ਤੁਰੰਤ ਜਾ ਕੇ ਜਦੋਂ ਦੁਕਾਨ ਦਾ ਸ਼ਟਰ ਖੋਲ੍ਹ ਕੇ ਵੇਖਿਆ ਤਾਂ ਅੰਦਰ ਅੱਗ ਦੇ ਭਾਂਬੜ ਮਚੇ ਹੋਏ ਸਨ।ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਅਤੇ ਕਾਂਗਰਸੀ ਆਗੂ ਰਾਜਬੀਰ ਸਿੰਘ ਭੁੱਲਰ ਨੇ ਵੀ ਰਾਤ ਹੀ ਮੌਕੇ 'ਤੇ ਪੁੱਜ ਕੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਤਰਨ ਤਾਰਨ, ਅੰਮ੍ਰਿਤਸਰ ਤੋਂ ਅੱਗ ਬੁਝਾਊ ਗੱਡੀਆਂ ਵੀ ਤੁਰੰਤ ਮੌਕੇ ਤੇ ਪਹੁੰਚ ਗਈਆਂ ਜਿਨਾਂ ਨੇ ਅੱਗ ਬੁਝਾਉਣ ਦੀ ਭਾਰੀ ਕੋਸ਼ਿਸ਼ ਕੀਤੀ, ਪ੍ਰੰਤੂ ਭਾਰੀ ਕੋਸ਼ਿਸ਼ਾਂ ਦੇ ਬਾਵਜੂਦ ਦੁਕਾਨ ਅੰਦਰ ਪਿਆ ਕਰੋੜਾਂ ਦਾ ਸਾਮਾਨ ਸੜ ਕੇ ਸਵਾਹ ਹੋ ਗਿਆ।ਥਾਣਾ ਮੁਖੀ ਗੁਰਦੀਪ ਸਿੰਘ ਵੀ ਪੁਲਸ ਫੋਰਸ ਨਾਲ ਮੌਕੇ 'ਤੇ ਪਹੁੰਚ ਗਏ। ਭਾਰੀ ਨੁਕਸਾਨ ਨੂੰ ਵੇਖਦਿਆਂ ਚੇਅਰਮੈਨ ਰਮਨ ਕੁਮਾਰ ਝਬਾਲ ਨਾਲ ਕਾਂਗਰਸ ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਕੈਬਨਿਟ ਮੰਤਰੀ, ਹਲਕਾ ਵਿਧਾਇਕ ਰਾਜਾਸਾਂਸੀ ਤੇ ਤਰਨਤਾਰਨ ਹਲਕਾ ਚੋਣ ਇੰਚਾਰਜ ਸੁਖਬਿੰਦਰ ਸਿੰਘ ਸੁੱਖ ਸਰਕਾਰੀਆ, ਸਾਬਕਾ ਵਿਧਾਇਕ ਕੁਲਬੀਰ ਸਿੰਘ ਜੀਰਾ, ਸੁਖਪਾਲ ਸਿੰਘ ਭੁੱਲਰ, ਚੇਅਰਮੈਨ ਰਣਜੀਤ ਸਿੰਘ ਰਾਣਾ ਗੰਡੀਵਿੰਡ ਤੋਂ ਇਲਾਵਾ ਸਰਬਦਿਆਲ ਸਿੰਘ ਮੈਨੇਜਰ ਬੀੜ ਸਾਹਿਬ, ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ, ਸਾਬਕਾ ਐਸਜੀਪੀਸੀ ਮੈਂਬਰ ਜਥੇਦਾਰ ਕਸ਼ਮੀਰ ਸਿੰਘ ਗੰਡੀਵਿੰਡ ਸਰਪੰਚ ਗੁਰਪਾਲ ਸਿੰਘ ਜਗਤਪੁਰਾ ਤੋਂ ਇਲਾਵਾ ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਵੱਲੋਂ ਹੋਏ ਵੱਡੇ ਨੁਕਸਾਨ 'ਤੇ ਹਮਦਰਦੀ ਪ੍ਰਗਟਾਈ ਗਈ।

# 'ਆਪ' ਦੀ ਵਿਕਾਸ ਲਹਿਰ ਅੱਗੇ ਵਿਰੋਧੀ ਧਿਰ ਨਿਹੱਥੀ, ਸੰਧੂ ਲੋਕਾਂ ਦੀ ਪਹਿਲੀ ਪਸੰਦ ਬਣੇ: ਡਾ. ਬਲਬੀਰ ਸਿੰਘ



**ਤਰਨਤਾਰਨ (ਪ੍ਰਿਤਪਾਲ ਸਿੰਘ)**- ਤਰਨਤਾਰਨ ਵਿਧਾਨ ਸਭਾ ਹਲਕੇ ਵਿੱਚ ਹੋਣ ਵਾਲੀ ਉਪ-ਚੋਣਾਂ ਦੇ ਮੱਦੇਨਜ਼ਰ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਪ੍ਰਚਾਰ ਕਰਦਿਆਂ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਹਲਕੇ ਦੇ ਲੋਕ ਹੁਣ ਰਵਾਇਤੀ ਅਤੇ ਫੋਕੀ ਰਾਜਨੀਤੀ ਤੋਂ ਉਪਰ ਉੱਠ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਵੱਲੋਂ ਕੀਤੇ ਗਏ ਠੋਸ ਵਿਕਾਸ ਕਾਰਜਾਂ, ਖਾਸ ਕਰਕੇ ਸਿਹਤ ਸਹੂਲਤਾਂ ਦੀ ਕ੍ਰਾਂਤੀ, ਤੇ ਮੋਹਰ ਲਗਾਉਣ ਲਈ ਪੂਰੀ ਤਰ੍ਹਾਂ ਤਿਆਰ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਪਾਰਟੀ ਉਮੀਦਵਾਰ ਹਰਮੀਤ ਸਿੰਘ ਸੰਧੂ ਦਿਨੋਂ-ਦਿਨ ਹਲਕਾ ਵਾਸੀਆਂ ਦੀ ਪਹਿਲੀ ਪਸੰਦ ਬਣਦੇ ਜਾ ਰਹੇ ਹਨ ਅਤੇ ਇਸ ਦਾ ਮੁੱਖ ਕਾਰਨ ਮਾਨ ਸਰਕਾਰ ਦੇ ਲੋਕ-ਪੱਖੀ ਫ਼ੈਸਲੇ ਹਨ।ਤਰਨਤਾਰਨ ਵਾਸੀਆਂ ਦਾ ਕਹਿਣਾ ਹੈ ਕਿ ਆਪ ਸਰਕਾਰ ਨੇ ਸਿਰਫ਼ ਐਲਾਨ ਨਹੀਂ, ਬਲਕਿ ਜ਼ਮੀਨੀ ਪੱਧਰ 'ਤੇ ਕੰਮ ਕੀਤੇ ਹਨ।ਸਿਹਤ ਦੇ ਨਾਲ-ਨਾਲ ਸਿੱਖਿਆ ਅਤੇ ਮੁਫ਼ਤ ਬਿਜਲੀ ਦੇ ਖੇਤਰ ਵਿੱਚ ਵੀ ਜ਼ਿਲ੍ਹੇ ਨੇ ਵੱਡੇ ਬਦਲਾਅ ਵੇਖੇ ਹਨ, ਜਿਸ ਕਾਰਨ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਹਨ।ਮੰਤਰੀ ਡਾ. ਬਲਬੀਰ ਸਿੰਘ ਨੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਮੀਡੀਆ ਬਿਆਨ ਦਾ ਹਵਾਲਾ ਦਿੰਦਿਆਂ ਕਿਹਾ ਕਿ ਸੰਧੂ ਨੇ ਠੀਕ ਕਿਹਾ ਹੈ ਕਿ ਉਹ ਇਹ ਚੋਣ ਸਿਰਫ਼ ਵਿਅਕਤੀਗਤ ਤੌਰ ਤੇ ਨਹੀਂ ਲੜ ਰਹੇ, ਸਗੋਂ ਆਪ ਸਰਕਾਰ ਦੇ ਵਿਕਾਸ ਮਾਡਲ ਦੇ ਪ੍ਰਤੀਨਿਧ ਵਜੋਂ ਲੜ ਰਹੇ ਹਨ।30 ਆਮ ਆਦਮੀ ਕਲੀਨਿਕਾਂ ਰਾਹੀਂ 12 ਲੱਖ 74 ਹਜ਼ਾਰ ਤੋਂ ਵੱਧ ਮਰੀਜ਼ਾਂ ਦਾ ਮੁਫ਼ਤ ਇਲਾਜ ਕਰਨਾ ਸਾਡੀ ਸਰਕਾਰ ਦੀ ਨੀਅਤ ਨੂੰ ਦਰਸਾਉਂਦਾ ਹੈ, ਜੋ ਕਿ ਤਰਨਤਾਰਨ ਵਿੱਚ ਅੱਖਾਂ ਸਾਹਮਣੇ ਹੈ।ਡਾ. ਬਲਬੀਰ ਸਿੰਘ ਨੇ ਹਲਕਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਮੈਂ ਹਲਕਾ ਵਾਸੀਆਂ ਨੂੰ ਯਕੀਨ ਦਿਵਾਉਂਦਾ ਹਾਂ ਕਿ ਹਰਮੀਤ ਸਿੰਘ ਸੰਧੂ ਨੂੰ ਜਿਤਾਉਣਾ ਸਿਰਫ਼ ਇੱਕ ਉਮੀਦਵਾਰ ਨੂੰ ਜਿਤਾਉਣਾ ਨਹੀਂ ਹੈ, ਬਲਕਿ ਕੰਮ ਦੀ ਰਾਜਨੀਤੀ ਤੇ ਮੋਹਰ ਲਗਾਉਣਾ ਹੈ।

# ਖਾਲਸਾ ਸਕੂਲ ਗੁਰਦਾਸਨੰਗਲ 'ਚ ਬੰਦੀ ਛੋੜ ਦਿਵਸ ਤੇ ਦੀਵਾਲੀ ਦਾ ਤਿਉਹਾਰ ਮਨਾਇਆ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸ ਨੰਗਲ ਵਿਖੇ ਬੰਦੀ ਛੋੜ ਦਿਵਸ ਅਤੇ ਦੀਵਾਲੀ ਦਾ ਤਿਉਹਾਰ ਸਕੂਲ ਪ੍ਰਿੰਸੀਪਲ ਸਰਬਜੀਤ ਕੌਰ ਦੇ ਪ੍ਰੰਬਧਾਂ ਹੇਠ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਧਾਰਮਿਕ ਅਧਿਆਪਕ ਅੰਮ੍ਰਿਤਦੀਪ ਸਿੰਘ ਵੱਲੋਂ ਬੱਚਿਆਂ ਅਤੇ ਅਧਿਆਪਕਾਂ ਨਾਲ ਮਿਲ ਕੇ ਸ਼੍ਰੀ ਸੁਖਮਨੀ ਸਾਹਿਬ ਦਾ ਪਾਠ, ਜਪੁਜੀ ਸਾਹਿਬ ਦਾ ਪਾਠ, ਚੌਪਈ ਸਾਹਿਬ ਦਾ ਪਾਠ ਕੀਤਾ ਗਿਆ। ਇਸ ਮੌਕੇ ਬੰਦੀ ਛੋੜ ਦਾਤਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਮਹਿਮਾ ਭਰੇ ਸਬਦ ਗਾਇਨ ਕੀਤੇ। ਇਸ ਤੋਂ ਇਲਾਵਾ ਵਿਦਿਆਰਥੀਆਂ ਦੇ ਦੀਵਾ-ਥਾਲੀ ਮੁਕਾਬਲੇ ਅਤੇ ਇੰਟਰ ਹਾਊਸ ਰੰਗੋਲੀ ਮੁਕਾਬਲੇ ਕਰਵਾਏ ਗਏ। ਮੁਕਾਬਲੇ ਵਿੱਚ ਗਿਆਨੀ ਦਿੱਤ ਸਿੰਘ ਹਾਊਸ ਨੇ ਪਹਿਲਾ ਸਥਾਨ, ਸਰਦਾਰ ਕਰਤਾਰ ਸਿੰਘ ਹਾਊਸ ਅਤੇ ਸਰਦਾਰ ਭਗਤ ਸਿੰਘ ਹਾਊਸ ਦੂਸਰਾ ਸਥਾਨ, ਸਰਦਾਰ ਊਧਮ ਸਿੰਘ ਹਾਊਸ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਬਲਾਕ ਏ ਵਿੱਚ ਨੰਨ੍ਹੇ-ਮੁੰਨੇ ਵਿਦਿਆਰਥੀਆਂ ਦੁਆਰਾ ਦੀਵਾਰਾਂ ਨੂੰ ਸੁੰਦਰ ਸਜਾਇਆ ਗਿਆ ਤੇ ਰੰਗੋਲੀਆਂ ਕਾਰਡ ਬਣਾਏ ਗਏ। ਸਕੂਲ ਦੇ ਕਮਰਿਆਂ ਨੂੰ ਹੱਥੀਂ ਬਣਾਈਆਂ ਸੁੰਦਰ ਕ੍ਰਿਤੀਆਂ ਵਾਲੀਆਂ ਚੀਜਾਂ ਨਾਲ ਸਜਾਇਆ ਗਿਆ। ਪ੍ਰਿੰਸੀਪਲ ਸਰਬਜੀਤ ਕੌਰ ਨੇ ਦੀਵਾ-ਥਾਲੀ ਅਤੇ ਰੰਗੋਲੀ ਮੁਕਾਬਲਿਆਂ ਵਿੱਚੋਂ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਅਤੇ ਸਾਰੇ ਵਿਦਿਆਰਥੀਆਂ ਨੂੰ ਵਾਤਾਵਰਨ ਸੰਭਾਲਣ ਅਤੇ ਹਮੇਸ਼ਾ ਆਪਣੇ ਧਰਮ ਦਾ ਸਤਿਕਾਰ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸਨ।

# ਪੰਜਾਬ ਦੇ ਹੁਣ ਤੱਕ 4.32 ਲੱਖ ਤੋਂ ਵੱਧ ਕਿਸਾਨਾਂ ਨੂੰ ਐਮ ਐੱਸ ਪੀ ਦਾ ਲਾਭ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਝੋਨੇ ਦੇ ਖਰੀਦ ਸੀਜ਼ਨ ਨੂੰ ਸੁਚਾਰੂ ਬਣਾਉਣ ਲਈ ਕੋਈ ਕਸਰ ਬਾਕੀ ਨਾ ਛੱਡਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਦਅੰਦੇਸ਼ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਅਪਣਾਈ ਸਰਗਰਮ ਪਹੁੰਚ ਸਦਕਾ 21 ਅਕਤੂਬਰ ਤੱਕ 4,32,458 ਲੱਖ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਦਾ ਲਾਭ ਮਿਲਿਆ ਹੈ।ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ ਖਰੀਦ, ਲਿਫਟਿੰਗ ਅਤੇ ਭੁਗਤਾਨ ਪੂਰੇ ਜੋਰਾਂ-ਸ਼ੋਰਾਂ ਨਾਲ ਚੱਲ ਰਹੇ ਹਨ। ਹੁਣ ਤੱਕ 57546 ਕਿਸਾਨਾਂ ਨੂੰ ਐਮ ਐਸ ਪੀ ਦਾ ਲਾਭ ਮਿਲਣ ਨਾਲ ਪਟਿਆਲਾ ਜ਼ਿਲ੍ਹਾ ਸਭ ਤੋਂ ਅੱਗੇ ਹੈ, ਜਦਕਿ ਹੜ੍ਹਾਂ ਨਾਲ ਪ੍ਰਭਾਵਤ ਹੋਇਆ ਤਰਨਤਾਰਨ 38578 ਕਿਸਾਨਾਂ ਨੂੰ ਲਾਭ ਮਿਲਣ ਨਾਲ ਦੂਜੇ ਸਥਾਨ 'ਤੇ ਹੈ ਅਤੇ ਫਿਰੋਜ਼ਪੁਰ 35501 ਕਿਸਾਨਾਂ ਨਾਲ ਤੀਜੇ ਸਥਾਨ 'ਤੇ ਹੈ।ਜ਼ਿਕਰਯੋਗ ਹੈ ਕਿ 21 ਅਕਤੂਬਰ ਸ਼ਾਮ ਤੱਕ ਰਾਜ ਭਰ ਦੀਆਂ ਮੰਡੀਆਂ ਵਿੱਚ ਕੁੱਲ 5840618.72 ਮੀਟਰਕ ਟਨ ਝੋਨੇ ਦੀ ਆਮਦ ਹੋਈ ਹੈ।ਇਸ 'ਚੋਂ 5604976.76 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ ਅਤੇ ਇਸ ਤਰਾਂ ਇਹ ਅੰਕੜਾ 95 ਫ਼ੀਸਦ ਬਣਦਾ ਹੈ।ਦੱਸਣਯੋਗ ਹੈ ਕਿ ਹੁਣ ਤੱਕ 3985173.28 ਮੀਟਰਕ ਟਨ ਝੋਨੇ ਦੀ ਲਿਫਟਿੰਗ ਹੋਈ ਹੈ, ਜੋ ਹੁਣ ਤੱਕ ਖਰੀਦੀ ਗਈ ਕੁੱਲ ਫ਼ਸਲ ਦਾ 71 ਪ੍ਰਤੀਸ਼ਤ ਹੈ।

# ਰੇਲ ਟਰੈਕ ਤੋਂ ਅਣਪਛਾਤੇ ਦੀ ਲਾਸ਼ ਮਿਲੀ

**ਬਿਆਸ (ਪਰਮਜੀਤ ਸਿੰਘ ਰੱਖੜਾ)** : ਰੇਲਵੇ ਟਰੈਕ ਤੋਂ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲਣ ਦੀ ਖਬਰ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜੀ ਆਰ ਪੀ ਪੁਲਿਸ ਚੌਂਕੀ ਬਿਆਸ ਦੇ ਇੰਚਾਰਜ ਸਬ ਇੰਸਪੈਕਟਰ ਜਗਦੀਸ਼ ਸਿੰਘ ਨੇ ਦੱਸਿਆ ਕਿ ਰੇਲਵੇ ਸਟੇਸ਼ਨ ਖਡੂਰ ਸਾਹਿਬ ਤੋਂ ਗੋਇੰਦਵਾਲ ਸਾਹਿਬ ਦਰਮਿਆਨ ਕਿਲੋਮੀਟਰ ਨੰਬਰ 22/3-4 , ਨੇੜੇ ਗੇਟ ਨੰਬਰ ਸੀ 36 ਇੱਕ ਕਰੀਬ 70-75 ਸਾਲ ਦੇ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ ਹੈ।ਜਿਸ ਸਬੰਧੀ ਰਿਪੋਰਟ ਨੰਬਰ 155, 194 ਬੀ ਐਨ ਐਸ ਐਸ ਤਹਿਤ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਉਕਤ ਅਣਪਛਾਤੇ ਵਿਅਕਤੀ ਦੀ ਮ੍ਰਿਤਕ ਦੇਹ ਨੂੰ ਸ਼ਨਾਖਤ ਦੇ ਲਈ 72 ਘੰਟੇ ਤੱਕ ਸਿਵਲ ਹਸਪਤਾਲ ਤਰਨ ਤਾਰਨ ਦੀ ਮੋਰਚਰੀ ਵਿੱਚ ਰਖਵਾਇਆ ਗਿਆ ਹੈ।

# ਭਾਰਤੀ ਕਿਸਾਨ ਯੂਨੀਅਨ (ਫਤਿਹ) ਦੀ ਅਹਿਮ ਮੀਟਿੰਗ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**- ਭਾਰਤੀ ਕਿਸਾਨ ਯੂਨੀਅਨ (ਫਤਿਹ) ਦੀ ਅਹਿਮ ਮੀਟਿੰਗ ਸਥਾਨਕ ਕਸਬਾ ਮਹਿਲ ਕਲਾਂ ਵਿਖੇ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਖੁਰਮੀ ਦੀ ਅਗਵਾਈ ਹੇਠ ਹੋਈ। ਇਸ ਮੌਕੇ ਜਥੇਬੰਦੀ ਦੇ ਸੂਬਾ ਪ੍ਰਧਾਨ ਪ੍ਰਭਜੋਤ ਸਿੰਘ ਮਾਨਸਾਹੀਆਂ ਅਤੇ ਸੀਨੀਅਰ ਆਗੂ ਵੈਦ ਮੇਜਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਜਥੇਬੰਦੀ ਵਿੱਚ ਨਵੇਂ ਵਰਕਰਾਂ ਨੂੰ ਸ਼ਾਮਲ ਕਰਦਿਆਂ ਸੂਬਾ ਪ੍ਰਧਾਨ ਪ੍ਰਭਜੋਤ ਸਿੰਘ ਨੇ ਜਥੇਬੰਦੀ ਦੇ ਝੰਡੇ, ਵੈਜ ਅਤੇ ਕਾਰਡ ਨਾਲ ਸਨਮਾਨਤ ਕੀਤਾ। ਇਸ ਮੌਕੇ ਉਹਨਾਂ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ (ਫਤਿਹ) ਦੇ ਰਾਸ਼ਟਰੀ ਪ੍ਰਧਾਨ ਰਣਜੀਤ ਸਿੰਘ ਭੁੱਲਰ ਦੀ ਅਗਵਾਈ ਹੇਠ ਹਰ ਸੂਬੇ ਵਿੱਚ ਪ੍ਰਧਾਨਾਂ ਨਾਲ ਸਲਾਹ ਮਸ਼ਵਰਾ ਕਰਕੇ ਨਵੀਂ ਭਰਤੀ ਕੀਤੀ ਜਾ ਰਹੀ ਹੈ। ਜਥੇਬੰਦੀ ਕਿਸਾਨਾਂ, ਮਜ਼ਦੂਰਾਂ ਅਤੇ ਹਰ ਵਰਗ ਦੇ ਲੋਕਾਂ ਦੀ ਲੜਾਈ ਲੜ ਰਹੀ ਹੈ, ਖਾਸਕਰ ਪੰਥ ਦੀ ਮੰਗ 'ਤੇ ਲਗਾਤਾਰ ਹੋ ਰਹੀਆਂ ਧਾਰਮਿਕ ਗ੍ਰੰਥਾਂ ਦੀਆਂ ਬੇਅਦਬੀਆਂ ਦੇ ਵਿਰੋਧ ਵਿੱਚ ਸਖਤ ਕਾਨੂੰਨ ਬਣਾਉਣ ਦੀ ਮੰਗ ਕਰਦੀ ਆ ਰਹੀ। ਇਸ ਦੇ ਸਬੰਧ ਵਿੱਚ ਸ਼ਹਿਰ ਸਮਾਣਾ ਵਿਖੇ ਪੱਕਾ ਮੋਰਚਾ ਇੱਕ ਸਾਲ ਤੋਂ ਚੱਲ ਰਿਹਾ ਹੈ। ਸਾਨੂੰ ਉਮੀਦ ਹੈ ਕਿ ਆਉਦੇ ਦਿਨਾਂ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਬੇਅਦਬੀਆਂ ਖਿਲਾਫ ਸਖਤ ਕਾਨੂੰਨ ਬਣਾਉਣਗੇ ਤਾਂ ਜੋ ਬੇਖੌਫ ਹੋ ਕੇ ਧਾਰਮਿਕ ਗ੍ਰੰਥਾਂ ਜਾਂ ਧਾਰਮਿਕ ਚਿੰਨ੍ਹਾਂ ਦੀ ਬੇਅਦਬੀ ਕਰਨ ਵਾਲੇ ਲੋਕਾਂ ਨੂੰ ਸਖਤ ਸਜ਼ਾ ਮਿਲੇ। ਉਹਨਾਂ ਕਿਹਾ ਕਿ ਅੱਜ ਹਰ ਵਰਗ ਨੂੰ ਆਪਣੇ ਹੱਕ ਲੈਣ ਲਈ ਸੜਕਾਂ 'ਤੇ ਆਉਣਾ ਪੈ ਰਿਹਾ ਹੈ ਤੇ ਹੱਕਾਂ ਲਈ ਪੰਜਾਬ ਦੇ ਲੋਕਾਂ ਦੀ ਜੰਗ ਹਮੇਸ਼ਾ ਜਾਰੀ ਹੈ। ਉਹਨਾਂ ਕਿਹਾ ਕਿ ਜ਼ਿਲ੍ਹਾ ਬਰਨਾਲਾ ਦੇ ਸਾਰੇ ਬਲਾਕਾਂ ਵਿੱਚ ਜਥੇਬੰਦੀ ਨਾਲ ਲੋਕ ਜੁੜ ਰਹੇ ਹਨ, ਉਹਨਾਂ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਜਾ ਰਿਹਾ ਹੈ। ਉਹਨਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਆਪਣੇ ਪ੍ਰਤੀ ਸੁਚੇਤ ਹੋਣ ਅਤੇ ਵੱਧ ਤੋਂ ਵੱਧ ਭਾਰਤੀ ਕਿਸਾਨ ਯੂਨੀਅਨ (ਫਤਿਹ) ਦਾ ਹਿੱਸਾ ਬਨਣ। ਇਸ ਮੌਕੇ ਬਲਵਿੰਦਰ ਸਿੰਘ ਖੁਰਮੀ, ਪ੍ਰਿੰਸ ਮੰਡੇਰ ਚੰਨਣਵਾਲ, ਗੁਰਵਿੰਦਰ ਸਿੰਘ ਧਨੇਰ, ਪਵਨ ਕੁਮਾਰ, ਲਛਮਣ ਸਿੰਘ ਵਜੀਦਕੇ ਹਾਜ਼ਰ ਸਨ।


# ਕਲਾਸੀਫਾਈਡ ਇਸ਼ਤਿਹਾਰ

## Change of Name

I, Raminder W/o Mohinderjit Singh Sandhu R/o House No. 344, Gali No. 5/2, Harkrishan Nagar, Kale Road, Ghanupur, Chheharta Amritsar have changed my name from RAMINDER to RAMINDER KAUR. Please All Concerned Note.

I, Kawaljit Kaur W/o Kulwinder Singh R/o Village Shamshabad, Tehsil Phillaur, (Jalandhar) Have changed my name from Kawaljit Kaur to Kamaljit Kaur. All concerned please note.

I, Navjot Singh S/o Gurmej Singh R/o Vill. Nangal, PO Dalam Teh Batala, Distt Gurdaspur. I have changed my name from Navjot Singh to Singh is my surname and Navjot is my given name. Please concerned note.

I, Harjinder Singh S/o Darshan Singh R/o Village Naushera P.O. Hariana Distt. Hoshiarpur have changed my name to Singh Harjinder. Singh is my Surname & Harjinder is my Given Name. Concerned Note.

I, Manjeet Kaur W/o Niranjan Singh Walia HNO 629 Green Model Town Jalandhar 144001 Punjab, have changed my name from Manjeet Kaur to Manjit Kaur. Concerned note.

I, Aryan S/O Sh. Jai Pal R/O Vill. Indna Kalaske, PO. Dosanjh Kalan, Tehsil Phillaur, Distt. Jalandhar, Punjab have changed my name from Aryan to Aryan Pabla. All note.

I, Bandna D/O Kulwinder Ram R/O Vill. Indna Kalaske, PO. Dosanjh Kalan, Tehsil Phillaur, Distt. Jalandhar, Punjab have changed my name from Bandna To Bandna Hans. All note.

I Sukhwinder Singh S/O Kesar Chand R/O Vill. Mehmadpur, PO. Sher Singh Wala, Tehsil Bholath, Distt, Kapurthala, Punjab I have changed my name from Sukhwinder Singh to Singh Sukhwinder. (Singh as my surname). All please note.

I, Manpreet Kaur Dhindsa W/o Sahilpreet Singh R/o VPO Marari Kalan, Tehsil Majitha District Amritsar have changed my name from Manpreet Kaur Dhindsa to Manpreet Kaur

I, Sajanpreet Singh S/o Gurdev Singh R/o Hetampur Preet Nagar, District Amritsar have declare that Sajanpreet is my Given name and Singh is my Surname

I, Ravpreet Kaur W/o Jagjeet Singh R/o Plot no 40 Gali no.3 Sher Shah Suri Road Chheharta Hargobind Avenue Amritsar have changed my name Ravpreet Kaur Jather to Ravpreet Kaur. All concerned pls note it.

## Change of Name

I, Ravinder Singh s/o Lakhvir Singh r/o VPO.Littran, Tehsil Nakodar, Jalandhar, Punjab have changed my minor son name from Surkhab Singh to Given name as Surkhab & Surname as Singh. All Please Note.

I, Sukhwinder Singh s/o Pakhar Singh r/o Village Khusropur, Po. Kartarpur, Distt. Jalandhar, Punjab have changed my name to Singh Sukhwinder (Singh as Surname). All Please Note.

I, Gurdershan Kaur W/o Tarlok Singh R/o H.No. 53, Surjit Nagar, KPT Road, Opp. Sports College, Jalandhar, Punjab have changed my name from Gurdershan Kaur to Darshan Kaur. All Please Note.

I, Jagroop Singh S/o Balwinder Singh R/o H.No.729, Ranjit Enclave, Near Baba Balak Nath Mandir, Nangal Karar Khan, Jalandhar Cantt, Jalandhar have changed my name from Jagroop Singh to Jagrup Singh. All Please Note.

## ਬੇਦਖਲੀ ਨੋਟਿਸ

ਮੈਂ ਮੱਖਣ ਲਾਲ ਪੁੱਤਰ ਕਰਤਾਰ ਰਾਮ ਵਾਸੀ 313, ਮਾਡਲ ਟਾਊਣ, ਕਪੂਰਥਲਾ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਨਵਦੀਪ ਅਟਵਾਲ, ਅਤੇ ਉਸਦੀ ਪਤਨੀ ਹਰਮਨਪ੍ਰੀਤ ਕੌਰ ਮੇਰੇ ਕਹਿਣੇ ਤੋ ਬਾਹਰ ਤੇ ਆਪਣੀ ਮਨ-ਮਰਜੀ ਕਰਦੇ ਰਹਿੰਦੇ ਹਨ, ਇਸ ਲਈ ਮੈਂ ਇਹਨਾਂ ਦੋਨਾਂ ਨੂੰ ਆਪਣੀ ਤਮਾਮ ਚਲ-ਅਚਲ ਜਾਇਦਾਦ ਚੋਂ ਬੇਦਖਲ ਕਰਦਾ ਹਾਂ। ਅੱਜ ਤੋ ਬਾਦ ਅਗਰ ਕੋਈ ਇਹਨਾਂ ਨਾਲ ਲੈਣ-ਦੇਣ ਕਰੇਗਾ ਤਾਂ ਉਹ ਖੁਦ ਜਿੰਮੇਦਾਰ ਹੋਵੇਗਾ। ਮੇਰਾ ਜਾਂ ਮੇਰੇ ਕਿਸੇ ਪਰਿਵਾਰਕ ਮੈਂਬਰ ਦਾ ਇਸ ਲੈਣ-ਦੇਣ ਜਾਂ ਉਸਦੇ ਕਿਸੇ ਗੈਰ-ਕਾਨੂੰਨੀ ਕੰਮ ਦੀ ਕੋਈ ਜਿੰਮੇਦਾਰੀ ਨਹੀ ਹੋਵੇਗੀ।

ਮੈਂ ਦੀਵਾਨ ਚੰਦ ਪੁੱਤਰ ਸ਼ਾਮ ਦਾਸ ਪਿੰਡ ਗੁਲਾਹੜ ਤਹਿਸੀਲ ਪਾਤੜਾਂ (ਪਟਿਆਲਾ) ਬਿਆਨ ਕਰਦਾ ਹਾਂ ਕਿ ਮੇਰੀ ਸ਼ਾਦੀਸ਼ੁਦਾ ਲੜਕੀ ਆਸ਼ਾ ਪਤਨੀ ਸੁਧੀਰ ਕੁਮਾਰ ਵਾਸੀ ਪਿੰਡ ਦੀਵਾਨਾ (ਨੂਰਪੁਰ ਢਾਣੀ) ਤਹਿਸੀਲ ਟੋਹਾਣਾ ਜ਼ਿਲ੍ਹਾ ਫਤਿਹਾਬਾਦ (ਹਰਿਆਣਾ) ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਸਾਰੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਸੰਬੰਧ ਨਹੀਂ। ਸੰਬੰਧ ਰੱਖਣ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਅਸੀਂ ਤਰਸੇਮ ਲਾਲ ਪੁੱਤਰ ਇਨਾਯਤ ਮਸੀਹ ਅਤੇ ਰਾਜ ਪਤਨੀ ਤਰਸੇਮ ਲਾਲ ਵਾਸੀਆਨ ਮਕਾਨ ਨੰ: 223, ਬਸਤੀ ਪੀਰ ਦਾਦ, ਪੰਨੂ ਵਿਹਾਰ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਵਿੱਕੀ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ ਸਿਕੰਦਰ ਸਿੰਘ ਪੁੱਤਰ ਬੰਤਾ ਸਿੰਘ ਵਾਸੀ ਮਕਾਨ ਨੰਬਰ ਬੀ -1/54 , ਅੰਗਦ ਨਗਰ, ਮਕਸੂਦਾਂ, ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਜਿੰਦਰ ਸਿੰਘ ਅਤੇ ਉਸਦੀ ਪਤਨੀ ਗੁਰਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ ।

## PUBLIC NOTICE

I, Sandeepan Shory S/o Hari Krishan R/o 528 A, Guru Ramdass Enclave, Jalandhar City, Punjab-144021, India declare that name of mine and my father have been wrongly written as Sandeepan Kumar and Harikrishan Sharma in my educational documents and the name of mine has been wrongly written as Sandeepan Kumar in my Service Record No. GFGZCL. That actual name of mine and my father is Sandeepan Shory and Hari Krishan respectively, which may be amended accordingly.

It is for general information that I, Surinder Yadav S/o Brij Nath Yadav, R/o H.no: 20, Vijay Colony, PO: Mithapur, Jalandhar-144022 (Punjab), India, declare that the name of my father has been wrongly written as Vijay Nath in my PAN Card no: ADIPY9766A. The actual name of my father is Brij Nath Yadav, which may be amended accordingly.

I, Jagdish Mitter Arora S/o Ulfat Rai aged about 80 years R/o H.No.78, Gali No. 2, Gokul Nagar, Majitha Road, Amritsar declare that my daughter Seema Puri w/o Rakesh Puri R/o 70, Prem Nagar, Majitha Road, Near Shiv Mandir, Amritsar is out of my control. So I disinherit them from my moveable & immovable property. Anybody deals with them at their own risk or responsibility. All Concerned please note.

## ਆਮ ਸੂਚਨਾ

ਇਕ ਟਿਊਬਵੈੱਲ ਕੁਨੈਕਸ਼ਨ ਜਿਸ ਦਾ ਖਾਤਾ ਨੰ: ਏਪੀ23/658, ਜੋ ਅਮਰ ਨਾਥ ਪੁੱਤਰ ਸ਼ੰਕਰ ਦਾਸ, ਵਾਸੀ ਪਿੰਡ ਮੁਸਤਫਾਬਾਦ ਜੱਟਾਂ, ਡਾਕਖਾਨਾ ਬੱਬੇਹਾਲੀ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ ਦੇ ਨਾਂਅ 'ਤੇ ਚੱਲ ਰਿਹਾ ਹੈ। ਹੁਣ ਇਸ ਨੂੰ ਵਿਕਾਸ ਸ਼ਰਮਾ ਪੁੱਤਰ ਗੋਪਾਲ ਕ੍ਰਿਸ਼ਨ ਸ਼ਰਮਾ, ਵਾਸੀ ਮਕਾਨ ਨੰਬਰ 121/18 ਨੰਗਲ ਕੋਟਲੀ ਪਿੱਛੇ ਪੁਲਿਸ ਲਾਈਨ ਗੁਰਦਾਸਪੁਰ ਦੇ ਨਾਂਅ ਬਦਲੀ ਕਰਨਾ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੰਜਾਬ ਰਾਜ ਬਿਜਲੀ ਬੋਰਡ ਉਪ ਮੰਡਲ ਤਿੱਬੜ ਵਿਖੇ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਉਤਰ ਰੇਲਵੇ

### ਖੁਲੀ ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਟੀ.ਆਰ./ ਜੰਮੂ ਤਵੀ ਉ.ਰੇ., ਫਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਈ-ਨਿਵਿਦਾਵਾਂ ਅੰਤਮ ਮਿਤੀ 13.11.2025 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਨਿਵਿਦਾਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 13.11.2025 ਨੂੰ 15:00 ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ (RS.) | ਟੈਂਡਰ ਦੀ ਕੀਮਤ (RS.) | ਨਿਵਿਦਾ ਦੀ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (RS.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|---|
| 758-ਟੀ.ਆਰ.ਡੀ.-ਜੰਮੂ ਤਵੀ-2025-26 | ਜੰਮੂ ਸੰਭਾਗ ਵਿਚ ਸਟਾਟਰ ਸਿਗਨਲ ਤੋਂ ਪਹਿਲੇ ਜਕੋਲਾਰੀ-ਬਟਾਲਾ ਸੈਕਸ਼ਨ ਵਿਚ ਫੀਡਰ ਸ਼ਿਫਟਿੰਗ ਅਤੇ ਛੀਨਾ ਸਟੇਸ਼ਨ ਉਤੇ ਆਈਓਐਲ ਸ਼ਿਫਟਿੰਗ ਵਿਚ ਟੀਆਰਡੀ ਕੰਮ। | 1,78,55,189.14 | ਜੀਰੋ | 13.11.2025 15.00 ਵਜੇ ਤਕ | 2,39,300/- | 08 ਮਹੀਨੇ | 13.11.2025 15:00 ਵਜੇ ਵਜੇ ਦੇ ਬਾਅਦ | www.ireps.gov.in |

ਨੋਟ: #ਨਿਵਿਦਾਕਰਤਾ ਕਿਰਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਿਨਾ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੈਂਟ ਗੇਟਵੇ ਦੇ ਮਾਧਿਅਮ ਨਾਲ ਨਕਦ ਵਿਚ ਜਾਂ ਭਾਰਤ ਦੇ ਕਿਸੇ ਵੀ ਅਨੁਸੂਚਿਤ ਵਾਣਿਜਕ ਬੇਂਕ ਤੋਂ ਬੈਂਕ ਗਾਰੰਟੀ ਬਾਂਡ ਦੇ ਰੂਪ ਵਿਚ ਜਾਂ ਨਿਵਿਦਾ ਦਸਤਾਵੇਜਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਲਿਡ ਹਨ। ਬੋਲੀ ਦੀ ਵੈਧਤਾ ਅਵਧੀ ਦੇ ਬਾਅਦ 90 ਦਿਨ ਦੇ ਲਈ ਅਧੂਰੇ ਅਤੇ ਅਣਵੈਲਿਡ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸ ਦੇ ਲਈ ਠੇਕੇਦਾਰ ਦਾ ਰੇਲਵੇ ਤੇ ਕੋਈ ਦਾਅਵਾ ਨਹੀਂ ਹੋਵੇਗਾ। ਨੰ.:758-ਟੀ.ਆਰ.ਡੀ.-ਜੰਮੂ ਤਵੀ-2025-26 ਮਿਤੀ: 22.10.2025

3272/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

YES BANK

Registered and Corporate Office: YES BANK House, Off Western Express Highway, Santacruz East, Mumbai – 400055 India. Website: www.yesbank.in
Email: comminications@yesbank.in, CIN: L65190MH2003PLC143249

## ਕਬਜ਼ਾ ਨੋਟਿਸ (ਰੂਲ 8 (1) ਤਹਿਤ ਅਚੱਲ ਜਾਇਦਾਦ ਲਈ)

ਜਦਕਿ, ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜਾਰੀ ਕੀਤੇ ਗਏ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਨਿਕਲਦੀ ਰਕਮ ਦੀ ਵਿਆਜ ਸਮੇਤ ਮੋੜਨ ਦੇ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਦੱਸੀ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਹੇਠਾਂ ਦਰਸਾਈ ਜਾਇਦਾਦ ਦਾ ਰੂਲ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਵਰਨਣ ਜਾਇਦਾਦਾਂ ਦਾ ਹਰੇਕ ਖਾਤੇ ਅੱਗੇ ਵਰਨਣ ਮਿਤੀ ਨੂੰ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਬਕਾਇਆ ਰਕਮ ਅਤੇ ਇਸ 'ਤੇ ਠੇਕਾ ਦਰ 'ਤੇ ਇਸ ਉੱਪਰ ਵਿਆਜ ਅਤੇ ਲਾਗਤਾਂ ਯੈੱਸ ਬੈਂਕ ਲਿਮ: ਦੀ ਵਸੂਲੀ ਹੇਠ ਹੋਵੇਗੀ।

| ਕਰਜ਼ਦਾਰ ਦਾ ਨਾਂਅ | ਸਕਿਉਰਡ ਐੱਸਟ ਦਾ ਵੇਰਵਾ | ਸੈਕਸ਼ਨ 13 (2) ਤਹਿਤ ਨੋਟਿਸ ਦੀ ਮਿਤੀ/ਐੱਨ ਪੀ ਏ ਮਿਤੀ | ਨੋਟਿਸ 'ਚ ਰਾਸ਼ੀ (ਰੁਪਏ) |
|---|---|---|---|
| (1) ਕਰਨੈਲ ਸਿੰਘ ਪੁੱਤਰ ਤੇਜਾ ਸਿੰਘ (ਕਰਜ਼ਦਾਰ) ਪਤਾ : ਪਿੰਡ ਬਿਧੀਪੁਰ, ਟਿੱਬਾ, ਕਪੂਰਥਲਾ, ਜਲੰਧਰ, ਪੰਜਾਬ-144628 (2) ਜਸਵਿੰਦਰ ਕੌਰ ਪਤਨੀ ਕਰਨੈਲ ਸਿੰਘ (ਕਰਜ਼ਦਾਰ ਅਤੇ/ਜਾਂ ਰਹਿਣਕਾਰ) ਪਤਾ : ਪਿੰਡ ਬਿਧੀਪੁਰ, ਟਿੱਬਾ, ਕਪੂਰਥਲਾ, ਜਲੰਧਰ, ਪੰਜਾਬ-144628 (3) ਸਮਿੰਦਰ ਸਿੰਘ ਪੁੱਤਰ ਕਰਨੈਲ ਸਿੰਘ (ਸਹਿ-ਕਰਜ਼ਦਾਰ) ਪਤਾ : ਪਿੰਡ ਬਿਧੀਪੁਰ, ਟਿੱਬਾ, ਕਪੂਰਥਲਾ, ਜਲੰਧਰ, ਪੰਜਾਬ-144628 ਵਸਤ ਅਤੇ ਕਰਜ਼ਾ ਨੰ. ਮਾਈਕਰੋ ਐੱਲ ਏ ਪੀ ਮਿਆਦੀ ਕਰਜ਼ਾ ਸਹੂਲਤ। | ਅਚੱਲ ਜਾਇਦਾਦ ਪਿੰਡ ਬਿਧੀਪੁਰ, ਸਬ-ਤਹਿਸੀਲ ਤਲਵੰਡੀ ਚੌਧਰੀਆਂ, ਜ਼ਿਲ੍ਹਾ ਕਪੂਰਥਲਾ, ਹੱਦਬਸਤ ਨੰ. 40, ਖੱਤਾ ਨੰ. 107/151, ਖਸਰਾ ਨੰ. 14/2(7-3), 6/143 ਹਿੱਸਾ, ਰਕਬਾ 0 ਕਨਾਲ 6 ਮਰਲਾ, ਜਾਇਦਾਦ 'ਤੇ ਤਿੰਨ ਕਮਰੇ ਨਿਰਮਤ, ਚਾਰ ਕੰਧਾਂ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਦਲੀਪ ਸਿੰਘ ਆਦਿ, ਪੱਛਮ : ਗਲੀ ਪਹਾੜ (ਇੱਕ ਗਲੀ ਜਾਂ ਲੇਨ), ਉੱਤਰ : ਜੇਲ੍ਹ ਜਾਂ ਗਲੀ, ਦੱਖਣ : ਸੂਬਾ ਸਿੰਘ, ਮਾਲਕ : ਜਸਵਿੰਦਰ ਕੌਰ ਪਤਨੀ ਕਰਨੈਲ ਸਿੰਘ। | 27.06.2025<br>13-06-2025<br>ਕਬਜ਼ੇ ਦੀ ਮਿਤੀ<br>14.10.2025 | 24.06.2025 ਨੂੰ ਰੁਪਏ 3,156,366.69/- (ਭਾਰਤੀ ਰੁਪਏ ਇਕੱਤੀ ਲੱਖ ਛਪੰਜਾ ਹਜ਼ਾਰ ਤਿੰਨ ਸੌ ਛਿਆਹਠ ਰੁਪਏ ਅਤੇ ਉਨੱਤਰ ਪੈਸੇ ਕੇਵਲ) |

ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (8) ਤਹਿਤ ਜੇਕਰ ਬਕਾਏ ਸਮੇਤ ਲਾਗਤਾਂ, ਚਾਰਜਿਜ਼ ਅਤੇ ਖਰਚੇ ਜਨਤਕ ਨਿਲਾਮੀ/ਵਿਕਰੀ ਲਈ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ ਤੋਂ ਕਿਸੇ ਵੀ ਸਮੇਂ ਸਾਡੇ ਵੱਲੋਂ ਸਹਿਣ ਕੀਤੇ ਜਾਣਗੇ, ਤਦ ਵਿਕਰੀ ਨਹੀਂ ਕੀਤੀ ਜਾਵੇਗੀ ਅਤੇ ਸਕਿਉਰਡ ਐੱਸਟਸ ਨੂੰ ਸਾਡੇ ਵੱਲੋਂ ਵਿਕਰੀ ਜਾਂ ਤਬਦੀਲ ਨਹੀਂ ਕੀਤਾ ਜਾਵੇਗਾ ਅਤੇ ਸਾਡੇ ਵੱਲੋਂ ਸਕਿਉਰਡ ਐੱਸਟਸ ਦੀ ਵਿਕਰੀ ਜਾਂ ਤਬਦੀਲ ਲਈ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਸਹੀ/- (ਅਧਿਕਾਰਤ ਅਫਸਰ)
ਯੈੱਸ ਬੈਂਕ ਲਿਮਟਿਡ

ਮਿਤੀ : 23.10.2025, ਸਥਾਨ : ਪੰਜਾਬ

## ਉਤਰ ਰੇਲਵੇ

### ਖੁਲੀ ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਟੀ.ਆਰ./ ਜੰਮੂ ਤਵੀ ਉ.ਰੇ., ਫਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਈ-ਨਿਵਿਦਾਵਾਂ ਅੰਤਮ ਮਿਤੀ 06.11.2025 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਨਿਵਿਦਾਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 06.11.2025 ਨੂੰ 15:00 ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ (Rs.) | ਟੈਂਡਰ ਦੀ ਕੀਮਤ (Rs.) | ਨਿਵਿਦਾ ਦੀ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ # (Rs.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|---|
| 757-ਟੀ.ਆਰ. ਡੀ.-ਜੰਮੂ ਤਵੀ-2025-26 | ਜੰਮੂ ਮੰਡਲ ਵਿਚ ਬਨਿਹਾਲ-ਬਾਰਾਮੂਲਾ ਸੈਕਸ਼ਨ ਵਿਚ 11 ਸਟੇਸ਼ਨਾਂ ਉਤੇ ਮੌਜੂਦਾ ਪਲੇਟਫਾਰਮਾਂ ਨੂੰ ਉਚਾ ਕਰਨਾ ਅਤੇ ਵਿਸਥਾਰ ਕਰਨ ਦੇ ਸਬੰਧ ਵਿਚ ਟੀਆਰਡੀ ਕੰਮ, ਤਾਂ ਕਿ 16 ਕੋਚ (09 ਸਟੇਸ਼ਨ)/ 22 ਕੋਚ (02 ਸਟੇਸ਼ਨ) ਦਾ ਪ੍ਰਬੰਧ ਕੀਤਾ ਜਾ ਸਕੇ। | 97,21,289.58 | ਜੀਰੋ | 06.11.2025 15:00 ਵਜੇ ਤਕ | 1,94,400/- | 06 ਮਹੀਨੇ | 06.11.2025 15:00 ਵਜੇ ਦੇ ਬਾਅਦ | www.ireps.gov.in |

ਨੋਟ: #ਨਿਵਿਦਾਕਰਤਾ ਕਿਰਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਿਨਾ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੈਂਟ ਗੇਟਵੇ ਦੇ ਮਾਧਿਅਮ ਨਾਲ ਨਕਦ ਵਿਚ ਜਾਂ ਭਾਰਤ ਦੇ ਕਿਸੇ ਵੀ ਅਨੁਸੂਚਿਤ ਵਾਣਿਜਕ ਬੇਂਕ ਤੋਂ ਬੈਂਕ ਗਾਰੰਟੀ ਬਾਂਡ ਦੇ ਰੂਪ ਵਿਚ ਜਾਂ ਨਿਵਿਦਾ ਦਸਤਾਵੇਜਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਲਿਡ ਹਨ। ਬੋਲੀ ਦੀ ਵੈਧਤਾ ਅਵਧੀ ਦੇ ਬਾਅਦ 90 ਦਿਨ ਦੇ ਲਈ ਅਧੂਰੇ ਅਤੇ ਅਣਵੈਲਿਡ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸ ਦੇ ਲਈ ਠੇਕੇਦਾਰ ਦਾ ਰੇਲਵੇ ਤੇ ਕੋਈ ਦਾਅਵਾ ਨਹੀਂ ਹੋਵੇਗਾ। ਨੰ.:757-ਟੀ.ਆਰ.ਡੀ.-ਜੰਮੂ ਤਵੀ-2025-26 ਮਿਤੀ: 14.10.2025

3273/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

23 Oct Page 8.qxd 10/22/2025 10:38 PM Page 1



## ਮੁੱਠਭੇੜ ਦੌਰਾਨ ਤਿੰਨ ਅਪਰਾਧੀਆਂ ਨੂੰ ਕੀਤਾ ਕਾਬੂ, ਵਿਦੇਸ਼ੀ ਪਿਸਤੌਲ ਬਰਾਮਦ

**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ)**- ਸੰਗਠਿਤ ਅਪਰਾਧਾਂ ਖਿਲਾਫ਼ ਵੱਡੀ ਕਾਰਵਾਈ ਕਰਦਿਆਂ ਜਲੰਧਰ ਕਮਿਸ਼ਨਰੇਟ ਪੁਲਿਸ ਵੱਲੋਂ ਇੱਕ ਵੱਡੀ ਸਫ਼ਲਤਾ ਹਾਸਿਲ ਕਰਦਿਆਂ 22 ਅਕਤੂਬਰ ਨੂੰ



ਤੜਕਸਾਰ ਮੁੱਠਭੇੜ ਦੌਰਾਨ ਮੁੱਖ ਦੋਸ਼ੀ ਮਨਕਰਨ ਦਿਉਲ ਸਮੇਤ ਤਿੰਨ ਅਪਰਾਧੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਗ੍ਰਿਫ਼ਤਾਰ ਦੋਸ਼ੀਆਂ ਦੀ ਪਹਿਚਾਣ ਮਨਕਰਨ ਦਿਉਲ, ਜੈ ਵੀਰ ਅਤੇ ਸਿਮਰਜੀਤ ਸਿੰਘ ਵਜੋਂ ਹੋਈ ਹੈ, ਜੋ ਕਿ ਗੈਂਗਸਟਰ ਜੱਗੂ ਭਗਵਾਨਪੁਰੀਆਂ ਦੇ ਕਰੀਬੀ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਐੱਫ ਆਈ ਆਰ ਆਰਮਜ਼ ਐਕਟ ਤਹਿਤ ਪੁਲਿਸ ਸਟੇਸ਼ਨ ਰਾਮਾ ਮੰਡੀ ਵਿਖੇ ਦਰਜ ਕੀਤੀ ਗਈ ਹੈ।ਮਨੁੱਖੀ ਸਰੋਤਾਂ ਅਤੇ ਤਕਨੀਕੀ ਜਾਣਕਾਰੀ ਦੇ ਅਧਾਰ 'ਤੇ ਪੁਲਸ ਟੀਮ ਵਲੋਂ ਤੁਰੰਤ ਕਾਰਵਾਈ ਕਰਦਿਆਂ ਦੋਸ਼ੀਆ ਨੂੰ ਸਲੇਮਪੁਰ ਮਾਸੰਦਾ ਵਿਖੇ ਰੋਕਿਆ ਗਿਆ, ਜਿਥੋਂ ਉਹ ਜ਼ਿਲ੍ਹੇ ਵਿਚੋਂ ਭੱਜਣ ਦੀ ਕੋਸ਼ਿਸ ਕਰ ਰਹੇ ਸਨ। ਮਨਕਰਨ ਦਿਉਲ ਜੋ ਕਿ ਗੈਂਗਸਟਰ ਜੱਗੂ ਭਗਵਾਨਪੁਰੀਆ ਅਤੇ ਅੰਮ੍ਰਿਤਪਾਲ ਬਾਠ ਦਾ ਬਹੁਤ ਕਰੀਬੀ ਹੈ ਅਨੇਕਾਂ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦਾ ਸੀ। ਉਸ ਦੀ ਸ਼ਮੂਲੀਅਤ ਜੀ ਆਰ ਪੀ.ਜਲੰਧਰ ਵਿਖੇ ਦਰਜ ਐਫ ਆਈ ਆਰ ਤੇ ਪੁਲਸ ਸਟੇਸ਼ਨ ਛੇਹਰਟਾ, ਅੰਮ੍ਰਿਤਸਰ ਵਿਖੇ ਕਈ ਧਾਰਾਵਾਂ, ਕਤਲ ਕੇਸ ਅਤੇ ਆਰਮਜ਼ ਐਕਟ ਵਿੱਚ ਦਰਜ ਐਫ.ਆਈ.ਆਰ. ਵਿੱਚ ਵੀ ਹੈ। ਆਪਰੇਸ਼ਨ ਦੌਰਾਨ ਪੁਲਿਸ ਵਲੋਂ ਦੋਸ਼ੀਆਂ ਪਾਸੋਂ ਇਕ ਵਿਦੇਸ਼ ਮਾਰਕਾ 9 ਐੱਮ ਐੱਮ ਪਿਸਤੌਲ ਅਤੇ ਦੋ ਜਿੰਦਾ ਕਾਰਤੂਸ ਬਰਾਮਦ ਕੀਤੇ ਗਏ ਹਨ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀਆਂ ਜਲੰਧਰ ਅਤੇ ਇਸ ਦੇ ਨੇੜਲੇ ਇਲਾਕਿਆਂ ਵਿੱਚ ਸਗੰਠਿਤ ਅਪਰਾਧਾਂ ਨੂੰ ਰੋਕਣ ਵਿੱਚ ਵੱਡੀ ਸਫ਼ਲਤਾ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨਰੇਟ ਪੁਲਿਸ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਅਤੇ ਅਪਰਾਧਿਕ ਅਤੇ ਗੈਰ ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਿਲ ਹੋਵੇਗਾ ਕਿਸੇ ਵੀ ਵਿਅਕਤੀ ਖਿਲਾਫ਼ ਸ਼ਖ਼ਤ ਤੋਂ ਸਖ਼ਤ ਕਾਰਵਾਈ ਨੂੰ ਜਾਰੀ ਰੱਖਿਆ ਜਾਵੇਗਾ।

## ਬਾਬਾ ਬਲਰਾਜ ਛਿੰਞ ਮੇਲਾ ਸ਼ਾਨੋ-ਸ਼ੋਕਤ ਨਾਲ ਸ਼ੁਰੂ



**ਬਲਾਚੌਰ (ਜਸਵਿੰਦਰ ਬੈਂਸ)**- ਸੰਸਾਰ ਪ੍ਰਸਿੱਧ ਬਾਬਾ ਬਲਰਾਜ ਛਿੰਞ ਮੇਲਾ ਬੜੀ ਸ਼ਾਨੋ ਸ਼ੌਕਤ ਨਾਲ ਸ਼ੁਰੂ ਹੋਇਆ ਜਿਸ ਵਿੱਚ ਬੜੇ ਉਤਸ਼ਾਹ ਨਾਲ ਵੱਡੀ ਗਿਣਤੀ ਵਿੱਚ ਦੂਰੋ ਨੇੜਿਓ ਪੁੱਜੀਆਂ ਸੰਗਤਾਂ ਨੇ ਇਸ ਛਿੰਞ ਮੇਲੇ ਦਾ ਖੂਬ ਆਨੰਦ ਮਾਣਿਆ। ਸ੍ਰੀ ਬਾਬਾ ਬਰਲਾਜ ਮੰਦਿਰ ਪ੍ਰਬੰਧਕ ਕਮੇਟੀ ਅਤੇ ਰਾਜਪੂਤ ਭਾਈਚਾਰੇ ਦੇ ਸਮੂਹ ਮੈਂਬਰਾਂ ਵੱਲੋਂ ਹਵਨ ਪੂਜਾ ਕਰਵਾਈ ਗਈ ਅਤੇ ਰਾਜਪੂਤ ਭਾਈਚਾਰੇ ਵਿੱਚ ਰਾਜ ਤਿਲਕ ਦੀ ਪਰੰਪਰਾ ਅਨੁਸਾਰ ਇਸ ਮੇਲੇ ਦੀ ਪੁਰਾਤਨ ਚਲੇ ਆ ਰਹੀ ਧਾਰਮਿਕ ਰੀਤ ਅਨੁਸਾਰ ਸੁੱਭ ਆਰੰਭ ਕੀਤਾ ਗਿਆ । ਇਸੇ ਤਰ੍ਹਾਂ ਹੀ ਸ਼੍ਰੀ ਵਿਸ਼ਵਕਰਮਾ ਵੰਸੀਆਂ ਵੱਲੋਂ ਗੜਸ਼ੰਕਰ ਰੋਡ ਬਲਾਚੌਰ ਸਥਿਤ ਬਾਬਾ ਵਿਸ਼ਵਕਰਮਾ ਮੰਦਿਰ, ਰੋਪੜ ਰੋਡ ਬਲਾਚੌਰ ਗੰਗੜ ਸਤੀ ਗੋਤ ਮੰਦਿਰ , ਭੱਦੀ ਰੋਡ ਬਲਾਚੌਰ ਸਥਿਤ ਨੀਲ ਸਤੀ ਮੰਦਿਰ ਦੇ ਸੁੰਦਰ ਧਾਰਮਿਕ ਅਸਥਾਨਾ ਤੇ ਵੱਡੀ ਗਿਣਤੀ 'ਚ ਪੁੱਜੇ ਸ਼ਰਧਾਲੂਆਂ ਨੇ ਮੱਥਾ ਟੇਕਿਆ। ਇਨ੍ਹਾਂ ਧਾਰਮਿਕ ਸਥਾਨਾ ਉਪਰ ਸੰਗਤਾ ਵੱਲੋਂ ਅਨੇਕਾਂ ਪ੍ਰਕਾਰ ਦੇ ਅਤੁੱਟ ਲੰਗਰ ਵੀ ਵਰਤਾਏ ਗਏ ।ਇਹ ਮੰਨਿਆ ਜਾਂਦਾ ਹੈ ਕਿ ਸ੍ਰੀ ਬਾਬਾ ਬਲਰਾਜ ਜੀ ਛਿੰਞ ਮੇਲਾ ਪੰਜਾਬ ਦੇ ਪ੍ਰਸਿੱਧ ਮੇਲਿਆਂ ਵਿੱਚੋਂ ਇੱਕ ਹੈ ਜੋ ਸਾਲ ਦੇ ਅੰਤ ਵਿੱਚ ਦੀਵਾਲੀ ਤੋਂ ਅਗਲੇ ਦਿਨ ਆਉਂਦਾ ਹੈ। ਬਲਾਚੌਰ ਦੇ ਬਾਬਾ ਬਲਰਾਜ ਸਟੇਡੀਅਮ ਵਿਖੇ ਵੱਖ-ਵੱਖ ਪ੍ਰਸਿੱਧ ਅਖਾੜਿਆਂ ਦੇ ਪਹਿਲਵਾਨਾਂ ਵਿਚਕਾਰ ਹੋਏ ਕੁਸ਼ਤੀ ਦੰਗਲ ਨੇ ਮੇਲੇ ਨੂੰ ਹੋਰ ਵੀ ਰੌਣਕ ਬਣਾ ਦਿੱਤਾ। ਇਸ ਛਿੰਞ ਮੇਲੇ ਨੂੰ ਨਿਰਵਿਘਨ ਨੇਪਰੇ ਚੜਾਉਣ ਵਿੱਚ ਡੀ ਐੱਸ ਪੀ ਬਲਾਚੌਰ ਹੇਮੰਤ ਮਲਹੋਤਰਾ ਵਲੋ ਕਰੜੀ ਮਿਹਨਤ ਕੀਤੀ ਗਈ ਜਿਨਾਂ ਵੱਲੋਂ ਥਾਣਾ ਸਿਟੀ ਅਤੇ ਥਾਣਾ ਸਦਰ ਬਲਾਚੌਰ ਦੇ ਮੁੱਖ ਅਫਸਰਾਂ ਸਮੇਤ ਵੱਡੀ ਗਿਣਤੀ 'ਚ ਪੁਲਿਸ ਨਫਰੀ ਨਾਲ ਫਲੈਗ ਮਾਰਚ ਲਗਾਤਾਰ ਕੀਤੇ ਗਏ।

ਇਸ ਛਿੰਞ ਮੇਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿੰਦੀਪੁਰ ਦੀ ਗਰਾਉਂਡ ਵਿੱਚ ਜਿੱਥੇ ਵੱਖ-ਵੱਖ ਤਰ੍ਹਾਂ ਦੇ ਝੂਲੇ ਲੱਗੇ ਹੋਏ ਸਨ ਅਤੇ ਇਸੇ ਤਰ੍ਹਾਂ ਹੀ ਬੀ ਏ ਵੀ ਸੀਨੀਅਰ ਸੈਕੰਡਰੀ ਸਕੂਲ ਬਲਾਚੌਰ ਦੀ ਗਰਾਉਂਡ ਵਿੱਚ ਜਿੱਥੇ ਵੱਖ ਵੱਖ ਸਥਾਨਾਂ ਤੋਂ ਆਏ ਪਹਿਲਵਾਨਾਂ ਦੇ ਗਹਿ ਗੱਚ ਮੁਕਾਬਲੇ ਚੱਲ ਰਹੇ ਸਨ ਉੱਥੇ ਹੀ ਵੱਡੀ ਗਿਣਤੀ ਵਿੱਚ ਪੁੱਜੇ ਲੋਕਾਂ ਵੱਲੋਂ ਵੱਖ ਵੱਖ ਮਨੋਰੰਜਨ ਝੂਲਿਆ ਅਤੇ ਹੋਰ ਆਈਟਮਾਂ ਦਾ ਬਾਖੂਬੀ ਮਨੋਰੰਜਨ ਪ੍ਰਾਪਤ ਕੀਤਾ ਗਿਆ। ਇਸ ਛਿੰਞ ਮੇਲੇ ਵਿੱਚ ਸ਼ਹਿਰ ਦੀਆਂ ਸਾਰੀਆਂ ਸੜਕਾਂ ਤੇ ਜੈਕਟਾ, ਪੇਟਾ, ਕਮੀਜ਼ਾ, ਕਰੱਕਰੀ, ਪਰਦੇ, ਬੂਟ, ਚੱਪਲਾ, ਬੱਚਿਆ ਦੇ ਖਿਡੌਣੇ ਸਮੇਤ ਵੱਖ-ਵੱਖ ਤਰ੍ਹਾਂ ਦਾ ਸਾਮਾਨ ਵੇਚਣ ਵਾਲੀਆਂ ਆਰਜ਼ੀ ਦੀਆਂ ਦੁਕਾਨਾਂ ਲੱਗੀਆ ਹੋਇਆ ਸਨ । ਅਸਮਾਨ ਛੂਹ ਰਹੀ ਮਹਿੰਗਾਈ ਦੇ ਇਸ ਦੌਰ ਵਿੱਚ ਛਿੰ' ਮੇਲੇ ਉਪਰ ਲੱਗੀਆਂ ਸੇਲਾ ਤੋਂ ਗਰੀਬ, ਅਮੀਰ ਅਤੇ ਮੱਧਵਰਗੀ ਲੋਕਾ ਵਲੋਂ ਸਸਤੇ ਭਾਅ ਦੀ ਖਰੀਦਦਾਰੀ ਕਰਕੇ ਕਾਫੀ ਰਾਹਤ ਵੀ ਮਹਿਸੂਸ ਕੀਤੀ ਗਈ ਉਥੇ ਹੀ ਆਰਜੀ ਦੁਕਾਨਦਾਰਾਂ ਦੇ ਚਿਹਰੇ ਵੀ ਚੰਗੀ ਵਿੱਕਰੀ ਨਾਲ ਬਾਗੋਬਾਗ ਸਨ। ਖਾਲਸਾ ਸਕੂਲ ਦੀ ਗਰਾਉਂਡ ਵਿੱਚ ਲੱਗੇ ਵੱਖ ਵੱਖ ਤਰ੍ਹਾਂ ਦੇ ਝੂਲੇ ਮੇਲੇ ਦੀ ਦਿੱਖ ਨੂੰ ਹੋਰ ਵੀ ਸੁੰਦਰ ਅਤੇ ਅਕਸਿਸ਼ਤ ਬਣਾਇਆ ।ਇਨ੍ਹਾਂ ਝੂਲਿਆਂ ਦਾ ਬੱਚਿਆਂ ਅਤੇ ਵੱਡਿਆ ਖਾਸ ਕਰਕੇ ਔਰਤਾਂ ਵੱਲੋਂ ਖੂਬ ਆਨੰਦ ਮਾਣਿਆ ।

## ਮੋਟਰਸਾਈਕਲਾਂ ਦੀ ਟੱਕਰ 'ਚ 3 ਜ਼ਖ਼ਮੀ

**ਬਲਾਚੌਰ (ਜਸਵਿੰਦਰ ਬੈਂਸ)**- ਬਲਾਚੌਰ ਨੈਸ਼ਨਲ ਹਾਈਵੇ ਤੇ ਸਥਿਤ ਗਿੱਲ ਢਾਬੇ (ਨੇੜੇ ਮੁੱਤੋਂ) ਅੱਡੇ ਦੇ ਕੋਲ 2 ਮੋਟਰਸਾਈਕਲਾਂ ਦੀ ਟੱਕਰ ਹੋਣ ਦੇ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਐੱਸ ਐੱਸ ਐੱਫ ਟੀਮ ਦੇ ਇੰਚਾਰਜ ਏ ਐੱਸ ਆਈ ਕੁਲਵੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਕੰਟਰੋਲ ਰੂਮ ਨਵਾਂਸ਼ਹਿਰ ਤੋਂ ਸੂਚਨਾ ਪ੍ਰਾਪਤ ਹੋਈ ਸੀ ਕਿ ਗਿੱਲ ਢਾਬੇ ਦੇ ਕੋਲ ਐਕਸੀਡੈਂਟ ਹੋ ਗਿਆ ਹੈ। ਉਨ੍ਹਾਂ ਨੇ ਤਰੁੰਤ ਜਾ ਕੇ ਦੇਖਿਆ ਕਿ ਗਿੱਲ ਢਾਬੇ ਦੇ ਕੋਲ 2 ਮੋਟਰਸਾਈਕਲਾਂ ਦੀ ਟੱਕਰ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਇਕ ਸਪਲੈਂਡਰ



ਮੋਟਰਸਾਈਕਿਲ ਨੰਬਰ ਪੀ ਬੀ 19 ਡਬਲਯੂ 5863 ਜਿਸ ਨੂੰ ਅਰਜਨ ਸਿੰਘ ਪੁੱਤਰ ਦੇਵਨ ਸਿੰਘ ਵਾਸੀ ਪਿੰਡ ਮਹਿਤਪੁਰ ਤਹਿਸੀਲ ਬਲਾਚੌਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅਤੇ ਦੂਸਰਾ ਸੀਟੀ 100ਜਿਸ ਦਾ ਨੰਬਰ ਪੀਬੀ 32 ਡਬਲਯੂ 0211 ਜਿਸਨੂੰ ਜਸਵੀਰ ਕੁਮਾਰ ਪੁੱਤਰ ਹਰਮੇਸ਼ ਕੁਮਾਰ ਵਾਸੀ ਪਿੰਡ ਕੋਹਾਰ ਥਾਣਾ ਕਾਠਗੜ੍ਹ ਜਿਲ੍ਹਾਂ ਸ਼ਹੀਦ ਭਗਤ ਸਿੰਘ ਨਗਰ ਮੰਡ ਚਲਾ ਰਿਹਾ ਸੀ ਜੋ ਕਿ ਰੋਪੜ ਤੋਂ ਬਲਾਚੌਰ ਵੱਲ ਨੂੰ ਆ ਰਹੇ ਸੀ ਕਿ ਅਚਾਨਕ ਆਪਸ ਵਿੱਚ ਟਕਰਾਅ ਗਏ ਜਿਸ ਵਿੱਚ ਤਿੰਨ ਲੋਕ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ, ਜਿਹਨਾਂ ਨੂੰ ਐੱਸ ਐੱਸ ਐੱਫ ਦੀ ਟੀਮ ਵੱਲੋਂ ਇਲਾਜ ਲਈ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਜਦਕਿ ਇਕ ਨੂੰ ਪੀ ਜੀ ਆਈ ਚੰਡੀਗੜ੍ਹ ਰੈਫ਼ਰ ਕਰ ਦਿੱਤਾ ਗਿਆ। ਪੁਲਸ ਨੇ ਦੋਨਾਂ ਵਾਹਨਾ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ।

## ਦੁਨੀਆ ਦੇ ਪਹਿਲੇ ਸ਼ਿਲਪਕਾਰ ਨੂੰ ਸਮਰਪਤ ਹੈ ਭਗਵਾਨ ਵਿਸ਼ਵਕਰਮਾ ਦਿਵਸ : ਕੈਬਨਿਟ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਲੋਕ ਨਿਰਮਾਣ ਅਤੇ ਜਨ ਸਿਹਤ ਇੰਜੀਨੀਅਰਿੰਗ ਮੰਤਰੀ ਰਣਬੀਰ ਗੰਗਵਾ ਨੇ ਵਿਸ਼ਵਕਰਮਾ ਦਿਵਸ 'ਤੇ ਭਗਵਾਨ ਵਿਸ਼ਵਕਰਮਾ ਨੂੰ ਨਮਨ ਕਰਦੇ ਹੋਏ ਕਿਹਾ ਕਿ ਭਗਵਾਨ ਵਿਸ਼ਵਕਰਮਾ ਦੁਨੀਆ ਦੇ ਪਹਿਲੇ ਇੰਜੀਨੀਅਰ, ਸ਼ਿਲਪਕਾਰ ਸਨ। ਉਨ੍ਹਾਂ ਦਾ ਜੀਵਨ ਸਾਨੂੰ ਮਿਹਨਤ ਅਤੇ ਨਵਾਚਾਰ ਦੀ ਪ੍ਰੇਰਣਾ ਦਿੰਦਾ ਹੈ। ਇਹ ਤਿਉਹਾਰ ਨਾ ਸਿਰਫ ਕਾਰੀਗਰਾਂ ਤੇ ਮਜ਼ਦੂਰਾਂ ਦਾ ਸਨਮਾਨ ਕਰਨ ਦਾ ਮੌਕਾ ਹੈ ਸਗੋਂ ਇਹ ਸੰਦੇਸ਼ ਵੀ ਦਿੰਦਾ ਹੈ ਕਿ ਹਰ ਕੰਮ ਨੂੰ ਜੇਕਰ ਤਿਆਗ ਅਤੇ ਨਿਸ਼ਠਾ ਨਾਲ ਕੀਤਾ ਜਾਵੇ ਤਾਂ ਉਹੀ ਸੱਚੀ ਪੂਜਾ ਬਣ ਜਾਂਦਾ ਹੈ। ਅੱਜ ਦਾ ਦਿਨ ਮਜ਼ਦੂਰਾਂ, ਕਾਰੀਗਰਾਂ, ਇੰਜੀਨੀਅਰਿੰਗ ਅਤੇ ਉਦਯੋਗਾਂ ਨਾਲ ਜੁੜੇ ਲੋਕਾਂ ਲਈ ਵਿਸ਼ੇਸ਼ ਮਹੱਤਵ ਰਖਦਾ ਹੈ।ਰਣਬੀਰ ਗੰਗਵਾ ਨੇ ਭਗਵਾਨ ਵਿਸ਼ਵਕਰਮਾ ਜੈਯੰਤੀ ਦੇ ਮੌਕੇ 'ਤੇ ਬੁੱਧਵਾਰ ਨੂੰ ਸ੍ਰੀ ਵਿਸ਼ਕਰਮਾ ਚੈਰਿਟੇਬਲ ਟ੍ਰਸਟ ਵੱਲੋਂ ਹਿਸਾਰ ਵਿੱਚ ਆਯੋਜਿਤ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵੱਜੋਂ ਹਿੱਸਾ ਲਿਆ।ਉਨ੍ਹਾਂ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਸਾਨੂੰ ਸਿਖਾਉਂਦੇ ਹਨ ਕਿ ਗਿਆਨ ਅਤੇ ਤਕਨੀਕ ਦਾ ਉਪਯੋਗ ਸਮਾਜ ਦੀ ਭਲਾਈ ਅਤੇ ਮਨੁੱਖਤਾ ਦੀ ਤਰੱਕੀ ਲਈ ਹੋਣਾ ਚਾਹੀਦਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਨ੍ਹਾਂ ਦੋਹਾਂ ਵਿਸ਼ਿਆਂ (ਕੌਸ਼ਲ, ਵਿਕਾਸ ਅਤੇ ਉਦਮਿਤਾ ) ਨੂੰ ਪ੍ਰਾਥਮਿਕਤਾ 'ਤੇ ਲਿਆ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਦੀ ਕੰਪੀਟੀਸ਼ਨ ਵਾਲੀ ਦੁਨੀਆ ਵਿੱਚ ਵਿਦਿਆਰਥੀਆਂ ਲਈ ਹੁਨਰ ਵਿਕਾਸ ਦਾ ਸਭ ਤੋਂ ਵੱਧ ਮਹੱਤਵ ਹੈ। ਸਫਲਤਾ ਅਤੇ ਇੱਕ ਸੰਤੁਸ਼ਟ ਜੀਵਨ ਜੀਣ ਲਈ ਵਿਦਿਆਰਥੀਆਂ ਨੂੰ ਵੱਖ ਵੱਖ ਹੁਨਰ ਹਾਸਲ ਕਰਨੇ ਹੋਣਗੇ। ਸਰਕਾਰ ਦਾ ਮੰਨਣਾ ਹੈ ਕਿ ਹੁਨਰ ਵਿਕਾਸ ਅਤੇ ਉਦਮਿਤਾ ਦੇ ਖੇਤਰ ਵਿੱਚ ਨਿਵੇਸ਼ ਕਰਨਾ ਦੇਸ਼ ਦੇ ਉੱਜਵਲ ਭਵਿੱਖ ਦਾ ਨਿਰਮਾਣ ਕਰਨ ਦੀ ਦਿਸ਼ਾ ਵਿੱਚ ਕੀਤਾ ਗਿਆ ਨਿਵੇਸ਼ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਸੋਚ ਹਰਿਆਣਾ ਨੂੰ ਅਜਿਹਾ ਸੂਬਾ ਬਣਾਉਣਾ ਹੈ ਜਿੱਥੇ ਨੌਜਵਾਨਾਂ ਨੂੰ ਸਿੱਖਿਆ ਦੇ ਨਾਲ ਸਾਰਥਕ ਦਿਸ਼ਾ, ਉਦੇਸ਼ ਅਤੇ ਮੌਕੇ ਵੀ ਮੁਹੱਈਆ ਕਰਵਾਏ ਜਾਣ। ਇਸੇ ਸੋਚ ਨਾਲ ਹਰੇਕ ਯੂਨੀਵਰਸਿਟੀ ਨੂੰ ਉਦਯੋਗ ਭਾਗੀਦਾਰੀਆਂ ਦੀ ਮਦਦ ਪ੍ਰੋਗਰਾਮ ਸੰਚਾਲਿਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਸਿੱਖਿਆ ਅਤੇ ਰੁਜ਼ਗਾਰ ਵਿੱਚਕਾਰ ਫਾਸਲਾ ਘੱਟ ਹੋ ਸਕੇ।ਉਨ੍ਹਾਂ ਨੇ ਕਿਹਾ ਕਿ ਰਿਸਰਚ ਨੂੰ ਪ੍ਰੋਤਸਾਹਿਤ ਕਰਨ ਲਈ ਹਰਿਆਣਾ ਰਾਜ ਰਿਸਰਚ ਕੋਸ਼ ਬਣਾਇਆ ਹੈ। ਸੂਬਾ ਸਰਕਾਰ ਹਰੇਕ ਜ਼ਿਲ੍ਹੇ ਵਿੱਚ ਇੱਕ ਮਾਡਲ ਕੌਸ਼ਲ ਕਾਲੇਜ ਅਤੇ ਇੱਕ ਮਾਡਲ ਕੌਸ਼ਲ ਸਕੂਲ ਸਥਾਪਿਤ ਕਰਨ ਦੀ ਦਿਸ਼ਾ ਵਿੱਚ ਕੰਮ ਕਰ ਰਹੀ ਹੈ।

## ਬਜ਼ੁਰਗਾਂ ਦੇ 'ਆਪਣਾ ਘਰ' 'ਚ ਉਤਸ਼ਾਹ ਨਾਲ ਮਨਾਈ ਦੀਵਾਲੀ

**ਰੂਪਨਗਰ (ਰਜਿੰਦਰ ਸੈਣੀ)**- ਬਜ਼ੁਰਗਾਂ ਦੇ 'ਆਪਣਾ ਘਰ' ਹਵੇਲੀ ਕਲਾਂ ਵਿਖੇ ਦੀਵਾਲੀ ਦਾ ਪਵਿੱਤਰ ਤਿਉਹਾਰ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਇਸ ਘਰ ਦੇ ਸਮੂਚੇ ਆਂਗਣ ਨੂੰ ਰੋਸ਼ਨੀਆਂ ਨਾਲ ਚਮਕਾਇਆ ਗਿਆ। ਸ਼ਾਮ ਨੂੰ ਸ਼ਾਨਦਾਰ ਬਣਾਈ ਗਈ ਰੰਗੋਲੀ ਨੂੰ ਦੀਵੇ ਜਗਾ ਕੇ ਵੀ ਰੋਸ਼ਨ ਕੀਤਾ ਗਿਆ।ਦੀਵੇ ਜਗਾਉਣ ਦੀ ਰਸਮ ਇਸ ਟਰੱਸਟ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਰਾਜਿੰਦਰ ਸੈਣੀ ਵਲੋਂ ਅਦਾ ਕਰਵਾਈ ਗਈ। ਸਭ ਨੇ ਮਿਲਕੇ ਦੀਵੇ ਜਗਾਏ ਤੇ ਇਕ ਦੂਜੇ ਨੂੰ ਦੀਵਾਲੀ ਦੀ ਵਧਾਈ ਦਿੱਤੀ। ਰਾਜਿੰਦਰ ਸੈਣੀ ਨੇ ਸਭ ਨਾਲ ਦੀਵਾਲੀ ਦੀ ਵਧਾਈ ਸਾਂਝੀ ਕੀਤੀ



ਕਰਦੇ ਬਜ਼ੁਰਗਾਂ ਦੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ। ਇਸ ਮੌਕੇ ਤੇ ਬਜ਼ੁਰਗ ਭੁਪਿੰਦਰ ਸਿੰਘ, ਸਤੀਸ਼ਵਰ ਖੰਨਾ, ਜਸਵੰਤ ਸਿੰਘ, ਟਰੱਸਟੀ ਰਾਵਿੰਦਰ ਸਿੰਘ ਮੁੰਡਰਾ, ਆਈ ਟੀ ਆਈ ਦੀਆਂ ਵਿਦਿਆਰਥਣਾਂ ਤਾਰਨੀ, ਸਹਿਥੀ, ਇਸ ਘਰ ਦੇ ਕੇਅਰ ਟੇਕਰ ਕਿਰਨ ਤੇ ਕੁਸ਼ਲ ਕੁਮਾਰ ਤੋਂ ਇਲਾਵਾ ਸੰਤੋਸ਼ ਸੈਣੀ, ਕਾਜਲ ਸੈਣੀ, ਦਿਸ਼ਾ, ਵਿਹਾਨ ਸੈਣੀ ਤੇ ਯਸ਼ ਵੀ ਹਾਜ਼ਰ ਸਨ। ਦੀਵਾਲੀ ਤੋਂ ਇਕ ਪਹਿਲਾ ਇਨਰਵੀਲ ਕਲੱਬ ਰੂਪਨਗਰ ਦੀ ਟੀਮ ਕਲੱਬ ਪ੍ਰਧਾਨ ਗੁਰਮੀਤ ਕੌਰ, ਸਕੱਤਰ ਕੁਸਮ ਸ਼ਰਮਾ ਸਮੇਤ ਪਰਮਿੰਦਰ ਕੌਰ, ਮੀਨਲ ਵਾਸੂਦੇਵਾ, ਆਸਿਮਾ ਅਗਰਵਾਲ ਵੀ ਆਪਣਾ ਘਰ ਦੇ ਬਜ਼ੁਰਗਾਂ ਨੂੰ ਵਧਾਈ ਦੇਣ ਆਈ ਤੇ ਉਨ੍ਹਾ ਬਜ਼ੁਰਗਾ ਨੂੰ ਗਿਫਟ ਤੇ ਮਠਿਆਈ ਭੇਟ ਕੀਤੇ।

## ਵਿਸ਼ਵਕਰਮਾ ਪ੍ਰਕਾਸ਼ ਉਤਸਵ ਸ਼ਰਧਾ-ਪੂਰਵਕ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਬਾਬਾ ਵਿਸ਼ਵਕਰਮਾ ਜੀ ਪ੍ਰਕਾਸ਼ ਉਤਸਵ ਟਾਂਡਾ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਬਾਬਾ ਵਿਸ਼ਵਕਰਮਾ ਸਭਾ ਅਤੇ ਮਹਾਰਾਜ ਜੱਸਾ ਸਿੰਘ ਰਾਮਗੜੀਆ ਸਭਾ ਵੱਲੋਂ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਦੌਰਾਨ ਸਭ ਤੋਂ ਪਹਿਲਾਂ 20 ਅਕਤੂਬਰ ਤੋਂ ਆਰੰਭ ਕੀਤੇ ਗਏ ਦੋ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਦੇ ਭੋਗ ਪਾਏ ਗਏ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਸਮਾਗਮ ਦੌਰਾਨ ਭਾਈ ਜਸਵਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ, ਭਾਈ ਮੰਗਲ ਸਿੰਘ ਗੁਰਦੁਆਰਾ ਗਰਨਾ ਸਾਹਿਬ ਵਾਲੇ, ਕਥਾਵਾਚਕ ਭਾਈ ਕਲਿਆਣ ਸਿੰਘ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਵਰਿੰਦਰ ਸਿੰਘ ਖੱਖ ਦੇ ਰਾਗੀ ਜਥੇ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਿਆ। ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਬਾਬਾ ਕੁਲਦੀਪ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ, ਵਿਧਾਇਕ ਟਾਂਡਾ



ਜਸਵੀਰ ਸਿੰਘ ਰਾਜਾ, ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਨੀ ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਹਲਕਾ ਇੰਚਾਰਜ ਅਰਵਿੰਦਰ ਸਿੰਘ ਰਸੂਲਪੁਰ, ਭਾਈ ਹਰਦੇਵ ਸਿੰਘ ਕੌਂਸ਼ਲ ਹੁਸ਼ਿਆਰਪੁਰ, ਦੀਪਕ ਬਹਿਲ ਪ੍ਰਧਾਨ ਰੋਟਰੀ ਕਲੱਬ ਟਾਂਡਾ, ਸਾਬਕਾ ਚੇਅਰਮੈਨ ਹਰਮੀਤ ਸਿੰਘ ਔਲਖ ਨੇ ਸਮੂਹ ਸੰਗਤ ਨੂੰ ਬਾਬਾ ਵਿਸ਼ਵਕਰਮਾ ਉਤਸਵ ਦੀ ਮੁਬਾਰਕਬਾਦ ਦਿੰਦੇ ਹੋਏ ਸੱਚੀ ਸੁੱਚੀ ਕਿਰਤ ਕਰਨ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਵੱਖ-ਵੱਖ ਸੇਵਾਵਾਂ ਕਰਨ ਵਾਲੀਆਂ ਸ਼ਖ਼ਸੀਅਤਾਂ ਅਤੇ ਰਵਾਨਾ ਸੇਵਾਦਾਰਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਪ੍ਰਧਾਨ ਗੁਰਦੀਪ ਸਿੰਘ ਸੀਹਰਾ, ਗੁਰਬਖਸ਼ ਸਿੰਘ ਧੀਰ ਫੌਜੀ, ਜੋਗਿੰਦਰ ਸਿੰਘ ਸੀਹਰਾ, ਤਜਿੰਦਰ ਸਿੰਘ ਸੋਢੀ, ਡਾ.ਅਮੋਲਕ ਸਿੰਘ ਮਰਵਾਹਾ, ਕੇਸ਼ਵ ਸਿੰਘ ਸੈਣੀ, ਹਰਜ਼ੇਸ ਸਿੰਘ ਪੱਤੜ, ਗੁਰਪ੍ਰੀਤ ਸਿੰਘ ਪੱਤੜ, ਜਸਵੰਤ ਸਿੰਘ ਮਠਾਰੂ, ਕਿਰਪਾਲ ਸਿੰਘ ਪੰਡੋਰੀ, ਬਲਵਿੰਦਰ ਸਿੰਘ ਚਤੋਵਾਲ, ਹਰਿੰਦਰ ਸਿੰਘ ਪਤੜ, ਗੀਨੀਅ, ਮਹਿੰਗਾ ਸਿੰਘ ਚਤੋਵਾਲ, ਕੌਂਸਲਰ ਸੁਰਿੰਦਰਜੀਤ ਸਿੰਘ ਬਿੱਲੂ, ਕੌਂਸਲਰ ਹਰਿ ਕ੍ਰਿਸ਼ਨ ਸੈਣੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਚਾਹ ਪਕੌੜਿਆਂ ਤੇ ਗੁਰੂ ਦੇ ਲੰਗਰ ਅਟੁੱਟ ਵਰਤਾਏ ਗਏ ।

## ਮਾਸਟਰ ਲਾਲ ਚੰਦ ਸਪੁਰਦ-ਏ-ਖਾਕ, ਸ਼ੋਕ ਸਭਾ 28 ਨੂੰ

**ਸ਼ਾਹਕੋਟ (ਗਿਆਨ ਸੈਦਪੁਰੀ)**- ਮਾਸਟਰ ਸਾਹਿਬ ਗਿੱਲ (ਕੈਨੇਡਾ) ਦੇ ਪਿਤਾ ਮਾਸਟਰ ਲਾਲ ਚੰਦ ਗਿੱਲ ਦੇ ਮ੍ਰਿਤਕ ਸਰੀਰ ਨੂੰ ਸਥਾਨਕ ਕਬਰਿਸਤਾਨ ਵਿੱਚ ਸਪੁਰਦ-ਏ-ਖਾਕ ਕਰ ਦਿੱਤਾ ਗਿਆ। ਉਨ੍ਹਾਂ ਦਾ ਦਿੱਲੀ ਦੇ ਇੱਕ ਹਸਪਤਾਲ ਵਿਚ ਇਲਾਜ ਚੱਲ ਰਿਹਾ ਸੀ ਕਿ 20 ਅਕਤੂਬਰ ਨੂੰ ਉਨ੍ਹਾਂ ਦਾ ਦੇਹਾਂਤ ਹੋ ਗਿਆ। ਉਨਾਂ ਦੇ ਕਨੇਡਾ ਰਹਿੰਦੇ ਪੁੱਤਰ ਮਾਸਟਰ ਸਾਹਿਬ ਗਿੱਲ ਦੇ ਦਿੱਲੀ ਪਰਤਣ 'ਤੇ ਉਨਾਂ ਦੀ ਮ੍ਰਿਤਕ ਦੇਹ ਨੂੰ ਸ਼ਾਹਕੋਟ ਲਿਆਂਦਾ ਗਿਆ। ਸੀ ਐਨ ਆਈ ਚਰਚ ਸ਼ਾਹਕੋਟ ਵਿਖੇ ਉਨ੍ਹਾਂ ਦੇ ਮ੍ਰਿਤਕ ਸਰੀਰ ਨੂੰ ਅੰਤਿਮ ਦਰਸ਼ਨਾਂ ਲਈ ਰੱਖਿਆ ਗਿਆ। ਮਾਸਟਰ ਲਾਲ ਚੰਦ ਇਸੇ ਚਰਚ ਦੀ ਸਥਾਪਨਾ ਵੇਲੇ ਤੋਂ ਹੀ ਇਸ ਦੀ ਪ੍ਰਬੰਧਕ ਕਮੇਟੀ ਨਾਲ ਜੁੜੇ ਹੋਏ ਸਨ।ਬਾਅਦ ਦੁਪਹਿਰ ਪਾਦਰੀ ਸਾਹਿਬਾਨਾਂ ਦੀਆਂ ਪ੍ਰਾਰਥਨਾਵਾਂ ਉਪਰੰਤ ਉਨ੍ਹਾਂ ਦੀ ਅੰਤਿਮ ਯਾਤਰਾ ਸ਼ੁਰੂ ਹੋਈ। ਇਸ ਵਿੱਚ ਸੈਂਕੜੇ ਲੋਕ ਸ਼ਾਮਿਲ ਹੋਏ। ਉਹਨਾਂ ਨੂੰ ਸਪੁਰਦ-ਏ-ਖਾਕ ਕਰਨ ਮੌਕੇ ਵੀ ਪ੍ਰਾਰਥਨਾ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਆਪ ਆਗੂ ਡਾ. ਵਿਲੀਅਮ ਜੌਨ, ਸਾਬਕਾ ਸਰਪੰਚ ਬਾਹਮਣੀਆਂ ਬਚਨ ਲਾਲ, ਸਾਬਕਾ ਸਰਪੰਚ ਸੈਦਪੁਰ ਝਿੜੀ ਗੁਰਨਾਮ ਸਿੰਘ, ਪੰਜਾਬ ਕ੍ਰਿਸਚਨ ਮੂਵਮੈਂਟ ( ਯੂਥ ਵਿੰਗ) ਦੇ ਸੂਬਾ ਪ੍ਰਧਾਨ ਸੁਧੀਰ ਨਾਹਰ, ਜਸਵਿੰਦਰ ਗਿੱਲ, ਐਡਵਿਨ ਮਸੀਹ



ਸ਼ਾਮਿਲ ਸਨ। ਅੰਤਿਮ ਯਾਤਰਾ ਵਿੱਚ ਮਾਸਟਰ ਲਾਲ ਚੰਦ ਦੀ ਬੇਟੀ ਪ੍ਰਵੀਨ, ਦਾਮਾਦ ਪਤਰਸ, ਭਤੀਜਾ ਥੋਮਸ ਗਿੱਲ ਤੇ ਬਾਕੀ ਪਰਵਾਰ ਦੇ ਮੈਂਬਰ ਵੀ ਸ਼ਾਮਿਲ ਸਨ।ਪਰਵਾਰਕ ਸੂਤਰਾਂ ਅਨੁਸਾਰ ਮਾਸਟਰ ਲਾਲ ਚੰਦ ਗਿੱਲ ਨਮਿਤ ਸ਼ੋਕ ਸਭਾ 28 ਅਕਤੂਬਰ ਨੂੰ ਸੀ ਐਨ ਆਈ ਚਰਚ ਸਲੈਚਾ ਰੋਡ ਸ਼ਾਹਕੋਟ ਵਿਖੇ ਹੋਵੇਗੀ।

## ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਸਾਲਾਨਾ ਜੋੜ ਮੇਲਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਟੂਰਾ-ਬਸਰਾ ਜਠੇਰੇ ਪ੍ਰਬੰਧਕ ਕਮੇਟੀ ਵਲੋਂ ਸਲਾਨਾ ਜੋੜ ਮੇਲਾ ਜਠੇਰੇ ਅਸਥਾਨ ਨੇੜੇ ਸਬਜ਼ੀ ਮੰਡੀ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਦੇਸ਼ ਵਿਦੇਸ਼ 'ਚ ਵੱਸਦੇ ਸਮੂਹ ਟੂਰਾ-ਬਸਰਾ ਪਰਿਵਾਰਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ 'ਤੇ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸ ਦੌਰਾਨ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਨਿਸ਼ਾਨ ਸਾਹਿਬ ਦੀ ਰਸਮ ਨਿਭਾਈ ਗਈ। ਉਪਰੰਤ ਸਰਬੱਤ ਦੇ ਭਲੇ ਅਤੇ ਟੂਰਾ-ਬਸਰਾ ਪਰਵਾਰਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਉਪਰੰਤ ਧਾਰਮਿਕ ਸਟੇਜ ਸਜਾਈ ਗਈ ਜਿਸ ਵਿੱਚ ਰਾਗੀ, ਢਾਡੀ ਜੱਥਿਆਂ ਨੇ ਸੰਗਤਾਂ ਨੂੰ ਕਥਾ ਕੀਰਤਨ ਅਤੇ ਢਾਡੀ ਵਾਰਾਂ ਰਾਹੀਂ ਨਿਹਾਲ ਕੀਤਾ। ਹਾਜ਼ਰੀਨ ਸੰਗਤ ਨੂੰ ਪ੍ਰਵਚਨ ਕਰਦਿਆਂ ਸੰਤ ਸਤਨਾਮ ਦਾਸ ਤੇ ਸੰਤ ਜੀਤ ਦਾਸ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਅਸ਼ੀਰਵਾਦ ਨਾਲ ਟੂਰਾ-ਬਸਰਾ ਪਰਵਾਰ ਦੇਸ਼-ਵਿਦੇਸ਼ 'ਚ ਤੱਰਕੀਆਂ ਮਾਣ ਰਹੇ ਹਨ। ਉਹਨਾਂ ਸੰਗਤ ਨੂੰ ਗੁਰੂ ਮਹਾਰਾਜ ਦੇ ਦਰਸਾਏ ਮਾਰਗ 'ਤੇ ਚਲਦਿਆਂ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਉਣ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਪ੍ਰੇਰਿਆ। ਇਸ ਮੌਕੇ ਹਲਕਾ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ, ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਕੈਂਥ, ਆਪ ਪਾਰਟੀ ਦੇ ਹਲਕਾ ਇੰਚਾਰਜ ਹਰਨੂਰ ਸਿੰਘ ਹਰਜੀ ਮਾਨ, ਮੇਅਰ



ਰਾਮਪਾਲ ਉੱਪਲ ਨੇ ਵਿਸ਼ੇਸ਼ ਤੌਰ 'ਤੇ ਹਾਜਰੀ ਲਗਵਾਈ ਅਤੇ ਸਮੂਹ ਟੂਰਾ-ਬਸਰਾ ਪਰਵਾਰਾਂ ਨੂੰ ਸਾਲਾਨਾ ਜੋੜ ਮੇਲੇ ਦੀ ਵਧਾਈ ਦਿੱਤੀ। ਉਹਨਾਂ ਕਿਹਾ ਕਿ ਇਹ ਜੋੜ ਮੇਲੇ ਸਾਨੂੰ ਆਪਣੇ ਬਜ਼ੁਰਗਾਂ ਦਾ ਬੁਢਾਪੇ ਵਿੱਚ ਸਤਿਕਾਰ ਕਰਨ ਦਾ ਸੁਨੇਹਾ ਦਿੰਦੇ ਹਨ। ਚਾਹ ਪਕੌੜੇ, ਜਲੇਬੀਆਂ ਅਤੇ ਲੰਗਰ ਦੀ ਸੇਵਾ ਅਟੁੱਟ ਵਰਤਾਈ ਗਈ। ਪ੍ਰਬੰਧਕ ਕਮੇਟੀ ਵਲੋਂ ਸਮੂਹ ਪਤਵੰਤਿਆਂ ਅਤੇ ਸੇਵਾਦਾਰਾਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਭੇਟ ਕੀਤੇ ਗਏ। ਇਸ ਮੌਕੇ ਲਕਸ਼ਰੀ ਰਾਮ ਕਮੇਟੀ ਪ੍ਰਧਾਨ, ਮੇਜਰ ਬਸਰਾ, ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ, ਧੀਰਜ ਬਸਰਾ, ਸਤਪਾਲ, ਬਲਵੀਰ ਬਸਰਾ, ਸੋਨੂੰ ਬਸਰਾ, ਚੰਦਰੇਸ਼ ਕੌਲ, ਬੀਰਾ ਰਾਮ ਬਲਜੋਤ ਕੌਂਸਲਰ, ਪੰਕਜ ਚਾਵਲਾ, ਜੀਤਾ ਪੰਡਵਾ ਤੋਂ ਇਲਾਵਾ ਵੱਡੀ ਗਿਣਤੀ 'ਚ ਟੂਰਾ-ਬਸਰਾ ਪਰਿਵਾਰ ਹਾਜਰ ਸਨ।

## ਮਿਡ ਡੇ ਮੀਲ ਵਰਕਰਜ਼ ਯੂਨੀਅਨ ਵੱਲੋਂ ਰੋਸ ਰੈਲੀ

**ਹੁਸ਼ਿਆਰਪੁਰ (ਬਲਵੀਰ ਸੈਣੀ)**- ਸਕੂਲਾਂ ਅੰਦਰ ਬੱਚਿਆਂ ਲਈ ਖਾਣਾ ਬਣਾਉਣ ਵਾਲੀਆਂ ਮਹਿਲਾਵਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਮਿਡ ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਵਲੋਂ ਕੀਤੇ ਜਾ ਰਹੇ ਸੰਘਰਸ਼ ਨੂੰ ਹੋਰ ਵੀ ਤੇਜ਼ ਕਰਦਿਆਂ ਮਿਤੀ 20 ਅਕਤੂਬਰ ਤੋਂ 10 ਨਵੰਬਰ ਤੱਕ ਜ਼ਿਲ੍ਹਾ ਪੱਧਰੀ ਰੋਸ ਰੈਲੀਆਂ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ ਤਾਂ ਜੋ ਆਪਣੀਆਂ ਮੰਗਾਂ ਸਬੰਧੀ ਸਮੂਹ ਵਰਕਰਾਂ ਨੂੰ ਲਾਮਬੰਦ ਕੀਤਾ ਜਾ ਸਕੇ। ਮਿਡ ਡੇ ਮੀਲ ਵਰਕਰਜ਼ ਯੂਨੀਅਨ ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਜ਼ਿਲ੍ਹਾ ਪ੍ਰਧਾਨ ਆਸ਼ਾ ਰਾਣੀ ਦੀ ਅਗਵਾਈ ਹੇਠ ਸ਼ਹੀਦ ਉਧਮ ਸਿੰਘ ਪਾਰਕ ਵਿਖੇ ਰੋਸ ਰੈਲੀ ਕੀਤੀ ਗਈ। ਇਕੱਠ ਨੂੰ ਸੰਬੋਧਨ ਕਰਦਿਆਂ ਪ ਸ ਸ ਫ ਆਗੂ ਇੰਦਰਜੀਤ ਵਿਰਦੀ, ਪੈਨਸ਼ਨਰ ਆਗੂ ਮਨਜੀਤ ਸੈਣੀ, ਸੁਨੀਲ ਸ਼ਰਮਾ, ਜੀ ਟੀ ਯੂ. ਆਗੂ ਵਿਕਾਸ ਅਰੋੜਾ ਨੇ ਕਿਹਾ ਕਿ ਸਰਕਾਰ ਵਲੋਂ ਪਿਛਲੇ ਚਾਰ ਸਾਲਾਂ ਦੌਰਾਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਕਿਸੇ ਵੀ ਮੰਗ ਨੂੰ ਹੱਲ ਨਹੀਂ ਕੀਤਾ। ਰੈਲੀ ਨੂੰ ਜੱਥੇਬੰਦੀ ਦੀਆਂ ਆਗੂਆਂ ਇੰਦਰਜੀਤ ਕੌਰ, ਸੀਮਾ ਰਾਣੀ, ਅਮਰਵੀਰ ਕੌਰ, ਕੁਲਵੀਰ ਕੌਰ ਨੇ ਸੰਬੋਧਨ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਕਿ ਮਿਡ ਡੇ ਮੀਲ ਵਰਕਰਾਂ ਨੂੰ ਪੂਰੇ ਸਕੇਲਾਂ ਵਿੱਚ ਰੈਗੂਲਰ ਕੀਤਾ ਜਾਵੇ, ਜਦੋਂ ਤੱਕ ਇਹਨਾਂ ਨੂੰ ਰੈਗੂਲਰ




ਨਹੀਂ ਕੀਤਾ ਜਾਂਦਾ, ਉਦੋਂ ਤੱਕ ਇਹਨਾਂ ਵਰਕਰਾਂ ਨੂੰ ਸਕਿੱਲਡ ਵਰਕਰ ਮੰਨਦਿਆਂ ਘੱਟੋ-ਘੱਟ ਉਜਰਤ ਦੇ ਘੇਰੇ ਅੰਦਰ ਲਿਆ ਕੇ 18,000/- ਰੁਪਏ ਮਾਸਿਕ ਮਾਣ ਭੱਤੇ ਦੇ ਰੂਪ ਵਿੱਚ ਦਿੱਤਾ ਜਾਵੇ, ਮਿਡ ਡੇ ਮੀਲ ਵਰਕਰਾਂ ਨੂੰ ਪਹਿਚਾਣ ਪੱਤਰ ਅਤੇ ਗਰਮ ਤੇ ਸਰਦ ਰੁੱਤ ਦੀਆਂ ਵਰਦੀਆਂ ਸਮੇਂ ਸਿਰ ਦਿੱਤੀਆਂ ਜਾਣ, ਪੰਜਾਬ ਸਰਕਾਰ ਦੀਆਂ ਬਾਕੀ ਮਹਿਲਾ ਮੁਲਾਜ਼ਮਾਂ ਵਾਂਗ ਇਹਨਾਂ ਵਰਕਰਾਂ ਨੂੰ ਵੀ ਅਚਨਚੇਤ, ਮੈਡੀਕਲ, ਪ੍ਰਸੂਤਾ ਅਤੇ ਕਮਾਈ ਛੁੱਟੀ ਤਨਖਾਹ ਸਮੇਤ ਦਿੱਤੀ ਜਾਵੇ, ਪ੍ਰੀ-ਨਰਸਰੀ ਵਾਲੇ ਬੱਚਿਆਂ ਦੀ ਗਿਣਤੀ ਪ੍ਰਾਇਮਰੀ ਸਕੂਲਾਂ ਵਿੱਚ ਕੀਤੀ ਜਾਵੇ। ਹਰੇਕ ਸਕੂਲ ਵਿੱਚ ਘੱਟੋ-ਘੱਟ 2 ਵਰਕਰਾਂ ਰੱਖੀਆਂ ਜਾਣ ਅਤੇ ਹਰੇਕ 25 ਬੱਚਿਆਂ ਮਗਰ ਇੱਕ ਵਰਕਰ ਰੱਖੀ ਜਾਵੇ, ਬੱਚਿਆਂ ਵਲੋਂ ਮਿਡ ਡੇ ਮੀਲ ਖਾਣੇ ਲਈ ਵਰਤੇ ਬਰਤਨਾਂ ਦੀ ਸਫਾਈ ਹੈਲਪਰ ਰੱਖੀ ਜਾਵੇ, ਹਰੇਕ ਮਿਡ ਡੇ ਮੀਲ ਵਰਕਰ ਦਾ ਮੁਫਤ ਬੀਮਾ ਕੀਤਾ ਜਾਵੇ। ਇਹਨਾਂ ਵਰਕਰਾਂ ਕੋਲੋਂ ਮਿਡ ਡੇ ਮੀਲ ਦੇ ਕੰਮ ਤੋਂ ਇਲਾਵਾ ਹੋਰ ਕੋਈ ਕੰਮ ਨਾ ਲਿਆ ਜਾਵੇ, ਮਿਡ ਡੇ ਮੀਲ ਵਰਕਰਾਂ ਦੀ ਰਿਟਾਇਰਮੈਂਟ ਦੀ ਉਮਰ 65 ਸਾਲ ਰੱਖੀ ਜਾਵੇ। ਰਿਟਾਇਰਮੈਂਟ ਸਮੇਂ ਤੋਂ ਬਾਅਦ ਇਹਨਾਂ ਵਰਕਰਾਂ ਨੂੰ ਪੈਨਸ਼ਨ ਦਿੱਤੀ ਜਾਵੇ, ਸਕੂਲਾਂ ਵਿੱਚ ਕੰਮ ਕਰਦੀਆਂ ਕੁੱਕ ਵਰਕਰਾਂ ਨੂੰ ਬੱਚਿਆਂ ਦੀ ਗਿਣਤੀ ਘੱਟ ਜਾਣ ਕਾਰਣ ਸਕੂਲ ਵਿੱਚੋਂ ਨਾ ਕੱਢਿਆ ਜਾਵੇ। ਇਸ ਉਪਰੰਤ ਪ੍ਰਭਾਵਸ਼ਾਲੀ ਮਾਰਚ ਕਰਕੇ ਬਸ-ਸਟੈਂਡ ਚੌਂਕ ਵਿੱਚ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ।

## ਸੈਣੀ ਨੇ ਵਿਸ਼ਵਕਰਮਾ ਦਿਵਸ 'ਤੇ ਕੀਤਾ ਪੂਜਾ-ਪਾਠ


**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ 22 ਅਕਤੂਬਰ ਨੂੰ ਭਗਵਾਨ ਵਿਸ਼ਵਕਰਮਾ ਦਿਵਸ ਦੇ ਮੌਕੇ 'ਤੇ ਆਪਣੇ ਨਿਵਾਸ ਸਥਾਨ ਸੰਤ ਕਬੀਰ ਕੁਟੀਰ 'ਤੇ ਭਗਵਾਨ ਵਿਸ਼ਵਕਰਮਾ ਦਾ ਪੂਜਾ-ਪਾਠ ਕੀਤਾ। ਮੁੱਖ ਮੰਤਰੀ ਨੇ ਭਗਵਾਨ ਵਿਸ਼ਵਕਰਮਾ ਦੀ ਫੋਟੋ 'ਤੇ ਫੁੱਲ ਭੇਟ ਕਰਕੇ ਉਨ੍ਹਾਂ ਨੂੰ ਨਮਨ ਕੀਤਾ।ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸ੍ਰੀ ਮੋਹਨਲਾਲ ਬਡੋਲੀ ਵੀ ਮੌਜੂਦ ਰਹੇ।ਮੁੱਖ ਮੰਤਰੀ ਸੈਣੀ ਨੇ ਸੂਬਾ ਵਾਸਿਆਂ ਨੂੰ ਵਿਸ਼ਵਕਰਮਾ ਦਿਵਸ ਦੀ ਦਿਲੋਂ ਸ਼ੁਭਕਾਮਨਾਵਾਂ ਦਿੱਤੀ ਅਤੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਰਚਨਾ, ਮਿਹਨਤ ਤੇ ਹੁਨਰ ਦੇ ਪ੍ਰਤੀਕ ਹਨ। ਉਨ੍ਹਾਂ ਨੇ ਸਮਾਜ ਨੂੰ ਸ਼ਿਲਪਕਾਰੀ, ਨਿਰਮਾਣ ਅਤੇ ਮੁਹਾਰਤ ਰਾਹੀਂ ਤਰੱਕੀ ਦਾ ਰਸਤਾ ਵਿਖਾਇਆ। ਇਸ ਮੌਕੇ 'ਤੇ ਮੁੱਖ ਮੰਤਰੀ ਨੇ ਸ਼ਿਲਪਕਾਰ ਬੰਧੂਆਂ ਦੇ ਜੀਵਨ ਵਿੱਚ ਸਿੱਖ, ਸ਼ਾਂਤੀ ਅਤੇ ਖੁਸ਼ਹਾਲੀ ਕੀਤੀ ਕਾਮਨਾ ਕੀਤੀ।ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸ਼ੁਰੂ ਕੀਤੀ ਗਈ ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ ਰਵਾਇਤੀ ਕਾਰੀਗਰਾਂ ਅਤੇ ਹੱਧਕਰਗਾਂ ਦੇ ਹੁਨਰ ਨੂੰ ਸਸ਼ਕਤ ਬਨਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਇਸੇ ਭਾਵਨਾ ਨੂੰ ਅੱਗੇ ਵਧਾਉਂਦੇ ਹੋਏ ਹਰਿਆਣਾ ਸਰਕਾਰ ਨੇ ਵੀ ਰਾਜ ਵਿੱਚ ਕਈ ਅਜਿਹੀ ਯੋਜਨਾਵਾਂ ਲਾਗੂ ਕੀਤੀਆਂ ਹਨ ਜਿਨ੍ਹਾਂ ਨਾਲ ਕਾਰੀਗਰਾਂ, ਤਕਨੀਸ਼ਨਾਂ ਅਤੇ ਸਵੈ-ਰੁਜਗਾਰ ਨਾਲ ਜੁੜੇ ਲੋਕਾਂ ਨੂੰ ਸਿਖਲਾਈ, ਵਿਤੀ ਸਹਾਇਤਾ ਅਤੇ ਆਧੁਨਿਕ ਉਪਕਰਨਾਂ ਦੀ ਸਹੂਲਤ ਮੁਹੱਈਆ ਕਰਾਈ ਜਾ ਰਹੀ ਹੈ।

ਵਰ੍ਹੇਗੰਢ ਮੁਬਾਰਕ



ਨਵ ਸਹਜ ਸਿੰਘ
ਬਟਾਲਾ

ਵਰ੍ਹੇਗੰਢ ਮੁਬਾਰਕ



ਨਿਰਮਲ ਸਿੰਘ ਅਤੇ ਪਰਵਿੰਦਰ ਕੌਰ ਵਾਸੀ ਚੋਟਾਲਾ ਨੂੰ ਵਿਆਹ ਦੀ 20ਵੀਂ ਵਰ੍ਹੇਗੰਢ ਦੀਆਂ ਮੁਬਾਰਕਾਂ।

ਮੁਬਾਰਕਾਂ



ਪਰਲ ਤਹਿਸੀਲ ਨੰਗਲ ਦਾ ਸ਼ੁੱਭ ਵਿਆਹ ਹਰਪ੍ਰੀਤ ਜ਼ਿਲ੍ਹਾ ਰੂਪਨਗਰ ਨਾਲ ਹੋਇਆ।

## ਦੀਵਾਲੀ ਨੂੰ ਸਮਰਪਿਤ ਸ਼ੋਭਾ ਯਾਤਰਾ ਕੱਢੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸਨਾਤਨ ਧਰਮ ਵਿੱਚ ਸਭ ਤੋਂ ਵੱਡਾ ਧਾਰਮਿਕ ਤਿਉਹਾਰ ਦਿਵਾਲੀ ਉਤਸਵ ਮਨਾਇਆ ਜਾਂਦਾ ਹੈ। ਇਸ ਤਿਉਹਾਰ ਸੰਬੰਧੀ 22 ਅਕਤੂਬਰ ਨੂੰ ਵੀਰ



ਕ੍ਰਿਸ਼ਨ ਕਲੱਬ ਅਹਿਆਪੁਰ ਦੇ ਪ੍ਰਧਾਨ ਰਾਜ ਅਹਿਆਪੁਰੀ ਦੀ ਅਗਵਾਈ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਦੀਵਾਲੀ ਉਤਸਵ ਨੂੰ ਸਮਰਪਿਤ ਇੱਕ ਵਿਸ਼ਾਲ ਅਲੌਕਿਕ ਸ਼ੋਭਾ ਯਾਤਰਾ ਕੱਢੀ ਗਈ ਜਿਸ ਦਾ ਉਦਘਾਟਨ ਉੱਘੇ ਸਮਾਜ ਸੇਵੀ ਅਤੇ ਆਪ ਨੇਤਾ ਵਿੱਕੀ ਮਹਿੰਦਰੂ ਨੇ ਕੀਤਾ। ਇਸ ਮੌਕੇ 'ਤੇ ਉਨ੍ਹਾਂ ਨਾਲ ਚੰਦਨ ਗਿਰੀ ਜੀ ਮਹਾਰਾਜ ਹਾਜ਼ਰ ਸਨ। ਇਹ ਵਿਸ਼ਾਲ ਸ਼ੋਭਾ ਯਾਤਰਾ ਅਹਿਆਪੁਰ ਮੰਦਰ ਤੋਂ ਚੱਲ ਕੇ ਵੱਖ-ਵੱਖ ਮੁਹੱਲਿਆਂ ਅਤੇ ਬਾਜ਼ਾਰਾਂ ਵਿੱਚੋਂ ਹੁੰਦੀ ਹੋਈ ਮੁੜ ਮੰਦਿਰ ਵਿਖੇ ਪਹੁੰਚ ਕੇ ਸੰਪੰਨ ਹੋਈ। ਇਸ ਸ਼ੋਭਾ ਯਾਤਰਾ ਵਿੱਚ ਵੱਖ-ਵੱਖ ਸਰੂਪ ਧਾਰਨ ਕੀਤੇ ਕਲਾਕਾਰਾਂ ਨੇ ਆਪਣੀ ਕਲਾਂ ਦਾ ਖੂਬ ਪ੍ਰਦਰਸ਼ਨ ਕੀਤਾ। ਇਲਾਕੇ ਦੀਆਂ ਵੱਖ-ਵੱਖ ਭਜਨ ਮੰਡਲੀਆਂ ਆਪਣੇ ਭਜਨਾਂ ਰਾਹੀਂ ਪ੍ਰਭੂ ਸ੍ਰੀ ਰਾਮ ਦਾ ਗੁਣਗਾਨ ਕਰਕੇ ਸੰਗਤ ਨੂੰ ਪ੍ਰਭੂ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਦੇ ਰਹੀਆਂ ਸਨ। ਇਸ ਮੌਕੇ ਤੇ ਵਿੱਕੀ ਮਹਿੰਦਰੂ ਨੇ ਕਿਹਾ ਕਿ ਪ੍ਰਭੂ ਸ੍ਰੀ ਰਾਮ ਨੇ ਆਪਣਾ ਸਾਰਾ ਜੀਵਨ ਸੱਚਾਈ ਦੇ ਰਸਤੇ ਤੇ ਚਲਦੇ ਹੋਏ ਮਾਤਾ ਪਿਤਾ ਦੀ ਆਗਿਆ ਨੂੰ ਪਹਿਲ ਦਿੱਤੀ। ਉਨ੍ਹਾਂ ਕਿਹਾ ਕਿ ਪ੍ਰਭੂ ਸ੍ਰੀ ਰਾਮ ਜੀ ਨੇ ਮਾਤਾ-ਪਿਤਾ ਦਾ ਕਹਿਣਾ ਮੰਨਣਾ, ਭਰਾਵਾਂ ਦਾ ਸਾਥ ਦੇਣਾ ਅਤੇ ਪਤਨੀ ਪ੍ਰਤੀ ਆਪਣਾ ਫਰਜ਼ ਨਿਭਾਉਣ ਦੀ ਜਿਹੜੀ ਮਿਸਾਲ ਕਾਇਮ ਕੀਤੀ ਸੀ, ਸਾਨੂੰ ਸਾਰਿਆਂ ਨੂੰ ਵੀ ਉਨ੍ਹਾਂ ਦੇ ਦਰਸਾਏ ਮਾਰਗ ਤੇ ਚਲਣਾ ਚਾਹੀਦਾ ਹੈ। ਕਲੱਬ ਦੇ ਪ੍ਰਧਾਨ ਰਾਜ ਅਹਿਆਪੁਰੀ ਨੇ ਕਿਹਾ ਕਿ ਪ੍ਰਭੂ ਸ੍ਰੀ ਰਾਮ ਅੱਜ ਦੇ ਦਿਨ 14 ਸਾਲ ਦੇ ਬਨਵਾਸ ਉਪਰੰਤ ਵਾਪਿਸ ਅਯੋਧਿਆ ਪਹੁੰਚੇ ਸਨ ਅਤੇ ਅਯੋਧਿਆ ਨਿਵਾਸੀਆਂ ਨੇ ਦੀਪਮਾਲਾ ਕਰਕੇ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ ਸੀ। ਇਸ ਮੌਕੇ ਤੇ ਉਨ੍ਹਾਂ ਨੇ ਸਾਰੀ ਸੰਗਤ ਨੂੰ ਪ੍ਰਭੂ ਸ੍ਰੀ ਰਾਮ ਜੀ ਦੇ ਆਗਮਨ ਦੀ ਵਧਾਈ ਦਿੱਤੀ। ਇਸ ਮੌਕੇ ਤੇ ਅਰੁਣ ਪੁਰੀ, ਮੰਨਾ ਮਹਿਰਾ, ਸੰਨੀ ਮਹਿਰਾ, ਰਮੇਸ਼ ਚੰਦਰ ਅਤੇ ਰਜਿੰਦਰ ਮਹਿਰਾ ਤੋਂ ਇਲਾਵਾ ਕਲੱਬ ਮੈਂਬਰਾਂ ਤੇ ਸ਼ਹਿਰ ਨਿਵਾਸੀਆਂ ਨੇ ਇਸ ਸ਼ੋਭਾ ਯਾਤਰਾ ਵਿੱਚ ਆਪਣੀ ਹਾਜ਼ਰੀ ਲਗਵਾ ਕੇ ਪ੍ਰਭੂ ਸ੍ਰੀ ਰਾਮ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

## ਹਨੇਰੇ 'ਤੇ ਚਾਨਣ ਦੀ ਜਿੱਤ ਦਾ ਸੁਨੇਹਾ ਦਿੰਦੀ ਹੈ ਦੀਵਾਲੀ : ਕਰਨੈਲ ਸ਼ਾਹ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਧੰਨ ਧੰਨ ਨੂਰ-ਏ-ਖੁਦਾ ਦਰਬਾਰ ਸਾਂਈ ਬਾਬਾ ਮੰਗੂ ਸ਼ਾਹ ਪਿੰਡ ਸਾਹਨੀ ਤਹਿ. ਫਗਵਾੜਾ ਵਿਖੇ ਦੀਵਾਲੀ ਦਾ ਪਵਿੱਤਰ ਤਿਉਹਾਰ ਦਰਬਾਰ ਦੇ ਗੱਦੀ ਨਸ਼ੀਨ ਸਾਂਈ ਕਰਨੈਲ ਸ਼ਾਹ ਦੀ ਅਗਵਾਈ ਹੇਠ ਸਮੂਹ ਗ੍ਰਾਮ ਪੰਚਾਇਤ ਅਤੇ ਪਿੰਡ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਦੇ ਨਾਲ ਮਨਾਇਆ ਗਿਆ। ਇਸ ਮੌਕੇ ਦਰਬਾਰ ਨੂੰ ਰੰਗ ਵਿਰੰਗੀਆਂ ਸੁੰਦਰ ਲਾਈਟਾਂ ਨਾਲ ਸਜਾਇਆ ਗਿਆ ਸੀ। ਰਾਤ ਨੂੰ ਦੀਪ ਮਾਲਾ ਵੀ ਕੀਤੀ ਗਈ। ਸਾਂਈ ਕਰਨੈਲ ਸ਼ਾਹ ਨੇ ਸੰਗਤਾਂ ਨੂੰ ਦੀਵਾਲੀ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਕਿਹਾ ਕਿ ਦੀਵਾਲੀ ਹਮੇਸ਼ਾ ਮੱਸਿਆ ਦੀ ਰਾਤ ਨੂੰ ਰੌਸ਼ਨੀਆਂ ਕਰਕੇ ਮਨਾਈ ਜਾਂਦੀ ਹੈ। ਜਿਸ ਨਾਲ ਸਾਨੂੰ ਇਹ ਸੁਨੇਹਾ ਮਿਲਦਾ ਹੈ ਕਿ ਹਨ੍ਹੇਰੇ ਉੱਪਰ ਹਮੇਸ਼ਾ ਚਾਨਣ ਦੀ ਜਿੱਤ ਦੀ ਹੁੰਦੀ ਹੈ ਅਤੇ ਚਾਨਣ ਸਕਾਰਾਤਮਕ ਊਰਜਾ ਦਾ ਪ੍ਰਤੀਕ ਹੈ। ਉਹਨਾਂ ਸੰਗਤਾਂ ਨੂੰ ਆਪਣੇ ਅੰਦਰ ਗਿਆਨ ਦੀ ਜੋਤ ਜਗਾਉਣ ਦਾ ਸੁਨੇਹਾ ਵੀ ਦਿੱਤਾ। ਸੰਗਤਾਂ ਨੂੰ ਪਕੌੜੇ ਅਤੇ ਮਠਿਆਈਆਂ ਦਾ ਪ੍ਰਸ਼ਾਦ ਵੀ ਵੰਡਿਆ ਗਿਆ। ਇਸ ਮੌਕੇ ਸਰਪੰਚ ਬੀਬੀ ਬਖਸ਼ਿੰਦਰ ਬਾਂਸਲ ਪਤਨੀ ਸੁਖਦੇਵ ਸਿੰਘ ਬਾਂਸਲ, ਪੰਚਾਇਤ ਮੈਂਬਰਾਂ ਅਮਰੀਕ ਸਿੰਘ ਮੀਕਾ, ਮੇਜਰ ਸਿੰਘ, ਸਤਨਾਮ ਸਿੰਘ ਕਾਹਲੋਂ, ਜਸਵਿੰਦਰ ਕੌਰ, ਮੋਨਿਕਾ ਸ਼ਰਮਾ, ਰਾਮ ਸ਼ਰਨ, ਸਤਵਿੰਦਰ ਕੌਰ ਤੋਂ ਇਲਾਵਾ ਕਮਲਜੀਤ ਪ੍ਰੇਮਪੁਰ, ਕੁਲਵੰਤ ਲੱਖਪੁਰ, ਬਾਬਾ ਧੰਨਾ ਜੀ, ਹਰਸ਼, ਨਿਰਮਲ ਚੰਦ ਚੱਕ ਹਕੀਮ ਨੇ ਵੀ ਹਾਜ਼ਰੀਨ ਨੂੰ ਦੀਵਾਲੀ, ਬੰਦੀ ਛੋੜ ਦਿਵਸ ਅਤੇ ਬਾਬਾ ਵਿਸ਼ਵਕਰਮਾ ਮਹਾਉਤਸਵ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਇਸ ਮੌਕੇ ਵੱਡੀ ਗਿਣਤੀ 'ਚ ਇਲਾਕੇ ਦੀਆਂ ਸੰਗਤਾਂ ਨੇ ਹਾਜ਼ਰੀਆਂ ਲਗਵਾ ਕੇ ਸਾਂਈ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।

## ਦੀਵਾਲੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ੍ਰੀ ਗੁਰੂ ਰਾਮਦਾਸ ਜੀ ਸੁਸਾਇਟੀ ਟਾਂਡਾ ਵੱਲੋਂ ਚਲਾਏ ਜਾ ਰਹੇ ਜੀ ਆਰ ਡੀ ਕਾਲਜ ਆਫ ਨਰਸਿੰਗ ਟਾਂਡਾ ਵਿਖੇ ਰੌਸ਼ਨੀਆਂ ਦਾ ਤਿਉਹਾਰ ਦੀਵਾਲੀ ਧੂਮਧਾਮ ਨਾਲ ਮਨਾਇਆ ਗਿਆ। ਸੰਸਥਾ ਦੇ ਚੇਅਰ ਪਰਸਨ ਪ੍ਰਦੀਪ ਕੌਰ ਐਮ ਡੀ ਵਿਕਰਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਮੈਨੇਜਰ ਸਰਬਜੀਤ ਸਿੰਘ ਮੋਮੀ ਅਤੇ ਪ੍ਰਿੰਸੀਪਲ ਰੇਨੂ ਮਾਲਾ ਦੀ ਅਗਵਾਈ ਵਿੱਚ ਮਨਾਏ ਗਏ ਇਸ ਰੌਸ਼ਨੀਆਂ ਦੇ ਤਿਉਹਾਰ ਦੌਰਾਨ ਸਟਾਫ ਮੈਂਬਰਾਂ ਤੇ ਨਰਸਿੰਗ ਦੀਆਂ ਵਿਦਿਆਰਥਣਾਂ ਨੇ ਭਾਗ ਲਿਆ। ਇਸ ਮੌਕੇ ਵਿਦਿਆਰਥਣਾਂ ਦੀਆਂ ਰੰਗੋਲੀ ਮੇਕਿੰਗ ਤੇ ਦੀਵਾਲੀ ਕਾਰਡ ਮੇਕਿੰਗ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਵਿਦਿਆਰਥਣਾਂ ਨੇ ਬੜੀ ਹੀ ਦਿਲਚਸਪੀ ਨਾਲ ਭਾਗ ਲਿਆ। ਪ੍ਰਬੰਧਕਾਂ ਵੱਲੋਂ ਪਹਿਲੇ ਦੂਸਰੇ ਤੇ ਤੀਸਰੇ ਸਥਾਨ ਤੇ ਰਹਿਣ ਵਾਲੀਆਂ ਵਿਦਿਆਰਥਣਾਂ ਦਾ ਸਨਮਾਣ ਵੀ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਤੇ ਪ੍ਰਿੰਸੀਪਲ ਰੇਨੂ ਬਾਲਾ ਨੇ ਕਿਹਾ ਕਿ ਸਾਨੂੰ ਹਮੇਸ਼ਾ ਹੀ ਪ੍ਰਦੂਸ਼ਿਤ ਰਹਿਤ ਦਿਵਾਲੀ ਮਨਾਉਣੀ ਚਾਹੀਦੀ ਹੈ ਕਿਉਂਕਿ ਪ੍ਰਦੂਸ਼ਿਤ ਹੋ ਚੁੱਕੇ ਵਾਤਾਵਰਨ ਨੂੰ ਅਸੀਂ ਵੱਧ ਤੋਂ ਵੱਧ ਰੁੱਖ ਲਗਾ ਕੇ ਹੀ ਸੁਰੱਖਿਤ ਰੱਖ ਸਕਦੇ ਹਾਂ। ਇਸ ਮੌਕੇ ਕਾਲਜ ਦੇ ਸਮੂਹ ਸਟਾਫ ਮੈਂਬਰ ਵੀ ਹਾਜ਼ਰ ਸਨ।

## ਐੱਲ ਪੀ ਯੂ ਵਿਖੇ ਰਾਜ ਪੱਧਰੀ ਵਰਕਸ਼ਾਪ, ਅਧਿਆਪਕਾਂ ਨੂੰ ਅਪਾਹਜ ਬੱਚਿਆਂ ਦੇ ਪੋਸ਼ਣ ਬਾਰੇ ਦਿੱਤੀ ਜਾਣਕਾਰੀ

**ਜਲੰਧਰ (ਸ਼ੈਲੀ ਐਲਬਰਟ)**- ਅਪਾਹਜ ਬੱਚਿਆਂ ਦੀ ਸਿੱਖਿਆ ਅਤੇ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਲਈ ਇੱਕ ਮਹੱਤਵਪੂਰਨ ਪਹਿਲਕਦਮੀ ਵਿੱਚ, ਪੰਜਾਬ ਭਰ ਦੇ 382 ਤੋਂ ਵੱਧ ਵਿਸ਼ੇਸ਼ ਸਿੱਖਿਅਕਾਂ ਨੇ ਉਨ੍ਹਾਂ ਦੇ ਹੁਨਰ ਅਤੇ ਵਿਵਹਾਰਕ ਗਿਆਨ ਨੂੰ ਮਜ਼ਬੂਤ ??ਕਰਨ ਲਈ ਤਿਆਰ ਕੀਤੀ ਗਈ ਇੱਕ ਫਿਜ਼ੀਓਥੈਰੇਪੀ ਵਰਕਸ਼ਾਪ ਵਿੱਚ ਹਿੱਸਾ ਲਿਆ। ਇਹ ਵਰਕਸ਼ਾਪ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਦੀ ਰਾਸ਼ਟਰੀ ਸੇਵਾ ਯੋਜਨਾ ਅਤੇ ਸਮਗਰ ਸਿੱਖਿਆ ਅਭਿਆਨ, ਪੰਜਾਬ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਗਈ ਸੀ। ਇਹ ਵਰਕਸ਼ਾਪ ਸਕੂਲ ਸਿੱਖਿਆ ਦੇ ਡਾਇਰੈਕਟਰ ਜਨਰਲ, ਅਰਵਿੰਦ ਕੇ ਐੱਮ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ ਸੀ, ਅਤੇ ਇਸ ਦਾ ਉਦਘਾਟਨ ਐੱਲ ਪੀ ਯੂ ਦੇ ਪ੍ਰੋ-ਵਾਈਸ ਚਾਂਸਲਰ ਡਾ. ਲੋਵੀਰਾਜ ਗੁਪਤਾ, ਜ਼ਿਲ੍ਹਾ ਸਿੱਖਿਆ ਅਧਿਕਾਰੀ ਮਮਤਾ ਬਜਾਜ, ਅਤੇ ਡਿਪਟੀ ਜ਼ਿਲ੍ਹਾ ਸਿੱਖਿਆ ਅਧਿਕਾਰੀ (ਪ੍ਰਾਇਮਰੀ ਸਿੱਖਿਆ) ਕਪੂਰਥਲਾ, ਡਾ. ਬਲਵਿੰਦਰ ਸਿੰਘ ਬੱਟੂ ਤੇ ਐਲਪੀਯੂ ਦੇ ਕਾਰਜਕਾਰੀ ਡੀਨ ਡਾ. ਸੌਰਭ ਲਖਨਪਾਲ ਦੁਆਰਾ ਕੀਤਾ ਗਿਆ ਸੀ। ਇਸ ਪ੍ਰੋਗਰਾਮ ਦਾ ਉਦੇਸ਼ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਲਈ ਵਿਸ਼ੇਸ਼ ਫਿਜ਼ੀਓਥੈਰੇਪੀ



ਤਕਨੀਕਾਂ ਵਿੱਚ ਅਧਿਆਪਕਾਂ ਨੂੰ ਸਿਖਲਾਈ ਦੇਣਾ ਸੀ। ਇਸ ਨੇ ਗਤੀਸ਼ੀਲਤਾ, ਵਿਕਾਸ ਅਤੇ ਸਮੁੱਚੀ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਲਈ ਵਿਹਾਰਕ ਕੰਮ 'ਤੇ ਜ਼ੋਰ ਦਿੱਤਾ, ਨਾਲ ਹੀ ਅਪਾਹਜ ਬੱਚਿਆਂ ਦੀ ਸਿੱਖਿਆ ਅਤੇ ਪੁਨਰਵਾਸ ਵਿੱਚ ਸ਼ਾਮਲ ਪੇਸ਼ੇਵਰਾਂ ਦੀ ਸਮਰੱਥਾ ਨੂੰ ਵੀ ਮਜ਼ਬੂਤ ??ਕੀਤਾ। ਇਸ ਪਹਿਲਕਦਮੀ ਨੇ ਰਾਸ਼ਟਰੀ ਨੀਤੀਆਂ ਅਤੇ ਸਰਕਾਰੀ ਯਤਨਾਂ ਦੇ ਅਨੁਸਾਰ ਸਮਾਵੇਸ਼ੀ ਸਿੱਖਿਆ ਅਭਿਆਸਾਂ ਨੂੰ ਵੀ ਮਜ਼ਬੂਤ ??ਕੀਤਾ।ਐੱਲ ਪੀ ਯੂ ਦੇ ਮਾਹਿਰਾਂ ਨੇ ਮੁੱਖ ਖੇਤਰਾਂ ਜਿਵੇਂ ਕਿ ਸੇਰੇਬ੍ਰਲ ਪਾਲਸੀ ਅਤੇ ਮਾਸਪੇਸ਼ੀਅਲ ਡਿਸਟ੍ਰੋਫੀ ਵਰਗੀਆਂ ਸਰੀਰਕ ਅਪੰਗਤਾਵਾਂ ਨੂੰ ਸਮਝਣਾ ਅਤੇ ਉਨ੍ਹਾਂ ਨੂੰ ਸੰਬੋਧਿਤ ਕਰਨਾ, ਔਟਿਜ਼ਮ ਅਤੇ ਸਿੱਖਣ ਦੀਆਂ ਅਯੋਗਤਾਵਾਂ ਵਾਲੇ ਬੱਚਿਆਂ ਲਈ ਪ੍ਰਭਾਵਸ਼ਾਲੀ ਸਿੱਖਿਆ ਹੁਨਰ ਵਿਕਸਤ ਕਰਨਾ, ਅਤੇ ਲਿਖਣ, ਗ੍ਰਾਸਪਿੰਗ ਅਤੇ ਹੋਰ ਕਲਾਸਰੂਮ ਗਤੀਵਿਧੀਆਂ ਵਿੱਚ ਸਹਾਇਤਾ ਲਈ ਅਨੁਕੂਲ ਉਪਕਰਣਾਂ ਦੀ ਵਰਤੋਂ ਕਰਨਾ 'ਤੇ ਸੈਸ਼ਨ ਕੀਤੇ। ਅਧਿਆਪਕਾਂ ਨੂੰ ਮੋਟਰ ਹੁਨਰ ਵਿਕਾਸ, ਰੋਜ਼ਾਨਾ ਜੀਵਨ ਦੀਆਂ ਗਤੀਵਿਧੀਆਂ (ਏਡੀਐਲ) ਸਿਖਲਾਈ, ਅਤੇ ਇੱਕ ਰੁਕਾਵਟ-ਮੁਕਤ ਸਕੂਲ ਵਾਤਾਵਰਣ ਬਣਾਉਣ ਦੇ ਤਰੀਕਿਆਂ ਬਾਰੇ ਵੀ ਸਿਖਲਾਈ ਦਿੱਤੀ ਗਈ। ਭਾਗੀਦਾਰਾਂ ਨੂੰ ਆਰਥੋਟਿਕਸ, ਪ੍ਰੋਸਥੇਟਿਕਸ ਤੇ ਆਧੁਨਿਕ ਟੈਲੀ-ਰੀਹੈਬਲੀਟੇਸ਼ਨ ਦੀਆਂ ਸਹਾਇਕ ਭੂਮਿਕਾਵਾਂ ਨਾਲ ਵੀ ਜਾਣੂ ਕਰਵਾਇਆ ਗਿਆ।ਜ਼ਿਲ੍ਹਾ ਵਿਸ਼ੇਸ਼ ਸਿੱਖਿਅਕ ਗੋਪਾਲ ਕ੍ਰਿਸ਼ਨ (ਰੂਪਨਗਰ), ਰਾਜੂ ਚੌਧਰੀ (ਜਲੰਧਰ), ਅਤੇ ਅਰਚਨਾ ਸੁਮਨ (ਕਪੂਰਥਲਾ) ਦੀ ਅਗਵਾਈ ਹੇਠ ਹੋਏ ਇਸ ਪ੍ਰੋਗਰਾਮ ਨੇ ਇਹ ਯਕੀਨੀ ਬਣਾਇਆ ਕਿ ਇਸ ਦਾ ਸੰਦੇਸ਼ ਰਾਜ ਦੇ ਹਰ ਕੋਨੇ ਤੱਕ ਪਹੁੰਚੇ। ਇਸ ਵਰਕਸ਼ਾਪ ਵਿੱਚ ਜ਼ਿਲ੍ਹਾ ਵਿਸ਼ੇਸ਼ ਸਿੱਖਿਅਕ (ਡੀ ਐੱਸ ਈ), ਜ਼ਿਲ੍ਹਾ ਵਿਸ਼ੇਸ਼ ਸਿੱਖਿਆ ਅਧਿਆਪਕ (ਡੀ ਐੱਸ ਈ ਟੀ), ਆਈ ਈ ਆਰ ਟੀ ਸਟਾਫ਼, ਅਤੇ ਰਾਜ ਮੁੱਖ ਦਫਤਰ ਦੇ ਪ੍ਰਤੀਨਿਧੀਆਂ, ਜਿਨ੍ਹਾਂ ਵਿੱਚ ਭਾਨੂ ਪੌਡੇਲ ਸ਼ਾਮਲ ਸਨ, ਨੇ ਹਿੱਸਾ ਲਿਆ।

## ਅੰਤਮ ਅਰਦਾਸ 26 ਨੂੰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਇਲਾਕੇ ਦੇ ਨਾਮਵਰ ਸਮਾਜ ਸੇਵੀ ਬਲਾਚੌਰ ਦੇ ਭੱਦੀ ਰੋਡ ਸਥਿਤ ਸੂਰੀ ਹਸਪਤਾਲ ਦੇ ਮਾਲਕ ਡਾਕਟਰ ਉਜਾਗਰ ਸਿੰਘ ਸੂਰੀ ਜੋ ਕਿ ਬੀਤੇ ਦਿਨ



ਪਿੱਛੋਂ ਸਦੀਵੀ ਵਿਛੋੜਾ ਦੇ ਗਏ ਹਨ। ਉਹ 68 ਸਾਲ ਦੇ ਸਨ ਜਿਨਾਂ ਦੇ ਜਾਣ ਨਾਲ ਇਲਾਕੇ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਡਾਕਟਰ ਭੁਪਿੰਦਰਜੀਤ ਸਿੰਘ ਸੂਰੀ ਤੇ ਅਮਨਪ੍ਰੀਤ ਸਿੰਘ ਸੂਰੀ ਦੋ ਪੁੱਤਰ ਹਨ ਉਨ੍ਹਾਂ ਦੀ ਪਤਨੀ ਪਿੰਡ ਦੀ ਸਰਪੰਚ ਹਨ ਡਾਕਟਰ ਭੁਪਿੰਦਰਜੀਤ ਸਿੰਘ ਸੂਰੀ ਦੱਸਿਆ ਕਿ ਉਨ੍ਹਾਂ ਦੀ ਅੰਤਿਮ ਅਰਦਾਸ 26 ਅਕਤੂਬਰ ਦਿਨ ਐਤਵਾਰ ਬਾਅਦ 12:30 ਵਜੇ ਨਿਵਾਸ ਸਥਾਨ ਪਿੰਡ ਲੋਹਟ ਬਲਾਚੌਰ ਵਿਖੇ ਹੋਵੇਗੀ।

23 Oct Page 9.qxd 10/22/2025 10:36 PM Page 1



## 8 ਦੀ ਜੀ ਟੀ ਯੂ ਦੀ ਜਨਰਲ ਕੌਂਸਲ ਦੀ ਤਿਆਰੀ ਸੰਬੰਧੀ ਨਕੋਦਰ ਬਲਾਕਾਂ ਦੀ ਕੀਤੀ ਮੀਟਿੰਗ



**ਜਲੰਧਰ (ਰਾਜੇਸ਼ ਥਾਪਾ)**- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ ਜਲੰਧਰ ਵਿਖੇ 8 ਨਵੰਬਰ ਨੂੰ ਹੋ ਰਹੀ ਜਨਰਲ ਕੌਂਸਲ ਦੀ ਤਿਆਰੀ ਸਬੰਧੀ ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲਾ ਜਲੰਧਰ ਦੇ ਫੈਸਲੇ ਅਨੁਸਾਰ 22 ਅਕਤੂਬਰ ਨੂੰ ਸੁਰਜੀਤ ਗਗਨ ਪਾਰਕ ਨਕੋਦਰ ਵਿਖੇ ਬਲਾਕ ਨਕੋਦਰ ਦੇ ਦੋਵੇਂ ਬਲਾਕਾਂ ਦੀ ਸਾਂਝੀ ਮੀਟਿੰਗ ਬਲਾਕ ਪ੍ਰਧਾਨ ਜਸਵੀਰ ਸਿੰਘ ਤੇ ਮੁਲਖ ਰਾਜ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਅਧਿਆਪਕਾਂ ਦੇ ਵੱਖ-ਵੱਖ ਮਸਲਿਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਸਰਕਾਰ ਵੱਲੋਂ ਅਧਿਆਪਕਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਵਿੱਚ ਟਾਲਮਟੋਲ ਕਰਨ ਦੀ ਨੀਤੀ ਦੀ ਨਿਖੇਧੀ ਕੀਤੀ ਗਈ। ਅਧਿਆਪਕਾਂ ਦੇ ਮਸਲਿਆਂ ਅਤੇ ਮੰਗਾਂ ਦੀ ਪ੍ਰਾਪਤੀ ਲਈ ਲਗਾਤਾਰ ਅਤੇ ਬੱਝਵੇਂ ਸੰਘਰਸ਼ ਨੂੰ ਉਲੀਕਣ ਲਈ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ 8 ਨਵੰਬਰ ਨੂੰ ਜਲੰਧਰ ਵਿਖੇ ਹੋ ਰਹੀ ਜਨਰਲ ਕੌਂਸਲ ਦੀ ਤਿਆਰੀ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ, ਮੀਤ ਪ੍ਰਧਾਨ ਪਿਆਰਾ ਸਿੰਘ, ਪ੍ਰਦੀਪ ਕੁਮਾਰ ਕਮਲਦੇਵ ਸਿੰਘ, ਕੁਲਭੂਸ਼ਨ ਗੁਪਤਾ, ਬਾਦਲ ਸਹੋਤਾ, ਭਾਰਤ ਭੂਸ਼ਨ, ਰੋਹਤਾਸ, ਜਸਪਾਲ ਸਿੰਘ, ਦਲੀਪ ਸਿੰਘ, ਅਮਨ ਕੁਮਾਰ,ਅਮਨ ਵਰਮਾ, ਤਰਲੋਕ ਸਿੰਘ ਅੰਕੁਸ਼ ਕੁਮਾਰ, ਰਜਿੰਦਰ ਕੁਮਾਰ, ਮਨਜਿੰਦਰ ਸਿੰਘ, ਧਰਮਿੰਦਰ ਕੁਮਾਰ ਅਤੇ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਹਾਜ਼ਰ ਸਨ।

## ਪੁਲਸ ਸ਼ਹੀਦੀ ਯਾਦਗਾਰ ਦਿਵਸ ਮੌਕੇ ਸ਼ਹੀਦ ਅਫਸਰਾਂ ਤੇ ਜਵਾਨਾਂ ਨੂੰ ਸ਼ਰਧਾ ਦੇ ਫੁੱਲ ਭੇਟ

**ਸ਼ਹੀਦ ਭਗਤ ਸਿੰਘ ਨਗਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪੁਲਸ ਸ਼ਹੀਦੀ ਯਾਦਗਾਰ ਦਿਵਸ ਮੌਕੇ 22 ਅਕਤੂਬਰ ਨੂੰ ਸਥਾਨਕ ਆਈ ਟੀ ਆਈ ਗਰਾਊਂਡ ਵਿਖੇ ਲੁਧਿਆਣਾ ਰੇਂਜ ਦੇ ਡੀ ਆਈ ਜੀ ਸਤਿੰਦਰ ਸਿੰਘ ਦੀ ਅਗਵਾਈ ਵਿੱਚ ਦੇਸ਼ ਦੇ ਵੱਖ-ਵੱਖ ਸੂਬਿਆਂ ਵਿੱਚ ਸ਼ਹੀਦ ਹੋਏ ਪੁਲਸ ਫੋਰਸਾਂ ਅਤੇ ਪੁਲਸ ਦੇ ਅਧਿਕਾਰੀਆਂ ਤੇ ਜਵਾਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਡੀ ਆਈ ਜੀ ਸਤਿੰਦਰ ਸਿੰਘ ਨੇ ਕਿਹਾ ਕਿ ਸ਼ਹੀਦ ਅਧਿਕਾਰੀਆਂ ਤੇ ਜਵਾਨਾਂ ਦੀਆਂ ਵੱਡਮੁੱਲੀਆਂ ਕੁਰਬਾਨੀਆਂ ਨੂੰ ਕਦੇ ਵੀ ਅੱਖੋਂ-ਪਰੋਖੇ ਨਹੀਂ ਕੀਤਾ ਜਾ ਸਕਦਾ ਅਤੇ ਇਹ ਕੁਰਬਾਨੀਆਂ ਦੇਸ਼ ਦੀ ਏਕਤਾ-ਅਖੰਡਤਾ ਨੂੰ ਮਜ਼ਬੂਤ ਰੱਖਣ ਲਈ ਸੁਨਹਿਰੀ ਇਤਿਹਾਸ ਹੈ। ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਸਮੇਤ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਸਿਜਦਾ ਕਰਦਿਆਂ ਡੀ ਆਈ ਜੀ ਸਤਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਪੁਲਿਸ ਲਈ ਇਹ ਮਾਣ ਵਾਲੀ ਗੱਲ ਹੈ ਕਿ ਪੰਜਾਬ ਦੇ ਅਨੇਕਾਂ ਅਧਿਕਾਰੀਆਂ ਅਤੇ ਜਵਾਨਾਂ ਨੇ ਦੇਸ਼ ਦੀ ਏਕਤਾ ਅਤੇ ਭਾਈਚਾਰੇ ਦੀ ਬਰਕਰਾਰੀ ਲਈ ਆਪਣੀਆਂ ਜਾਨਾਂ ਤੱਕ ਦੀ ਪਰਵਾਹ ਨਹੀਂ ਕੀਤੀ ਜੋ ਪੂਰੀ ਫੋਰਸ ਲਈ ਪ੍ਰੇਰਣਾਸਰੋਤ ਹੈ। ਡੀ.ਆਈ.ਜੀ. ਸਤਿੰਦਰ ਸਿੰਘ, ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ, ਐਸ.ਐਸ.ਪੀ. ਡਾ. ਮਹਿਤਾਬ ਸਿੰਘ, ਐਡੀਸ਼ਨਲ ਸੈਸ਼ਨ ਜੱਜ ਬਲਜਿੰਦਰ ਸਿੰਘ ਮਾਨ ਤੇ ਹੋਰਨਾਂ ਅਧਿਕਾਰੀਆਂ ਨੇ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਸਮੇਤ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਪਰਿਵਾਰਕ ਮੈਂਬਰਾਂ ਨੂੰ ਜ਼ਿਲ੍ਹਾ ਪੁਲਿਸ ਵੱਲੋਂ ਸਨਮਾਨ ਚਿੰਨ੍ਹ ਦਿੱਤੇ ਗਏ ਅਤੇ ਡੀ ਆਈ ਜੀ ਨੇ ਪਰਿਵਾਰਕ ਮੈਂਬਰਾਂ ਦੀਆਂ ਸ਼ਿਕਾਇਤਾਂ ਅਤੇ ਮਸਲੇ ਸੁਣੇ।ਉਨ੍ਹਾਂ ਨੇ ਭਰੋਸਾ ਦਿੱਤਾ ਕਿ ਜਲਦ ਹੀ ਇਨ੍ਹਾਂ ਮਸਲਿਆਂ 'ਤੇ ਗਹੁ ਨਾਲ ਵਿਚਾਰ ਕੇ ਢੁੱਕਵਾਂ ਹੱਲ ਯਕੀਨੀ ਬਣਾਇਆ ਜਾਵੇਗਾ। ਇਸ ਤੋਂ ਪਹਿਲਾਂ ਸੋਗ ਪਰੇਡ ਵੱਲੋਂ ਸੋਗ ਸਲਾਮੀ ਦਿੱਤੀ ਗਈ ਅਤੇ ਡੀ ਐੱਸ ਪੀ ਰਾਜ ਕੁਮਾਰ ਵੱਲੋਂ ਦੇਸ਼ ਦੇ ਵੱਖ-ਵੱਖ ਸੂਬਿਆਂ ਦੀਆਂ ਫੋਰਸਾਂ ਅਤੇ ਪੰਜਾਬ ਪੁਲਿਸ ਦੇ ਅਧਿਕਾਰੀਆਂ ਅਤੇ ਜਵਾਨਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਨਾਮ ਪੜ੍ਹੇ ਗਏ।



## ਮੁਲਾਜ਼ਮ ਅਤੇ ਪੈਨਸ਼ਨਰ 16 ਨੂੰ ਰੈਲੀ ਵਿੱਚ ਹੁੰਮਹੁਮਾ ਕੇ ਪਹੁੰਚਣ : ਪ ਸ ਸ ਫ ਆਗੂ



**ਮਾਹਿਲਪੁਰ (ਸ਼ਫ਼ਰੀ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਸੂਬਾ ਪ੍ਰਧਾਨ ਸਤੀਸ਼ ਰਾਣਾ, ਮਾਹਿਲਪੁਰ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਮੱਖਣ ਸਿੰਘ ਲੰਗੇਰੀ ਅਤੇ ਅਮਰਜੀਤ ਕੁਮਾਰ ਨੇ ਸਾਂਝੇ ਤੌਰ 'ਤੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਮਾਣ ਭੱਤੇ ਤੇ ਕੰਮ ਕਰਦੀਆਂ ਮਿਡ ਡੇ ਮੀਲ ਵਰਕਰਾਂ ਅਤੇ ਇਨਸੈਂਟਿਵ ਤੇ ਕੰਮ ਕਰਦੀਆਂ ਆਸ਼ਾ ਵਰਕਰਾਂ, ਆਊਟਸੋਰਸਿੰਗ ਮੁਲਾਜ਼ਮ ਅਤੇ ਫੈਸਿਲੀਟੇਟਰ ਮੁਲਾਜ਼ਮਾਂ ਦਾ ਰੁਜ਼ਗਾਰ ਦੇ ਨਾਂ ਤੇ ਪੂਰੀ ਤਰਾਂ ਸ਼ੋਸ਼ਣ ਕੀਤਾ ਜਾ ਰਿਹਾ ਹੈ ਜਿਨਾਂ ਨੂੰ ਸਰਕਾਰ ਵੱਲੋਂ ਨਿਰਧਾਰਤ ਘੱਟੋ ਘੱਟ ਉਜਰਤ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ, ਮੁਲਾਜ਼ਮਾਂ ਨੂੰ ਮਹਿਗਾਈ ਭੱਤਾ ਕੇਂਦਰ ਨਾਲੋਂ 16% ਘੱਟ ਦਿੱਤਾ ਜਾ ਰਿਹਾ ਹੈ, ਤਨਖਾਹ ਕਮਿਸ਼ਨ ਦੇ ਬਕਾਏ, ਪੁਰਾਣੀ ਪੈਨਸ਼ਨ ਬਹਾਲ ਕਰਨ, ਪੈਨਸ਼ਨਰਾਂ ਦੀ ਪੈਨਸ਼ਨ ਦੋਹਰਾਈ 2.59 ਗੁਣਾਂਕ, ਪ੍ਰੋਬੇਸ਼ਨ ਪੀਰੀਅਡ ਦੇ ਨਾਂ ਤੇ ਤਿੰਨ ਸਾਲ ਮੁਢਲੀ ਤਨਖਾਹ ਦੇ ਕੇ ਮੁਲਾਜ਼ਮਾਂ ਦਾ ਆਰਥਿਕ ਸ਼ੋਸ਼ਣ, ਜਬਰੀ ਥੋਪਿਆ ਗਿਆ ਪੇਅ-ਕਮਿਸ਼ਨ, ਏ ਸੀ ਪੀ ਤੇ 37 ਤਰ੍ਹਾਂ ਦੇ ਭੱਤੇ ਸੋਧਣ ਦੇ ਨਾਂਅ ਤੇ ਬੰਦ ਕੀਤੇ ਹੋਏ ਹਨ।ਇਸ ਮੌਕੇ ਆਗੂਆਂ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ 16 ਨਵੰਬਰ ਨੂੰ ਮੁਲਾਜ਼ਮ-ਪੈਨਸ਼ਨਰ ਸਾਂਝਾ ਫਰੰਟ ਵੱਲੋਂ ਸੰਗਰੂਰ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਵਿੱਚ ਵੱਡੇ ਪੱਧਰ ਤੇ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਜ਼ਿਲ੍ਹਾ ਗੌਰਮਿੰਟ ਟੀਚਰਜ ਯੂਨੀਅਨ ਸਲਾਹਕਾਰ ਸੁਨੀਲ ਸ਼ਰਮਾ, ਸੰਜੀਵ ਧੂਤ, ਸੁਰਜੀਤ ਰਾਜਾ, ਗੁਰਪ੍ਰੀਤ ਸਿੰਘ, ਉਂਕਾਰ ਸਿੰਘ, ਜਸਵਿੰਦਰ ਸਿੰਘ, ਅਜੇ ਕੁਮਾਰ, ਸੁਰਜੀਤ ਸਿੰਘ, ਬਲਜੀਤ ਸਿੰਘ, ਬਲਜਿੰਦਰ ਸਿੰਘ, ਹਰਪ੍ਰੀਤ ਸਿੰਘ, ਸਰਬਜੀਤ ਸਿੰਘ ਆਦਿ ਹਾਜ਼ਰ ਸਨ।

## ਬੂਟੇ ਲਗਾ ਕੇ ਮਨਾਈ ਗ੍ਰੀਨ ਦੀਵਾਲੀ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸ਼ਹੀਦ ਭਗਤ ਸਿੰਘ ਚੌਂਕ ਨਕੋਦਰ ਵਿਖੇ ਬੂਟੇ ਲਗਾ ਕੇ ਮਨਾਈ ਗ੍ਰੀਨ ਦੀਵਾਲੀ। ਇਸ ਦੀ ਜਾਣਕਾਰੀ ਐਡਵੋਕੇਟ ਨਾਗਰਾਜ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਸਪੋਰਟਸ ਕਲੱਬ ਅਤੇ ਵੈਲਫੇਅਰ ਸੋਸਾਇਟੀ ਨਕੋਦਰ ਦੇ ਪ੍ਰਧਾਨ ਨੇ ਦਿੱਤੀ। ਪ੍ਰਧਾਨ ਅਤੇ ਐਡਵੋਕੇਟ ਗੌਰਵ ਨਾਗਰਾਜ ਨੇ ਆਪਣੇ ਪਰਵਾਰ ਸਮੇਤ ਸ਼ਹੀਦ ਭਗਤ ਸਿੰਘ ਚੌਂਕ ਨਕੋਦਰ ਵਿਖੇ ਬੂਟੇ ਲਗਾ ਕੇ ਪ੍ਰਦੂਸ਼ਣ ਰਹਿਤ ਗ੍ਰੀਨ ਦਿਵਾਲੀ ਮਨਾਈ ਅਤੇ ਭਗਤ ਸਿੰਘ ਦੀ ਮੂਰਤੀ ਅੱਗੇ ਦੀਪਮਾਲਾ ਕੀਤੀ। ਇਸ ਸਮੇਂ ਐਡਵੋਕੇਟ ਨਾਗਰਾਜ ਨੇ ਖੁਦ ਪਰਵਾਰ ਸਮੇਤ ਗ੍ਰੀਨ ਦੀਵਾਲੀ ਮਨਾ ਕੇ ਇੱਕ ਚੰਗਾ ਸੁਨੇਹਾ ਦਿਤਾ ਅਤੇ ਲੋਕਾਂ ਨੂੰ ਵੀ ਗ੍ਰੀਨ ਦੀਵਾਲੀ ਮਨਾਉਣ ਦੀ ਸਲਾਹ ਦਿੱਤੀ।

## ਬਾਬਾ ਕਰਤਾਰ ਸਿੰਘ ਤੇ ਬਾਬਾ ਤਰਲੋਚਨ ਸਿੰਘ ਦੀ ਸਾਲਾਨਾ ਬਰਸੀ ਸ਼ਰਧਾ ਨਾਲ ਮਨਾਈ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ)**- ਪੂਰਨ ਬ੍ਰਹਮ ਗਿਆਨੀ ਸੱਚਖੰਡ ਵਾਸੀ ਸੰਤ ਬਾਬਾ ਕਰਤਾਰ ਸਿੰਘ ਕਾਰ ਸੇਵਾ ਵਾਲਿਆਂ ਦੀ 31ਵੀਂ ਤੇ ਸੰਤ ਬਾਬਾ ਤਰਲੋਚਨ ਸਿੰਘ ਦੀ 22ਵੀਂ ਸਲਾਨਾ ਬਰਸੀ ਇਤਿਹਾਸਕ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਠੱਟਾ ਵਿਖੇ ਮੁੱਖ ਸੇਵਾਦਾਰ ਸੰਤ ਬਾਬਾ ਹਰਜੀਤ ਸਿੰਘ ਦੀ ਅਗਵਾਈ ਹੇਠ ਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਬੜੀ ਹੀ ਸ਼ਰਧਾ ਭਾਵਨਾ ਅਤੇ ਸਤਿਕਾਰ ਸਹਿਤ ਮਨਾਈ ਗਈ। ਸੰਤਾਂ ਮਹਾਂਪੁਰਸ਼ਾਂ ਦੀ ਸਲਾਨਾ ਬਰਸੀ ਦੇ ਸਮਾਗਮਾਂ ਨੂੰ ਸਮਰਪਿਤ ਦੂਜੀ ਲੜੀ ਦੇ 16 ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਮੌਕੇ ਗ੍ਰੰਥੀ ਸਿੰਘ ਵੱਲੋਂ ਸੰਪੂਰਨਤਾ ਦੀ ਅਰਦਾਸ ਕੀਤੀ ਗਈ। ਉਪਰੰਤ ਦੀਵਾਨ ਹਾਲ ਵਿੱਚ ਸੁੰਦਰ ਦੀਵਾਨ ਸਜਾਏ ਗਏ ਜਿਸ ਵਿਚ ਸੰਤ ਬਾਬਾ ਲੀਡਰ ਸਿੰਘ ਗੁਰਸਰ ਸਾਹਿਬ ਸੈਫਲਾਬਾਦ, ਬਾਬਾ ਗੁਰਰਾਜਪਾਲ ਸਿੰਘ ਤੇ ਬਾਬਾ ਹਰਦੀਪ ਸਿੰਘ ਡੇਰਾ ਮਹਾਂਰਾਜ ਅੰਮ੍ਰਿਤਸਰ, ਬਾਬਾ ਹਰਦੀਪ ਸਿੰਘ ਡੇਰਾ ਬਾਬਾ ਸ੍ਰੀ ਚੰਦ ਜੀ ਬੂੜੇਵਾਲ ਆਦਿ ਸੰਗਤਾਂ ਦੇ ਸਨਮੁੱਖ ਹੋਏ। ਇਸ ਮੌਕੇ ਇਲਾਕੇ ਦੀਆਂ ਹੋਰ ਸ਼ਖ਼ਸੀਅਤਾਂ ਵੱਲੋਂ ਵੀ ਹਾਜ਼ਰੀਆਂ ਭਰੀਆਂ ਗਈਆਂ। ਸਮਾਗਮ ਦੌਰਾਨ ਭਾਈ ਕੁਲਵੰਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਦਮਦਮਾ ਸਾਹਿਬ ਠੱਟਾ ਵਾਲੇ, ਭਾਈ ਅਵਤਾਰ ਸਿੰਘ ਦੂਲੋਵਾਲ ਦਾ ਕਵੀਸ਼ਰੀ ਜਥਾ, ਭਾਈ ਗੁਰਦੇਵ ਸਿੰਘ ਯੂਕੇ ਕੀਰਤਨੀ ਜਥਾ, ਭਾਈ ਅਮਨਦੀਪ ਸਿੰਘ ਕੀਰਤਨੀ ਜਥਾ, ਭਾਈ ਸਤਨਾਮ ਸਿੰਘ ਲਾਲੂ ਘੁੰਮਣ ਵਾਲੇ ਢਾਡੀ ਜਥਾ ਆਦਿ ਵੱਲੋਂ ਕਵੀਸ਼ਰੀ, ਕੀਰਤਨ ਰਾਹੀਂ ਸੰਗਤਾਂ ਨੂੰ ਸੰਤ ਬਾਬਾ ਕਰਤਾਰ ਸਿੰਘ ਤੇ ਸੰਤ ਬਾਬਾ ਤਰਲੋਚਨ ਸਿੰਘ ਦੇ ਜੀਵਨ ਤੇ ਗੁਰ ਇਤਿਹਾਸ ਦੀ ਸਾਂਝ ਪਾਉਂਦਿਆਂ ਨਿਹਾਲ ਕੀਤਾ। ਸਮਾਗਮ ਸਮੇਂ ਸੰਤਾ ਮਹਾਂਪੁਰਸ਼ਾਂ, ਕੀਰਤਨੀ ਜਥੇ, ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਵਾਲੀਆਂ ਸੰਗਤਾਂ ਸਮੇਤ ਹੋਰ ਪਹੁੰਚੀਆਂ ਸਖਸ਼ੀਅਤਾਂ ਅਤੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਵਾਲੀਆਂ ਸੰਗਤਾਂ ਬਾਬਾ ਹਰਜੀਤ ਸਿੰਘ ਤੇ ਗੁਰਦੁਆਰਾ ਦਮਦਮਾ ਸਾਹਿਬ ਸਮੂਹ ਸੰਗਤ ਇਲਾਕਾ ਨਿਵਾਸੀ, ਸਮੂਹ ਸੰਗਤ ਪਿੰਡ ਠੱਟਾ ਪੁਰਾਣਾ, ਸਮੂਹ ਸੰਗਤ ਦੰਦੂਪੁਰ, ਕੁਲਵੰਤ ਸਿੰਘ ਰਾਜਸਥਾਨ, ਪੁਨੀਤਪਾਲ ਸਿੰਘ ਲੁਧਿਆਣਾ, ਗੁਰਦਿੱਤ ਸਿੰਘ ਲੁਧਿਆਣਾ, ਹਰਭਜਨ ਸਿੰਘ ਜਲੰਧਰ, ਅਮਰੀਕ ਸਿੰਘ ਦਾ ਪਰਿਵਾਰ ਗੋਇੰਦਵਾਲ ਸਾਹਿਬ, ਜਸਪਾਲ ਸਿੰਘ ਜਲੰਧਰ, ਜਗਜੀਤ ਸਿੰਘ ਲਖੀਮਪੁਰ ਖੀਰੀ ਯੂਪੀ, ਹਰਜੀਤ ਸਿੰਘ ਤਰਨਪਾਲ ਸਿੰਘ ਇਟਾਵਾ ਕਾਨਪੁਰ ਯੂਪੀ, ਭੁਪਿੰਦਰ ਸਿੰਘ ਨੈਨੀਤਾਲ ਉੱਤਰਾਖੰਡ, ਬਲਦੇਵ ਸਿੰਘ ਲੁਧਿਆਣਾ ਕਾਨਪੁਰ ਵਾਲੇ, ਬਿਕਰਮਜੀਤ ਸਿੰਘ ਰਸੂਲਪੁਰ, ਬਲਕਾਰ ਸਿੰਘ ਪਡੋਰੀ ਜਗੀਰ ਆਦਿ ਦਾ ਸੰਤ ਬਾਬਾ ਹਰਜੀਤ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਦਮਦਮਾ ਸਾਹਿਬ ਠੱਟਾ ਵਾਲਿਆਂ ਵੱਲੋਂ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਸਟੇਜ ਸਕੱਤਰ ਦੀ ਸੇਵਾ ਭਾਈ ਇੰਦਰਜੀਤ ਸਿੰਘ ਬਜਾਜ ਵੱਲੋਂ ਨਿਭਾਈ ਗਈ। ਗੁਰਦੁਆਰਾ ਦਮਦਮਾ ਸਾਹਿਬ ਠੱਟਾ ਵਿਖੇ ਵੱਡੀ ਗਿਣਤੀ ਵਿੱਚ ਨਤਮਸਤਕ ਹੋਣ ਵਾਲੀਆਂ ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਅਤੇ ਵੱਡੀ ਗਿਣਤੀ ਵਿੱਚ ਬੀਬੀਆਂ ਤੇ ਸੇਵਾਦਾਰਾਂ ਨੇ ਨਿਸ਼ਕਾਮ ਸੇਵਾ ਕੀਤੀ।



## ਫ੍ਰੀ ਆਯੁਰਵੈਦਿਕ ਕੈਂਪ ਲਗਾਇਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਦਯਾਵੰਤੀ ਆਯੂਕੇਅਰ ਚੈਰੀਟੇਬਲ ਡਿਸਪੈਂਸਰੀ ਬੰਸੀ ਲਾਲ ਮਾਰਕੀਟ ਬੰਗਾ ਰੋਡ ਫਗਵਾੜਾ ਵੱਲੋਂ ਫਾਊਂਡੇਸ਼ਨ ਦੇ ਚੇਅਰਮੈਨ ਸਤੀਸ਼ ਕੁਮਾਰ ਬੱਤਰਾ (ਫਰੰਟੀਅਰ ਕਲੌਥ ਹਾਊਸ) ਦੇ ਦਿਸ਼ਾ ਨਿਰਦੇਸ਼ਾਂ ਅਤੇ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੇ ਯਤਨਾਂ ਸਦਕਾ ਭਗਵਾਨ ਧਨਵੰਤਰੀ ਜੀ ਦੀ ਜਯੰਤੀ ਨੂੰ ਸਮਰਪਿਤ ਫਰੀ ਆਯੁਰਵੈਦਿਕ ਕੈਂਪ ਮੈਨੇਜਰ ਪਰਮਜੀਤ ਸਿੰਘ ਚੱਗਰ ਦੀ ਦੇਖਰੇਖ ਹੇਠ ਗੁਰੂ ਰਾਮ ਦਾਸ ਹਾਲ ਗੁਰਦੁਆਰਾ ਪ੍ਰੇਮ ਨਗਰ ਖੇੜਾ ਰੋਡ ਫਗਵਾੜਾ ਵਿਖੇ ਲਗਾਇਆ ਗਿਆ। ਮਲਕੀਅਤ ਸਿੰਘ ਰਘਬੋਤਰਾ ਨੇ ਹਾਜ਼ਰੀਨ ਨੂੰ ਆਯੁਰਵੈਦ ਇਲਾਜ ਪ੍ਰਣਾਲੀ ਦੇ ਜਨਮਦਾਤਾ ਭਗਵਾਨ ਧਨਵੰਤਰੀ ਦੀ ਜਯੰਤੀ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਕਿਹਾ ਕਿ ਇਸ ਪ੍ਰਣਾਲੀ ਨਾਲ ਬਿਮਾਰੀ ਦਾ ਜੜ੍ਹੋਂ ਖਾਤਮਾ ਕੀਤਾ ਜਾ ਸਕਦਾ ਹੈ। ਕੈਂਪ ਦੌਰਾਨ ਡਾ: ਵਿਕਾਸ (ਬੀ ਏ ਐੱਮ ਐੱਸ) ਨੇ ਪਰਮਿੰਦਰ ਸਿੰਘ ਦੇ ਸਹਿਯੋਗ ਨਾਲ ਵੱਖ-ਵੱਖ ਬਿਮਾਰੀਆਂ ਨਾਲ ਪੀੜ੍ਹਤ ਕਰੀਬ 50 ਮਰੀਜ਼ਾਂ ਦੀ ਜਾਂਚ ਕੀਤੀ ਅਤੇ ਲੋੜਵੰਦਾਂ ਨੂੰ ਫਰੀ ਦਵਾਈ ਦਿੱਤੀ ਗਈ। ਆਰਥਕ ਪੱਖੋਂ ਗਰੀਬ ਲੋਕਾਂ ਨੂੰ ਬਿਲਕੁਲ ਫਰੀ ਦਵਾਈ ਦਿੱਤੀ ਜਾਂਦੀ ਹੈ। ਕੈਂਪ ਨੂੰ ਸਫਲ ਬਨਾਉਣ ਵਿੱਚ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਸਵਿੰਦਰ ਸਿੰਘ, ਸਕੱਤਰ ਸਤਿੰਦਰਜੀਤ ਸਿੰਘ, ਸਾਬਕਾ ਪ੍ਰਧਾਨ ਦਵਿੰਦਰ ਸਿੰਘ ਚਾਨਾ ਅਤੇ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੇ ਪ੍ਰਧਾਨ ਬੀਬੀ ਮਨਜੀਤ ਕੌਰ ਦਾ ਵਿਸ਼ੇਸ਼ ਸਹਿਯੋਗ ਰਿਹਾ। ਰਘਬੋਤਰਾ ਵਲੋਂ ਸਮੂਹ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਵੀ ਕੀਤਾ ਗਿਆ। ਇਸ ਮੌਕੇ ਪ੍ਰੇਮ ਨਗਰ ਸੇਵਾ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਐਸ.ਸੀ. ਚਾਵਲਾ, ਰਾਜੀਵ ਕੁਮਾਰ ਦਸੋੜ, ਪੰਕਜ ਰਾਵਤ, ਅਸ਼ਵਨੀ ਸ਼ਰਮਾ (ਬਬਲੀ), ਭੈਣ ਕਾਂਤਾ ਸ਼ਰਮਾ, ਸੁਰਿੰਦਰ ਪਾਲ ਆਦਿ ਹਾਜਰ ਸਨ।



## ਸਾਲਾਨਾ ਦੀਵਾਲੀ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)**- ਸੁਮਨ ਜਠੇਰੇ ਪ੍ਰਬੰਧਕ ਸਭਾ ਅਤੇ ਸਮੂਹ ਸੁਮਨ ਪਰਵਾਰ ਵਲੋਂ ਢਾਹਾਂ ਕਲੇਰਾਂ ਵਿਖੇ ਸਾਲਾਨਾ ਦੀਵਾਲੀ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਦਰਬਾਰ ਤੇ ਝੰਡੇ ਦੀ ਰਸਮ, ਵੱਡੇ ਵਡੇਰਿਆਂ ਦੀ ਪੂਜਾ ਕੀਤੀ ਗਈ,ਕੁਲ ਲੋਕਾਈ ਦੇ ਭਲੇ ਲਈ ਅਰਦਾਸ ਕੀਤੀ ਗਈ। ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ 'ਚ ਸੰਗਤਾਂ ਦਰਬਾਰ ਤੇ ਨਤਮਸਤਕ ਹੋਈਆਂ। ਦਰਬਾਰ ਤੇ ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਪ੍ਰਬੰਧਕਾਂ ਵੱਲੋਂ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਭੁਪਿੰਦਰ ਸੁਮਨ,ਜੋਗਿੰਦਰ ਸੁਮਨ, ਰਿੰਕੂ ਸੁਮਨ, ਜਗਦੀਸ਼ ਸੁਮਨ, ਹੁਸਨ ਲਾਲ, ਲਾਲ ਚੰਦ, ਰਾਮ ਲੁਭਾਇਆ,ਦੇਵ ਰਾਜ ਮੀਓਂਵਾਲ, ਰਮਨਦੀਪ ਸੁਮਨ, ਪੰਮਾ ਨੂਰਪੁਰ, ਜਸਵਿੰਦਰ ਸੁਮਨ, ਮਨਪ੍ਰੀਤ ਕਲੇਰਾਂ,ਜੱਸਾ ਕਲੇਰਾਂ, ਰਾਹੁਲ ਕਲੇਰਾਂ, ਸੋਨੂੰ ਕਲੇਰਾਂ ਆਦਿ ਹਾਜ਼ਰ ਸਨ।

## ਦੀਵਾਲੀ ਮੌਕੇ ਪੱਤਰਕਾਰ ਸਨਮਾਨਤ



**ਬੰਗਾ (ਅਵਤਾਰ ਕਲੇਰ)**- ਵਿਧਾਨ ਸਭਾ ਹਲਕਾ ਬੰਗਾ ਦੇ ਪਿੰਡ ਗੁਣਾਂਚੌਰ ਵਿਖੇ ਹਲਕਾ ਸੰਗਠਨ ਇੰਚਾਰਜ ਆਮ ਆਦਮੀ ਪਾਰਟੀ ਬੰਗਾ ਪਵਨਜੀਤ ਸਿੰਘ ਸਿੱਧੂ ਵਲੋਂ ਹਲਕਾ ਬੰਗਾ ਅਧੀਨ ਆਉਂਦੇ ਵੱਖ-ਵੱਖ ਅਖਬਾਰਾਂ ਦੇ ਪੱਤਰਕਾਰਾਂ ਨੂੰ ਦੀਵਾਲੀ ਮੌਕੇ ਸਨਮਾਨਤ ਕਰਨ ਲਈ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਪੱਤਰਕਾਰਾਂ ਵੱਲੋਂ ਹਲਕਾ ਸੰਗਠਨ ਇੰਚਾਰਜ ਦੀ ਹਾਜ਼ਰੀ 'ਚ ਆਪਣੇ ਵਿਚਾਰ ਰੱਖੇ। ਪਵਨਜੀਤ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਸੂਬੇ ਨੂੰ ਦੇਸ਼ ਦਾ ਨੰਬਰ ਇੱਕ ਸੂਬਾ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ। ਉਹਨਾਂ ਦੱਸਿਆ ਕਿ ਬਹੁਤ ਜਲਦ ਪੰਜਾਬ ਅੰਦਰ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਸਕੀਮ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੀ ਜਾ ਰਹੀ ਹੈ ਜੋ ਸੂਬੇ ਦੇ ਸਾਰੇ ਸਰਕਾਰੀ ਹਸਪਤਾਲਾਂ ਤੋਂ ਇਲਾਵਾ 2000 ਦੇ ਕਰੀਬ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਲਾਗੂ ਹੋਵੇਗੀ ਜਿਸ ਦੇ ਤਹਿਤ ਪੰਜਾਬ ਦੇ ਹਰ ਵਿਅਕਤੀ ਦਾ 10 ਲੱਖ ਤੱਕ ਦਾ ਇਲਾਜ ਬਿਲਕੁਲ ਮੁਫਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਪੰਜਾਬ ਸਰਕਾਰ ਦੀਆਂ ਵੱਖ ਵੱਖ ਲੋਕ ਭਲਾਈ ਦੀਆਂ ਸਕੀਮਾਂ ਤੋਂ ਪੱਤਰਕਾਰ ਭਾਈਚਾਰੇ ਨੂੰ ਜਾਣੂ ਕਰਵਾਇਆ । ਉਨ੍ਹਾਂ ਪੱਤਰਕਾਰਾਂ ਨੂੰ ਸਨਮਾਨਤ ਕਰਦੇ ਹੋਏ ਉਨਾਂ ਨੂੰ ਦੀਵਾਲੀ, ਬੰਦੀ ਛੋੜ, ਵਿਸ਼ਕਰਮਾ ਦਿਵਸ ਦੀਆਂ ਵਧਾਈਆਂ ਦਿੱਤੀਆਂ। ਇਸ ਸਨਮਾਨ ਲਈ ਪੱਤਰਕਾਰਾ ਨੇ ਪਵਨਜੀਤ ਸਿੰਘ ਸਿੱਧੂ ਦਾ ਧੰਨਵਾਦ ਕੀਤਾ। ਇਸ ਮੌਕੇ ਨਰਿੰਦਰ ਮਾਹੀ, ਮਨਜਿੰਦਰ ਸਿੰਘ, ਅਮਰੀਕ ਕਟਾਰੀਆਂ, ਸੁਖਜਿੰਦਰ ਸਿੰਘ, ਧਰਮਵੀਰ ਪਾਲ,ਕੁਲਦੀਪ ਬੰਗਾ, ਬੱਗਾ ਸੇਲਕੀਆਣਾ, ਜਗਦੀਸ਼ ਕਲਸੀ, ਰਾਜ ਮਜਾਰੀ, ਅਵਤਾਰ ਕਲੇਰ, ਰੇਸ਼ਮ ਕਲੇਰ, ਪ੍ਰੇਮ ਜੰਡਿਆਲੀ ਆਦਿ ਹਾਜ਼ਰ ਸਨ।

## ਦੀਵਾਲੀ ਤੇ ਵਿਸ਼ਵਕਰਮਾ ਦਿਵਸ ਧੂਮਧਾਮ ਨਾਲ ਮਨਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪਿੰਡ ਭੀਣ ਵਿਖੇ ਸਿੱਧੂ ਜਠੇਰੇ ਸੇਵਾ ਵੈਲਫੇਅਰ ਕਮੇਟੀ ਅਤੇ ਐਨ ਆਰ ਆਈ ਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਸਿੱਧੂ ਜਠੇਰਿਆਂ ਤੇ ਸਲਾਨਾ ਦੋ ਦਿਨਾਂ ਦੀਵਾਲੀ ਅਤੇ ਵਿਸ਼ਵਕਰਮਾ ਦਿਵਸ ਬੜੀ ਸ਼ਰਧਾ ਪੂਰਵਕ ਧੂਮਧਾਮ ਨਾਲ ਮਨਾਇਆ। ਜਾਣਕਾਰੀ ਦਿੰਦੇ ਸੇਵਾਦਾਰ ਸਤਨਾਮ ਸਿੰਘ ਕਮਲ ਸਿੱਧੂ ਨੇ ਦੱਸਿਆ ਕਿ ਸਿੱਧੂ ਜਠੇਰਿਆਂ ਸੇਵਾ ਵੈਲਫੇਅਰ ਕਮੇਟੀ ਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਪਿੰਡ ਭੀਣ ਸਿੱਧੂ ਜਠੇਰਿਆ ਤੇ 21 ਅਕਤੂਬਰ ਨੂੰ ਪਹਿਲਾਂ ਸਵੇਰੇ ਮੂਰਤੀਆ ਦੇ ਇਸ਼ਨਾਨ ਅਤੇ ਮੂਰਤੀਆ ਦੇ ਵਸਤਰ ਸਮੂਹ ਸੰਗਤਾਂ ਵਲੋ ਬਦਲੇ ਗਏ ਤੇ ਮੌਕੇ ਤੇ ਨਿਸ਼ਾਨ ਸਾਹਿਬ ਵੀ ਸੰਗਤਾਂ ਦੇ ਸਹਿਯੋਗ ਨਾਲ ਚੜ੍ਹਾਇਆ ਗਿਆ, ਚਿਰਾਗ਼ ਰੋਸ਼ਨ ਕੀਤੇ ਗਏ, ਦੀਪਮਾਲਾ ਕੀਤੀ ਗਈ। 22 ਅਕਤੂਬਰ ਨੂੰ ਸਵੇਰੇ ਨੂੰ ਹੋਰ ਵੀ ਜਿਹੜੀਆਂ ਬਣਦੀਆਂ ਰਸਮਾ ਸਮੂਹ ਸੰਗਤਾ ਦੇ ਸਹਿਯੋਗ ਨਾਲ ਜਠੇਰਿਆਂ ਤੇ ਕੀਤੀਆਂ ਗਈਆਂ ।ਸਵੇਰੇ ਚਾਹ ਪਕੌੜੇ ਲੰਗਰ ਸੰਗਤਾਂ ਲਈ ਲੰਗਰ ਦੋਨੋ ਦਿਨ ਚਲਾਇਆ ਗਿਆ। ਸਤਨਾਮ ਸਿੰਘ ਕਮਲ ਸਿੱਧੂ ਨੇ ਕਿਹਾ ਹੈ ਸਾਨੂੰ ਆਪਣੇ ਮਾਤਾ ਪਿਤਾ ਦੀ ਸੇਵਾ ਤੇ ਵੱਡੇ ਵਡੇਰਿਆਂ ਦੀ ਸੇਵਾ ਸੱਚੇ ਮਨ ਧੰਨ ਨਾਲ ਕਰਨੀ ਚਾਹੀਦੀ ਹੈ। ਸੇਵਾ ਕਰਨ ਦੇ ਨਾਲ ਹਮੇਸ਼ਾ ਵਿਅਕਤੀ ਪਾਰ ਲੰਘ ਜਾਦਾ ਹੈ।ਸਿੱਧੂ ਜਠੇਰੇ ਸੇਵਾ ਵੈਲਫੇਅਰ ਕਮੇਟੀ ਵਲੋ ਸੰਗਤਾ ਤੇ ਐਨ ਆਰ ਆਈ ਵੀਰਾਂ ਦਾ ਧੰਨਵਾਦ ਕੀਤਾ ਗਿਆ। ਬਾਬਾ ਮਦਨ ਲਾਲ ਸ਼ਾਹ, ਰਣਜੀਤ ਸਿੱਧੂ ਵਿਚ ਸਿੱਧੂ ਜਠੇਰੇ ਸੇਵਾ ਵੈਲਫੇਅਰ ਕਮੇਟੀ ਦੇ ਮੈਬਰ ਤੇ ਸਮੂਹ ਸੇਵਾਦਾਰ ਹਾਜ਼ਰ ਸਨ।



## ਸੰਤੋਖ ਵੀਰ ਦੀ ਕਿਤਾਬ ਗੁਰਸਿੱਖੀ ਪ੍ਰਸ਼ਨੋਤਰੀ ਰਿਲੀਜ਼

**ਜੇਜੋਂ ਦੋਆਬਾ, ਗੜ੍ਹਸ਼ੰਕਰ (ਨਿਰਮਲ ਸਿੰਘ ਮੁੱਗੋਵਾਲ, ਫੂਲਾ ਸਿੰਘ ਬੀਰਮਪੁਰ)**- ਗਾਂਧੀ ਪਾਰਕ ਸਥਿਤ ਦੁਆਬਾ ਸਾਹਿਤ ਸਭਾ ਗੜ੍ਹਸ਼ੰਕਰ ਦੇ ਦਫਤਰ ਤੇ ਮੇਜਰ ਸਿੰਘ ਮੌਜੀ ਲਾਇਬਰੇਰੀ ਵਿਖੇ ਸਭਾ ਦੀ ਮਹੀਨਾਵਾਰ ਮੀਟਿੰਗ ਸਭਾ ਪ੍ਰਧਾਨ ਪ੍ਰਿੰਸੀਪਲ ਡਾ. ਬਿੱਕਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਭਾ ਦੇ ਸਰਪ੍ਰਸਤ ਸੰਤੋਖ ਸਿੰਘ ਵੀਰ ਵੱਲੋਂ ਰਚਿਤ ਪੁਸਤਕ ਗੁਰਸਿੱਖੀ ਪ੍ਰਸ਼ਨੋਤਰੀ ਲੋਕ ਅਰਪਣ ਕੀਤੀ ਗਈ। ਪੁਸਤਕ ਰਿਲੀਜ਼ ਕਰਨ ਮੌਕੇ ਪੰਜਾਬੀ ਸਾਹਿਤ ਦੇ ਉੱਘੇ ਆਲੋਚਕ ਪ੍ਰੋਫੈਸਰ ਜੇ ਬੀ ਸੇਖੋਂ ਨੇ ਸੰਤੋਖ ਸਿੰਘ ਵੀਰ ਵੱਲੋਂ ਰਚਿਤ ਕਿਤਾਬ ਬਾਰੇ ਬੋਲਦਿਆਂ ਹੋਇਆਂ ਕਿਹਾ ਕਿ ਇਸ ਕਿਤਾਬ ਵਿੱਚ ਸੰਤੋਖ ਸਿੰਘ ਵੀਰ ਨੇ ਜਿਹੜੀ ਸ਼ੈਲੀ ਦੀ ਵਰਤੋਂ ਕੀਤੀ ਹੈ ਉਸ ਦੀ ਪਰੰਪਰਾ ਭਾਰਤੀ ਖਾਸ ਕਰਕੇ ਪੁਰਾਤਨ ਪੰਜਾਬੀ ਸਮੇਂ ਦੀ ਪਰੰਪਰਾ ਨੂੰ ਅੱਗੇ ਵਧਾਉਂਦੀ ਹੈ ਤੇ ਇਸ ਸਮੇਂ ਇਸ ਪਰੰਪਰਾ ਦੀ ਬਹੁਤ ਜ਼ਿਆਦਾ ਜ਼ਰੂਰਤ ਹੈ ।ਇਸ ਸਮੇਂ ਕਿਤਾਬ ਤੇ ਬੋਲਦਿਆਂ ਹੋਇਆਂ ਮੁਲਾਜ਼ਮ ਆਗੂ ਮੁਕੇਸ਼ ਕੁਮਾਰ ਨੇ ਕਿਹਾ ਕਿ ਜਦੋਂ ਹਾਕਮਾਂ ਵੱਲੋਂ ਸਵਾਲ ਕਰਨ ਤੇ ਮੁਲਕ ਵਿੱਚ ਬਿਲਕੁਲ ਪਾਬੰਦੀ ਲਗਾਈ ਹੋਈ ਹੈ, ਅਜਿਹੇ ਸਮੇਂ ਉਹਨਾਂ ਕਿਤਾਬਾਂ ਦੀ ਬਹੁਤ ਜ਼ਰੂਰਤ ਹੈ ਜੋ ਸਵਾਲ ਕਰਦੀਆਂ ਹੋਣ ਤੇ ਨਾਲ ਹੀ ਉਹਨਾਂ ਦਾ ਜਵਾਬ ਲੱਭਣ ਲਈ ਸੰਵਾਦ ਰਚਾਉਂਦੀਆਂ ਹੋਣ। ਸਭਾ ਪ੍ਰਧਾਨ ਪ੍ਰਿੰਸੀਪਲ ਡਾ.ਬਿੱਕਰ ਸਿੰਘ ਨੇ ਸੰਤੋਖ ਵੀਰ ਵੱਲੋਂ ਸਿੱਖੀ ਵਿਚਾਰਧਾਰਾ ਨੂੰ ਸਮਰਪਿਤ ਕਿਤਾਬ ਨੂੰ ਦੁਆਬਾ ਸਾਹਿਤ ਸਭਾ ਰਾਹੀਂ ਪਾਠਕਾਂ ਦੀ ਝੋਲੀ ਪਾਣ ਤੇ ਵਧਾਈ ਅਤੇ ਉਹਨਾਂ ਦੇ ਪੱਕੇ ਤੌਰ 'ਤੇ ਵਿਦੇਸ਼ ਸਥਾਪਤ ਹੋਣ ਲਈ ਸ਼ੁਭ ਕਾਮਨਾਵਾਂ ਦਿਤੀਆਂ। ਇਸ ਮੌਕੇ ਤੇ ਵੀਰ ਜੀ ਨੇ ਕਿਹਾ ਕਿ ਉਹ ਸਭਾ ਵਲੋਂ ਦਿੱਤੇ ਮਾਣ ਸਤਿਕਾਰ ਲਈ ਹਮੇਸ਼ਾ ਸਭਾ ਦੇ ਰਿਣੀ ਰਹਿਣਗੇ । ਸਮਾਗਮ ਦੇ ਦੂਜੇ ਸ਼ੈਸ਼ਨ ਵਿੱਚ ਹੋਏ ਕਵੀ ਦਰਬਾਰ ਦੀ ਪ੍ਰਧਾਨਗੀ ਸ੍ਰ. ਪਰਮਿੰਦਰ ਸਿੰਘ , ਸੁਪਰਡੈਂਟ ਖਾਲਸਾ ਕਾਲਜ ਗੜ੍ਹਸ਼ੰਕਰ ਨੇ ਕੀਤੀ। ਕਵੀ ਦਰਬਾਰ ਵਿੱਚ ਵੱਖ ਵੱਖ ਕਵੀਆਂ ਸ.ਤਾਰਾ ਸਿੰਘ ਚੇੜਾ, ਮੈਡਮ ਜਸਵੀਰ ਕੌਰ, ਹੰਸਰਾਜ ਗੜ੍ਹਸ਼ੰਕਰ, ਬਲਵੀਰ ਖਾਨਪੁਰੀ, ਤਰਨਜੀਤ ਗੋਗੋ, ਸੰਤੋਖ ਵੀਰ ਜੀ ,ਵਿਜੇ ਭੱਟੀ, ਐਡਵੋਕੇਟ ਪ੍ਰਭਜੋਤ ਸਿੰਘ ਨਵਾਂ ਸ਼ਹਿਰ , ਪ੍ਰੋ. ਜੇ. ਬੀ. ਸੇਖੋਂ , ਮੁਕੇਸ਼ ਕੁਮਾਰ , ਅਮਰਜੀਤ ਬੰਗੜ , ਮਨਦੀਪ ਕੁਮਾਰ, ਪ੍ਰਿੰਸੀਪਲ ਦਲਵਾਰਾ ਰਾਮ , ਗੁਰਦੀਪ ਸਿੰਘ ਮੁਕੱਦਮ ਅਤੇ ਜਰਨੈਲ ਸਿੰਘ ਵੱਲੋਂ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ ਗਈਆਂ। ਕਵੀ ਦਰਬਾਰ ਦੀ ਪ੍ਰਧਾਨਗੀ ਕਰਦਿਆਂ ਪਰਮਿੰਦਰ ਸਿੰਘ ਵੱਲੋ ਸਭਾ ਦੇ ਖਰਚਿਆਂ ਲਈ 1100 ਰੁਪਏ ਦੀ ਸਹਿਯੋਗੀ ਰਾਸ਼ੀ ਵੀ ਭੇਟ ਕੀਤੀ ਗਈ । ਸਭਾ ਦੀ ਮੀਟਿੰਗ ਦੇ ਅੰਤ ਵਿੱਚ ਸੰਤੋਖ ਵੀਰ ਵਲੋ ਵਿਦੇਸ਼ ਜਾਣ ਦੀ ਖੁਸ਼ੀ ਵਿੱਚ ਸਭਾ ਨੂੰ 5000/- ਰੁਪੈ ਦੀ ਸਹਿਯੋਗੀ ਰਾਸ਼ੀ ਭੇਟ ਕਰਦਿਆਂ ਸਭਾ ਨਾਲ ਜੁੜੇ ਰਹਿਣ ਦਾ ਅਹਿਦ ਕਰਨ ਲਈ ਦੁਆਬਾ ਸਾਹਿਤ ਸਭਾ ਗੜ੍ਹਸ਼ੰਕਰ ਦੇ ਪ੍ਰਧਾਨ ਵੱਲੋਂ ਉਹਨਾਂ ਦਾ ਧੰਨਵਾਦ ਅਤੇ ਵਿਦੇਸ਼ ਜਾਣ ਲਈ ਸ਼ੁਭ ਕਾਮਨਾਵਾਂ ਦੇਣ 'ਤੇ ਮੀਟਿੰਗ ਵਿੱਚ ਸ਼ਾਮਿਲ ਸਮੂਹ ਸਾਥੀਆਂ ਦਾ ਧੰਨਵਾਦ ਕੀਤਾ।



## ਦੇਸ਼ ਹਾਲੇ ਵੀ ਅਨਪੜ੍ਹਤਾ ਦੀ ਦਲਦਲ 'ਚ ਫਸਿਆ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਡਿਜੀਟਲ ਢਾਂਚਾ ਉਸਾਰਨਾ ਸ਼ਲਾਘਾਯੋਗ ਕੰਮ ਹੈ,ਪਰ ਉਸ ਨੂੰ ਸ਼ੁਰੂ ਕਰਨ ਤੋਂ ਪਹਿਲਾਂ ਇਹ ਵੇਖਣਾ ਜ਼ਰੂਰੀ ਹੈ ਕਿ ਕਿੰਨੇ ਵਧਾਇਕ 10 ਵੀਂ ਫੈਲ੍ਹ, ਕਿੰਨੇ ਸਰਪੰਚ,ਪੰਚ, ਨੰਬਰਦਾਰ ਗਰੈਜੂਏਟ ਅਤੇ ਕੰਪਿਊਟਰ ਸਿੱਖਿਆ ਤੋਂ ਸਾਫ ਹਨ,ਜਿਨ੍ਹਾਂ ਦੇ ਸਹਾਰੇ ਡਿਜੀਟਲ ਕੰਮ ਚਲਣਾ ਹੈ।ਇਸ ਸਬੰਧ ਵਿਚ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਇਕਦਮ ਦੇਸ਼ ਵਿਚ ਆਫ ਲਾਇਨ ਕੰਮ ਬੰਦ ਸਾਰੇ ਕੰਮਾਂ ਨੂੰ ਕੰਪਿਊਟਰੀ ਸਿਸਟਮ ਨਾਲ ਜੋੜਣ ਨਾਲ ਪੈਦਾ ਹੋ ਰਹੀਆਂ ਮੁਸ਼ਕਿਲਾਂ ਨੂੰ ਅਣਗੌਲਿਆਂ ਕਰਨ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਦੇਸ਼ ਦੇ ਉਹ ਲੋਕ ਕਿਥੇ ਜਾਣਗੇ ਜਿਨ੍ਹਾਂ ਨੂੰ ਕੰਪਿਊਟਰ ਦੀ ਏ ਬੀ ਸੀ ਵੀ ਨਹੀਂ ਆਉਂਦੀ।ਇਹ ਸਭ ਕੁਝ ਵੇਖਣ ਦੀ ਲੋੜ ਹੈ ਕਿ ਕੀ ਸਾਰਾ ਦੇਸ਼ ਪੜ੍ਹਿਆ ਲਿਖਿਆ ਬਣ ਗਿਆ ਹੈ।ਪੜ੍ਹੇ ਲਿੱਖੇ ਲੋਕ ਤਾਂ ਕੰਪਿਉਟਰ ਸਿਸਟਮ ਨੂੰ ਸਮਝਦੇ ਹਨ ਪਰ ਜਿਹੜੇ ਅਨਪੜ੍ਹ ਹਨ,ਉਹ ਲੋਕ ਪੂਰੀ ਤਰ੍ਹਾਂ ਧੜਾਧੜ ਖੁਲ ਰਹੀਆਂ ਕੰਪਿਊਟਰ ਵਾਲੀਆਂ ਦੁਕਾਨਾ ਉੱਤੇ ਨਿਰਭਰ ਹੋ ਗਏ ਹਨ ਤੇ ਇਨ੍ਹਾਂ ਕੰਪਿਊਟਰ ਸੈਂਟਰਾਂ ਵਿਚ ਗਰੀਬ ਅਨਪੜ੍ਹ ਲੋਕਾਂ ਦੀ ਲੁੱਟ ਹੋਣ ਲੱਗ ਪਈ ਹੈ।ਧੀਮਾਨ ਨੇ ਕਿਹਾ ਕਿ ਸਾਰੇ ਲੋਕ ਆਰਥਿਕ ਪੱਖ ਤੋਂ ਐਨੇ ਅਮੀਰ ਨਹੀਂ ਹੋ ਗਏ ਕਿ ਉਹ ਆਪਣੇ ਘਰਾਂ ਵਿਚ ਕੰਪਿਊਟਰ ਰੱਖ ਸਕਣ ਤੇ ਇਨਟਰਨੈਟ ਸੇਵਾਵਾਂ ਦੇ ਬਿਲ੍ਹਾਂ ਦਾ ਭੁਗਤਾਨ ਕਰ ਸਕਣ। ਲੋਕਾਂ ਨੂੰ ਦਫਤਰਾਂ,ਨੰਬਰਦਾਰਾਂ,ਸਰਪੰਚਾਂ ਅਤੇ ਪਟਵਾਰੀਆਂ,ਕਾਨੂੰਗੋਆਂ,ਤਹਿਸੀਲਾਂ ਵਿਚ ਚੱਕਰ ਕੱਢਣੇ ਪੈ ਰਹੇ ਹਨ। ਧੀਮਾਨ ਨੇ ਕਿਹਾ ਕਿ ਸਰਕਾਰ ਨੂੰ ਮੁੜ ਵਿਚਾਰ ਕਰਨਾ ਚਾਹੀਦਾ ਹੈ ਕਿ ਡਿਜੀਟਲ ਸਿਸਟਮ ਦੇ ਨਾਲ ਆਫ ਲਾਇਨ ਕੰਮ ਕਰਨ ਦੀ ਵਿਧੀ ਨੂੰ ਵੀ ਚਾਲੂ ਰਖਿਆ ਜਾਵੇ ਤੇ ਇਹ ਸਭ ਕੁਝ ਕਰਨ ਤੋਂ ਪਹਿਲਾਂ ਲੋਕਾਂ ਦੀ ਮੁਸ਼ਕਿਲਾਂ ਨੂੰ ਜਾਨਣਾ ਜ਼ਰੂਰੀ ਸੀ।



## 3 ਰੋਜ਼ਾ 43ਵਾਂ ਰੋਸ਼ਨੀ ਮੇਲਾ ਅੱਜ ਤੋਂ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪੀਰ ਬਾਬਾ ਮੱਦੂਆਣਾ ਪ੍ਰਬੰਧਕ ਕਮੇਟੀ ਵੱਲੋਂ ਬਾਬਾ ਦੋ ਗੁੱਤਾ ਵਾਲਿਆਂ ਦੀ ਯਾਦ ਨੂੰ ਸਮਰਪਿਤ 43ਵਾਂ 3 ਰੋਜ਼ਾ ਰੋਸ਼ਨੀ ਮੇਲਾ ਕਰਵਾਉਣ ਸਬੰਧੀ ਮੀਟਿੰਗ ਚੇਅਰਮੈਨ ਅਮਰਜੀਤ ਸਿੰਘ ਨਿੱਪੀ ਬੈਂਸ ਤੇ ਪ੍ਰਧਾਨ ਨਰਿੰਦਰ ਮੋਹਨ ਨਿੰਦੀ ਅਗਵਾਈ 'ਚ ਹੋਈ ਜਿਸ 'ਚ ਸਮੂਹ ਮੈਂਬਰਾਂ ਨੇ ਭਾਗ ਲਿਆ। ਮੀਟਿੰਗ ਉਪਰੰਤ ਮੇਲੇ ਦਾ ਪੋਸਟਰ ਜਾਰੀ ਕਰਦਿਆ ਪ੍ਰਧਾਨ ਨਰਿੰਦਰ ਮੋਹਣ ਨਿੰਦੀ ਨੇ ਦੱਸਿਆ ਕਿ ਇਹ ਮੇਲਾ ਇਲਾਕਾ ਨਿਵਾਸੀ ਅਤੇ ਸੰਗਤਾ ਦੇ ਸਹਿਯੋਗ ਨਾਲ 23 ਤੋਂ 25 ਅਕਤੂਬਰ ਪੀਰ ਬਾਬਾ ਮੱਦੂਆਣਾ ਦੇ ਦਰਬਾਰ 'ਤੇ ਕਰਵਾਇਆ ਜਾ ਰਿਹਾ ਹੈ, ਜਿਸ 'ਚ 23 ਅਕਤੂਬਰ ਨੂੰ ਚਿਰਾਗਾਂ ਦੀ ਰਸਮ, 24 ਅਕਤੂਬਰ ਨੂੰ ਦੁਪਹਿਰ 12 ਵਜੇ ਝੰਡਾ ਝੜਾਉਣ ਦੀ ਰਸਮ ਹੋਵੇਗੀ। 25 ਅਕਤੂਬਰ ਨੂੰ 8 ਵਜੇ ਮੇਲੇ ਦੇ ਉਦਘਾਟਨ ਸੋਹਣ ਸਿੰਘ ਠੰਡਲ ਸਾਬਕਾ ਕੈਬਨਿਟ ਮੰਤਰੀ, ਭਾਜਪਾ ਆਗੂ ਨਿਮਿਸ਼ਾ ਪਹਿਤਾ ਤੇ ਡਾ. ਦਿਲਬਾਗ ਰਾਏ ਮੈਬਰ ਪਲੈਨਿੰਗ ਬੋਰਡ ਭਾਜਪਾ ਆਪਣੇ ਕਰ ਕਮਲਾਂ ਨਾਲ ਕਰਨਗੇ ।ਸਮਾਗਮ ਵਿੱਚ ਜੈ ਕ੍ਰਿਸ਼ਨ ਸਿੰਘ ਰੌੜੀ ਵਿਧਾਇਕ ਹਲਕਾ ਗੜ੍ਹਸ਼ੰਕਰ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਇੰਟਰਨੈਸ਼ਨਲ ਪੰਜਾਬੀ ਲੋਕ ਗਾਇਕ ਕਾਸ਼ੀ ਨਾਥ, ਮਨੀ ਖਾਨ, ਅਰਮਾਨ ਢਿੱਲੋਂ, ਜਿੰਦਰ ਖਾਨਪੁਰੀ ਅਤੇ ਲੱਕੀ ਕਵਾਲ ਐਂਡ ਪਾਰਟੀ ਅੰਮ੍ਰਿਤਸਰ ਆਪਣਾ ਪ੍ਰੋਗਰਾਮ ਪੇਸ਼ ਕਰਨਗੇ। ਇਸ ਮੌਕੇ ਅਮਰਜੀਤ ਸਿੰਘ, ਰਾਮ ਸਰੂਪ ਖਜ਼ਾਨਚੀ, ਤਰਸੇਮ ਭਾਅ, ਰਾਜੀਵ ਸ਼ਰਮਾਂ, ਨਰੇਸ਼ ਕੁਮਾਰ ਲਵਲੀ, ਡਾ. ਪੰਮਾ, ਕੇਵਲ ਅਰੋੜਾ, ਨਵਤੇਜ ਸਿੰਘ ਬੈਂਸ, ਰਜਿੰਦਰ ਰਾਣਾ, ਪਰਮਜੀਤ ਸਿੰਘ ਰਾਣਾ, ਬਿਕਰਮਜੀਤ ਸਿੰਘ ਰਾਣਾ, ਰਾਜੂ ਅਰੋੜਾ, ਸਾਹਿਲ, ਨਰਿੰਦਰ ਨਰੂਲਾ, ਪਿਰਤਪਾਲ ਸਿੰਘ, ਬਲਜਿੰਦਰ ਭਰੋਲੀ, ਪਰਮਜੀਤ ਸਿੰਘ, ਰਜਿੰਦਰ ਰਾਮ, ਸੰਤੋਖ ਭਰੋਲੀ, ਸਾਧੂ ਰਾਮ, ਬਾਬਾ ਤਾਰੀ ਆਦਿ ਹਾਜ਼ਰ ਸਨ।



## ਗੁਰਮਤਿ ਸਮਾਗਮ ਸ਼ਰਧਾ ਨਾਲ ਕਰਵਾਏ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਇਤਿਹਾਸਕ ਪਿੰਡ ਭੁੰਗਰਨੀ ਵਿਖੇ ਪਾਤਸ਼ਾਹੀ ਸੱਤਵੀਂ ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੀ ਪਵਿੱਤਰ ਚਰਨ ਛੋਹ ਪ੍ਰਾਪਤ ਧਰਤੀ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਾਤਸ਼ਾਹੀ ਨੌਵੀਂ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਤਾਬਦੀ ਸ਼ਹੀਦੀ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਸੁਰਜੀਤ ਸਿੰਘ ਮਸੂਤਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਮਾਗਮ ਦੌਰਾਨ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਭਾਈ ਸੁਖਚੈਨ ਸਿੰਘ ਮੁੱਖ ਗ੍ਰੰਥੀ ਭੁੰਗਰਨੀ, ਭਾਈ ਸਤਿੰਦਰ ਸਿੰਘ ਆਲਮ ਹੁਸ਼ਿਆਰਪੁਰ ਆਦਿ ਨੇ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕਾਂ ਵੱਲੋਂ ਰਾਗੀ ਜਥੇ, ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਮਾਗਮ ਦੌਰਾਨ ਬਲਵੀਰ ਸਿੰਘ ਤੰਬੜ, ਰਾਜਵੀਰ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਬਲਵਿੰਦਰ ਸਿੰਘ, ਜਤਿੰਦਰ ਸਿੰਘ, ਭੁਪਿੰਦਰ ਸਿੰਘ, ਬਲਵੀਰ ਸਿੰਘ, ਜਸਵੰਤ ਸਿੰਘ, ਗੁਰਬਚਨ ਸਿੰਘ ਕਾਕਾ ਤੇ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਆਗਰਾ ਚੌਕ ਦਾ ਇੱਕ ਕਰੋੜ 60 ਲੱਖ ਰੁਪਏ ਦੀ ਲਾਗਤ ਨਾਲ ਹੋਵੇਗਾ ਸੁੰਦਰੀਕਰਨ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਖੇਡ ਰਾਜ ਮੰਤਰੀ ਗੌਰਵ ਗੌਤਮ ਨੇ ਮੰਗਲਵਾਰ ਨੂੰ ਪਲਵਲ ਸ਼ਹਿਰ ਦੇ ਆਗਰਾ ਚੌਕ 'ਤੇ ਇੱਕ ਕਰੋੜ 60 ਲੱਖ ਰੁਪਏ ਦੀ ਲਾਗਤ ਨਾਲ ਕੀਤੇ ਜਾਣ ਵਾਲੇ ਸੁੰਦਰੀਕਰਣ ਕੰਮਾਂ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ 'ਤੇ ਮੰਤਰੀ ਨੇ ਕਿਹਾ ਕਿ ਇਸ ਰਕਮ ਨਾਲ ਆਗਰਾ ਚੌਕ 'ਤੇ ਵੱਖ-ਵੱਖ ਤਰ੍ਹਾ ਦੇ ਸੁੰਦਰੀਕਰਣ ਕੰਮ ਕਰਵਾਏ ਜਾਣਗੇ। ਖੇਡ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਮੁੱਖ ਉਦੇਸ਼ ਪਲਵਲ ਨੂੰ ਸਾਫ ਅਤੇ ਸਵੱਛ ਬਣਾ ਕੇ ਪੂਰੇ ਦੇਸ਼ ਵਿੱਚ ਨੰਬਰ ਵਨ ਬਨਾਉਣਾ ਹੈ, ਇਸ ਲਈ ਸਰਕਾਰ ਤੇ ਜਿਲ੍ਹਾ ਪ੍ਰਸ਼ਾਸਨ ਵੱਲੋਂ ਹਰਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਪਲਵਲ ਦੇ ਸੁੰਦਰੀਕਰਨ ਦੇ ਤਹਿਤ ਸ਼ਹਿਰ ਦੀ ਸਫਾਈ, ਰੋਸ਼ਨੀ ਅਤੇ ਕਲਾਕ੍ਰਿਤੀ ਰਾਹੀਂ ਸੁੰਦਰਤਾ ਵਧਾਈ ਜਾ ਰਹੀ ਹੈ। ਨਗਰ ਪਰਿਸ਼ਦ ਵੱਲੋਂ ਮੁੱਖ ਬਾਜਾਰਾਂ, ਚੌਰਾਹਿਆਂ ਅਤੇ ਪਬਲਿਕ ਥਾਵਾਂ ਨੂੰ ਤਿਰੰਗਾ ਅਤੇ ਰੰਗੀਨ ਐਲਈਡੀ ਲਾਇਟਾਂ ਨਾਲ ਸਜਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਵੱਡੇ ਸ਼ਹਿਰਾਂ ਦੀ ਤਰਜ 'ਤੇ ਫਲਾਈਓਵਰ ਅਤੇ ਦੀਵਾਰਾਂ 'ਤੇ ਮਿਊਰਲ ਆਰਟ ਅਤੇ ਸ਼ਾਨਦਾਰ ਦਰਵਾਜੇ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਮੁੱਖ ਦਰਵਾਜਿਆਂ 'ਤੇ ਆਲੀਸ਼ਾਨ ਦਰਵਾਜੇ ਬਨਾਉਣ ਦੀ ਯੋਜਨਾ ਹੈ। ਇਸ ਮੌਕੇ 'ਤੇ ਨਗਰ ਪ੍ਰੀਸ਼ਦ ਦੇ ਚੇਅਰਮੈਨ ਡਾ. ਯੱਸ਼ਪਾਲ, ਡੀ ਐੱਮ ਸੀ ਮਨੀਸ਼ਾ ਸ਼ਰਮਾ ਤੇ ਮਾਣਯੋਗ ਲੋਕ ਮੌਜੂਦ ਰਹੇ।

## 24ਵਾਂ ਮਹਾਨ ਕੀਰਤਨ ਦਰਬਾਰ ਅਮਿੱਟ ਯਾਦਾਂ ਨਾਲ ਹੋਇਆ ਸਮਾਪਤ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ ਪੰਜਾਬ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਨੂੰ ਸਮਰਪਿਤ 24ਵਾਂ ਮਹਾਨ ਕੀਰਤਨ ਦਰਬਾਰ ਪਿੰਡ ਸੈਂਚਾਂ ਮਹਿੰਗਰੋਵਾਲ ਰੋਡ ਹੁਸ਼ਿਆਰਪੁਰ ਵਿਖੇ ਅਮਿੱਟ ਯਾਦਾਂ ਨਾਲ ਸਮਾਪਤ ਹੋਇਆ, ਜਿਸ ਵਿੱਚ ਦੇਸ਼ ਵਿਦੇਸ਼ ਦੀ ਸੰਗਤ ਨੇ ਸ਼ਰਧਾ ਪੂਰਵਕ ਹਾਜ਼ਰੀ ਭਰੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਹੇਠ ਚੇਅਰਮੈਨ ਸੁਰਿੰਦਰ ਸੰਧੂ, ਰਿਟਾ. ਐਕਸੀਅਨ, ਜਗਦੀਸ਼ ਬੱਧਣ ਪ੍ਰਧਾਨ, ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ ਸਕੱਤਰ, ਓਮ ਲਾਲ ਸੰਧੂ, ਸਰਬਜੀਤ ਸਿੰਘ ਵਿਰਦੀ, ਐਡਵੋਕੇਟ ਕਮਲਜੀਤ ਸਿੰਘ ਸਰੋਆ ਅਤੇ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਖੁੱਲ੍ਹੇ ਸੁੰਦਰ ਸਜਾਏ ਪੰਡਾਲਾਂ ਵਿਚ ਕੀਰਤਨ ਦੇ ਦੀਵਾਨਾਂ ਦੀ ਆਰੰਭਤਾ ਹੋਈ। ਰਾਗੀ ਜਥੇ ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ, ਭਾਈ ਘਰਜੋਤ ਸਿੰਘ ਖਾਲਸਾ, ਸੰਤ ਨਿਰਮਲ ਸਿੰਘ ਆਬਾਦਾਨ, ਭਾਈ ਗੁਰਪ੍ਰੀਤ ਸਿੰਘ ਰਾੜਾ ਸਾਹਿਬ ਵਾਲੇ, ਸੰਤ ਸਤਨਾਮ ਦਾਸ ਗੱਜਰ ਮਹਿਦੂਦ, ਬਾਬਾ ਹਰਭਜਨ ਸਿੰਘ ਖਾਲਸਾ ਚੱਕ ਸੋਤਲਾ, ਸੰਤ ਗੁਰਮੁੱਖ ਦਾਸ ਸਾਹਰੀ, ਰਿਸ਼ੀ ਰਾਜ ਨਵਾਂ ਸ਼ਹਿਰ, ਸੰਤ ਗੁਰਮੇਲ ਦਾਸ ਰਹੀਮਪੁਰ, ਸੰਤ ਜਸਵਿੰਦਰ ਸਿੰਘ ਡਾਂਡੀਆਂ, ਓਮ ਪ੍ਰਕਾਸ਼ ਰਾਣਾ, ਮਨਜਿੰਦਰ ਬਸਰਾ, ਅਮਰੀਕ ਸਿੰਘ, ਹਰਿੰਦਰ ਸਿੰਘ, ਸ੍ਰੀ ਗੁਰੂ ਰਵਿਦਾਸ ਜੀ ਸਭਾ ਆਦਮਵਾਲ ਦੇ ਸਿਖਿਆਰਥੀਆਂ, ਵਿਕਰਾਂਤ ਸਿੰਘਪੁਰਾ ਆਦਿ ਨੇ ਰਸਭਿੰਨਾ ਕੀਰਤਨ, ਕਥਾ, ਗੁਰਮਤਿ ਵਿਚਾਰਾਂ ਰਾਹੀਂ ਹਾਜ਼ਰ ਸੰਗਤ ਨੂੰ ਨਿਹਾਲ ਕੀਤਾ। ਇਸ ਮੌਕੇ ਇੰਜੀ. ਸੁਰਿੰਦਰ ਸੰਧੂ, ਐਕਸੀਅਨ ਜਗਦੀਸ਼ ਲਾਲ ਬੱਧਣ, ਠੇਕੇਦਾਰ ਭਗਵਾਨ ਦਾਸ ਸਿੱਧੂ ਅਤੇ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਨੇ ਸੰਤਾਂ ਮਹਾਂਪੁਰਸ਼ਾਂ, ਸਮਾਜਿਕ, ਰਾਜਨੀਤਕ ਸਖਸ਼ੀਅਤਾਂ ਨੂੰ ਸਿਰਪਾਓ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਵਿਜੇ ਸਵੈਨ ਯੂ ਐਸ ਏ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਇੰਜੀ.ਜਗਦੀਸ਼ ਬੱਧਣ ਪ੍ਰਧਾਨ ਨੂੰ ਉਨ੍ਹਾਂ ਦੀਆਂ ਸਮਾਜ ਦੀ ਬਿਹਤਰੀ ਲਈ ਕੀਤੇ ਜਾ ਰਹੇ ਯਤਨਾਂ ਨੂੰ ਦੇਖਦੇ ਹੋਏ ਗੋਲਡ ਮੈਡਲ ਨਾਲ ਸਨਮਾਨਤ ਕੀਤਾ ਗਿਆ। ਇਹ ਸਨਮਾਨ ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ ਵਾਲੇ, ਚੇਅਰਮੈਨ ਸੁਰਿੰਦਰ ਸੰਧੂ, ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ ਸਕੱਤਰ, ਓਮ ਲਾਲ ਸੰਧੂ, ਸਰਬਜੀਤ ਸਿੰਘ ਵਿਰਦੀ, ਡਾਕਟਰ ਐੱਸ ਕੇ ਹੀਰਾ, ਡਾਕਟਰ ਮਨੋਹਰ ਲਾਲ, ਸੰਤ ਮਹਾਂਪੁਰਸ਼ਾਂ ਅਤੇ ਸਮਾਜ ਦੇ ਵੱਖ ਵੱਖ ਖੇਤਰਾਂ ਨਾਲ ਜੁੜੀਆਂ ਸਖਸ਼ੀਅਤਾਂ ਵਲੋਂ ਕੀਤਾ ਗਿਆ। ਕੀਰਤਨ ਦਰਬਾਰ ਦੀ ਸਮਾਪਤੀ ਦੀ ਅਰਦਾਸ ਉਪਰੰਤ ਸੰਗਤਾਂ ਦਾ ਧੰਨਵਾਦ ਕਰਦਿਆਂ ਐਕਸੀਅਨ ਜਗਦੀਸ਼ ਲਾਲ ਬੱਧਣ ਨੇ ਕਿਹਾ ਕਿ ਕੀਰਤਨ ਦਰਬਾਰ ਦਾ ਮੁੱਖ ਮਕਸਦ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ, ਕ੍ਰਾਂਤੀਕਾਰੀ ਵਿਚਾਰਧਾਰਾ ਦਾ ਪ੍ਰਚਾਰ, ਪ੍ਰਸਾਰ ਕਰਨਾ ਅਤੇ ਬਾਬਾ ਸਾਹਿਬ ਡਾ. ਅੰਬੇਡਕਰ ਦੀ ਵਿਚਾਰਧਾਰਾ ਨੂੰ ਜਨ ਜਨ ਤੱਕ ਪਹੁੰਚਾਉਣਾ ਹੈ।ਇਸ ਮੌਕੇ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ ਪੰਜਾਬ ਦੇ ਮੈਂਬਰ ਇੰਜ. ਸੰਤੋਖ ਸਿੰਘ, ਐੱਸ ਡੀ ਓ ਅਜੀਤ ਸਿੰਘ, ਸਰਬਜੀਤ ਸਿੰਘ ਵਿਰਦੀ, ਬਲਵਿੰਦਰ ਸਿੰਘ ਆਦਮਵਾਲ, ਕਸ਼ਮੀਰਾ ਸਿੰਘ, ਇੰਜ.ਹਰਭਜਨ ਸਿੰਘ, ਡਾ. ਮਨੋਹਰ ਲਾਲ ਰਿਟਾ. ਐੱਸ ਐਮ ਓ, ਕੈਪਟਨ ਗਿਆਨ ਚੰਦ, ਜਗਦੀਪ ਸਿੰਘ ਕੰਗ, ਕੈਪਟਨ ਨਿਰਵੈਰ ਸਿੰਘ, ਮੈਨੇਜਰ ਕੁਲਵਿੰਦਰ ਰਾਮ, ਡਾ. ਜਗਤਾਰ ਸਿੰਘ, ਰਾਮਜੀ ਵਸੀਕਾ ਨਵੀਸ, ਡਾ. ਐਸ ਕੇ ਹੀਰਾ, ਐਡਵੋਕੇਟ ਕਮਲਜੀਤ ਸਿੰਘ, ਐਡਵੋਕੇਟ ਸੁਨੀਲ ਕੁਮਾਰ, ਐਡਵੋਕੇਟ ਬੀ ਆਰ ਬੱਧਣ, ਐਡਵੋਕੇਟ ਧਰਮਿੰਦਰ ਦਾਦਰਾ, ਐਡਵੋਕੇਟ ਪਲਵਿੰਦਰ ਮਾਨਾ, ਐਡਵੋਕੇਟ ਹਨੀ ਅਜ਼ਾਦ, ਸੇਵਾ ਮੁਕਤ ਐੱਸ ਈ ਅਸ਼ੋਕ ਕੁਮਾਰ ਕਲਸੀ, ਹਰੀ ਸਿੰਘ ਫਗਵਾੜਾ, ਮਨਜੀਤ ਸਿੰਘ ਫਗਵਾੜਾ, ਰੂਪ ਸਿੰਘ ਜੌਹਲ, ਕੁਲਵੀਰ ਸਿੰਘ ਯੂ ਐਸ ਏ, ਅਵਤਾਰ ਸਿੰਘ ਹੀਰ, ਅਮਨਦੀਪ ਹੀਰ ਆਸਟ੍ਰੇਲੀਆ, ਅਵਤਾਰ ਸਿੰਘ ਨਲੋਈਆਂ, ਅਜੇ ਵਿਰਦੀ ਪ੍ਰੇਮਗੜ੍ਹ, ਲਹਿੰਬਰ ਰਾਮ ਝੰਮਟ ਬਲਵੀਰ ਸਿੰਘ ਪ੍ਰੇਮਗੜ੍ਹ, ਸਤਨਾਮ ਸਿੰਘ ਸੁਭਾਸ਼ ਨਗਰ, ਪ੍ਰੇਮ ਸਿੰਘ ਖਾਨਪੁਰ ਥਿਆੜਾ, ਇੰਜੀ. ਸੋਹਣ ਲਾਲ, ਮਾਸਟਰ ਸੰਤੋਖ ਸਿੰਘ ਵੀ ਹਾਜ਼ਰ ਸਨ।ਸਟੇਜ ਸਕੱਤਰ ਦੀ ਸੇਵਾ ਮੋਹਣ ਸਿੰਘ ਬਸੀ ਮਰੂਫ, ਰਜਿੰਦਰ ਸਿੰਘ ਹਰਗੜੀਆ ਤੇ ਪ੍ਰੋਫੈਸਰ ਲਖਵਿੰਦਰ ਸਿੰਘ ਨੇ ਨਿਭਾਈ।ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ, ਸਰਪੰਚ ਮਹਿੰਦਰ ਪਾਲ ਸੇਂਚਾਂ, ਭਗਤ ਰਾਮ ਸ਼ਰਨ, ਇੰਜ. ਅਮਿਤ ਕੁਮਾਰ, ਸਰਵਣ ਕੁਮਾਰ, ਸੂਬੇਦਾਰ ਰਜੇਸ਼ ਕੁਮਾਰ, ਰਾਜ ਕੁਮਾਰ, ਮੈਨੇਜਰ ਰਾਮ ਚੰਦ, ਸੁਰਜੀਤ ਸਿੰਘ, ਸੱਤਪਾਲ ਸਿੰਘ, ਲਾਲੀ ਮਾਨ, ਵੇਦ ਪ੍ਰਕਾਸ਼, ਰਵਿੰਦਰ ਕੁਮਾਰ,ਵਿਜੇ ਕੁਮਾਰ, ਕੁਲਦੀਪ ਕੁਮਾਰ, ਨਰੇਸ਼ ਕੁਮਾਰ, ਰਾਹੁਲ ਬੱਧਣ, ਸੰਤੋਖ ਸਿੰਘ, ਸੁਰਜੀਤ ਕੁਮਾਰ ਤੇ ਸਮੂਹ ਮੈਂਬਰ ਪੰਚਾਇਤ,ਭਾਰੀ ਗਿਣਤੀ ਵਿੱਚ ਇਲਾਕਾ ਨਿਵਾਸੀ ਸੰਗਤਾਂ ਹਾਜਰ ਸਨ।



## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਦੀਵਾਲੀ ਸੰਬੰਧੀ ਸਮਾਗਮ




**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਗਰੀਨ ਦੀਵਾਲੀ ਮਨਾਈ ਗਈ । ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਵਿਸ਼ੇਸ਼ ਤੌਰ 'ਤੇ ਸਮਾਗਮ ਵਿਚ ਸ਼ਾਮਲ ਹੋਏ । ਦੂਜੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਦਰਮਿਆਨ ਕੈਂਡਲ ਤੇ ਦੀਵਾ ਡੈਕੋਰੇਸ਼ਨ ਪ੍ਰਤੀਯੋਗਤਾ ਕਰਵਾਈ ਗਈ ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ । ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਵਿਚਕਾਰ ਥਾਲੀ ਮੇਕਿੰਗ ਪ੍ਰਤੀਯੋਗਤਾ ਕਰਵਾਈ ਗਈ ਜਿਸ ਵਿੱਚ ਛੇਵੀਂ ਜਮਾਤ 'ਚੋਂ ਜਪਜੀਤ ਕੌਰ ਪਹਿਲੇ, ਏਕਮਜੋਤ ਕੌਰ ਦੂਸਰੇ ਅਤੇ ਰੂਹਾਨ ਤੀਸਰੇ ਸਥਾਨ 'ਤੇ ਰਿਹਾ । ਸੱਤਵੀਂ ਜਮਾਤ ਹਰਨੂਰ ਕੌਰ ਪਹਿਲੇ, ਰਾਸ਼ੀ ਦੂਸਰੇ ਅਤੇ ਗੁਰਲੀਨ ਕੌਰ ਤੀਸਰੇ ਸਥਾਨ 'ਤੇ ਰਹੀ । ਅੱਠਵੀਂ ਜਮਾਤ ਮਨਵੀਰ ਕੌਰ ਪਹਿਲੇ, ਵਾਨਿਆ ਦੂਸਰੇ ਅਤੇ ਪੂਰਵੀ ਤੀਸਰੇ ਸਥਾਨ 'ਤੇ ਰਹੀ । ਨੌਵੀਂ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਵਿਚਕਾਰ ਅੰਤਰ ਹਾਊਸ ਰੰਗੋਲੀ ਪ੍ਰਤੀਯੋਗਿਤਾ ਕਰਵਾਈ ਗਈ । ਜਿਸ ਵਿੱਚ ਭਗਤ ਸਿੰਘ ਹਾਊਸ ਜੇਤੂ ਰਿਹਾ । ਨੇਤਾ ਜੀ ਹਾਊਸ ਦੂਸਰੇ ਤੇ ਊਧਮ ਸਿੰਘ ਹਾਊਸ ਤੀਸਰੇ ਸਥਾਨ 'ਤੇ ਰਿਹਾ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਨੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਬੰਦੀ ਛੋੜ ਦਿਵਸ ਅਤੇ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ।

## ਠੀਕਰੀਵਾਲਾ ਬਹੁਮੰਤਵੀ ਖੇਤੀਬਾੜੀ ਸਹਿਕਾਰੀ ਸਭਾ ਦੇ ਮੈਂਬਰਾਂ ਦੀ ਚੋਣ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਅਣਖੀ)**-ਦੀ ਠੀਕਰੀਵਾਲਾ ਬਹੁਮੰਤਵੀ ਖੇਤੀਬਾੜੀ ਸਹਿਕਾਰੀ ਸਭਾ ਲਿਮਿਟਿਡ ਦੀ ਚੋਣ ਪ੍ਰਕਿਰਿਆ ਅਮਨ ਸ਼ਾਂਤੀ ਨਾਲ ਮੁਕੰਮਲ ਹੋਈ।ਚੋਣ ਸਕੱਤਰ ਸੰਦੀਪ ਸਿੰਘ, ਸਕੱਤਰ ਬਲਜੀਤ ਸਿੰਘ ਚੁਹਾਣਕੇ ਕਲਾਂ ਤੇ ਸੇਲਜ਼ਮੈਨ ਸੁਖਬੀਰ ਸਿੰਘ ਦੀ ਦੇਖ ਰੇਖ ਹੇਠ ਹੋਈ ਵੋਟਿੰਗ ਪੂਰੇ ਅਨੁਸ਼ਾਸਨ ਨਾਲ ਹੋਈ। ਗਿਣਤੀ ਉਪਰੰਤ ਐਲਾਨ ਕੀਤੇ ਅੰਤਿਮ ਨਤੀਜੇ ਅਨੁਸਾਰ ਚੁਣੇ ਮੈਂਬਰ ਅਕਵਿੰਦਰ ਕੌਰ ਪਤਨੀ ਤੇਜਿੰਦਰ ਸਿੰਘ, ਜਰਨੈਲ ਸਿੰਘ ਪੁੱਤਰ ਜਸਵੀਰ ਸਿੰਘ, ਅਮਰਨਾਥ ਸਿੰਘ ਪੁੱਤਰ ਬਾਬੂ ਸਿੰਘ, ਕਰਮਜੀਤ ਕੌਰ ਪਤਨੀ ਕੁਲਦੀਪ ਸਿੰਘ, ਜਸਪ੍ਰੀਤ ਸਿੰਘ ਪੁੱਤਰ ਦਰਸ਼ਨ ਸਿੰਘ, ਜਸਵੀਰ ਸਿੰਘ ਪੁੱਤਰ ਮਲਕੀਤ ਸਿੰਘ, ਦਰਸ਼ਨ ਦਾਸ ਪੁੱਤਰ ਸੁਖਦੇਵ ਦਾਸ, ਹਾਕਮ ਸਿੰਘ ਪੁੱਤਰ ਕ੍ਰਿਪਾਲ ਸਿੰਘ, ਰਾਮਪਾਲ ਸਿੰਘ ਪੁੱਤਰ ਘੁੱਲਾ ਸਿੰਘ, ਸਤਨਾਮ ਸਿੰਘ ਪੁੱਤਰ ਹਰਨੇਕ ਸਿੰਘ, ਮਲਕੀਤ ਸਿੰਘ ਪੁੱਤਰ ਬਹਾਦਰ ਸਿੰਘ, ਲਾਭ ਸਿੰਘ ਪੁੱਤਰ ਮੇਵਾ ਸਿੰਘ, ਪ੍ਰੀਤਮ ਕੌਰ ਪਤਨੀ ਗੁਰਦਿਆਲ ਸਿੰਘ ਚੁਣੇ ਜਾਣ ਤੋਂ ਇਲਾਵਾ ਮਹਿੰਦਰ ਸਿੰਘ ਪੁੱਤਰ ਦਲੀਪ ਸਿੰਘ ਨੂੰ ਸਰਬ ਸੰਮਤੀ ਨਾਲ ਸਭਾ ਦਾ ਮੈਂਬਰ ਚੁਣਿਆ ਗਿਆ।ਇਸ ਮੌਕੇ ਸਰਪੰਚ ਕਿਰਨਜੀਤ ਸਿੰਘ ਗ੍ਰਾਮ ਪੰਚਾਇਤ, ਮੁਹਤਬਰਾਂ, ਪਿੰਡ ਵਾਸੀਆਂ ਵੱਲੋਂ ਨਵੇਂ ਚੁਣੇ ਮੈਂਬਰਾਂ ਨੂੰ ਹਾਰ ਪਾ ਕੇ ਸਨਮਾਨਤ ਕੀਤਾ ਗਿਆ।ਆਪ ਆਗੂ ਜਸਪ੍ਰੀਤ ਹੈਪੀ ਠੀਕਰੀਵਾਲਾ, ਸਕੱਤਰ ਜੰਗ ਸਿੰਘ ਨੇ ਨਵੇਂ ਚੁਣੇ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਗਲੇ 15 ਦਿਨਾਂ ਉਪਰੰਤ ਸਭਾ ਦੇ ਚੁਣੇ ਮੈਂਬਰ ਆਪਣੀ ਸਲਾਹ ਨਾਲ ਪ੍ਰਧਾਨ ਤੇ ਹੋਰ ਅਹੁਦੇਦਾਰਾਂ ਦੀ ਚੋਣ ਕਰ ਸਕਣਗੇ।

## ਲਾਈਫ ਲਾਈਨ ਕਲੱਬ ਨੇ ਲੋਕਾਂ ਦੀ ਸਹੂਲਤ ਲਈ ਚਾਰਜਿੰਗ ਪੁਆਇੰਟ ਲਗਾਏ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਲੋਕਾਂ ਦੀ ਰੋਜ਼ਮਰ੍ਹਾ ਦੀਆਂ ਸਹੂਲਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਲਾਈਫ ਲਾਈਨ ਵੈੱਲਫੇਅਰ ਕਲੱਬ ਵੱਲੋਂ ਦਵਿੰਦਰ ਕੁਮਾਰ ਬੱਲੂ, ਰਮਨ ਅਰੋੜਾ, ਤੀਰਥ ਬਾਂਸਲ, ਪ੍ਰਵੀਨ ਸੇਤੀਆ, ਰਾਮ ਤੀਰਥ ਤੇ ਵਿਜੇ ਮਿੱਤਲ ਦੀ ਅਗਵਾਈ ਵਿੱਚ ਇਕ ਸਰਾਹੁਣਯੋਗ ਕਦਮ ਚੁੱਕਿਆ ਗਿਆ ਹੈ।ਕਲੱਬ ਵੱਲੋਂ ਸਰਕਾਰੀ ਹਸਪਤਾਲ ਦੇ ਵਾਰਡ ਅੰਦਰ ਅਤੇ ਤਹਿਸੀਲ ਕੰਪਲੈਕਸ ਬਾਘਾ ਪੁਰਾਣਾ ਵਿੱਚ ਮੋਬਾਇਲ ਚਾਰਜਿੰਗ ਪੁਆਇੰਟ ਲਗਾਏ ਗਏ ਹਨ, ਤਾਂ ਜੋ ਹਸਪਤਾਲ ਆਉਣ ਵਾਲੇ ਮਰੀਜ਼ਾਂ, ਉਨ੍ਹਾਂ ਦੇ ਸਾਥੀਆਂ ਤੇ ਤਹਿਸੀਲ ਕੰਪਲੈਕਸ ਆਉਣ ਵਾਲੇ ਲੋਕਾਂ ਨੂੰ ਆਪਣਾ ਮੋਬਾਇਲ ਚਾਰਜ ਕਰਨ ਵਿੱਚ ਕੋਈ ਦਿੱਕਤ ਨਾ ਆਵੇ।ਇਹ ਪ੍ਰੇਰਕ ਕਦਮ ਉਸ ਸਮੇਂ ਲਿਆ ਗਿਆ, ਜਦੋਂ ਇੱਕ ਬਜ਼ੁਰਗ ਮਹਿਲਾ ਆਪਣੇ ਮੋਬਾਇਲ ਨੂੰ ਚਾਰਜ ਕਰਨ ਲਈ ਲੋਕਾਂ ਕੋਲ ਮਿੰਨਤਾਂ ਕਰ ਰਹੀ ਸੀ, ਪਰ ਕਿਸੇ ਨੇ ਵੀ ਮਦਦ ਨਹੀਂ ਕੀਤੀ।ਇਸ ਘਟਨਾ ਨੂੰ ਦੇਖਦੇ ਹੋਏ ਲਾਈਫ ਲਾਈਨ ਵੈੱਲਫੇਅਰ ਕਲੱਬ ਦੇ ਮੈਂਬਰਾਂ ਨੇ ਤੁਰੰਤ ਚਾਰਜਿੰਗ ਪੁਆਇੰਟ ਲਗਾਉਣ ਦਾ ਫੈਸਲਾ ਲਿਆ, ਤਾਂ ਜੋ ਅੱਗੇ ਕਿਸੇ ਨੂੰ ਇਸ ਤਰ੍ਹਾਂ ਦੀ ਤਕਲੀਫ਼ ਦਾ ਸਾਹਮਣਾ ਨਾ ਕਰਨਾ ਪਵੇ।ਲਾਈਫ ਲਾਈਨ ਵੈੱਲਫੇਅਰ ਕਲੱਬ ਵੱਲੋਂ ਅਗਲੇ ਦਿਨਾਂ ਵਿੱਚ ਹੋਰ ਵੀ ਲੋਕ ਭਲਾਈ ਦੇ ਪ੍ਰੋਜੈਕਟ ਸ਼ੁਰੂ ਕਰਨ ਦੀ ਯੋਜਨਾ ਬਣਾਈ ਜਾ ਰਹੀ ਹੈ।ਇਸ ਮੌਕੇ ਤਹਿਸੀਲਦਾਰ ਜਗਸੀਰ ਸਿੰਘ, ਕੁਲਵੰਤ ਰੀਡਰ ਤੇ ਹੋਰ ਹਾਜ਼ਰ ਸਨ।

## ਕਾਕਾ ਬਰਾੜ ਦੇ ਗ੍ਰਹਿ ਪੁੱਜੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸੂਬੇ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਦੇ ਸ੍ਰੀ ਮੁਕਤਸਰ ਸਾਹਿਬ ਦੌਰੇ ਦੌਰਾਨ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੇ ਗ੍ਰਹਿ ਵਿਖੇ ਪਹੁੰਚੇ।ਇਸ ਮੌਕੇ ਵਰਕਰਾਂ ਨਾਲ ਗੱਲਬਾਤ ਕੀਤੀ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਦੀ ਅਪੀਲ ਕੀਤੀ।ਇਸ ਮੌਕੇ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਵਚਨਬੱਧ ਹੈ ਤੇ ਇਸ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਵਰਕਰਾਂ ਨੂੰ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਬਾਰੇ ਜਾਣਕਾਰੀ ਹੋਣੀ ਚਾਹੀਦੀ ਹੈ ਤਾਂ ਜੋ ਉਹ ਲੋਕਾਂ ਨੂੰ ਇਨ੍ਹਾਂ ਸਕੀਮਾਂ ਦਾ ਲਾਭ ਲੈਣ ਵਿੱਚ ਮਦਦ ਕਰ ਸਕਣ।ਇਸ ਮੌਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕਿਹਾ ਕਿ ਉਹ ਹਮੇਸ਼ਾ ਲੋਕਾਂ ਦੀ ਸੇਵਾ ਲਈ ਤਿਆਰ ਹਨ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰਨਗੇ।ਇਸ ਮੌਕੇ ਹੋਰ ਵੀ ਕਈ ਪਾਰਟੀ ਵਰਕਰ ਹਾਜ਼ਰ ਸਨ।ਇਸ ਤੋਂ ਬਾਅਦ ਡਾ. ਰਵਜੋਤ ਸਿੰਘ ਨੇ ਸ੍ਰੀ ਮੁਕਤਸਰ ਸਾਹਿਬ ਦੇ ਵੱਖ-ਵੱਖ ਇਲਾਕਿਆਂ ਦਾ ਦੌਰਾ ਕੀਤਾ।ਇਸ ਮੌਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਮੰਤਰੀ ਸਾਹਿਬ ਨੂੰ ਸ੍ਰੀ ਦਰਬਾਰ ਸਾਹਿਬ ਦੇ ਤਸਵੀਰ ਭੇਟ ਕੀਤੀ ਗਈ।

## ਰਾਇਟਵੇ ਨੇ ਲਵਾਇਆ ਜਸ਼ਨਪ੍ਰੀਤ ਕੌਰ ਦਾ ਵੀਜ਼ਾ



**ਮੋਗਾ (ਇਕਬਾਲ ਸਿੰਘ ਹਰਿਰਾ)**-ਮਾਲਵਾ ਖੇਤਰ ਦੀ ਪ੍ਰਸਿੱਧ ਰਾਇਟ ਵੇ ਇਮੀਗ੍ਰੇਸ਼ਨ ਤੇ ਆਈਲੈਟਸ ਸੰਸਥਾ ਨੇ ਜਸ਼ਨਪ੍ਰੀਤ ਕੌਰ ਪੁੱਤਰੀ ਸੁਖਵਿੰਦਰ ਸਿੰਘ ਵਾਸੀ ਪਿੰਡ ਚੰਦੇਕੇ, ਫਤਹਿਆਬਾਦ ਹਰਿਆਣਾ ਦਾ ਆਸਟ੍ਰੇਲੀਆ ਦੇ ਐੱਲ ਆਈ.ਐੱਚ.ਟੀ. ਕਾਲਜ ਦਾ ਸਟੂਡੈਂਟ ਵੀਜ਼ਾ ਲਗਵਾ ਕੇ ਦਿੱਤਾ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਯ ਤਿਆਗੀ ਨੇ ਕਿਹਾ ਕਿ ਅਫਵਾਹਾਂ 'ਤੇ ਧਿਆਨ ਨਾ ਦਿਓ। ਉਨ੍ਹਾਂ ਕਿਹਾ ਕਿ ਜਿਨ੍ਹਾਂ ਬੱਚਿਆਂ ਦੇ ਕੈਨੇਡਾ ਤੋਂ ਜਾਂ ਯੂ ਕੇ ਦੇ ਸਟੱਡੀ ਕੇਸ ਰਿਫਿਊਜ਼ ਹੋ ਚੁੱਕੇ ਹਨ, ਉਹ ਆਪਣੀ ਫਾਈਲ ਲਗਾ ਸਕਦੇ ਹਨ ਤੇ ਜੇਕਰ ਕੋਈ ਵੀ ਵਿਜ਼ਟਰ ਜਾਂ ਟੂਰਿਸਟ ਵੀਜ਼ੇ 'ਤੇ ਯੂਕੇ, ਕੈਨੇਡਾ ਜਾਂ ਆਸਟ੍ਰੇਲੀਆ ਜਾਣਾ ਚਾਹੁੰਦਾ ਹੋਵੇ ਤਾਂ ਉਹ ਵੀ ਅਪਲਾਈ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਹੁਣ ਬੱਚੇ ਆਪਣੀ ਫਾਈਲ ਵਿੱਚ ਫੀਸ ਵੀਜ਼ਾ ਲੱਗਣ ਤੋਂ ਬਾਅਦ ਦੇ ਸਕਦੇ ਹਨ।ਰਾਇਟਵੇ ਇਮੀਗ੍ਰੇਸ਼ਨ ਬੈਂਕ ਦੇ ਜ਼ਰੀਏ ਬੱਚਿਆਂ ਨੂੰ ਐਜੂਕੇਸ਼ਨ ਲੋਨ ਦੀ ਸੁਵਿਧਾ ਵੀ ਦੇ ਦਿੰਦਾ ਹੈ, ਜਿਨ੍ਹਾਂ ਪੈਸਿਆਂ ਨੂੰ ਬੱਚੇ ਆਪਣੇ ਖਰਚੇ ਲਈ ਵਰਤ ਸਕਦੇ ਹਨ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਯ ਤਿਆਗੀ ਨੇ ਜਸ਼ਨਪ੍ਰੀਤ ਕੌਰ ਨੂੰ ਵਧਾਈ ਦਿੱਤੀ।

## ਸੱਤਿਆ ਭਾਰਤੀ ਸਕੂਲ ਲੱਖੋਵਾਲ 'ਚ ਗਲੋਬਲ ਹੈਂਡ ਵਾਸ਼ ਡੇ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸੱਤਿਆ ਭਾਰਤੀ ਸਕੂਲ ਲੱਖੋਵਾਲ ਵਿਖੇ ਗੋਲਬਲ ਹੈਂਡ ਵਾਸ਼ ਡੇ ਮਨਾਇਆ ਗਿਆ। ਸਕੂਲ ਦੇ ਹੈੱਡ ਟੀਚਰ ਰਮਨ ਕੁਮਾਰ ਨੇ ਸਕੂਲੀ ਵਿਦਿਆਰਥੀਆਂ ਨੂੰ ਜਾਗਰੂਕ ਕਰਦਿਆਂ ਹੱਥਾਂ ਦੀ ਸਾਫ਼-ਸਫ਼ਾਈ ਰੱਖਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਾਡੇ ਹੱਥਾਂ ਦੀ ਸਫ਼ਾਈ ਨਾ ਹੋਣ ਕਾਰਨ ਸਾਨੂੰ ਕਈ ਤਰ੍ਹਾਂ ਦੀਆਂ ਬਿਮਾਰੀਆਂ ਫੈਲਣ ਦਾ ਡਰ ਬਣਿਆ ਰਹਿੰਦਾ ਹੈ। ਇਸ ਮੌਕੇ ਬੱਚਿਆਂ ਨੂੰ ਹੱਥ ਚੰਗੀ ਤਰ੍ਹਾਂ ਧੋਣ ਬਾਰੇ ਵੀ ਦੱਸਿਆ ਗਿਆ। ਇਸ ਤੋਂ ਇਲਾਵਾ ਬੱਚਿਆਂ ਵੱਲੋਂ ਪਿੰਡ ਵਾਸੀਆਂ ਨੂੰ ਜਾਗਰੂਕ ਕਰਨ ਲਈ ਇੱਕ ਰੈਲੀ ਵੀ ਕੱਢੀ ਗਈ। ਇਸ ਮੌਕੇ ਅਧਿਆਪਕ ਰਮਨ ਕੁਮਾਰ, ਮਨਪ੍ਰੀਤ ਕੌਰ, ਪ੍ਰਿਆ ਗੁਪਤਾ, ਜਸਪ੍ਰੀਤ ਕੌਰ, ਸਿਮਰਨਜੀਤ ਕੌਰ ਤੇ ਗਗਨਦੀਪ ਕੌਰ ਵੀ ਮੌਜੂਦ ਸਨ।

## ਸਾਵਰਪ੍ਰੀਤ ਨੇ ਕੁਸ਼ਤੀ 'ਚ ਗੋਲਡ ਮੈਡਲ ਜਿੱਤਿਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸਰਕਾਰੀ ਮਿਡਲ ਸਕੂਲ ਖਿਆਲੀ (ਬਰਨਾਲਾ) ਦੇ ਵਿਦਿਆਰਥੀ ਹੋਣਹਾਰ ਖਿਡਾਰੀ ਸਾਵਰਪ੍ਰੀਤ ਸਿੰਘ ਪੁੱਤਰ ਅਮਨਦੀਪ ਸਿੰਘ ਵਾਸੀ ਖਿਆਲੀ ਨੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਵਿੱਚ ਹਿੱਸਾ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 28 ਕਿਲੋਗ੍ਰਾਮ ਵਰਗ ਦੀ ਕੁਸ਼ਤੀ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸੋਨੇ ਦਾ ਤਮਗਾ ਜਿੱਤਿਆ ਹੈ।ਇਸ ਪ੍ਰਾਪਤੀ ਨਾਲ ਨਾ ਸਿਰਫ਼ ਸਕੂਲ ਦਾ ਮਾਣ ਵਧਿਆ ਹੈ, ਸਗੋਂ ਪਿੰਡ ਖਿਆਲੀ ਤੇ ਪੂਰੇ ਬਲਾਕ ਮਹਿਲ ਕਲਾਂ ਦਾ ਵੀ ਨਾਮ ਰੌਸ਼ਨ ਹੋਇਆ ਹੈ।ਬੱਚੇ ਦੀ ਇਸ ਸਫਲਤਾ ਦਾ ਸਿਹਰਾ, ਉਸ ਦੀ ਮਿਹਨਤ ਤੇ ਕੋਚ ਸ. ਗੁਰਦੀਪ ਸਿੰਘ ਦੀ ਯੋਗ ਅਗਵਾਈ ਨੂੰ ਜਾਂਦਾ ਹੈ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਵਧੀਆ ਤਰੀਕੇ ਨਾਲ ਤਿਆਰ ਕੀਤਾ।ਇਸ ਮੌਕੇ ਆਪ ਆਗੂ ਪ੍ਰਿਤਪਾਲ ਸਿੰਘ ਗਹਿਲ, ਪੰਚ ਜਗਰੂਪ ਸਿੰਘ ਸਿੱਧੂ, ਕਰਮਜੀਤ ਸਿੰਘ ਸਿੱਧੂ, ਸਮਾਜ ਸੇਵੀ ਲੱਖਾ ਖਿਆਲੀ, ਡਾ. ਬਲਦੀਪ ਸਿੰਘ, ਬਲਜ ਸਿੰਘ ਖਿਆਲੀ ਨੇ ਹੋਣਹਾਰ ਖਿਡਾਰੀ ਨੂੰ ਵਧਾਈ ਦਿੰਦਿਆ ਹੌਂਸਲਾ ਅਫਜ਼ਾਈ ਕੀਤੀ ਗਈ।ਉਨ੍ਹਾਂ ਕਿਹਾ ਕਿ ਸਾਵਰਪ੍ਰੀਤ ਸਿੰਘ ਵਰਗੇ ਹੋਣਹਾਰ ਖਿਡਾਰੀ ਭਵਿੱਖ ਦਾ ਮਾਣ ਹਨ।ਅਜਿਹੀ ਮਿਹਨਤ ਨਾਲ ਕੀਤੀ ਮਾਣਮੱਤੀ ਪ੍ਰਾਪਤੀ ਹੋਰਾਂ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਸਰੋਤ ਬਣੇਗੀ।

## ਮਾਤਾ ਸੁੰਦਰੀ ਗਰਲਜ਼ ਕਾਲਜ ਤੇ ਐਜੂਕੇਸ਼ਨ ਨੇ ਐੱਨ ਐੱਸ ਐੱਸ ਕੈਂਪ ਲਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਤਾ ਸੁੰਦਰੀ ਗਰਲਜ਼ ਕਾਲਜ ਤੇ ਮਾਤਾ ਸੁੰਦਰੀ ਕਾਲਜ ਆਫ ਐਜੂਕੇਸ਼ਨ ਦੁਆਰਾ ਕੋਆਰਡੀਨੇਟਰ ਡਾ. ਅਨਹਦ ਸਿੰਘ ਗਿੱਲ ਪੰਜਾਬੀ ਯੂਨੀਵਰਸਿਟੀ ਪਟਿਆਲਾ, ਸਹਾਇਕ ਡਾਇਰੈਕਟਰ ਡਾ. ਮਲਕੀਤ ਸਿੰਘ ਮਾਨ ਬਠਿੰਡਾ ਦਿਸ਼ਾ ਨਿਰਦੇਸ਼ਾ ਅਨੁਸਾਰ ਇੱਕ ਰੋਜ਼ਾ ਐੱਨ ਐੱਸ ਐੱਸ ਕੈਂਪ ਲਾਇਆ ਗਿਆ।ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ ਤੇ ਐੱਮ ਡੀ ਗੁਰਬਿੰਦਰ ਸਿੰਘ ਬੱਲੀ ਨੇ ਕਿਹਾ ਕਿ ਐੱਨ ਐੱਸ ਐੱਸ ਵਰਗੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਸਮਾਜ ਸੇਵਾ ਦਾ ਜਜ਼ਬਾ ਪੈਦਾ ਕਰਦੀਆਂ ਹਨ।ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਦੇ ਅੰਦਰ ਦੇਸ਼ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਜਗਾਉਣ ਲਈ ਇਸ ਤਰ੍ਹਾਂ ਦੇ ਕੈਂਪ ਬਹੁਤ ਜ਼ਰੂਰੀ ਹਨ।ਸੰਸਥਾ ਦੇ ਡਾਇਰੈਕਟਰ ਐਡਮਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਮਾਤਾ ਸੁੰਦਰੀ ਗਰਲਜ਼ ਕਾਲਜ ਹਮੇਸ਼ਾ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਪ੍ਰਤਿਬੱਧ ਹੈ, ਚਾਹੇ ਗੱਲ ਅਕਾਦਮਿਕ ਹੋਵੇ ਜਾਂ ਸਮਾਜਿਕ ਜ਼ਿੰਮੇਵਾਰੀ ਦੀ ਵਲੰਟੀਅਰਾਂ ਦੇ ਜੋਸ਼ ਤੇ ਸਮਰਪਣ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਐੱਨ.ਐੱਸ.ਐੱਸ. ਦੇ ਜ਼ਰੀਏ ਵਿਦਿਆਰਥੀ ਸਿਰਫ ਕਿਤਾਬੀ ਗਿਆਨ ਤੱਕ ਸੀਮਿਤ ਨਹੀਂ ਰਹਿੰਦੇ, ਸਗੋਂ ਜੀਵਨ ਦੇ ਅਸਲੀ ਮਾਇਨੇ ਸਿੱਖਦੇ ਹਨ।ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਕਮ-ਪ੍ਰੋਗਰਾਮ ਅਫਸਰ ਰਾਜ ਸਿੰਘ ਬਾਘਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਕੈਂਪ ਵਿੱਚ ਲਗਭਗ 250 ਵਲੰਟੀਅਰਾਂ ਨੇ ਉਤਸ਼ਾਹਪੂਰਵਕ ਭਾਗ ਲਿਆ ਤੇ ਵਲੰਟੀਅਰਾਂ ਨੇ ਕਾਲਜ ਕੈਂਪਸ ਅਤੇ ਆਲੇ-ਦੁਆਲੇ ਦੇ ਖੇਤਰ ਦੀ ਸਫਾਈ ਅਭਿਆਨ ਚਲਾਇਆ।ਵਲੰਟੀਅਰਾਂ ਨੇ ਸਫਾਈ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕੀਤੀ ਤੇ ਦਰੱਖਤਾਂ ਨੂੰ ਕਲੀ ਕਰਕੇ ਉਨ੍ਹਾਂ ਦੀ ਸੁੰਦਰਤਾ ਤੇ ਸੁਰੱਖਿਆ ਦਾ ਖਿਆਲ ਰੱਖਿਆ।ਕੈਂਪ ਦੌਰਾਨ ਵਲੰਟੀਅਰਾਂ ਵੱਲੋਂ ਆਪਣੇ ਤਜਰਬੇ ਤੇ ਵਿਚਾਰ ਪੇਸ਼ ਕੀਤੇ ਗਏ, ਜਿਸ ਨਾਲ ਹੋਰ ਵਿਦਿਆਰਥੀਆਂ ਨੂੰ ਵੀ ਸਮਾਜ ਸੇਵਾ ਦੀ ਪ੍ਰੇਰਨਾ ਮਿਲੀ।ਸਮਾਜਿਕ ਜ਼ਿੰਮੇਵਾਰੀ ਤੇ ਸਵੱਛਤਾ ਪ੍ਰਤੀ ਜਾਗਰੂਕਤਾ ਨੂੰ ਉਜਾਗਰ ਕਰਨ ਵਾਲਾ ਇਹ ਕੈਂਪ ਬਹੁਤ ਹੀ ਸਫਲ ਰਿਹਾ।

ਇਸ ਮੌਕੇ ਵਲੰਟੀਅਰਾਂ ਲਈ ਰਿਫਰੈਸ਼ਮੈਂਟ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ ਤੇ ਖਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਤੇ ਹੋਰਨਾਂ ਤੋਂ ਇਲਾਵਾ ਪੋਲਰ ਸਟਾਰ ਸਕੂਲ ਦੇ ਪ੍ਰਿੰਸੀਪਲ ਕੰਵਰਦੀਪ ਸਿੰਘ ਗਿੱਲ, ਸੀਨੀਅਰ ਪ੍ਰੋ. ਰਾਜਵਿੰਦਰ ਸਿੰਘ, ਪ੍ਰੋ. ਜਗਜੀਤ ਸਿੰਘ, ਪ੍ਰੋਗਰਾਮ ਅਫਸਰ ਪ੍ਰੋ. ਮਨਿੰਦਰਪ੍ਰੀਤ ਕੌਰ, ਪ੍ਰੋਗਰਾਮ ਅਫਸਰ ਪ੍ਰੋ. ਵੀਰਇੰਦਰ ਕੌਰ ਕੈਂਪ ਨੂੰ ਸਫਲ ਬਣਾਉਣ ਵਿੱਚ ਵਿਸ਼ੇਸ਼ ਯੋਗਦਾਨ ਰਿਹਾ।

## ਸੋਨੇ ਦੀ ਮੁੰਦਰੀ ਤੇ ਕੜਾ ਚੋਰੀ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਪਿੰਡ ਰਾਏਪੁਰ ਗੁੱਜਰਾਂ ਵਿਖੇ ਇੱਕ ਘਰ 'ਚ ਲੱਕੜ ਦਾ ਕੰਮ ਕਰ ਰਹੇ ਕਾਰਪੇਂਟਰ ਨੂੰ ਪੁਲਸ ਵੱਲੋਂ ਘਰ ਦੇ ਮਾਲਕ ਦਾ ਸੋਨੇ ਦਾ ਕੜਾ ਤੇ ਮੁੰਦਰੀ ਚੋਰੀ ਕਰਨ ਦੇ ਦੋਸ਼ ਹੇਠ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਜੋਗਿੰਦਰ ਸਿੰਘ ਨਮਕ ਵਿਅਕਤੀ ਨੇ ਦੱਸਿਆ ਸੀ ਕਿ 16 ਅਕਤੂਬਰ ਨੂੰ ਉਹ ਤੇ ਉਸਦੀ ਪਤਨੀ ਆਪਣੇ ਲੜਕੇ ਲਈ ਲੜਕੀ ਦੇਖਣ ਗਏ ਸਨ, ਜਿੱਥੋਂ ਵਾਪਸ ਘਰ ਪਰਤ ਕੇ ਉਸ ਨੇ ਆਪਣੇ ਹੱਥ ਵਿੱਚ ਪਹਿਨੀ ਸੋਨੇ ਦੀ ਮੁੰਦਰੀ ਤੇ ਸੋਨੇ ਦਾ ਕੜਾ ਉਤਾਰ ਕੇ ਅਲਮਾਰੀ 'ਚ ਰੱਖ ਦਿੱਤਾ, ਪਰ ਜਦੋਂ ਉਹ ਉਕਤ ਸੋਨੇ ਦੇ ਗਹਿਣੇ ਅਲਮਾਰੀ 'ਚ ਰੱਖ ਰਿਹਾ ਸੀ ਤਾਂ ਉਨ੍ਹਾਂ ਦੇ ਘਰ ਵਿੱਚ ਲੱਕੜ ਦਾ ਕੰਮ ਕਰ ਰਹੇ ਕਾਰਪੈਂਟਰ ਵਿਕਾਸ ਕੁਮਾਰ ਨੇ ਉਸ ਨੂੰ ਅਲਮਾਰੀ 'ਚ ਉਕਤ ਸਮਾਨ ਰੱਖਦੇ ਹੋਏ ਦੇਖ ਲਿਆ, ਜਿਸ ਤੋਂ ਅਗਲੇ ਦਿਨ 17 ਅਕਤੂਬਰ ਨੂੰ ਜਦੋਂ ਉਸ ਨੇ ਅਲਮਾਰੀ ਖੋਲ੍ਹ ਕੇ ਆਪਣਾ ਸਮਾਨ ਚੈੱਕ ਕੀਤਾ ਤਾਂ ਉਸ ਦਾ ਸੋਨੇ ਦਾ ਕੜਾ ਤੇ ਸੋਨੇ ਦੀ ਮੁੰਦਰੀ ਉਥੋਂ ਚੋਰੀ ਹੋ ਚੁੱਕੇ ਸਨ।ਸ਼ਿਕਾਇਤਕਰਤਾ ਨੇ ਦੋਸ਼ ਲਾਉਂਦੇ ਹੋਏ ਪੁਲਸ ਨੂੰ ਦੱਸਿਆ ਕਿ ਉਸ ਨੂੰ ਪੂਰਾ ਯਕੀਨ ਹੈ ਕਿ ਵਿਕਾਸ ਕੁਮਾਰ ਨੇ ਹੀ ਘਰ ਦੀ ਅਲਮਾਰੀ 'ਚੋਂ ਸੋਨੇ ਦੀ ਮੁੰਦਰੀ ਤੇ ਸੋਨੇ ਦਾ ਕੜਾ ਚੋਰੀ ਕੀਤਾ ਹੈ।ਜੋਗਿੰਦਰ ਸਿੰਘ ਦੇ ਬਿਆਨਾਂ ਤੇ ਅ/ਧ 303 (2) ਬੀ.ਐਨ.ਐਸ. ਤਹਿਤ ਦਰਜ ਕੀਤੇ ਗਏ ਮੁਕੱਦਮੇ ਵਿੱਚ ਵਿਕਾਸ ਕੁਮਾਰ ਨੂੰ ਗ੍ਰਿਫ਼ਤਾਰ ਕਰਕੇ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਮਾਨਵ ਸੇਵਾ ਨੂੰ ਸਮਰਪਤ ਵਿਪੁਲ ਨਾਰੰਗ ਦਾ ਰਾਜਪਾਲ ਵੱਲੋਂ ਸਨਮਾਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਾਨਵ ਸੇਵਾ ਨੂੰ ਸਮਰਪਤ ਤੇ 'ਯੈੱਸ ਮੈਨ' ਵਜੋਂ ਜਾਣੇ ਜਾਂਦੇ ਨੌਜਵਾਨ ਸਮਾਜ ਸੇਵਕ ਵਿਪੁਲ ਨਾਰੰਗ ਨੂੰ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਸਨਮਾਨਤ ਕੀਤਾ ਹੈ। ਰਾਜਪਾਲ ਵੱਲੋਂ ਵਿਸ਼ੇਸ਼ ਸੱਦਾ ਪੱਤਰ ਦੇ ਕੇ ਸਨਮਾਨ ਚਿੰਨ੍ਹ ਪ੍ਰਾਪਤ ਕਰਨ ਉਪਰੰਤ ਜਦੋਂ ਵਿਪੁਲ ਨਾਰੰਗ ਫਿਰੋਜ਼ਪੁਰ ਪਹੁੰਚੇ ਤਾਂ ਸਮਾਜ ਸੇਵੀ ਸੰਸਥਾਵਾਂ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਵਿਪੁਲ ਨਾਰੰਗ, ਜੋ ਹਮੇਸ਼ਾ ਲੋਕ ਭਲਾਈ ਦੇ ਕੰਮਾਂ ਨੂੰ ਪਹਿਲ ਦਿੰਦੇ ਹਨ, ਆਪਣੀਆਂ ਸਮਾਜ ਸੇਵਾਵਾਂ ਕਾਰਨ ਪਹਿਲਾਂ ਵੀ ਜ਼ਿਲ੍ਹਾ ਤੇ ਰਾਜ ਪੱਧਰ 'ਤੇ ਕਈ ਵਾਰ ਸਨਮਾਨ ਪ੍ਰਾਪਤ ਕਰ ਚੁੱਕੇ ਹਨ। ਰਾਜਪਾਲ ਤੋਂ ਸਨਮਾਨ ਪ੍ਰਾਪਤ ਕਰਨ ਤੋਂ ਬਾਅਦ ਵਿਪੁਲ ਨਾਰੰਗ ਨੇ ਦੱਸਿਆ ਕਿ ਇਹ ਪੁਰਸਕਾਰ ਉਨ੍ਹਾਂ ਨੂੰ ਰੈੱਡ ਕਰਾਸ ਦੇ ਪੈਟਰਨ (ਸਰਪ੍ਰਸਤ) ਵਜੋਂ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੇ ਸਕੂਲਾਂ ਵਿੱਚ 13, ਫਰਿਜ ਤੇ ਇਨਵਰਟਰ ਆਦਿ ਮੁਹੱਈਆ ਕਰਵਾਏ ਹਨ। ਪੜ੍ਹਾਈ ਵਿੱਚ ਹੁਸ਼ਿਆਰ ਪਰ ਅੱਖਾਂ ਦੀ ਸਮੱਸਿਆ ਵਾਲੇ ਸੈਂਕੜੇ ਬੱਚਿਆਂ ਨੂੰ ਚਸ਼ਮੇ ਦੇ ਚੁੱਕੇ ਹਨ ਤੇ ਕਈ ਬੱਚਿਆਂ ਦੀ ਫੀਸ ਵੀ ਖੁਦ ਅਦਾ ਕੀਤੀ ਹੈ। ਗਊ ਸੇਵਾ ਦੀ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਉਹ ਹਰ ਰੋਜ਼ ਗਊਸ਼ਾਲਾ ਵਿੱਚ ਗਾਵਾਂ ਨੂੰ ਹਰਾ ਚਾਰਾ, ਗੁੜ ਤੇ ਖਲ-ਬਿਨੌਲਾ ਦਿੰਦੇ ਹਨ, ਜ਼ਖਮੀ ਗਾਵਾਂ ਦਾ ਇਲਾਜ ਕਰਵਾਉਂਦੇ ਹਨ ਅਤੇ ਗਊਸ਼ਾਲਾ ਦੇ ਨਿਰਮਾਣ ਵਿੱਚ ਵੀ ਆਰਥਿਕ ਸਹਾਇਤਾ ਕਰਦੇ ਹਨ। ਫਿਰੋਜ਼ਪੁਰ ਦੇ ਬਲਾਈਂਡ ਹੋਮ ਲਈ ਵੀ ਉਨ੍ਹਾਂ ਨੇ ਵਾਟਰ ਕੂਲਰ, ਏਅਰ ਕੂਲਰ ਅਤੇ ਮੈਡੀਕਲ ਕੈਂਪ ਲਗਾਉਣ ਸਮੇਤ ਕਈ ਕਾਰਜ ਕੀਤੇ ਹਨ। ਵਿਪੁਲ ਨਾਰੰਗ ਦਾ ਮੰਨਣਾ ਹੈ ਕਿ ਉਹ ਮਾਤਾ-ਪਿਤਾ ਦੇ ਆਸ਼ੀਰਵਾਦ ਨਾਲ ਇਹ ਸਾਰੇ ਕਾਰਜ ਨਿਰੰਤਰ ਜਾਰੀ ਰੱਖਣਗੇ।

## ਜਿੰਦਲ ਮੈਡੀ ਹਾਰਟ ਹਸਪਤਾਲ ਵੱਲੋਂ ਮੁਫ਼ਤ ਮੈਗਾ ਮੈਡੀਕਲ ਚੈੱਕਅੱਪ ਕੈਂਪ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੰਤ ਸ਼੍ਰੋਮਣੀ ਇੱਛਾਪੂਰਤੀ ਸ਼੍ਰੀ ਬਾਲਾ ਜੀ ਚੈਰੀਟੇਬਲ ਟਰੱਸਟ ਸੁਨਾਮ ਤੇ ਜਿੰਦਲ ਮੈਡੀਹਾਰਟ ਹਸਪਤਾਲ ਸੁਨਾਮ ਵੱਲੋਂ ਮੁਫ਼ਤ ਮੈਗਾ ਮੈਡੀਕਲ ਚੈੱਕਅਪ ਕੈਂਪ ਜਿੰਦਲ ਮੈਡੀਹਾਰਟ ਹਸਪਤਾਲ, ਨੇੜੇ ਬਾਲਾ ਜੀ ਮੰਦਰ ਸੁਨਾਮ ਵਿਖੇ ਲਗਾਇਆ ਗਿਆ।ਜਾਣਕਾਰੀ ਦਿੰਦੇ ਹੋਏ ਸ਼੍ਰੀ ਬਾਲਾ ਜੀ ਚੈਰੀਟੇਬਲ ਟਰੱਸਟ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਕੈਂਪ ਵਿੱਚ ਮਿਉਂਸੀਪਲ ਕਮੇਟੀ ਦੇ ਪ੍ਰਧਾਨ ਨਿਸ਼ਾਨ ਸਿੰਘ ਟੋਨੀ, ਰੋਟਰੀ ਦੇ ਸਾਬਕਾ ਗਵਰਨਰ ਘਨਸ਼ਿਆਮ ਕਾਂਸਲ, ਮਾਰਕੀਟ ਕਮੇਟੀ ਦੇ ਚੇਅਰਮੈਨ ਮਨੀਸ਼ ਸੋਨੀ ਵਿਸ਼ੇਸ਼ ਤੌਰ 'ਤੇ ਪਹੁੰਚੇ।ਘਨਸ਼ਿਆਮ ਕਾਂਸਲ ਨੇ ਕਿਹਾ ਕਿ ਜਿੰਦਲ ਮੈਡੀਹਾਰਟ ਹਸਪਤਾਲ ਤੇ ਸ੍ਰੀ ਬਾਲਾਜੀ ਟਰੱਸਟ ਵੱਲੋਂ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਗਾਉਣਾ ਇੱਕ ਸ਼ਲਾਘਾਯੋਗ ਕਦਮ ਹੈ।ਸਾਨੂੰ ਸਮੇਂ-ਸਮੇਂ 'ਤੇ ਕੈਂਪ ਲਗਾ ਕੇ ਲੋੜਵੰਦਾਂ ਦੀ ਸੇਵਾ ਜ਼ਰੂਰ ਕਰਨੀ ਚਾਹੀਦੀ ਹੈ।ਡਾ. ਮੋਹਿਤ ਜਿੰਦਲ (ਐੱਮ.ਡੀ. ਮੈਡੀਸਨ) ਵੱਲੋਂ ਦਿਲ, ਫੇਫੜਿਆਂ, ਸ਼ੂਗਰ, ਸਾਹ ਸੰਬੰਧੀ ਬਿਮਾਰੀਆਂ ਦਾ ਮੁਫ਼ਤ ਚੈੱਕਅਪ ਕੀਤਾ ਗਿਆ।ਇਸ ਦੇ ਨਾਲ-ਨਾਲ ਡਾ. ਮਨੀਸ਼ਾ ਜਿੰਦਲ (ਬੀ.ਡੀ.ਐੱਸ.) ਨੇ ਦੰਦਾਂ ਦਾ ਚੈੱਕਅਪ ਕੀਤਾ।ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਸ਼ੂਗਰ, ਦਿਲ, ਛਾਤੀ, ਸਾਹ, ਦੰਦਾਂ ਸੰਬੰਧੀ ਬਿਮਾਰੀਆਂ ਤੋਂ ਪੀੜਤ ਵਿਅਕਤੀਆਂ ਦਾ ਮੁਫ਼ਤ ਚੈੱਕਅਪ ਕੀਤਾ ਗਿਆ।ਜਨਾਲੀਆ ਨੇ ਕਿਹਾ ਕਿ ਕੈਂਪ ਵਿੱਚ ਬੀ.ਪੀ., ਸ਼ੂਗਰ, ਤਿੰਨ ਮਹੀਨੇ ਵਾਲੀ ਸ਼ੂਗਰ, ਲਿਪਿਡ ਪ੍ਰੋਫਾਈਲ, ਈ.ਸੀ.ਜੀ., ਸਪਾਈਰੋਮੀਟਰ ਮਸ਼ੀਨ ਨਾਲ ਫੇਫੜਿਆਂ ਦੀ ਜਾਂਚ ਆਦਿ ਸਾਰੇ ਟੈਸਟ ਮੁਫ਼ਤ ਕੀਤੇ ਗਏ ਤੇ ਦਵਾਈਆਂ ਵੀ ਮੁਫ਼ਤ ਦਿੱਤੀਆਂ ਗਈਆਂ।ਇਸ ਮੌਕੇ ਡਾ. ਮੋਹਿਤ ਜਿੰਦਲ, ਡਾ. ਮਨੀਸ਼ਾ ਜਿੰਦਲ, ਨਰੇਸ਼ ਜਿੰਦਲ, ਕੇਸ਼ਵ ਗੁਪਤਾ, ਚਕਸ਼ੂ ਗੋਇਲ, ਲੱਕੀ ਖਿੱਪਲ, ਕੁਲਵੰਤ ਸਿੰਘ, ਕਮਲ ਗੋਇਲ ਆਦਿ ਹਾਜ਼ਰ ਸਨ।

## ਨਾਬਾਲਗ ਨਾਲ ਬਲਾਤਕਾਰ ਦੇ ਦੋਸ਼ ਹੇਠ ਇੱਕ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ ਪੁਲਸ ਵੱਲੋਂ ਇੱਕ ਨਾਬਾਲਗ ਲੜਕੀ ਨਾਲ ਬਲਾਤਕਾਰ ਦੇ ਦੋਸ਼ ਹੇਠ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ।ਜਾਣਕਾਰੀ ਅਨੁਸਾਰ ਪੀੜਤ ਲੜਕੀ ਦੀ ਮਾਤਾ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਸਦੀ ਨਾਬਾਲਗ ਲੜਕੀ, ਜਿਸ ਦੀ ਉਮਰ ਕਰੀਬ 12 ਸਾਲ ਹੈ, ਨੂੰ ਸੰਤੋਸ਼ ਕੁਮਾਰ ਮੋਟਰਸਾਈਕਲ 'ਤੇ ਬਿਠਾ ਕੇ ਸ਼ੇਖੂਪੁਰਾ ਲੈ ਗਿਆ, ਜਿੱਥੇ ਉਕਤ ਵਿਅਕਤੀ ਵੱਲੋਂ ਉਸ ਦੀ ਲੜਕੀ ਨਾਲ ਜਬਰੀ ਸਰੀਰਿਕ ਸੰਬੰਧ ਬਣਾਏ ਗਏ।

ਇਸ ਸਬੰਧੀ ਅ/ਧ 64 ਬੀ.ਐਨ.ਐਸ. ਅਤੇ ਪੋਸਕੋ ਐਕਟ ਦੀ ਧਾਰਾ 4 ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਸੰਤੋਸ਼ ਕੁਮਾਰ ਮੂਲ ਵਾਸੀ ਬਿਹਾਰ ਹਾਲ ਵਾਸੀ ਸਰਹਿੰਦ ਨੂੰ ਗ੍ਰਿਫ਼ਤਾਰ ਕਰਕੇ ਥਾਣਾ ਸਰਹਿੰਦ ਦੀ ਪੁਲਿਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਸਰੀਰਦਾਨੀ ਸਰਬਜੀਤ ਨਮੋਲ ਦੇ ਸਤਿਕਾਰ ਸਮਾਰੋਹ 'ਚ ਆਗੂਆਂ ਨੇ ਉਸ ਦੀ ਸਮਾਜਿਕ ਦੇਣ ਨੂੰ ਕੀਤਾ ਸਿਜਦਾ



**ਲੌਂਗੋਵਾਲ (ਪ੍ਰਦੀਪ ਸੱਪਲ)**

ਪਿਛਲੇ ਦਿਨੀਂ ਆਪਣੇ ਜੀਵਨ ਸਫ਼ਰ ਤੋਂ ਬਾਅਦ ਆਪਣੇ ਸਰੀਰ ਨੂੰ ਮੈਡੀਕਲ ਖ਼ੋਜ ਕਾਰਜਾਂ ਲਈ ਪ੍ਰਦਾਨ ਕਰਨ ਵਾਲੇ ਤਰਕਸ਼ੀਲ ਆਗੂ ਸਰਬਜੀਤ ਨਮੋਲ ਦੀ ਦੇਣ ਨੂੰ ਸਿਜਦਾ ਕਰਨ ਲਈ ਸਤਿਕਾਰ ਸਮਾਰੋਹ ਪਿੰਡ ਨਮੋਲ ਵਿਖੇ ਕੀਤਾ ਗਿਆ, ਜਿਸ ਵਿੱਚ ਇਲਾਕੇ ਦੀਆਂ ਜਨਤਕ, ਜਮਹੂਰੀ ਤੇ ਲੋਕ ਪੱਖੀ ਜਥੇਬੰਦੀਆਂ ਦੇ ਕਾਰਕੁਨਾਂ, ਆਗੂਆਂ, ਰਿਸ਼ਤੇਦਾਰਾਂ ਤੇ ਸਨੇਹੀਆਂ ਨੇ ਮਰਹੂਮ ਸਰਬਜੀਤ ਨਮੋਲ ਦੇ ਜੀਵਨ ਅਤੇ ਉਸ ਦੀ ਸਮਾਜਿਕ ਦੇਣ 'ਤੇ ਚਾਨਣਾ ਪਾਉਂਦਿਆਂ ਤਰਕਸ਼ੀਲ ਤੇ ਵਿਗਿਆਨਕ ਵਿਚਾਰਧਾਰਾ ਦੇ ਪ੍ਰਸਾਰ ਲਈ ਕੀਤੇ ਕਾਰਜਾਂ ਲਈ ਪਾਏ ਵਡਮੁੱਲੇ ਯੋਗਦਾਨ ਨੂੰ ਸਿਜਦਾ ਕੀਤਾ ਗਿਆ।

ਇਸ ਮੌਕੇ ਭਾਰਤੀ ਕਿਸਾਨ ਯੂਨੀਅਨ (ਧਨੇਰ) ਦੇ ਤਾਰਾ ਚੰਦ ਬਰੇਟਾ, ਤਰਕਸ਼ੀਲ ਸੂਬਾ ਆਗੂ ਜੁਝਾਰ ਲੌਂਗੋਵਾਲ, ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੇ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ, ਨੌਜਵਾਨ ਭਾਰਤ ਸਭਾ ਦੇ ਜਗਸੀਰ ਨਮੋਲ, ਦੇਸ਼ ਭਗਤ ਯਾਦਗਾਰ ਦੇ ਬਲਬੀਰ ਲੌਂਗੋਵਾਲ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਲਖਵੀਰ ਲੌਂਗੋਵਾਲ, ਪੰਜਾਬ ਐੱਕਸ ਆਰਮੀ ਕਮੇਟੀ ਦੇ ਪ੍ਰਧਾਨ ਪ੍ਰਮਜੀਤ ਸਿੰਘ ਢੀਂਡਸਾ ਉੱਭਾਵਾਲ, ਉੱਘੇ ਲੇਖਕ ਜੰਗੀਰ ਸਿੰਘ ਰਤਨ ਤੇ ਬੱਗਾ ਸਿੰਘ ਨਮੋਲ ਨੇ ਸਰਬਜੀਤ ਨਮੋਲ ਦੀ ਲੋਕਪੱਖੀ, ਵਿਗਿਆਨਕ ਤੇ ਤਰਕਸ਼ੀਲ ਵਿਚਾਰਧਾਰਾ ਨੂੰ ਮੌਜੂਦਾ ਦੌਰ ਦੀਆਂ ਚਣੌਤੀਆ, ਦੁੱਖਾਂ, ਤਕਲੀਫ਼ਾਂ ਦਾ ਹੱਲ ਦੱਸਦਿਆਂ, ਇਸ ਵਿਚਾਰ ਦੇ ਕਾਰਜ ਨੂੰ ਲੋਕ ਹਿੱਤਾਂ ਲਈ ਅੱਗੇ ਵਧਾਉਣ ਲਈ ਪ੍ਰੇਰਿਆ।ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਵੀ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।ਇਸ ਮੌਕੇ ਪੰਜਾਬ ਐਕਸ ਆਰਮੀ ਕਮੇਟੀ ਤੇ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਉਨ੍ਹਾਂ ਦੀ ਜੀਵਨ ਸਾਥਣ ਬਲਜੀਤ ਕੌਰ ਤੇ ਪੁੱਤਰ ਹਰਮਨਜੀਤ ਸਿੰਘ ਅਤੇ ਪਰਿਵਾਰ ਦਾ ਸਨਮਾਨ ਕੀਤਾ ਗਿਆ।ਭੋਲਾ ਸੰਗਰਾਮੀ ਵੱਲੋਂ ਸਮਾਜਿਕ ਤੇ ਅਗਾਂਹਵਧੂ ਕਵਿਤਾਵਾਂ ਦਾ ਪਾਠ ਕੀਤਾ ਗਿਆ।ਅੰਤ 'ਤੇ ਸਰਬਜੀਤ ਨਮੋਲ ਜ਼ਿੰਦਾਬਾਦ ਤੇ ਵਿਚਾਰਧਾਰਾ ਨੂੰ ਸਮਰਪਤ ਨਾਹਰਿਆਂ ਨਾਲ ਸਮਾਰੋਹ ਖ਼ਤਮ ਹੋਇਆ।

## ਫਾਜ਼ਿਲਕਾ ਦੀਆਂ ਕੁੜੀਆਂ ਨੇ ਜਿੱਤਿਆ ਕਬੱਡੀ ਨੈਸ਼ਨਲ ਦਾ ਖਿਤਾਬ



**ਬੁਡਲਾਡਾ (ਅਸ਼ੋਕ ਲਾਕੜਾ)**-ਪੀ ਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਬੁਢਲਾਡਾ ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਨੀਲਮ ਰਾਣੀ ਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਪਰਮਜੀਤ ਸਿੰਘ ਭੋਗਲ ਦੇ ਦਿਸ਼ਾ ਨਿਰਦੇਸ਼ਾਂ ਹੇਠ 69ਵੀਆਂ ਸੂਬਾ ਪੱਧਰੀ ਖੇਡਾਂ ਕਬੱਡੀ ਨੈਸ਼ਨਲ ਸਟਾਈਲ ਅੰਡਰ-14 ਕੁੜੀਆਂ ਸ਼ਾਨੋ ਸ਼ੌਕਤ ਨਾਲ ਸੰਪੰਨ ਹੋ ਗਈਆਂ ਹਨ।ਜੇਤੂ ਖਿਡਾਰੀਆਂ ਨੂੰ ਇਨਾਮ ਵੰਡਣ ਦੀ ਰਸਮ ਸਿਕੰਦਰ ਸਿੰਘ ਚੀਮਾ ਡੀ ਐੱਸ ਪੀ ਬੁਢਲਾਡਾ ਤੇ ਸਤੀਸ਼ ਕੁਮਾਰ ਸਿੰਗਲਾ ਚੇਅਰਮੈਨ ਮਾਰਕੀਟ ਕਮੇਟੀ ਬੁਢਲਾਡਾ ਵੱਲੋਂ ਕੀਤੀ ਗਈ।ਇਨ੍ਹਾਂ ਖੇਡ ਮੁਕਾਬਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਅਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਫਾਈਨਲ ਮੈਚ ਦੇ ਫਸਵੇਂ ਮੁਕਾਬਲੇ ਵਿੱਚ ਫਾਜ਼ਿਲਕਾ ਨੇ ਬਠਿੰਡਾ ਨੂੰ ਹਰਾ ਕੇ ਪਹਿਲਾ ਸਥਾਨ, ਜਦਕਿ ਬਠਿੰਡਾ ਨੇ ਦੂਜਾ ਤੇ ਫਰੀਦਕੋਟ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਗੁਰਮੀਤ ਸਿੰਘ, ਪ੍ਰਿੰਸੀਪਲ ਅਰੁਣ ਕੁਮਾਰ, ਮੁੱਖ ਅਧਿਆਪਕ ਅਮਨਦੀਪ ਸਿੰਘ, ਮੁੱਖ ਅਧਿਆਪਕ ਮਨਦੀਪ ਸਿੰਘ, ਲੈਕਚਰਾਰ ਰਾਜ ਖ਼ਾਨ, ਲੈਕਚਰਾਰ ਅਵਤਾਰ ਸਿੰਘ, ਲੈਕਚਰਾਰ ਯਾਦਵਿੰਦਰ ਸਿੰਘ, ਲੈਕਚਰਾਰ ਨਾਇਬ ਖ਼ਾਨ, ਲੈਕਚਰਾਰ ਸਰਬਜੀਤ ਸਿੰਘ, ਲੈਕਚਰਾਰ ਹਰਪ੍ਰੀਤ ਸਿੰਘ, ਲੈਕਚਰਾਰ ਭਵਦੀਪ ਸਿੰਘ, ਲੈਕਚਰਾਰ ਨਿਸ਼ਾਨ ਸਿੰਘ, ਗੁਰਦੀਪ ਸਿੰਘ ਸਮਰਾ, ਦਰਸ਼ਨ ਸਿੰਘ, ਭੁਪਿੰਦਰ ਸਿੰਘ ਤੱਗੜ, ਮਾਤਾ ਗੁਜਰੀ ਭਲਾਈ ਕੇਂਦਰ ਤੋਂ ਕੁਲਵੰਤ ਸਿੰਘ, ਭੂਸ਼ਨ ਕੁਮਾਰ, ਬਲਵਿੰਦਰ ਸਿੰਘ, ਬਲਵੀਰ ਕੌਰ, ਸੁਖਵਿੰਦਰ ਕੌਰ, ਗੁਰਵਿੰਦਰ ਸਿੰਘ ਹਾਜ਼ਰ ਸਨ।

## ਹੋਲੀ ਹਾਰਟ ਦੇ ਵਿਦਿਆਰਥੀਆਂ ਵੱਲੋਂ ਹਸਨਪੁਰ 'ਚ ਲੋੜਵੰਦਾਂ ਦੀ ਮਦਦ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਬਹੁਤ ਹੀ ਨਾਮਵਰ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਦੇ ਵਿਦਿਆਰਥੀਆਂ ਨੇ ਅਧਿਆਪਕਾਂ ਦੀ ਰਹਿਨੁਮਾਈ ਹੇਠ ਮਨੁੱਖਤਾ ਦੀ ਸੇਵਾ ਵੱਲ ਇੱਕ ਸ਼ਾਨਦਾਰ ਤੇ ਪ੍ਰੇਰਨਾਦਾਇਕ ਪਗ ਚੁੱਕਿਆ। ਵਿਦਿਆਰਥੀ ਹਸਨਪੁਰ ਪਹੁੰਚੇ, ਜਿੱਥੇ ਉਨ੍ਹਾਂ ਲੋੜਵੰਦ ਲੋਕਾਂ ਦੀ ਸਹਾਇਤਾ ਕਰਦੇ ਹੋਏ ਸੇਵਾ ਭਾਵ, ਦਇਆ ਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦਾ ਸੁਨੇਹਾ ਦਿੱਤਾ।

ਇਸ ਮੌਕੇ ਬੱਚਿਆਂ ਨੇ ਬਜ਼ੁਰਗਾਂ ਤੇ ਗਰੀਬ ਪਰਵਾਰਾਂ ਨਾਲ ਮਿਲ ਕੇ ਸਫਾਈ ਮੁਹਿੰਮ ਚਲਾਈ ਤੇ ਲੋੜਵੰਦਾਂ ਵਿੱਚ ਖਾਣ-ਪੀਣ ਦੀਆਂ ਵਸਤਾਂ, ਕੱਪੜੇ ਤੇ ਹੋਰ ਜ਼ਰੂਰੀ ਸਾਮਾਨ ਵੰਡਿਆ।ਇਸ ਮੌਕੇ ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਵੱਲੋਂ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ।ਉਨ੍ਹਾਂ ਕਿਹਾ ਕਿ ਸਕੂਲ ਸਿਰਫ਼ ਪਾਠਕ੍ਰਮ ਤੱਕ ਹੀ ਸੀਮਿਤ ਨਹੀਂ ਰਹਿੰਦਾ, ਸਗੋਂ ਵਿਦਿਆਰਥੀਆਂ ਵਿੱਚ ਸਮਾਜਕ ਜ਼ਿੰਮੇਵਾਰੀ ਤੇ ਮਨੁੱਖਤਾ ਦੀ ਭਾਵਨਾ ਪੈਦਾ ਕਰਨਾ ਵੀ ਸਾਡੇ ਸਕੂਲ ਦਾ ਮੁੱਖ ਉਦੇਸ਼ ਹੈ।ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਵਿੱਚ ਸੇਵਾ ਤੇ ਸਮਰਪਣ ਦੀਆਂ ਮੁੱਲਾਂ ਨੂੰ ਮਜ਼ਬੂਤ ਕਰਦੀਆਂ ਹਨ, ਜੋ ਉਨ੍ਹਾਂ ਨੂੰ ਭਵਿੱਖ ਵਿੱਚ ਚੰਗਾ ਨਾਗਰਿਕ ਬਣਾਉਣ ਵਿੱਚ ਸਹਾਇਕ ਸਾਬਿਤ ਹੁੰਦੀਆਂ ਹਨ।ਅਧਿਆਪਕਾਂ ਨੇ ਵੀ ਕਿਹਾ ਕਿ ਬੱਚਿਆਂ ਦਾ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣਾ ਸਮਾਜ ਲਈ ਇਕ ਚੰਗੀ ਨਿਸ਼ਾਨੀ ਹੈ।ਇਸ ਮੌਕੇ ਹਸਨਪੁਰ ਦੇ ਸਥਾਨਕ ਨਿਵਾਸੀਆਂ ਨੇ ਵੀ ਹੋਲੀ ਹਾਰਟ ਸਕੂਲ ਦੇ ਵਿਦਿਆਰਥੀਆਂ ਦੀ ਇਸ ਭਲਾਈ ਮੁਹਿੰਮ ਦੀ ਖੂਬ ਤਾਰੀਫ਼ ਕੀਤੀ।

ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਿੱਥੇ ਲੋਕ ਆਪਣੇ ਕੰਮਾਂ ਵਿੱਚ ਵਿਅਸਤ ਹਨ, ਉੱਥੇ ਇਹ ਨੰਨ੍ਹੇ-ਮੁੰਨੇ ਬੱਚੇ ਸੇਵਾ ਤੇ ਪਿਆਰ ਦਾ ਸੁਨੇਹਾ ਦੇ ਰਹੇ ਹਨ, ਜੋ ਬੇਹੱਦ ਸਰਾਹੁਣਯੋਗ ਹੈ।ਸਮੂਹ ਸਕੂਲ ਪਰਵਾਰ ਵੱਲੋਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਮਾਜਿਕ ਕਾਰਜ ਜਾਰੀ ਰੱਖਣ ਦਾ ਨਿਸ਼ਚਾ ਕੀਤਾ ਗਿਆ।

## ਜੂਏ ਦੀ ਰਾਸ਼ੀ ਸਮੇਤ ਇੱਕ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਤਲਵੰਡੀ ਭਾਈ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ ਜੂਏ ਦੀ ਰਾਸ਼ੀ 460 ਰੁਪਏ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਜੋਗਿੰਦਰਪਾਲ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ 'ਤੇ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਅਮਰਜੀਤ ਸਿੰਘ ਉਰਫ ਜੀਤਾ ਪੁੱਤਰ ਗੁਰਦੇਵ ਸਿੰਘ ਵਾਸੀ ਵਾਰਡ ਨੰਬਰ 5 ਤਲਵੰਡੀ ਭਾਈ ਦੜਾ ਸੱਟਾ ਲਗਾਉਣ ਦਾ ਆਦੀ ਹੈ, ਜੋ ਅੱਜ ਖਾਲੀ ਪਾਰਕਿੰਗ ਵਿੱਚ ਬੈਠ ਕੇ ਸੱਟਾ ਲੱਗਾ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ 'ਤੇ ਛਾਪੇਮਾਰੀ ਕਰਕੇ ਉਸ ਕੋਲੋਂ ਪਰਚੀ ਦੜਾ ਸੱਟਾ, ਪੈੱਨ ਤੇ 460 ਰੁਪਏ ਬਰਾਮਦ ਕੀਤੇ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਮਾਊਂਟ ਲਿਟਰਾ ਜ਼ੀ ਸਕੂਲ 'ਚ ਦੀਵਾਲੀ ਮਨਾਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀਬੀਐੱਸਈ ਦਿੱਲੀ ਨਾਲ ਸੰਬੰਧਤ ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਵਿਖੇ ਕਲਾਸ 5 ਅਚੀਵਰਜ ਦੇ ਵਿਦਿਆਰਥੀਆਂ ਨੇ ਇੱਕ ਵਿਸ਼ੇਸ਼ ਦੀਵਾਲੀ ਅਸੈਂਬਲੀ ਪੇਸ਼ ਕੀਤੀ, ਜਿਸ ਵਿੱਚ ਸਵੇਰ ਦੀ ਪ੍ਰਾਰਥਨਾ, ਜ਼ੀ ਗੀਤ, ਗੀਤ, ਨਾਚ ਤੇ ਕਲਾਸ 3 ਅਚੀਵਰਜ਼ ਦੁਆਰਾ ਇੱਕ ਨਾਟਕ ਰਾਹੀਂ ਦੀਵਾਲੀ ਤਿਉਹਾਰ ਦਾ ਸੰਦੇਸ਼ ਦਿੱਤਾ ਗਿਆ।ਕਲਾਸ 1 ਤੋਂ 3 ਦੇ ਵਿਦਿਆਰਥੀਆਂ ਨੇ 'ਆਓ ਦੀਵਾਲੀ ਬਾਰੇ ਗੱਲ ਕਰੀਏ' ਗਤੀਵਿਧੀ ਵਿੱਚ ਹਿੱਸਾ ਲਿਆ, ਦੀਵਾਲੀ ਨਾਲ ਜੁੜੀਆਂ ਪ੍ਰੰਪਰਾਵਾਂ ਤੇ ਰੀਤੀ-ਰਿਵਾਜਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਕਲਾਸ 4 ਤੇ 5 ਦੇ ਵਿਦਿਆਰਥੀਆਂ ਨੇ 'ਅੱਗ ਤੋਂ ਬਿਨਾਂ ਖਾਣਾ ਪਕਾਉਣਾ' ਗਤੀਵਿਧੀ ਵਿੱਚ ਹਿੱਸਾ ਲਿਆ।ਗ੍ਰੇਡ 9 ਤੇ 10 ਦੇ ਵਿਦਿਆਰਥੀਆਂ ਨੇ ਇੰਟਰ ਹਾਊਸ ਰੰਗੋਲੀ ਬਣਾਉਣ ਦੇ ਮੁਕਾਬਲੇ ਵਿੱਚ ਹਿੱਸਾ ਲਿਆ।ਚਾਰਾਂ ਹਾਊਸਾਂ ਦੇ ਬੱਚਿਆਂ ਨੇ ਇਸ ਮੁਕਾਬਲੇ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।ਉਨ੍ਹਾਂ ਸੁੰਦਰ ਰੰਗੋਲੀ ਡਿਜ਼ਾਈਨ ਬਣਾ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ, ਜਿਸ ਵਿੱਚ ਪਹਿਲਾ ਸਥਾਨ ਆਈਨਸਟਾਈਨ ਹਾਊਸ, ਦੂਜਾ ਸਥਾਨ ਗਾਂਧੀ ਹਾਊਸ ਅਤੇ ਤੀਜਾ ਸਥਾਨ ਕੋਲੰਬਸ ਹਾਊਸ ਤੇ ਦਾ ਵਿੰਚੀ ਹਾਊਸ ਨੂੰ ਮਿਲਿਆ।ਇਸ ਮੌਕੇ ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ੍ਰੀਮਤੀ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਸ੍ਰੀਮਤੀ ਗੀਤਾ ਪਿੱਲੇ ਨੇ ਪਕਵਾਨਾਂ ਦਾ ਸੁਆਦ ਚੱਖਿਆ ਤੇ ਉਨ੍ਹਾਂ ਦੀ ਪ੍ਰਸੰਸਾ ਕੀਤੀ।ਸਕੂਲ ਪਰਵਾਰ ਨੇ ਵਿਦਿਆਰਥੀਆਂ ਦੇ ਉਤਸ਼ਾਹ ਤੇ ਸਿਰਜਣਾਤਮਕਤਾ ਲਈ ਉਨ੍ਹਾਂ ਦੀ ਪ੍ਰਸੰਸਾ ਕੀਤੀ ਤੇ ਸਾਰਿਆਂ ਨੂੰ ਦੀਵਾਲੀ ਦੀਆਂ ਨਿੱਘੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਬੀ ਐੱਸ ਐੱਫ ਜਵਾਨਾਂ ਵੱਲੋਂ ਡਰੋਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ ਵਿਖੇ ਬੀਓਪੀ ਬੈਰੀਅਰ ਬਾਰੇ ਕੇ 'ਚ ਬੀਐੱਸਐੱਫ ਦੇ ਜਵਾਨਾਂ ਵੱਲੋਂ ਡਰੋਨ ਐਕਟੀਵਿਟੀ ਹੋਣ 'ਤੇ ਪ੍ਰਕਾਸ਼ ਫਾਇਰਿੰਗ ਰੇਂਜ ਤੋਂ ਇਕ ਡਰੋਨ ਡੀਜੇਆਈ ਮਾਵਿਕ-3 ਕਲਾਸਿਕ ਸੀ ਗਰੇਅ ਰੰਗ ਬਰਾਮਦ ਕਰਕੇ ਥਾਣਾ ਸਦਰ ਫਿਰੋਜ਼ਪੁਰ ਵਿਖੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ।

ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਫਿਰੋਜ਼ਪੁਰ ਦੇ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ 18 ਅਕਤੂਬਰ 2025 ਨੂੰ ਇੰਸਪੈਕਟਰ ਸੰਜੇ ਕੁਮਾਰ ਬੀਓਪੀ ਬੈਰੀਅਰ ਬਾਰੇ ਕੇ ਨੇ ਬੀਐੱਸਐੱਫ ਬੀਓਪੀ ਬੈਰੀਅਰ ਬਾਰੇ ਕੇ ਫਿਰੋਜ਼ਪੁਰ ਦੇ ਕਰਮਚਾਰੀਆਂ ਵੱਲੋਂ ਡਰੋਨ ਐਕਟੀਵਿਟੀ ਹੋਣ 'ਤੇ ਬਾਰੇ ਕੇ ਨੇੜੇ ਪ੍ਰਕਾਸ਼ ਫਾਇਰਿੰਗ ਰੇਂਜ ਤੋਂ ਇਕ ਡਰੋਨ ਡੀਜੇਆਈ ਮਾਵਿਕ-3 ਕਲਾਸਿਕ ਗਰੇਅ ਰੰਗ ਬਰਾਮਦ ਕੀਤਾ ਹੈ। ਪੁਲਸ ਨੇ ਦੱਸਿਆ ਕਿ ਇਸ ਸਬੰਧੀ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਟੈਂਡਰ ਰੱਦ ਨਾ ਕਰਨ 'ਤੇ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ ਟਰਾਂਸਪੋਰਟ ਕਾਮੇ ਦੇਣਗੇ ਧਰਨਾ : ਗਿੱਲ

**ਆਪ ਸਰਕਾਰ ਨੇ ਵਿਭਾਗ ਦਾ ਕੋਈ ਮੁਲਾਜ਼ਮ ਪੱਕਾ ਨਹੀਂ ਕੀਤਾ**



**ਪਟਿਆਲਾ (ਰਾਜਿੰਦਰ ਥਿੰਦ)**-ਪੰਜਾਬ ਰੋਡਵੇਜ਼, ਪਨਬਸ, ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ ਦੇ ਪ੍ਰਧਾਨ ਰੇਸ਼ਮ ਸਿੰਘ ਗਿੱਲ, ਉੱਪ ਪ੍ਰਧਾਨ ਹਰਕੇਸ਼ ਕੁਮਾਰ ਵਿੱਕੀ ਤੇ ਬਲਜਿੰਦਰ ਸਿੰਘ ਬਰਾੜ ਨੇ ਕਿਹਾ ਕਿ 'ਆਪ' ਸਰਕਾਰ ਚੌਥੇ ਸਾਲ ਵਿੱਚ ਵੀ ਟਰਾਂਸਪੋਰਟ ਵਿਭਾਗ ਦਾ ਕੋਈ ਵੀ ਵਾਰਸ ਨਹੀਂ ਬਣ ਰਹੀ।ਕਰਮਚਾਰੀ ਆਗੂਆਂ ਨੇ ਕਿਹਾ ਕਿ ਚਾਰ ਸਾਲਾਂ ਵਿੱਚ ਟਰਾਂਸਪੋਰਟ ਵਿਭਾਗ ਦਾ ਇੱਕ ਵੀ ਕੱਚਾ ਕਰਮਚਾਰੀ ਪੱਕਾ ਨਹੀਂ ਹੋਇਆ।ਕੋਈ ਸਰਕਾਰੀ ਬੱਸ ਨਹੀਂ ਮਿਲੀ, ਨਵੇਂ ਪਰਮਿਟ ਜਾਂ ਪੱਕਾ ਭਰਤੀ ਤਾਂ ਦੂਰ ਦੀ ਗੱਲ ਹੈ। ਕਰਮਚਾਰੀਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ 23 ਅਕਤੂਬਰ ਤੇ 17 ਨਵੰਬਰ ਨੂੰ ਕਿਲੋਮੀਟਰ ਸਕੀਮ ਲਾਗੂ ਕੀਤੀ ਤਾਂ ਇਸ ਤਹਿਤ ਬੱਸਾਂ ਲਈ ਟੈਂਡਰ ਖੋਲ੍ਹਣ ਦੀ ਕੋਸ਼ਿਸ਼ ਕੀਤੀ ਗਈ ਅਤੇ ਜੇਕਰ ਟੈਂਡਰ ਰੱਦ ਨਾ ਕੀਤਾ ਗਿਆ ਤਾਂ ਪੂਰਾ ਪੰਜਾਬ ਤੁਰੰਤ ਬੰਦ ਕਰ ਦਿੱਤਾ ਜਾਵੇਗਾ।ਕਰਮਚਾਰੀ ਮੁੱਖ ਮੰਤਰੀ ਦੀ ਰਿਹਾਇਸ਼ ਦੇ ਸਾਹਮਣੇ ਧਰਨਾ ਦੇਣਗੇ। ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਲਗਭਗ 15 ਸਾਲਾਂ ਤੋਂ ਕੰਮ ਕਰ ਰਹੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਬਜਾਏ ਇੱਕ ਜਾਲ੍ਹੀ ਨੀਤੀ ਲਿਆਂਦੀ ਗਈ ਹੈ, ਜਿਸ ਤਹਿਤ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਬਜਾਏ ਇਸ ਨੀਤੀ ਨੂੰ ਸਪੈਸ਼ਲ ਕੇਡਰ ਕਿਹਾ ਜਾ ਰਿਹਾ ਹੈ।ਇਸ ਮੁਲਾਜ਼ਮ ਨੂੰ ਡਾਊਨ ਕੇਡਰ ਵਜੋਂ ਦੇਖਿਆ ਜਾ ਸਕਦਾ ਹੈ ਤੇ ਉਸ ਨੂੰ ਸਥਾਈ ਮੁਲਾਜ਼ਮਾਂ ਵਜੋਂ ਕੋਈ ਸਹੂਲਤਾਂ ਨਹੀਂ ਹਨ, ਪਰ ਸਰਕਾਰ ਮੁਲਾਜ਼ਮਾਂ ਨਾਲ ਧੋਖਾ ਕਰਕੇ ਪੈਸਾ ਕਮਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਠੇਕੇਦਾਰਾਂ ਰਾਹੀਂ ਲੁੱਟ ਦੇ ਸਾਰੇ ਰਿਕਾਰਡ ਤੋੜ ਦਿੱਤੇ ਹਨ।ਠੇਕੇਦਾਰਾਂ ਰਾਹੀਂ ਮੁਲਾਜ਼ਮਾਂ ਦੀਆਂ ਕਰੋੜਾਂ ਰੁਪਏ ਦੀਆਂ ਈਪੀਐੱਫ, ਈਐਸਆਈ ਤੇ ਜ਼ਮਾਨਤਾਂ ਦੀ ਧੋਖਾਧੜੀ ਕੀਤੀ ਗਈ ਹੈ, ਪਰ ਪੰਜਾਬ ਦੇ ਮੁੱਖ ਮੰਤਰੀ ਨੂੰ ਸ਼ਿਕਾਇਤ ਕਰਨ ਦੇ ਬਾਵਜੂਦ ਉਨ੍ਹਾਂ ਵਿਰੁੱਧ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ।ਆਗੂਆਂ ਨੇ ਕਿਹਾ ਕਿ ਟਾਇਰ ਤੇ ਬੈਟਰੀਆਂ ਡਿੱਪੂਆਂ ਨੂੰ ਸਪੇਅਰ ਪਾਰਟਸ ਵਜੋਂ ਸਪਲਾਈ ਨਹੀਂ ਕੀਤੀਆਂ ਜਾ ਰਹੀਆਂ ਹਨ।ਵਿਭਾਗ ਦੀ ਬੱਸ ਪਿਛਲੇ ਦੋ ਮਹੀਨਿਆਂ ਤੋਂ ਵਰਕਸ਼ਾਪਾਂ ਦੀ ਸਜਾਵਟ ਵਜੋਂ ਖੜ੍ਹੀ ਹੈ

## ਪੀ ਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਪੁਰਾ ਵਿਖੇ ਮੇਲਾ ਆਯੋਜਿਤ




**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ ਸਿ) ਬਠਿੰਡਾ ਮਮਤਾ ਖੁਰਾਣਾ ਸੇਠੀ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਚਮਕੌਰ ਸਿੰਘ ਦੀਆਂ ਹਦਾਇਤਾਂ ਅਨੁਸਾਰ ਪੀ. ਐਮ. ਸ਼੍ਰੀ ਸਕੀਮ ਤਹਿਤ ਪ੍ਰਵਾਨਿਤ ਸਿੱਖਣ ਸੁਧਾਰ ਪ੍ਰੋਗਰਾਮ (ਲਰਨਿੰਗ ਇਨਹੈਂਸਮੈਂਟ ਪ੍ਰੋਗਰਾਮ) ਤਹਿਤ ਛੇਵੀਂ ਤੋਂ ਬਾਰ੍ਹਵੀਂ ਦੇ ਵਿਦਿਆਰਥੀਆਂ ਅੰਦਰ ਪ੍ਰਯੋਗ ਅਧਾਰਤ ਸਿੱਖਣ ਪ੍ਰਕਿਰਿਆ ਨੂੰ ਉਤਸ਼ਾਹਿਤ ਕਰਨ ਅਤੇ ਕੰਮ ਕਰਕੇ ਸਿੱਖਣ ਦੀ ਪ੍ਰਕਿਰਿਆ ਦੇ ਸਿਧਾਂਤ ਦੀ ਵਰਤੋਂ ਕਰਕੇ ਵਿਦਿਆਰਥੀਆਂ ਵੱਲੋਂ ਔਖੇ ਸਮਝੇ ਜਾਣ ਵਾਲੇ ਵਿਸ਼ਿਆਂ ਵਿੱਚ ਉਹਨਾਂ ਦੀ ਦਿਲਚਸਪੀ ਪੈਦਾ ਕਰਨ ਲਈ ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਦੀ ਅਗਵਾਈ ਅਧੀਨ ਪੀ ਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਪੁਰਾ ਵਿਖੇ ਸਮੂਹ ਵਿਸ਼ਾ ਅਧਿਆਪਕਾਂ ਦੇ ਸਹਿਯੋਗ ਨਾਲ ਵਿਦਿਆਰਥੀਆਂ ਦੁਆਰਾ ਅੰਗਰੇਜ਼ੀ, ਪੰਜਾਬੀ, ਹਿੰਦੀ, ਐੱਨ.ਐੱਸ.ਕਿਊ.ਐੱਫ., ਅਰਥ-ਸ਼ਾਸਤਰ, ਰਾਜਨੀਤੀ ਸ਼ਾਸਤਰ, ਕੰਪਿਊਟਰ ਸਾਇੰਸ, ਗਣਿਤ, ਸਾਇੰਸ ਅਤੇ ਸਮਾਜਿਕ ਵਿਗਿਆਨ ਵਿਸ਼ਿਆਂ ਦਾ ਮੇਲਾ ਆਯੋਜਿਤ ਕੀਤਾ ਗਿਆ। ਇਸ ਮੇਲੇ ਵਿੱਚ ਸਕੂਲ ਦੇ ਵਿਦਿਆਰਥੀਆਂ ਦੁਆਰਾ ਉਕਤ ਵਿਸ਼ਿਆਂ ਦੇ ਵੱਖ-ਵੱਖ ਉੱਪ ਵਿਸ਼ਿਆਂ ਉੱਪਰ ਮਾਡਲ, ਚਾਰਟ, ਕਿਰਿਆ ਅਧਾਰਿਤ ਕਿਰਿਆਵਾਂ ਆਦਿ ਰਾਹੀਂ ਸਿੱਖਣ ਪ੍ਰਕਿਰਿਆ ਨੂੰ ਪ੍ਰਭਾਵਸ਼ਾਲੀ ਅਤੇ ਸੌਖਾ ਬਣਾਉਂਦੇ ਹੋਏ ਆਪਣੀਆਂ ਪੇਸ਼ਕਾਰੀਆਂ ਦਿੱਤੀਆਂ ਗਈਆਂ। ਮੇਲੇ ਵਿੱਚ ਸਕੂਲ ਪ੍ਰਬੰਧਕੀ ਕਮੇਟੀ ਦੇ ਚੇਅਰਪਰਸਨ ਸੁਮਨਪ੍ਰੀਤ ਕੌਰ ਅਤੇ ਮੈਂਬਰਾਂ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਨੇ ਸਕੂਲ ਦੇ ਵਿਦਿਆਰਥੀਆਂ ਦੁਆਰਾ ਆਪਣੇ ਵਿਸ਼ਾ ਅਧਿਆਪਕਾਂ ਦੀ ਅਗਵਾਈ ਅਧੀਨ ਮੁੱਖ ਰੂਪ ਵਿੱਚ ਪ੍ਰਯੋਗ ਅਧਾਰਿਤ ਸਿੱਖਣ ਕਿਰਿਆਵਾਂ ਰਾਹੀਂ ਪ੍ਰਭਾਵਸ਼ਾਲੀ ਮੇਲਾ ਲਗਾਉਣ ਅਤੇ ਇਹਨਾਂ ਦੀ ਬਾਖ਼ੂਬੀ ਪੇਸ਼ਕਾਰੀ ਕਰਨ ਲਈ ਭਰਪੂਰ ਪ੍ਰਸ਼ੰਸਾ ਕਰਦੇ ਹੋਏ ਭਵਿੱਖ ਵਿੱਚ ਹੋਰ ਵਧੀਆ ਕੰਮ ਕਰਨ ਲਈ ਪ੍ਰੇਰਨਾ ਦਿੱਤੀ। ਸਕੂਲ ਦੇ ਮੀਡੀਆ ਇੰਚਾਰਜ ਡਾ. ਰਣਜੋਧ ਸਿੰਘ (ਲੈਕ. ਅਰਥ-ਸ਼ਾਸਤਰ) ਨੇ ਦੱਸਿਆ ਕਿ ਇਸ ਸਮੇਂ ਅਧਿਆਪਕਾਂ ਦੀ ਟੀਮ ਦੁਆਰਾ ਮੇਲੇ ਅਧੀਨ ਪੇਸ਼ ਕੀਤੀਆਂ ਗਈਆਂ ਸਮੂਹ ਕਿਰਿਆਵਾਂ ਦਾ ਮੁਲਾਂਕਣ ਕਰਕੇ, ਪੁਰਾਤਨ ਸੱਭਿਆਚਾਰ, ਚੋਣ ਪ੍ਰਕਿਰਿਆ, ਅਰਥਵਿਵਸਥਾ ਦਾ ਵਾਸਤਵਿਕ ਪ੍ਰਵਾਹ ਮਾਡਲ, ਸੰਖਿਆ ਪ੍ਰਣਾਲੀ, ਦੇਸੀ ਮਹੀਨੇ, ਪਾਈਥਨ ਓਪਰੇਸ਼ਨ, ਇਲੈਕਟਰੀਕਲ ਟ੍ਰੀਟਮੈਂਟ, ਨਵੇਂ ਪਦਾਰਥਾਂ ਦੀ ਉਤਪੱਤੀ, ਧਰਤੀ ਦੀਆਂ ਵੱਖ-ਵੱਖ ਪਰਤਾਂ ਅਤੇ ਰਾਸ਼ਟਰੀ ਪ੍ਰਤੀਕ ਸਿਰਲੇਖਾਂ ਅਧੀਨ ਕਿਰਿਆਵਾਂ ਦੀ ਵਧੀਆ ਪੇਸ਼ਕਾਰੀਆਂ ਵਜੋਂ ਚੋਣ ਕੀਤੀ ਗਈ। ਇਸ ਸਮੇਂ ਲੈਕ. ਮਨਜੋਤ ਕੌਰ, ਲੈਕ. ਚਮਕੌਰ ਸਿੰਘ, ਲੈਕ. ਗਲੋਰੀ , ਲੈਕ. ਸੁਖਵਿੰਦਰ ਕੌਰ, ਵਿਪਨ ਕੁਮਾਰ, ਰਚਨਾ, ਰਾਜਪ੍ਰੀਤ ਕੌਰ, ਅੰਮ੍ਰਿਤਪਾਲ ਸਿੰਘ ਅਤੇ ਗੁਰਸ਼ਰਨ ਕੌਰ ਆਦਿ ਅਧਿਆਪਕ ਸਾਹਿਬਾਨ ਹਾਜ਼ਰ ਸਨ।

## 200 ਲੀਟਰ ਅਲਕੋਹਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 200 ਲੀਟਰ ਅਲਕੋਹਲ ਬਰਾਮਦ ਕਰਕੇ 4 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸੁਰਜੀਤ ਸਿੰਘ ਨੇ ਦੱਸਿਆ ਕਿ ਰਾਜਬੀਰ ਸਿੰਘ ਐਕਸਾਈਜ਼ ਇੰਸਪੈਕਟਰ ਸਮੇਤ ਸਾਥੀਆਂ ਦੇ ਗਸ਼ਤ ਕਰ ਸਨ ਤਾਂ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਆਨ ਸੁਖਵਿੰਦਰ ਸਿੰਘ ਪੁੱਤਰ ਜੰਗੀਰ ਸਿੰਘ, ਸੁਖਪ੍ਰੀਤ ਸਿੰਘ ਉਰਫ ਸੁੱਖਾ ਪੁੱਤਰ ਦੀਵਾਨ ਸਿੰਘ, ਅਮਰੀਕ ਸਿੰਘ ਪੁੱਤਰ ਗੁਰਮੇਜ ਸਿੰਘ, ਆਤਮਾ ਸਿੰਘ ਉਰਫ ਆਤੂ ਵਾਸੀਅਨ ਝੁੱਗੇ ਨਿਹੰਗਾਂ ਵਾਲੇ, ਜੋ ਅਲਕੋਹਲ ਤੋਂ ਸ਼ਰਾਬ ਤਿਆਰ ਕਰਕੇ ਅੱਗੇ ਵੇਚਦੇ ਹਨ ਤੇ ਇਸ ਵਕਤ ਸਾਹਮਣੇ ਬਾਬੇ ਦੀ ਭੂਰੀ ਪੀਰ ਦੀ ਜਗ੍ਹਾ ਝੁੱਗੇ ਨਿਹੰਗਾਂ ਸਿੰਘ ਵਾਲੇ ਵਿਖੇ ਅਲਕੋਹਲ ਨਾਲ ਸ਼ਰਾਬ ਤਿਆਰ ਕਰਕੇ ਵੇਚ ਰਹੇ ਹਨ। ਜੇਕਰ ਛਾਪੇਮਾਰੀ ਕੀਤੀ ਜਾਵੇ ਤਾਂ ਅਲਕੋਹਲ ਸਮੇਤ ਕਾਬੂ ਆ ਸਕਦੇ ਹਨ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ 'ਤੇ ਛਾਪੇਮਾਰੀ ਕੀਤੀ ਤਾਂ ਉਕਤ ਦੋਸ਼ੀ ਮੌਕੇ ਤੋਂ ਫਰਾਰ ਹੋ ਗਏ ਤੇ ਮੌਕੇ 'ਤੇ 200 ਲੀਟਰ ਅਲਕੋਹਲ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

## ਪ੍ਰਦੂਸ਼ਣ ਦੀ ਆੜ 'ਚ ਕਿਸਾਨਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹੈ : ਭਰਭੂਰ ਸਿੰਘ ਮੌੜਾਂ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੇ ਪਿੰਡ ਇਕਾਈਆਂ ਦੀ ਮੀਟਿੰਗ ਦਿੜ੍ਹਬਾ ਬਲਾਕ ਦੇ ਪ੍ਰਧਾਨ ਭਰਭੂਰ ਸਿੰਘ ਮੌੜਾਂ ਤੇ ਬਲਾਕ ਪ੍ਰੈੱਸ ਸਕੱਤਰ ਚਰਨਜੀਤ ਸਿੰਘ ਘਨੌੜ ਸੰਤਪੁਰਾ ਦੀ ਅਗਵਾਈ ਹੇਠ ਗੁਰਦੁਆਰਾ ਬਾਬਾ ਬੈਰਸੀਆਣਾ ਸਾਹਿਬ ਵਿਖੇ ਹੋਈ। ਮੀਟਿੰਗ ਵਿੱਚ ਬਹੁ-ਗਿਣਤੀ ਪਿੰਡ ਇਕਾਈਆਂ ਨੇ ਭਾਗ ਲਿਆ, ਦਿੜ੍ਹਬਾ ਬਲਾਕ ਦੇ ਵੱਖ ਵੱਖ ਪਿੰਡਾਂ ਤੋਂ ਆਏ ਕਿਸਾਨਾਂ ਨਾਲ ਪਰਾਲ਼ੀ ਦੇ ਮੁੱਦੇ 'ਤੇ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿੜ੍ਹਬਾ ਬਲਾਕ ਦੇ ਪ੍ਰਧਾਨ ਭਰਭੂਰ ਸਿੰਘ ਮੌੜਾਂ ਨੇ ਦੱਸਿਆ ਕਿ ਪ੍ਰਦੂਸ਼ਣ ਦੀ ਆੜ ਵਿੱਚ ਜੋ ਕਿਸਾਨਾਂ ਨੂੰ ਪ੍ਰਸ਼ਾਸਨ ਤੇ ਸਰਕਾਰ ਵੱਲੋਂ ਪ੍ਰੇਸ਼ਾਨ ਕੀਤਾ ਜਾਂਦਾ ਹੈ, ਉਸ ਸਬੰਧੀ ਜਥੇਬੰਦੀ ਦੀ ਜੋ ਨੀਤੀ ਹੈ, ਉਸ ਨੂੰ ਲੋਕਾਂ ਤੱਕ ਪਹੁੰਚਾਉਣ ਵਾਸਤੇ ਇਹ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਕਿ ਸਰਕਾਰ ਗ੍ਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਨੂੰ ਇੰਨ ਬਿੰਨ ਲਾਗੂ ਕਰੇ, ਜਥੇਬੰਦੀ ਪਰਾਲ਼ੀ ਨੂੰ ਅੱਗ ਲਾਉਣ ਦੀ ਹਦਾਇਤ ਨਹੀਂ ਕਰਦੀ, ਪਰ ਜਿੰਨਾ ਸਮਾਂ ਸਰਕਾਰ ਪਰਾਲ਼ੀ ਦਾ ਕੋਈ ਠੋਸ ਪ੍ਰਬੰਧ ਨਹੀਂ ਕਰਦੀ ਤਾਂ ਜਥੇਬੰਦੀ ਕਿਸਾਨਾਂ ਨਾਲ ਕਿਸੇ ਵੀ ਤਰ੍ਹਾਂ ਦਾ ਧੱਕਾ ਨਹੀਂ ਹੋਣ ਦੇਵੇਗੀ ਤੇ ਡੱਟ ਕੇ ਕਿਸਾਨਾਂ ਨਾਲ ਖੜੇਗੀ। ਬਲਾਕ ਆਗੂ ਅਮਨਦੀਪ ਸਿੰਘ ਮਹਿਲਾਂ ਨੇ ਕਿਹਾ ਕਿ ਸਰਕਾਰ ਰਹਿੰਦੇ ਸਮੇਂ ਵਿੱਚ ਪਰਾਲ਼ੀ ਦਾ ਪ੍ਰਬੰਧ ਕਰੇ ਜਾਂ ਫਿਰ ਵਿਰੋਧ ਦਾ ਸਾਹਮਣਾ ਕਰਨ ਲਈ ਤਿਆਰ ਰਹੇ ਅਤੇ ਪਿੰਡਾਂ ਵਿੱਚ ਘਰਾਂ ਵਾਲੇ ਠੀਕ ਠਾਕ ਚਲਦੇ ਬਿਜਲੀ ਵਾਲੇ ਮੀਟਰ ਉਤਾਰ ਕੇ ਸਮਾਰਟ ਮੀਟਰ ਲਗਾਏ ਜਾ ਰਹੇ ਨੇ ਇਹ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਬਲਾਕ ਪ੍ਰੈੱਸ ਸਕੱਤਰ ਚਰਨਜੀਤ ਸਿੰਘ ਘਨੌੜ ਸੰਤਪੁਰਾ ਨੇ ਕਿਹਾ ਕਿ ਹੜ੍ਹ ਪੀੜਤ ਕਿਸਾਨਾਂ ਦੇ ਖੇਤਾਂ ਵਿੱਚੋਂ ਰੇਤ (ਮਿੱਟੀ) ਕੱਢਣ ਲਈ ਸੰਗਰੂਰ ਜ਼ਿਲ੍ਹੇ ਵਿੱਚੋਂ 23 ਅਕਤੂਬਰ ਨੂੰ ਟਰੈਕਟਰ ਰਵਾਨਾ ਕੀਤੇ ਜਾਣਗੇ ਤੇ ਕਣਕ ਦੀ ਬਿਜਾਈ ਕਰਵਾਉਣ ਲਈ ਜਥੇਬੰਦੀ ਤਿਆਰ ਬਰ ਤਿਆਰ ਹੈ। ਇਸ ਮੀਟਿੰਗ ਵਿੱਚ ਮਿਸ਼ਰਾ ਸਿੰਘ ਨਿਹਾਲਗੜ੍ਹ, ਜੋਗਿੰਦਰ ਸਿੰਘ ਖੇੜੀ ਨਾਗਾ, ਜਗਦੀਪ ਸਿੰਘ ਮਹਿਲਾਂ, ਜਗਜੀਤ ਸਿੰਘ ਮਹਿਲਾਂ, ਗੁਰਸੇਵਕ ਸਿੰਘ ਮਹਿਲਾਂ, ਜਸਵੰਤ ਸਿੰਘ ਸਮੂੰਰਾਂ, ਹਰਬੰਸ ਸਿੰਘ ਦਿੜ੍ਹਬਾ, ਮੇਜ਼ਰ ਸਿੰਘ ਕੌਹਰੀਆਂ ਤੋਂ ਇਲਾਵਾ ਪਿੰਡ ਇਕਾਈਆਂ ਦੇ ਪ੍ਰਧਾਨ/ਜਨਰਲ ਸਕੱਤਰ/ਖਜ਼ਾਨਚੀ/ਪ੍ਰੈੱਸ ਸਕੱਤਰ ਤੇ ਪਿੰਡਾਂ ਤੋਂ ਆਏ ਕਿਸਾਨ ਹਾਜ਼ਰ ਸਨ।

23-Oct Page 11-Majha-25-Final-25.qxd 10/22/2025 10:40 PM Page 1



## ਵਿਕਾਸ ਕਾਰਜਾਂ ਦੇ ਨਾਲ-ਨਾਲ ਲੋਕਾਂ ਦੀਆਂ ਮੁਸ਼ਕਿਲਾਂ ਵੀ ਹੱਲ ਕੀਤੀਆਂ ਜਾ ਰਹੀਆਂ: ਸ਼ੈਰੀ ਕਲਸੀ

ਬਟਾਲਾ, (ਡਾ. ਮਲਵਿੰਦਰ ਸਿੰਘ)-ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਲੋਕਹਿਤ ਵਿੱਚ ਵੱਡੇ ਫੈਸਲੇ ਲਏ ਗਏ ਹਨ ਅਤੇ ਲੋਕ ਭਲਾਈ ਨੀਤੀਆਂ ਨੂੰ ਹੇਠਲੇ ਪੱਧਰ ਤੱਕ ਲਾਗੂ ਕੀਤਾ ਗਿਆ।ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਹਰ ਵਰਗ ਦੇ ਲੋਕਾਂ ਨੂੰ 600 ਯੂਨਿਟ ਬਿਜਲੀ ਮੁਫ਼ਤ ਨਿਰਵਿਘਨ ਮੁਹੱਈਆ ਕਰਵਾਈ ਗਈ ਹੈ।ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ਾਂ ਨੂੰ ਸਿਹਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ।ਸਕੂਲ ਆਫ ਐਮੀਨੈਂਸ ਰਾਹੀਂ ਵਿਦਿਆਰਥੀਆਂ ਨੂੰ ਹੋਰ ਉਚ ਮਿਆਰੀ ਸਿੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਹਲਕੇ ਦੇ ਲੋਕਾਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਲੋਕਾਂ ਅਤੇ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸੜਕਾਂ ਤੇ ਚੌਂਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ।ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ, ਜਿਥੇ ਲੋਕਾਂ ਨੂੰ ਵੱਖ-ਵੱਖ ਸਰਕਾਰੀ ਸਹੂਲਤਾਂ ਮੁਹੱਈਆ ਹੋਣਗੀਆਂ।ਸਿੱਖਿਆ ਕਰਾਂਤੀ ਤਹਿਤ ਸਕੂਲਾਂ ਅੰਦਰ ਵਿਕਾਸ ਕਾਰਜ ਕਰਵਾਏ ਗਏ ਹਨ। ਸ਼ਹਿਰ ਵਿਚਲੀਆਂ ਸੜਕਾਂ ਤੇ ਸਟਰੀਟ ਲਾਈਟਾਂ ਲਗਾਈਆਂ ਜਾ ਰਹੀਆਂ ਹਨ ਅਤੇ ਵੱਖ-ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ।ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਪਿੰਡਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਜਾ ਰਹੀ ਹੈ। ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਏ ਜਾ ਰਹੇ ਹਨ।ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡ ਮੈਦਾਨ ਉਸਾਰੇ ਜਾ ਰਹੇ ਹਨ।ਪਿੰਡਾਂ ਵਿਚਲੀਆਂ ਲਿੰਕ ਸੜਕਾਂ ਦੇ ਨਿਰਮਾਣ ਕਾਰਜ ਕਰਵਾਏ ਜਾ ਰਹੇ ਹਨ। ਪਾਰਕਾਂ ਦੀ ਉਸਾਰੀ ਕੀਤੀ ਗਈ ਹੈ ਅਤੇ ਨਵੀਆਂ ਚੁਣੀਆਂ ਪੰਚਾਇਤਾਂ ਰਾਹੀ ਪਿੰਡਾਂ ਵਿੱਚ ਚਹੁੱਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।



## ਤਰਨਤਾਰਨ ਦੇ 2.11 ਲੱਖ ਤੋਂ ਵੱਧ ਘਰਾਂ ਨੂੰ ਪੰਜਾਬ ਦੀ ਮਾਨ ਸਰਕਾਰ ਦੇ ਰਹੀ ਹੈ ਮੁਫ਼ਤ ਬਿਜਲੀ:ਸੰਜੀਵ ਅਰੋੜਾ

ਤਰਨਤਾਰਨ, (ਪ੍ਰਿਤਪਾਲ ਸਿੰਘ)-ਤਰਨਤਾਰਨ ਵਿਧਾਨ ਸਭਾ ਹਲਕੇ ਵਿੱਚ ਹੋਣ ਵਾਲੀ ਜ਼ਿਮਨੀ ਚੋਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਇੱਕ ਵਾਰ ਫਿਰ ਆਪਣੀ ਕੰਮ ਦੀ ਰਾਜਨੀਤੀ ਦਾ ਬਿਗਲ ਵਜਾ ਦਿੱਤਾ ਹੈ।ਪੰਜਾਬ ਦੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਤਰਨਤਾਰਨ ਵਿੱਚ ਪਾਰਟੀ ਉਮੀਦਵਾਰ ਹਰਮੀਤ ਸਿੰਘ ਸੰਧੂ ਲਈ ਪ੍ਰਚਾਰ ਕਰਦੇ ਹੋਏ ਵਿਰੋਧੀ ਪਾਰਟੀਆਂ ਨੂੰ ਹਿਲਾ ਕੇ ਰੱਖ ਦੇਣ ਵਾਲੇ ਅਧਿਕਾਰਤ ਅੰਕੜੇ ਜਾਰੀ ਕੀਤੇ।ਮੰਤਰੀ ਨੇ ਦਾਅਵਾ ਕੀਤਾ ਕਿ ਆਪ ਸਰਕਾਰ ਦੀ 300 ਯੂਨਿਟ ਮੁਫ਼ਤ ਬਿਜਲੀ ਦੀ ਸਭ ਤੋਂ ਵੱਡੀ ਗਰੰਟੀ ਕਾਰਨ, ਤਰਨਤਾਰਨ ਵਿੱਚ 82% ਘਰੇਲੂ ਖਪਤਕਾਰਾਂ ਨੂੰ ਜ਼ੀਰੋ ਬਿਜਲੀ ਬਿੱਲ ਮਿਲ ਰਹੇ ਹਨ।ਮੀਡੀਆ ਨੂੰ ਸੰਬੋਧਨ ਕਰਦਿਆਂ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਇਹ ਇਤਿਹਾਸਕ ਪ੍ਰਾਪਤੀ ਮੁੱਖ ਮੰਤਰੀ ਭਗਵੰਤ ਮਾਨ ਦੇ ਇਮਾਨਦਾਰ ਇਰਾਦਿਆਂ ਕਾਰਨ ਪ੍ਰਾਪਤ ਹੋਈ ਹੈ।ਉਨ੍ਹਾਂ ਦੱਸਿਆ ਕਿ, ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ, ਸਰਹੱਦੀ ਜ਼ਿਲ੍ਹੇ ਤਰਨਤਾਰਨ ਵਿੱਚ ਘਰੇਲੂ ਖਪਤਕਾਰਾਂ ਲਈ ਪ੍ਰਤੀ ਮਹੀਨਾ 300 ਯੂਨਿਟ ਦੀ ਛੋਟ ਜਾਰੀ ਹੈ।ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਮਈ ਅਤੇ ਜੂਨ 2025 ਲਈ ਜਾਰੀ ਕੀਤੇ ਗਏ ਘਰੇਲੂ ਬਿੱਲ ਦੇ ਅੰਕੜਿਆਂ ਨੂੰ ਦੇਖਦੇ ਹੋਏ, 211,552 ਖਪਤਕਾਰਾਂ ਨੂੰ ਜ਼ੀਰੋ ਬਿੱਲ ਲਾਭ ਪ੍ਰਾਪਤ ਹੋਇਆ ਹੈ।ਇਹ ਅੰਕੜਾ ਤਰਨਤਾਰਨ ਦੇ ਕੁੱਲ ਘਰੇਲੂ ਖਪਤਕਾਰਾਂ ਦਾ 82 ਪ੍ਰਤੀਸ਼ਤ ਦਰਸਾਉਂਦਾ ਹੈ। ਵਿਰੋਧੀ ਪਾਰਟੀਆਂ ਵਾਂਗ ਅਸੀਂ ਝੂਠੇ ਦਾਅਵੇ ਨਹੀਂ ਕੀਤੇ, ਅਸੀਂ ਗਾਰੰਟੀ ਪ੍ਰਦਾਨ ਕੀਤੀ ਸੀ, ਅਤੇ ਅੱਜ ਇਹ ਗਾਰੰਟੀ ਤਰਨਤਾਰਨ ਦੇ ਹਰ ਘਰ ਵਿੱਚ ਖੁਸ਼ਹਾਲੀ ਲਿਆ ਰਹੀ ਹੈ।ਅਰੋੜਾ ਨੇ ਆਪ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਸਿਰਫ਼ ਇੱਕ ਉਮੀਦਵਾਰ ਨਹੀਂ, ਸਗੋਂ ਤਰਨਤਾਰਨ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੇ ਵਿਕਾਸ ਮਾਡਲ ਦਾ ਤੇਜ਼ੀ ਨਾਲ ਅੱਗੇ ਵਧਣ ਵਾਲਾ ਚਿਹਰਾ ਦੱਸਿਆ।ਉਨ੍ਹਾਂ ਕਿਹਾ ਕਿ ਸੰਧੂ ਇੱਕ ਜ਼ਮੀਨੀ ਪੱਧਰ ਦੇ ਨੇਤਾ ਹਨ ਅਤੇ ਉਨ੍ਹਾਂ ਦੀ ਜਿੱਤ ਹਰ ਪਿੰਡ ਅਤੇ ਹਰ ਘਰ ਵਿੱਚ ਵਿਕਾਸ ਨੂੰ ਤੇਜ਼ ਕਰੇਗੀ।ਮੰਤਰੀ ਨੇ ਵਿਸ਼ੇਸ਼ ਤੌਰ ਤੇ ਜ਼ੀਰੋ ਬਿੱਲ ਪ੍ਰਾਪਤ ਕਰਨ ਵਾਲੇ 82% ਪਰਿਵਾਰਾਂ ਨੂੰ ਕੰਮ ਦੀ ਰਾਜਨੀਤੀ ਲਈ ਵੋਟ ਪਾਉਣ ਦੀ ਅਪੀਲ ਕੀਤੀ।ਮੰਤਰੀ ਸੰਜੀਵ ਅਰੋੜਾ ਨੇ ਵਿਰੋਧੀ ਪਾਰਟੀਆਂ ਨੂੰ ਸਿੱਧੀ ਅਤੇ ਸਖ਼ਤ ਚੇਤਾਵਨੀ ਦਿੱਤੀ।ਉਨ੍ਹਾਂ ਕਿਹਾ ਕਿ ਉਹ ਝੂਠੀ ਬਿਆਨਬਾਜ਼ੀ ਅਤੇ ਚਿੱਕੜ ਸੁੱਟਣਾ ਬੰਦ ਕਰਨ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਤਰਨਤਾਰਨ ਦੇ ਲੋਕ ਸਿਆਣੇ ਹਨ ਅਤੇ ਵਿਕਾਸ ਬਨਾਮ ਭ੍ਰਿਸ਼ਟਾਚਾਰ ਦੀ ਇਸ ਲੜਾਈ ਵਿੱਚ ਆਪ ਅਤੇ ਹਰਮੀਤ ਸਿੰਘ ਸੰਧੂ ਦੇ ਨਾਲ ਖੜ੍ਹੇ ਹਨ।ਭਾਰੀ ਜਨਤਕ ਸਮਰਥਨ ਦੇ ਆਧਾਰ 'ਤੇ ਅਰੋੜਾ ਨੇ ਦਾਅਵਾ ਕੀਤਾ ਕਿ ਜ਼ਿਮਨੀ ਚੋਣ ਵਿੱਚ ਹਰਮੀਤ ਸਿੰਘ ਸੰਧੂ ਦੀ ਜਿੱਤ ਇਤਿਹਾਸਕ ਹੋਵੇਗੀ।



## ਆਤਿਸ਼ਬਾਜ਼ੀ ਕਾਰਨ ਕਾਰ ਨੂੰ ਲੱਗੀ ਭਿਆਨਕ ਅੱਗ, ਲੱਖਾਂ ਦਾ ਨੁਕਸਾਨ

ਪੱਟੀ (ਬਲਦੇਵ ਸਿੰਘ ਸੰਧੂ)-ਸਥਾਨਕ ਸ਼ਹਿਰ ਅੰਦਰ ਦਿਵਾਲੀ ਵਾਲੀ ਰਾਤ ਆਤਿਸ਼ਬਾਜ਼ੀ ਕਾਰਨ ਘਰ 'ਚ ਖੜੀ ਨਵੀਂ ਕਾਰ ਨੂੰ ਲੱਗੀ ਭਿਆਨਕ ਅੱਗ, ਲੱਖਾਂ ਦਾ ਨੁਕਸਾਨ ਹੋ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾਕਟਰ ਅਰਵਿੰਦਰਜੀਤ ਸਿੰਘ ਵਾਸੀ ਗੁਰੂ ਨਾਨਕ ਕਲੋਨੀ ਪੱਟੀ ਨੇ ਦੱਸਿਆ ਕਿ ਬੀਤੀ ਮੰਗਲਵਾਰ ਦੀ ਰਾਤ ਜਦੋਂ ਸਾਰੇ ਸੌਂ ਗਏ ਤਾਂ ਗੁਆਂਢ ਵਿੱਚ ਰਹਿੰਦੇ ਲੋਕਾਂ ਨੇ ਉਨ੍ਹਾਂ ਨੂੰ ਦੱਸਿਆ ਕਿ ਉਨ੍ਹਾਂ ਦੇ ਘਰ ਅੱਗ ਲੱਗ ਗਈ ਹੈ। ਲਗਭਗ 12 ਵਜੇ ਜਦੋਂ ਉਨ੍ਹਾਂ ਉੱਠ ਕੇ ਵੇਖਿਆ ਤਾਂ ਤਿੰਨ ਮਹੀਨੇ ਪਹਿਲਾਂ ਲਿਆਂਦੀ ਟਇਟਾ ਹਾਈਰਾਈਡਰ ਕਾਰ ਨੂੰ ਅੱਗ ਲੱਗੀ ਹੋਈ ਸੀ।ਇਹ ਅੱਗ ਆਤਿਸ਼ਬਾਜ਼ੀ ਕਾਰਨ ਲੱਗੀ ਹੈ।

ਇਸ ਨਾਲ ਘਰ ਦਾ ਹੋਰ ਸਾਮਾਨ ਜਨਰੇਟਰ, ਏਸੀ, ਬੈੱਡਰੂਮ ਦੀਆਂ ਸਾਰੀਆਂ ਬਾਰੀਆਂ, ਕੈਂਚੀ, ਪੱਖਾ ਆਦਿ ਸੜ ਕੇ ਸਵਾਹ ਹੋ ਗਏ।ਕਾਰ ਦੇ ਅਲੋਏਵੀਲ ਤਕ ਪਿਘਲ ਗਏ।ਉਨ੍ਹਾਂ ਦੱਸਿਆ ਕਿ ਅੱਗ ਲੱਗਣ ਸਮੇਂ ਤੁਰੰਤ ਉਨ੍ਹਾਂ ਨੇ ਫਾਇਰ ਬ੍ਰਿਗੇਡ ਨੂੰ ਫੋਨ ਵੀ ਕੀਤਾ ਸੀ ਪਰ ਫਾਇਰ ਬ੍ਰਿਗੇਡ ਵਾਲੇ ਕਹਿ ਰਹੇ ਸਨ ਕਿ ਉਨ੍ਹਾਂ ਦੀ ਗੱਡੀ ਭਿੱਖੀਵਿੰਡ ਗਈ ਹੋਈ ਹੈ।ਅੱਗ ਬੁਝਾਉਣ ਵਾਲੇ ਤਿੰਨ ਸਿਲੰਡਰ ਵੀ ਵਰਤੇ ਗਏ ਪਰ ਅੱਗ 'ਤੇ ਕਾਬੂ ਨਹੀਂ ਪਾਇਆ ਜਾ ਸਕਿਆ ਅਤੇ ਨਵੀਂ ਕਾਰ ਸੜ ਕੇ ਸੁਆਹ ਹੋ ਗਈ। ਇਸ ਮੌਕੇ ਡਾਕਟਰ ਅਰਵਿੰਦਰਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਤਿੰਨ ਮਹੀਨੇ ਪਹਿਲਾਂ ਹੀ ਆਪਣੀ ਪਤਨੀ ਨਵਨੀਤ ਕੌਰ ਦੇ ਨਾਮ 'ਤੇ ਇਹ ਕਾਰ 18 ਲੱਖ 50 ਹਜ਼ਾਰ ਰੁਪਏ ਵਿੱਚ ਖਰੀਦੀ ਸੀ।ਇਸ ਮੌਕੇ ਉਨ੍ਹਾਂ ਨੇ ਸਰਕਾਰ ਅਤੇ ਪ੍ਰਸ਼ਾਸਨ ਦੀ ਅਣਗਹਿਲੀ ਨੂੰ ਇਸ ਦਾ ਕਾਰਨ ਦੱਸਿਆ ਕਿਉਂਕਿ ਸਰਕਾਰ ਪਟਾਕਿਆਂ 'ਤੇ ਕੋਈ ਰੋਕ ਨਹੀਂ ਲਗਾ ਸਕੀ।ਇਸ ਸਮੇਂ ਉਨ੍ਹਾਂ ਨੇ ਮੁਆਵਜ਼ੇ ਦੀ ਮੰਗ ਵੀ ਕੀਤੀ।



## ਡੀ ਸੀ ਨੇ ਬਿਰਧ ਆਸ਼ਰਮ ਤੇ ਚਿਲਡਰਨ ਹੋਮ 'ਚ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ

ਗੁਰਦਾਸਪੁਰ (ਜਨਕ ਮਹਾਜਨ)-ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ 'ਤੇ ਦਲਵਿੰਦਰਜੀਤ ਸਿੰਘ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਗੁਰਦਾਸਪੁਰ ਵੱਲੋਂ ਬਿਰਧ ਆਸ਼ਰਮ ਗੁਰਦਾਸਪੁਰ ਵਿਖੇ ਪਹੁੰਚ ਕੇ ਬਜ਼ੁਰਗਾਂ ਨੂੰ ਦੀਵਾਲੀ ਦੀ ਮੁਬਾਰਕਬਾਦ ਦਿੱਤੀ। ਡਿਪਟੀ ਕਮਿਸ਼ਨਰ ਵੱਲੋਂ ਬਜ਼ੁਰਗਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਬਜ਼ੁਰਗ ਸਾਡੇ ਆਪਣੇ ਹਨ ਅਤੇ ਬਜ਼ੁਰਗਾਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਉਨ੍ਹਾਂ ਆਸ਼ਰਮ ਦੇ ਕਮਰਿਆਂ, ਰਸੋਈ ਅਤੇ ਹੋਰ ਸਹੂਲਤਾਂ ਦੀ ਜਾਂਚ ਕੀਤੀ।

ਇਸ ਮੌਕੇ ਉਨ੍ਹਾਂ ਨੇ ਬਜ਼ੁਰਗਾਂ ਨੂੰ ਫਲ ਆਦਿ ਵੰਡੇ ਅਤੇ ਸੰਬੰਧਤ ਸਟਾਫ ਨੂੰ ਨਿਰਦੇਸ਼ ਦਿੱਤੇ ਕਿ ਬਜ਼ੁਰਗਾਂ ਦੀ ਸਿਹਤ ਅਤੇ ਸੁਖ-ਸੁਵਿਧਾ ਦਾ ਖਾਸ ਧਿਆਨ ਰੱਖਿਆ ਜਾਵੇ। ਨਾਲ ਹੀ ਉਨ੍ਹਾਂ ਕਿਹਾ ਕਿ ਜੇਕਰ ਆਸ਼ਰਮ ਨੂੰ ਕਿਸੇ ਵੀ ਤਰ੍ਹਾਂ ਦੀ ਮਦਦ ਦੀ ਲੋੜ ਹੋਵੇ ਤਾਂ ਪ੍ਰਸ਼ਾਸਨ ਨੂੰ ਜ਼ਰੂਰ ਜਾਣਕਾਰੀ ਦਿੱਤੀ ਜਾਵੇ।

ਇਸ ਮੌਕੇ ਰਾਜੀਵ ਸਿੰਘ, ਸਕੱਤਰ, ਰੈੱਡ ਕਰਾਸ ਸੋਸਾਇਟੀ , ਗੁਰਦਾਸਪੁਰ, ਅਰਪਣਾ, ਮੈਨੇਜਰ, ਬਿਰਧ ਆਸ਼ਰਮ (ਹੈਲਪਏਜ ਇੰਡੀਆ), ਗੁਰਦਾਸਪੁਰ, ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸੁਨੀਲ ਸ਼ਰਮਾ, ਮੈਡਮ ਸੰਦੀਪ ਕੌਰ, ਸੁਪਰਡੈਂਟ ਅਤੇ ਸਟਾਫ ਮੈਂਬਰ ਵੀ ਹਾਜ਼ਰ ਸਨ।



## ਮਿੱਟੀ ਪਰਖ ਦੇ ਆਧਾਰ 'ਤੇ ਖਾਦਾਂ ਦੀ ਵਰਤੋਂ ਕਰਨਾ ਲਾਹੇਵੰਦ : ਡਾ. ਭੁਪਿੰਦਰ ਸਿੰਘ

**ਪੱਟੀ (ਸ਼ਮਸ਼ੇਰ ਸਿੰਘ ਯੋਧਾ)**-ਜਿਸ ਤਰ੍ਹਾਂ ਮਨੁੱਖੀ ਸਿਹਤ ਦੀ ਕਾਮਯਾਬੀ ਲਈ ਸੰਤੁਲਿਤ ਖੁਰਾਕ ਦੀ ਲੋੜ ਹੁੰਦੀ ਹੈ ਉਸੇ ਤਰ੍ਹਾਂ ਪੌਦਿਆਂ ਦੇ ਵਾਧੇ ਅਤੇ ਚੰਗੇ ਝਾੜ ਲਈ ਵੀ ਸੰਤੁਲਿਤ ਖੁਰਾਕ ਦੀ ਜ਼ਰੂਰਤ ਪੈਂਦੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਡਾ. ਭੁਪਿੰਦਰ ਸਿੰਘ ਬਲਾਕ ਖੇਤੀਬਾੜੀ ਅਫਸਰ ਪੱਟੀ ਨੇ ਕਿਹਾ ਕਿ ਖੁਰਾਕੀ ਤੱਤਾਂ ਦੀ ਘਾਟ ਨੂੰ ਪੂਰਾ ਕਰਨ ਲਈ ਆਮ ਤੌਰ ਤੇ ਪੱਤਿਆਂ ਦੇ ਰੰਗ ਰੂਪ ਤੋਂ ਅੰਦਾਜ਼ਾ ਲਗਾ ਲਿਆ ਜਾਂਦਾ ਹੈ ਪਰ ਮਿੱਟੀ ਪਰਖ ਨਾਲ ਇਸ ਦਾ ਸਥਾਈ ਹੱਲ ਸੰਭਵ ਹੈ।ਇਸ ਮੌਕੇ ਪ੍ਰਮਿੰਦਰ ਕੌਰ ਏਡੀਓ, ਰਜਿੰਦਰ ਕੁਮਾਰ ਖੇਤੀਬਾੜੀ ਵਿਸਥਾਰ ਅਫਸਰ, ਗੁਰਪ੍ਰੀਤ ਸਿੰਘ ਬੀਟੀਐੱਮ, ਗੁਰਦੇਵ ਸਿੰਘ ਸਰਹਾਲੀ ਤਕਨੀਕੀ ਸਹਾਇਕ ਨੇ ਪਿੰਡ ਸੰਗਵਾਂ ਅਤੇ ਆਸਲ ਵਿਖੇ ਮਿੱਟੀ ਦੇ ਸੈਂਪਲ ਇਕੱਤਰ ਕਰਨ ਮੌਕੇ ਜਾਣਕਾਰੀ ਦਿੱਤੀ ਕਿ ਹਰ ਤਿੰਨ ਸਾਲ ਬਾਅਦ ਮਿੱਟੀ ਦੇ ਨਮੂਨੇ ਪਰਖ ਕਰਾ ਲੈਣੇ ਜ਼ਰੂਰੀ ਹਨ।ਪਰਖ ਦੇ ਅਧਾਰ ਤੇ ਖੁਰਾਕੀ ਤੱਤਾਂ ਦੀ ਘਾਟ ਅਨੁਸਾਰ ਖਾਦਾਂ ਦੀ ਵਰਤੋਂ ਕਰਨ ਨਾਲ ਖੇਤੀ ਖਰਚੇ ਘਟਣਗੇ।ਉਨ੍ਹਾਂ ਕਿਹਾ ਕਿ ਆਮ ਤੌਰ ਤੇ ਕਿਸਾਨਾਂ ਵੱਲੋਂ ਲੋੜ ਤੋਂ ਵੱਧ ਖਾਦ ਪਾ ਦਿੱਤੀ ਜਾਂਦੀ ਹੈ ਜਿਸ ਨਾਲ ਫਸਲਾਂ ਵਿੱਚ ਕੀੜੇ ਮਕੌੜੇ ਅਤੇ ਬਿਮਾਰੀਆਂ ਦਾ ਹਮਲਾ ਵੀ ਵੱਧ ਜਾਂਦਾ ਹੈ।ਇਸ ਦੌਰਾਨ ਡਾ. ਭੁਪਿੰਦਰ ਸਿੰਘ ਨੇ ਜਾਣਕਾਰੀ ਦਿੱਤੀ ਕਿ ਮੁੱਖ ਖੇਤੀਬਾੜੀ ਅਫਸਰ ਤਰਨਤਾਰਨ ਡਾ. ਤੇਜਬੀਰ ਸਿੰਘ ਦੇ ਦਿਸ਼ਾ ਨਿਰਦੇਸ਼ ਹੇਠ ਕਿਸਾਨਾਂ ਨੂੰ ਖਾਦਾਂ ਦੀ ਸੁਚੱਜੀ ਵਰਤੋ ਕਰਨ ਅਤੇ ਮਿੱਟੀ ਪਰਖ ਦੀ ਅਹਿਮੀਅਤ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਮੁਹਿੰਮ ਤਹਿਤ ਜਿੱਥੇ ਸਰਕਲ ਅਧਿਕਾਰੀਆਂ ਵੱਲੋਂ ਮਿੱਟੀ ਦੇ ਨਮੂਨੇ ਇਕੱਤਰ ਕੀਤੇ ਜਾ ਰਹੇ ਹਨ ਉਥੇ ਕਿਸਾਨ ਖੁਦ ਵੀ ਮਿੱਟੀ ਅਤੇ ਪਾਣੀ ਦੇ ਸੈਂਪਲ ਲੈ ਕੇ ਨੇੜੇ ਦੀ ਲੈਬ ਵਿੱਚ ਪਰਖ ਕਰਵਾ ਸਕਦੇ ਹਨ।ਇਸ ਮੌਕੇ ਤਰਲੋਕ ਸਿੰਘ, ਅਵਤਾਰ ਸਿੰਘ, ਕਰਮ ਸਿੰਘ, ਸਰਦਾਰਾ ਸਿੰਘ, ਧਰਮ ਸਿੰਘ, ਜਗੀਰ ਸਿੰਘ, ਧਰਮਪਾਲ, ਸੂਬੇਦਾਰ ਸੁਰਜੀਤ ਸਿੰਘ, ਤਰਸੇਮ ਸਿੰਘ, ਫੀਲਡ ਵਰਕਰ ਬਲਜੀਤ ਕੌਰ, ਗੁਰਲਾਲ ਸਿੰਘ ਅਤੇ ਫਤਿਹ ਸਿੰਘ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ।

ਇਸ ਮੌਕੇ ਜਾਣਕਾਰੀ ਦਿੱਤੀ ਗਈ ਕਿ ਜਿਨ੍ਹਾਂ ਖੇਤਾਂ ਵਿੱਚ ਕਲਰ ਦੀ ਸਮੱਸਿਆ ਹੈ ਜਾਂ ਜਿਨ੍ਹਾਂ ਬੋਰਾਂ ਦਾ ਪਾਣੀ ਬਹੁਤਾ ਚੰਗਾ ਨਹੀਂ ਹੈ ਉਨ੍ਹਾਂ ਖੇਤਾਂ ਵਿਚ ਜਿਪਸਮ ਪਾਈ ਜਾਵੇ ਜੋ ਕਿ ਖੇਤੀਬਾੜੀ ਵਿਭਾਗ ਦੁਆਰਾ 50% ਸਬਸਿਡੀ ਤੇ ਦਿੱਤੀ ਜਾ ਰਹੀ ਹੈ।ਇਸ ਮੌਕੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ ਕਿ 50 ਪ੍ਰਤੀਸ਼ਤ ਸਬਸਿਡੀ ਤੇ ਕਣਕ ਬੀਜ ਲੈਣ ਲਈ ਉਹ ਪੋਰਟਲ ਤੇ ਆਨਲਾਈਨ ਅਪਲਾਈ ਕਰਨ।



## ਬਿਨਾਂ ਐੱਸ ਐੱਮ ਐੱਸ ਤੋਂ ਚੱਲਣ ਵਾਲੀਆਂ ਕੰਬਾਇਨਾਂ ਨੂੰ ਬਲੈਕ ਲਿਸਟ ਕੀਤਾ ਜਾਵੇਗਾ : ਐੱਸ ਡੀ ਐੱਮ

ਬਟਾਲਾ (ਡਾ. ਮਲਵਿੰਦਰ ਸਿੰਘ) ਵਿਕਰਮਜੀਤ ਸਿੰਘ ਉਪ ਮੰਡਲ ਮੈਜਿਸਟਰੇਟ ਬਟਾਲਾ ਵੱਲੋਂ ਸਟੱਬਲ ਬਰਨਿੰਗ ਦੀ ਰੋਕਥਾਮ ਲਈ ਮਾਨਯੋਗ ਸੁਪਰੀਮ ਕੋਰਟ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਝੋਨੇ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਸਬੰਧੀ ਕਿਸਾਨਾਂ ਨੂੰ ਅਪੀਲ ਕੀਤੀ ਗਈ ਅਤੇ ਜਿਨ੍ਹਾਂ ਕੰਬਾਇਨਾਂ ਰਾਹੀਂ ਝੋਨੇ ਦੀ ਕਟਾਈ ਕੀਤੀ ਜਾ ਰਹੀ ਹੈ ਉਨ੍ਹਾਂ ਕੰਬਾਇਨਾਂ ਤੇ ਐੱਸਐੱਮਐੱਸ (ਸਟਰਾਅ ਮੈਨੇਜਮੈਂਟ ਸਿਸਟਮ) ਲੱਗਾ ਹੋਵੇ, ਜਿਸ ਸਬੰਧੀ ਗਠਿਤ ਕੀਤੀਆਂ ਗਈਆਂ ਟੀਮਾਂ ਵੱਲੋਂ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਜੇਕਰ ਕੋਈ ਕੰਬਾਇਨ ਬਿਨਾਂ ਐੱਸਐੱਮਐੱਸ (ਸਟਰਾਅ ਮੈਨੇਜਮੈਂਟ ਸਿਸਟਮ) ਤੋਂ ਪਾਈ ਜਾਂਦੀ ਹੈ ਤਾਂ ਉਸ ਕੰਬਾਇਨ ਨੂੰ ਬਲੈਕ ਲਿਸਟ ਕਰ ਦਿੱਤਾ ਜਾਵੇਗਾ ਜਿਸਦੀ ਸੰਪੂਰਨ ਜ਼ਿੰਮੇਵਾਰੀ ਕੰਬਾਇਨ ਮਾਲਕ ਦੀ ਹੋਵੇਗੀ।ਉਨ੍ਹਾਂ ਕਿਹਾ ਕਿ ਇਨ੍ਹਾਂ ਟੀਮਾਂ ਵੱਲੋਂ ਨਿਗਰਾਨੀ ਸਵੇਰੇ 10:00 ਵਜੇ ਤੋਂ ਲੈ ਕੇ ਸ਼ਾਮ 6:00 ਵਜੇ ਤੱਕ ਕਤੀ ਜਾ ਰਹੀ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਵਿਭਾਗ ਵੱਲੋ ਝੋਨੇ ਦੀ ਰਹਿੰਦ ਖੂੰਹਦ ਨੂੰ ਅੱਗ ਤੋਂ ਰੋਕਣ ਲਈ ਕਲੱਸਟਰ ਅਫਸਰ ਅਤੇ ਨੋਡਲ ਅਫਸਰ ਲਗਾਏ ਗਏ ਹਨ ਜੋ ਸੁਨਿਸ਼ਚਤ ਕਰਨਗੇ ਕਿ ਪਿੰਡਾਂ ਵਿੱਚ ਝੋਨੇ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲੱਗੇ। ਜੇਕਰ ਕੋਈ ਵਿਅਕਤੀ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਂਦਾ ਪਾਇਆ ਗਿਆ ਤਾਂ ਉਸ ਖਿਲਾਫ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ ਅਤੇ ਜਮਾਂਬੰਦੀ ਵਿੱਚ ਲਾਲ ਸਿਆਹੀ ਨਾਲ ਹਵਾਲਾ ਵੀ ਦਿੱਤਾ ਜਾਵੇਗਾ।ਉਨ੍ਹਾਂ ਨੇ ਇਹ ਵੀ ਦੱਸਿਆ ਕਿ ਝੋਨੇ ਦੀ ਰਹਿੰਦ-ਖੂੰਹਦ ਦੀ ਸਾਂਭ ਸੰਭਾਲ ਲਈ ਖੇਤੀਬਾੜੀ ਵਿਭਾਗ ਵੱਲੋਂ ਬੇਲਰ, ਸੁਪਰਸੀਡਰ ਆਦਿ ਬਿਨਾਂ ਕਿਸੇ ਖਰਚੇ ਦੇ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਜਿਸ ਵੀ ਕਿਸਾਨ ਨੂੰ ਉਕਤ ਮਸ਼ੀਨਾਂ ਦੀ ਜ਼ਰੂਰਤ ਹੈ ਉਹ ਆਪਣੇ ਹਲਕੇ ਦੇ ਸਬੰਧਤ ਖੇਤੀਬਾੜੀ ਅਫਸਰ ਨਾਲ ਸੰਪਰਕ ਕਰਕੇ ਲੈ ਸਕਦਾ ਹੈ। ਬੇਲਜ ਦੀ ਸਾਂਭ ਲਈ ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ ਵੱਲੋਂ ਜਗ੍ਹਾ ਉਪਲਬਧ ਕੀਤੀਆਂ ਗਈਆਂ ਹਨ। ਜੇਕਰ ਕਿਸੇ ਕਿਸਾਨ ਨੂੰ ਬੇਲਜ਼ ਦੀ ਸਾਂਭ ਲਈ ਜਗ੍ਹਾ ਦੀ ਜ਼ਰੂਰਤ ਹੈ ਤਾਂ ਉਹ ਆਪਣੇ ਹਲਕੇ ਦੇ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਨਾਲ ਸੰਪਰਕ ਕਰ ਸਕਦਾ ਹੈ।



## ਆਈ ਏ ਐੱਸ ਅਧਿਕਾਰੀ ਦਲਵਿੰਦਰਜੀਤ ਸਿੰਘ ਸੰਭਾਲਣਗੇ ਅੰਮ੍ਰਿਤਸਰ ਜ਼ਿਲ੍ਹੇ ਦੀ ਕਮਾਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ/ ਨਰਿੰਦਰ ਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਕੁਝ ਅਧਿਕਾਰੀਆਂ ਦੇ ਕੀਤੇ ਗਏ ਤਬਾਦਲਿਆਂ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦਾ ਤਬਾਦਲਾ ਅੰਮ੍ਰਿਤਸਰ ਤੋਂ ਬਤੌਰ ਮੁੱਖ ਪ੍ਰਸ਼ਾਸਨ ਗਰੇਟਰ ਮੁਹਾਲੀ ਏਰੀਆ ਵਿਕਾਸ ਅਥਾਰਟੀ ਕਰਕੇ ਹੋਰ ਵੱਡੀ ਜ਼ਿੰਮੇਵਾਰੀ ਸੌਂਪ ਦਿੱਤੀ ਹੈ। ਉਨਾਂ ਦੀ ਥਾਂ 2017 ਬੈਚ ਦੇ ਆਈਏਐੱਸ ਅਧਿਕਾਰੀ ਦਲਵਿੰਦਰਜੀਤ ਸਿੰਘ ਲੈਣਗੇ, ਜੋ ਕਿ ਇਸ ਵੇਲੇ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਹਨ।ਸ਼੍ਰੀਮਤੀ ਸਾਹਨੀ ਜਿਨ੍ਹਾਂ ਨੇ ਸਤੰਬਰ 2024 ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੀ ਜ਼ਿਮੇਵਾਰੀ ਸੰਭਾਲੀ ਸੀ, ਨੇ ਭਾਰਤ ਪਾਕਿਸਤਾਨ ਦਰਮਿਆਨ ਬੀਤੇ ਸਮੇਂ ਵਿੱਚ ਪੈਦਾ ਹੋਈ ਤਲਖ਼ੀ, ਜਦੋਂ ਅੰਮ੍ਰਿਤਸਰ ਅਪਰੇਸ਼ਨ ਸੰਧੂਰ ਤਹਿਤ ਸਰਹੱਦੀ ਜ਼ਿਲ੍ਹਾ ਹੋਣ ਕਰਕੇ ਵੱਡੇ ਖ਼ਤਰੇ ਦਾ ਸਾਹਮਣਾ ਕਰ ਰਿਹਾ ਸੀ ਅਤੇ ਹਾਲ ਹੀ ਵਿੱਚ ਆਏ ਹੜ੍ਹਾਂ ਦੌਰਾਨ ਜ਼ਿਲ੍ਹੇ ਦੀ ਅਗਵਾਈ ਕਰਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ।

ਭਾਰਤ ਪਾਕਿ ਤਨਾਅ ਦੌਰਾਨ ਉਨ੍ਹਾਂ ਨੇ ਜਿੱਥੇ ਰਾਤਾਂ ਨੂੰ ਜਾਗ ਕੇ ਅਤੇ ਫੌਜ ਨਾਲ ਬਿਹਤਰ ਤਾਲਮੇਲ ਕਰਕੇ ਅੰਮ੍ਰਿਤਸਰ ਜ਼ਿਲ੍ਹੇ ਦੇ ਵਸਨੀਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ, ਉਥੇ ਹੜ੍ਹਾਂ ਦੌਰਾਨ ਪ੍ਰਭਾਵਿਤ ਲੋਕਾਂ ਤੱਕ ਸਿੱਧੀ ਪਹੁੰਚ ਕਰਕੇ ਉਨ੍ਹਾਂ ਨੂੰ ਮੌਕੇ ਸਿਰ ਮਦਦ ਅਤੇ ਬਚਾਅ ਕਾਰਜ ਮੁਹੱਈਆ ਕਰਵਾਏ। ਉਨ੍ਹਾਂ ਨੇ ਖ਼ੁਦ ਕਮਾਂਡ ਸੰਭਾਲਦੇ ਹੋਏ ਸਾਰੇ ਅਧਿਕਾਰੀਆਂ ਨੂੰ ਨਾਲ ਲੈ ਕੇ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੀ ਇੱਕ ਪਰਿਵਾਰਕ ਮੈਂਬਰ ਵਜੋਂ ਸਾਰ ਲਈ ਕਿ ਉਸ ਦੀ ਚਰਚਾ ਦੁਨੀਆਂ ਭਰ ਦੇ ਮੀਡੀਏ ਵਿੱਚ ਹੋਈ।ਲੋੜਵੰਦਾਂ ਦੀ ਮਦਦ ਲਈ ਹਰ ਵੇਲੇ ਤਤਪਰ ਰਹਿਣ ਵਾਲੇ ਸਾਕਸ਼ੀ ਸਾਹਨੀ ਨੇ ਜ਼ਿਲ੍ਹੇ ਵਿੱਚ ਕਈ ਨਵੀਆਂ ਪਿਰਤਾਂ ਪਾਈਆਂ, ਉਤਸ਼ਾਹੀ ਨੌਜਵਾਨਾਂ ਨੂੰ ਰੋਜ਼ਗਾਰ ਦਾਤੇ ਬਣਾਉਣ ਲਈ ਸ਼ੁਰੂ ਕੀਤਾ ਗਿਆ ਫਿਊਚਰ ਟਾਈਕੋਨ, ਅਗਾਂਵਧੂ ਕਿਸਾਨਾਂ ਲਈ ਕਿਸਾਨ ਹੀਰੋ ਕਾਰਡ, ਦਾਨ ਉਤਸਵ, ਗਣਤੰਤਰ ਦਿਵਸ ਮੌਕੇ ਭਲਾਈ ਦੇ ਕੰਮ ਕਰਨ ਵਾਲੇ ਟਰਾਂਸਜੈਂਡਰਾਂ ਨੂੰ ਸਨਮਾਨਿਤ ਕਰਨਾ, ਰਾਸ਼ਟਰੀ ਪ੍ਰੋਗਰਾਮਾਂ ਵਿੱਚ ਵਿਸ਼ੇਸ਼ ਲੋੜਾਂ ਵਾਲੇ ਪਿੰਗਲਵਾੜੇ ਅਤੇ ਹੋਰ ਸੰਸਥਾਵਾਂ ਦੇ ਬੱਚਿਆਂ ਦੀ ਸ਼ਮੂਲੀਅਤ ਯਕੀਨੀ ਬਣਾਉਣੀ, ਅਜਿਹੇ ਪ੍ਰੋਗਰਾਮ ਹਨ, ਜੋ ਉਨ੍ਹਾਂ ਨੇ ਜ਼ਿਲ੍ਹੇ ਵਿੱਚ ਸ਼ੁਰੂ ਕਰਵਾਏ।ਅਜਿਹੇ ਲੋਕ ਹਿਤ ਵਿੱਚ ਕੀਤੇ ਗਏ ਕੰਮਾਂ ਕਰਕੇ ਉਹ ਲੰਮੇ ਸਮੇਂ ਤੱਕ ਜ਼ਿਲ੍ਹਾ ਵਾਸੀਆਂ ਦੇ ਮਨਾਂ ਵਿੱਚ ਵਸੇ ਰਹਿਣਗੇ।



## ਅਨੁਸੂਚਿਤ ਜਾਤੀ ਉਮੀਦਵਾਰਾਂ ਲਈ ਮੁਫਤ ਡੇਅਰੀ ਸਿਖਲਾਈ ਕੋਰਸ 27 ਤੋਂ

**ਗੁਰਦਾਸਪੁਰ (ਜਨਕ ਮਹਾਜਨ)**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਖੇਤੀ ਤੇ ਖੇਤਰ ਵਿਚ ਵਿੰਭਿਨਤਾ ਲਿਆਉਣ ਦੇ ਮਕਸਦ ਨਾਲ ਅਨੁਸੂਚਿਤ ਜਾਤੀ ਦੇ ਲਾਭਪਾਤਰੀਆਂ ਨੂੰ ਖੇਤੀਬਾੜੀ ਦੇ ਨਾਲ-ਨਾਲ ਸਹਾਇਕ ਧੰਦੇ ਨਾਲ ਪ੍ਰੇਰਿਤ ਕਰਨ ਲਈ ਸਕੀਮ ਫਾਰ ਪ੍ਰੋਮੋਸ਼ਨ ਆਫ ਡੇਅਰੀ ਫਾਰਮਿੰਗ ਐਜ਼ ਲਿਵਲੀਹੁੱਡ ਫਾਰ ਐੱਸਸੀ ਬੈਨੀਫਿਸ਼ਰੀਜ਼ ਦੀ ਸ਼ੁਰੂਆਤ ਪੂਰੇ ਪੰਜਾਬ ਵਿਚ ਕੀਤੀ ਗਈ ਹੈ। ਇਸ ਤਹਿਤ ਡੇਅਰੀ ਵਿਕਾਸ ਵਿਭਾਗ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਵਿਖੇ ਐੱਸਸੀ ਸਿਖਿਆਰਥੀਆਂ ਵਾਸਤੇ ਮੁਫਤ ਡੇਅਰੀ ਸਿਖਲਾਈ ਕੋਰਸ 27 ਅਕਤੂਬਰ ਤੋਂ 7 ਨਵੰਬਰ ਤੱਕ ਡੇਅਰੀ ਸਿਖਲਾਈ ਕੇਂਦਰ (ਵੇਰਕਾ) ਅੰਮ੍ਰਿਤਸਰ ਵਿਖੇ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਡਿਪਟੀ ਡਾਇਰੈਕਟਰ ਡੇਅਰੀ ਵਰਿਆਮ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਸਕੀਮ ਅਧੀਨ ਅਨੁਸੂਚਿਤ ਜਾਤੀ ਦੇ ਲਾਭਪਾਤਰੀਆਂ ਨੂੰ ਦੋ ਹਫਤੇ ਦੀ ਮੁਫਤ ਡੇਅਰੀ ਸਿਖਲਾਈ ਦੇ ਨਾਲ-ਨਾਲ 3500 ਰੁਪਏ ਵਜ਼ੀਫਾ ਵੀ ਦਿੱਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਅਨੁਸੂਚਿਤ ਜਾਤੀ ਦੇ ਨਾਲ ਸਬੰਧਿਤ ਲਾਭਪਾਤਰੀ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪਰ ਵਿਖੇ 27 ਅਕਤੂਬਰ ਤੱਕ ਆਪਣੇ ਫਾਰਮ ਜਮ੍ਹਾ ਕਰਵਾ ਸਕਦੇ ਹਨ। ਡੇਅਰੀ ਦਾ ਕਿੱਤਾ ਕਰਨ ਦੇ ਚਾਹਵਾਨ ਅਨੁਸੂਚਿਤ ਜਾਤੀ ਨਾਲ ਸਬੰਧਿਤ ਉਮੀਦਵਾਰ ਜਿਸ ਦੀ ਉਮਰ 18 ਤੋਂ 50 ਸਾਲ ਅਤੇ ਪੰਜਾਬ ਦੇ ਵਸਨੀਕ, ਪੇਂਡੂ ਪਿਛੋਕੜ ਵਾਲੇ ਘੱਟੋ-ਘੱਟ 5ਵੀਂ ਪਾਸ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਚਾਹਵਾਨ ਉਮੀਦਵਾਰ ਪੜ੍ਹਾਈ ਸਬੰਧੀ ਸਰਟੀਫਿਕੇਟ ਜਾਤੀ ਸਰਟੀਫਿਕੇਟ, ਆਧਾਰ ਕਾਰਡ, ਬੈਂਕ ਖਾਤੇ ਦੀ ਕਾਪੀ ਤੇ ਤਾਜ਼ਾ ਪਾਸਪੋਰਟ ਸਾਈਜ਼ ਫੋਟੋ ਸਮੇਤ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਵਿਖੇ ਸੰਪਰਕ ਕਰ ਸਦਕੇ ਹਨ।

## ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ ਵੱਲੋਂ ਦੀਵਾਲੀ ਨੂੰ ਸਮਰਪਿਤ ਸਮਾਰੋਹ ਯਾਦਗਾਰੀ ਹੋ ਨਿੱਬੜਿਆ

**ਅੰਮ੍ਰਿਤਸਰ, (ਜਗਦੀਸ਼ ਕਮਲੇਸ਼)**-ਦੀਵਾਲੀ ਦੇ ਸ਼ੁਭ ਮੌਕੇ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ (ਏਬੀਵੀਪੀ) ਅੰਮ੍ਰਿਤਸਰ ਮਹਾਨਗਰ ਇਕਾਈ ਨੇ ਏਬੀਵੀਪੀ ਦਫਤਰ ਦੇ ਅਹਾਤੇ ਵਿੱਚ ਦੇਵੀ ਲਕਸ਼ਮੀ ਅਤੇ ਭਗਵਾਨ ਗਣੇਸ਼ ਦੀ ਇੱਕ ਖੁਸ਼ੀ ਭਰੀ ਅਤੇ ਭਗਤੀ ਪੂਜਾ ਦਾ ਆਯੋਜਨ ਕੀਤਾ।ਇਸ ਪ੍ਰੋਗਰਾਮ ਦਾ ਉਦੇਸ਼ ਭਾਰਤੀ ਪਰੰਪਰਾ ਅਤੇ ਸੱਭਿਆਚਾਰ ਦੇ ਅਨੁਸਾਰ ਸੰਗਠਨ ਦੇ ਵਰਕਰਾਂ ਵਿੱਚ ਅਧਿਆਤਮਿਕਤਾ, ਏਕਤਾ ਅਤੇ ਸੇਵਾ ਨੂੰ ਮਜ਼ਬੂਤ ਕਰਨਾ ਸੀ।ਪੂਜਾ ਪ੍ਰੋਗਰਾਮ ਦੀਵੇ ਜਗਾਉਣ, ਮੰਤਰਾਂ ਦੇ ਜਾਪ ਅਤੇ ਆਰਤੀ ਨਾਲ ਸ਼ੁਰੂ ਹੋਇਆ।ਪ੍ਰਤੀਕ ਕਪੂਰ (ਸਾਬਕਾ ਵਰਕਰ), ਨਿਤਿਨ ਮਹੇਸ਼ਵਰੀ (ਵਿਭਾਗ ਸੰਗਠਨ ਮੰਤਰੀ), ਮਾਨਸੀ ਮੌਰੀਆ (ਸੂਬਾਈ ਸਹਿ-ਮੰਤਰੀ), ਪਰਦੁਮਨ ਦੇਵਗਨ, ਜੁਝਾਰ ਗੋਰਸੀ, ਜੈ ਕੁਮਾਰ, ਹਰਪ੍ਰੀਤ ਚੌਹਾਨ, ਸ਼ਾਲੂ, ਅਜੀਤ ਕੁਮਾਰ ਰਾਏ, ਆਯੁਸ਼ ਗੌਰਵ ਅਤੇ ਰੁਦਰਾਕਸ਼ ਰਾਜਪੂਤ ਸਮੇਤ ਸਾਬਕਾ ਪ੍ਰੀਸ਼ਦ ਵਰਕਰ ਇਸ ਮੌਕੇ ਮੌਜੂਦ ਸਨ।ਮੌਜੂਦ ਸਾਰੇ ਵਰਕਰਾਂ ਨੇ ਦੇਵੀ ਲਕਸ਼ਮੀ ਅਤੇ ਭਗਵਾਨ ਗਣੇਸ਼ ਦੀ ਪੂਜਾ ਕੀਤੀ ਅਤੇ ਵਿਦਿਆਰਥੀ ਪ੍ਰੀਸ਼ਦ ਦੇ ਨਿਰੰਤਰ ਵਿਕਾਸ, ਸੰਗਠਨ ਦੀ ਮਜ਼ਬੂਤੀ ਅਤੇ ਰਾਸ਼ਟਰ ਨਿਰਮਾਣ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਲਈ ਪ੍ਰਾਰਥਨਾ ਕੀਤੀ।ਇਸ ਮੌਕੇ ਬੁਲਾਰਿਆਂ ਨੇ ਜ਼ੋਰ ਦੇ ਕੇ ਕਿਹਾ ਕਿ ਦੀਵਾਲੀ ਹਨੇਰੇ ਤੋਂ ਰੌਸ਼ਨੀ ਵੱਲ, ਅਗਿਆਨਤਾ ਤੋਂ ਗਿਆਨ ਵੱਲ ਅਤੇ ਨਿਰਾਸ਼ਾ ਤੋਂ ਉਮੀਦ ਵੱਲ ਤਬਦੀਲੀ ਦਾ ਪ੍ਰਤੀਕ ਹੈ।ਹਰ ਏਬੀਵੀਪੀ ਵਰਕਰ ਇਸ ਭਾਵਨਾ ਨਾਲ ਰਾਸ਼ਟਰੀ ਹਿੱਤ ਲਈ ਕੰਮ ਕਰਨ ਲਈ ਵਚਨਬੱਧ ਹੈ।ਪ੍ਰੋਗਰਾਮ ਤੋਂ ਬਾਅਦ ਸਾਰੇ ਵਰਕਰਾਂ ਨੇ ਦਿਲੋਂ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।ਮਠਿਆਈਆਂ ਵੰਡੀਆਂ ਗਈਆਂ ਅਤੇ ਸੰਗਠਨ ਲਈ ਭਵਿੱਖ ਦੇ ਪ੍ਰੋਗਰਾਮਾਂ 'ਤੇ ਚਰਚਾ ਕੀਤੀ ਗਈ।ਮੌਜੂਦ ਲੋਕਾਂ ਨੇ ਆਉਣ ਵਾਲੇ ਸਾਲ ਵਿੱਚ ਸਿੱਖਿਆ, ਰਾਸ਼ਟਰਵਾਦ ਅਤੇ ਸਮਾਜਿਕ ਜਾਗਰੂਕਤਾ ਦੇ ਖੇਤਰਾਂ ਵਿੱਚ ਵਿਦਿਆਰਥੀ ਪ੍ਰੀਸ਼ਦ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਕਰਨ ਦਾ ਸੰਕਲਪ ਲਿਆ।ਪ੍ਰੋਗਰਾਮ 'ਭਾਰਤ ਮਾਤਾ ਕੀ ਜੈ' ਅਤੇ 'ਜੈ ਵਿਦਿਆਰਥੀ ਪ੍ਰੀਸ਼ਦ' ਦੇ ਨਾਅਰਿਆਂ ਨਾਲ ਸਮਾਪਤ ਹੋਇਆ।



## ਆਸ਼ਾ ਵਰਕਰ ਸਰਿਤਾ ਰਾਣੀ ਦੇ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ

ਛੇਹਰਟਾ, (ਮਨੋਜ ਕੁਮਾਰ)-ਆਸ਼ਾ ਵਰਕਰ ਤੇ ਫਸਿਲੀਟੇਟਰ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਮੈਂਬਰ ਤੇ ਗੁਰਦਾਸਪੁਰ ਜ਼ਿਲ੍ਹੇ ਦੀ ਜਨਰਲ ਸਕੱਤਰ ਸਰਿਤਾ ਰਾਣੀ (ਐਲਿਜ਼ਾਬੇਥ) ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ। ਉਨ੍ਹਾਂ ਦੇ ਅਚਾਨਕ ਵਿਛੋੜੇ 'ਤੇ ਦੁੱਖ ਪ੍ਰਗਟ ਕਰਦਿਆਂ ਸੀਟੂ ਦੇ ਸੂਬਾਈ ਵਿੱਤ ਸਕੱਤਰ ਕਾਮਰੇਡ ਸੁੱਚਾ ਸਿੰਘ ਅਜਨਾਲਾ, ਜ਼ਿਲ੍ਹਾ ਮੀਤ ਪ੍ਰਧਾਨ ਚਰਨਜੀਤ ਸਿੰਘ ਮਜੀਠਾ ਅਤੇ ਆਸ਼ਾ ਵਰਕਰ ਤੇ ਫਸਿਲੀਟੇਟਰ ਯੂਨੀਅਨ ਦੀ ਸੂਬਾਈ ਪ੍ਰਧਾਨ ਸਰੋਜ ਬਾਲਾ, ਵਿੱਤ ਸਕੱਤਰ ਰਘਬੀਰ ਕੌਰ ਨਾਗ, ਜਨਰਲ ਸਕੱਤਰ ਸੀਮਾ ਰਾਣੀ ਤੇ ਗੁਰਦਾਸਪੁਰ ਦੀ ਪ੍ਰਧਾਨ ਰਵਿੰਦਰ ਕੌਰ ਨੇ ਪਰਿਵਾਰ ਦੁੱਖ ਪ੍ਰਗਟ ਕੀਤਾ ਹੈ। ਜ਼ਿਕਰਯੋਗ ਹੈ ਕੀ ਸਰਿਤਾ ਰਾਣੀ 12 ਅਕਤੂਬਰ ਨੂੰ ਪਲਸ ਪੋਲੀਓ ਅਭਿਆਨ ਦੀ ਡਿਊਟੀ ਕਰਨ ਲਈ ਜਾ ਰਹੇ ਸਨ ਕਿ ਰਸਤੇ ਵਿਚ ਉਨ੍ਹਾਂ ਦਾ ਐਕਸੀਡੈਂਟ ਹੋ ਗਿਆ। ਉਨ੍ਹਾਂ ਨੂੰ ਜ਼ਖ਼ਮੀ ਹਾਲਤ ਵਿਚ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਵੱਲੋਂ ਉਨ੍ਹਾਂ ਨੂੰ ਬਚਾਉਣ ਲਈ ਅਣਥੱਕ ਯਤਨ ਕੀਤੇ ਗਏ ਪਰ ਉਹ ਜ਼ਖ਼ਮਾਂ ਦੀ ਤਾਬ ਨਾ ਸਹਾਰਦੇ ਹੋਏ 20 ਅਕਤੂਬਰ ਨੂੰ ਸਦੀਵੀ ਵਿਛੋੜਾ ਦੇ ਗਏ। ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਆਸ਼ਾ ਵਰਕਰ ਦੀ ਮੌਤ ਡਿਊਟੀ ਦੌਰਾਨ ਹੋਈ ਹੈ। ਇਸ ਲਈ ਸਰਕਾਰ ਇਲਾਜ ਦੌਰਾਨ ਹੋਏ ਖ਼ਰਚ ਦਾ ਭੁਗਤਾਨ ਕਰੇ ਤੇ ਪਰਿਵਾਰ ਦੇ ਇਕ ਜੀਅ ਨੂੰ ਸਰਕਾਰੀ ਨੌਕਰੀ ਦੇਵੇ।



## ਵਿਧਾਇਕਾ ਅਰੁਣਾ ਚੌਧਰੀ ਨੇ ਪੈਨਟੂਨ ਪੁਲ ਨਾ ਬਣਨ ਤੋਂ ਪ੍ਰੇਸ਼ਾਨ ਲੋਕਾਂ ਦੀ ਆਵਾਜ਼ ਉਠਾਈ

ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਦਰਿਆ ਰਾਵੀ ਤੋਂ ਪਾਰਲੇ ਪਿੰਡਾਂ ਲਈ ਮੁਸ਼ਕਿਲਾਂ ਅਜੇ ਖ਼ਤਮ ਨਹੀਂ ਹੋਈਆਂ ਹਨ ਅਤੇ ਕੁਦਰਤੀ ਕ੍ਰੋਪੀ ਤੋਂ ਬਾਅਦ ਹੁਣ ਇਹ ਪਿੰਡ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਕੌੜਾ ਪੱਤਣ ਉੱਤੇ ਪੈਨਟੂਨ ਪੁਲ ਨਾ ਬਣਾਉਣ ਕਾਰਨ ਅਨੇਕਾਂ ਤਰ੍ਹਾਂ ਦੀਆਂ ਪਰੇਸ਼ਾਨੀਆਂ ਝੱਲਣ ਲਈ ਮਜਬੂਰ ਹਨ।ਪੁਲ ਦੇ ਨਾ ਬਣਨ ਕਾਰਨ ਲੋਕਾਂ ਦੇ ਕੰਮ ਠੱਪ ਪਏ ਹਨ ਅਤੇ ਆਵਾਜਾਈ ਸੁਚਾਰੂ ਰੂਪ ਵਿੱਚ ਨਾ ਹੋਣ ਕਾਰਨ ਲੋਕ ਅੱਤ ਦੇ ਪਰੇਸ਼ਾਨ ਹਨ।ਹਾਲਾਂਕਿ ਹਲਕੇ ਦੀ ਵਿਧਾਇਕਾ ਅਰੁਣਾ ਚੌਧਰੀ ਨੇ ਲੋਕਾਂ ਦੀ ਪਰੇਸ਼ਾਨੀ ਨੂੰ ਸਮਝਦਿਆਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਲੋਕ ਨਿਰਮਾਣ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਫ਼ੌਰੀ ਤੌਰ 'ਤੇ ਪੁਲ ਦਾ ਨਿਰਮਾਣ ਕਰਨ ਲਈ ਲਿਖਿਆ ਹੈ।ਵਿਧਾਇਕਾ ਨੇ ਸ਼ਖ਼ਤੀ ਨਾਲ ਕਿਹਾ ਹੈ ਕਿ ਦਰਿਆ ਰਾਵੀ ਪਾਰਲੇ ਲੋਕਾਂ ਲਈ ਹੜ੍ਹ ਦਾ ਪਾਣੀ ਸੁੱਕਣ ਦੇ ਬਾਵਜੂਦ ਵੀ ਹਾਲਾਤ ਸੁਖ਼ਾਲੇ ਨਹੀਂ ਹੋਏ ਹਨ ਅਤੇ ਇਹ ਲੋਕ ਅੱਜ ਵੀ ਹੜ੍ਹ ਵਰਗੇ ਹਾਲਾਤਾਂ ਵਾਂਗ ਜਿਊਣ ਲਈ ਮਜਬੂਰ ਹਨ, ਕਿਉਂਕਿ ਪੈਨਟੂਨ ਪੁਲ ਦੇ ਨਾ ਬਣਨ ਕਾਰਨ ਅੱਧੀ ਦਰਜਨ ਤੋਂ ਜ਼ਿਆਦਾ ਪਿੰਡਾਂ ਦੇ ਲੋਕ ਆਪਣੇ ਕਾਰੋਬਾਰ ਲਈ ਸ਼ਹਿਰ ਵੱਲ ਨਹੀਂ ਆ ਪਾ ਰਹੇ ਹਨ ਅਤੇ ਨਾ ਹੀ ਕਿਸਾਨਾਂ ਦੀ ਫ਼ਸਲ ਮੰਡੀਆਂ ਵਿੱਚ ਪਹੁੰਚ ਰਹੀ ਹੈ।ਅਰੁਣਾ ਚੌਧਰੀ ਨੇ ਦੱਸਿਆ ਕਿ ਹੜ੍ਹ ਦਾ ਪਾਣੀ ਸੁੱਕਣ ਦੇ ਬਾਅਦ ਇਹ ਪੁਲ ਸਤੰਬਰ ਦੇ ਅੰਤ ਤੱਕ ਪੈ ਜਾਣਾ ਚਾਹੀਦਾ ਸੀ ਪਰ ਜ਼ਿਲ੍ਹਾ ਪ੍ਰਸ਼ਾਸਨ ਪਤਾ ਨਹੀਂ ਕਿਉਂ ਇਸ ਪ੍ਰਤੀ ਗੰਭੀਰ ਨਜ਼ਰ ਨਹੀਂ ਆ ਰਿਹਾ ਅਤੇ ਉਸ ਵੱਲੋਂ ਪੁਲ ਦੇ ਨਿਰਮਾਣ ਲਈ ਪਿਛਲੇ ਕਰੀਬ ਇੱਕ ਮਹੀਨੇ ਤੋਂ ਟਾਲਮਟੋਲ ਦੀ ਨੀਤੀ ਅਪਨਾਈ ਜਾ ਰਹੀ ਹੈ।ਵਿਧਾਇਕਾ ਅਰੁਣਾ ਚੌਧਰੀ ਨੇ ਕਿਹਾ ਕਿ ਪ੍ਰਸ਼ਾਸਨ ਦੀ ਲਾਪਰਵਾਹੀ ਤੇ ਅਣਦੇਖੀ ਦਾ ਖ਼ਮਿਆਜ਼ਾ ਪਿੰਡਾਂ ਦੇ ਉਨ੍ਹਾਂ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ, ਜੋ ਪਹਿਲਾਂ ਹੀ ਹੜ੍ਹ ਦੀ ਮਾਰ ਨਾਲ ਬੁਰੀ ਤਰ੍ਹਾਂ ਝੰਬੇ ਪਏ ਹਨ। ਉਧਰ ਦਰਿਆ ਪਾਰਲੇ ਪਿੰਡ ਭਰਿਆਲ ਦੇ ਸਰਪੰਚ ਅਮਰੀਕ ਸਿੰਘ, ਰਾਏਪੁਰ ਚਿੱਬ ਦੇ ਸਰਪੰਚ ਬਿਕਰਮ ਸਿੰਘ ਅਤੇ ਮਕੌੜਾ ਦੇ ਸਾਬਕਾ ਸਰਪੰਚ ਅਜੇ ਪਾਲ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਹਰ ਸਾਲ ਬਰਸਾਤਾਂ ਤੋਂ ਪਹਿਲਾਂ ਇਹ ਪੈਨਟੂਨ ਪੁਲ 15 ਜੂਨ ਦੇ ਆਸਪਾਸ ਉਠਾ ਲਿਆ ਜਾਂਦਾ ਹੈ ਅਤੇ ਬਰਸਾਤਾਂ ਖ਼ਤਮ ਹੋਣ ਤੋਂ ਬਾਅਦ 15 ਸਤੰਬਰ ਦੇ ਨੇੜੇ ਦੁਬਾਰਾ ਸਥਾਪਿਤ ਕਰ ਦਿੱਤਾ ਜਾਂਦਾ ਹੈ ਪਰ ਇਸ ਵਾਰ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ ਅਤੇ ਉਸਨੂੰ ਦਰਿਆ ਪਾਰਲੇ ਪਿੰਡਾਂ ਦੇ ਲੋਕਾਂ ਦੀ ਕੋਈ ਚਿੰਤਾ ਨਹੀਂ ਹੈ।ਉਨ੍ਹਾਂ ਦੱਸਿਆ ਕਿ ਪੈਨਟੂਨ ਪੁਲ ਦੇ ਨਾ ਪੈਣ ਕਾਰਨ ਆਵਾਜਾਈ ਠੱਪ ਹੈ ਅਤੇ ਦਰਿਆ ਵਿੱਚ ਜ਼ਰੂਰਤ ਅਨੁਸਾਰ ਪਾਣੀ ਨਾ ਹੋਣ ਕਾਰਨ ਬੇੜੀ ਵੀ ਰੂਟੀਨ ਵਿੱਚ ਨਹੀਂ ਚੱਲ ਰਹੀ।ਜਿਸ ਕਾਰਨ ਰੋਜ਼ਾਨਾ ਸੈਂਕੜੇ ਲੋਕ ਪਰੇਸ਼ਾਨੀਆਂ ਝੱਲ ਰਹੇ ਹਨ। ਉਨ੍ਹਾਂ ਦੱਸਿਆ ਕਿ ਹੜ੍ਹ ਕਾਰਨ ਅੱਧੇ ਨਾਲੋਂ ਵੱਧ ਫ਼ਸਲ ਤਾਂ ਪਹਿਲਾਂ ਹੀ ਬਰਬਾਦ ਹੋ ਚੁੱਕੀ ਹੈ ਜੋ ਬਚੀ ਹੈ, ਉਸਦੀ ਕਟਾਈ ਲਈ ਕੰਬਾਈਨ ਦਰਿਆ ਪਾਰ ਨਹੀਂ ਜਾ ਪਾ ਰਹੀ ਹੈ ਅਤੇ ਨਾ ਹੀ ਟਰੈਕਟਰ-ਟਰਾਲੀਆਂ ਦੀ ਆਵਾਜਾਈ ਚੱਲ ਪਾ ਰਹੀ ਹੈ।ਉਨ੍ਹਾਂ ਕਿਹਾ ਕਿ ਇਸਦੇ ਲਈ ਸਿੱਧੇ ਤੌਰ 'ਤੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਜ਼ਿੰਮੇਵਾਰ ਹੈ ਜਿਨ੍ਹਾਂ ਦੀ ਢਿੱਲਮੱਠ ਕਾਰਨ ਦਰਿਆ ਪਾਰਲੇ ਪਿੰਡਾਂ ਦੇ ਲੋਕ ਪਰੇਸ਼ਾਨੀ ਵਿੱਚ ਹਨ।ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਕੁੰਭਕਰਨੀ ਨੀਂਦ ਤੋਂ ਜਗਾਉਣ ਲਈ ਵਿਧਾਇਕਾ ਅਰੁਣਾ ਚੌਧਰੀ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੇ ਲਈ ਉਨ੍ਹਾਂ ਦੀ ਸ਼ਲਾਘਾ ਵੀ ਕੀਤੀ।



## ਕੰਪਿਊਟਰ ਉਪਰੇਟਰ ਅਤੇ ਸਕਿਊਰਟੀ ਗਾਰਡਾਂ ਦੀ ਇੰਟਰਵਿਊ ਭਲਕੇ

**ਗੁਰਦਾਸਪੁਰ (ਜਨਕ ਮਹਾਜਨ)**-ਡਾ. ਹਰਜਿੰਦਰ ਸਿੰਘ ਬੇਦੀ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ ਜ਼ਿਲ੍ਹੇ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਹਿੱਤ ਰੋਜ਼ਗਾਰ ਮੇਲੇ ਲਗਾਏ ਜਾ ਰਹੇ ਹਨ। ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪਰਸ਼ੋਤਮ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 24 ਅਕਤੂਬਰ ਨੂੰ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਿਖੇ ਵਕਫ਼ ਬੋਰਡ ਜੋ ਕਿ ਪੰਜਾਬ ਸਰਕਾਰ ਦੇ ਅਧੀਨ ਕੰਮ ਕਰਦਾ ਹੈ, ਵੱਲੋਂ ਇੱਕ ਕੰਪਿਊਟਰ ਓਪਰੇਟਰ ਦੀ ਖਾਲੀ ਅਸਾਮੀ ਲਈ ਇੰਟਰਵਿਊ ਰੱਖੀ ਗਈ ਹੈ, ਜਿਸ ਲਈ ਯੋਗਤਾ ਬਾਰਵੀਂ ਜਾਂ ਗ੍ਰੈਜੂਏਸ਼ਨ ਹੈ। ਪ੍ਰਾਰਥੀ ਨੂੰ ਐੱਮ. ਐੱਸ. ਵਰਡ ਅਤੇ ਐੱਮ. ਐੱਸ. ਐਕਸਲ ਦੀ ਸਮਝ ਹੋਣੀ ਚਾਹੀਦੀ ਹੈ ਅਤੇ ਅੰਗ੍ਰੇਜ਼ੀ ਅਤੇ ਪੰਜਾਬੀ ਵਿੱਚ ਟਾਈਪਿੰਗ ਆਉਣੀ ਲਾਜ਼ਮੀ ਹੈ। ਇਸ ਅਸਾਮੀ ਲਈ ਲੜਕੇ ਅਤੇ ਲੜਕੀਆਂ ਦੋਵੇਂ ਅਪਲਾਈ ਕਰ ਸਕਦੇ ਹਨ। ਸਕਿਊਰਟੀ ਗਾਰਡ ਦੀ ਭਰਤੀ ਲਈ ਘੱਟ ਤੋਂ ਘੱਟ ਯੋਗਤਾ 10ਵੀ ਪਾਸ, ਉਮਰ 22 ਤੋਂ 40 ਸਾਲ, ਅਤੇ ਕੱਦ 5 ਫੁੱਟ 7 ਇੰਚ ਹੋਣਾ ਚਾਹੀਦਾ। ਉਨ੍ਹਾਂ ਦੱਸਿਆ ਕਿ ਇੰਟਰਵਿਊ ਦੇਣ ਉਪਰੰਤ ਚੁਣੇ ਗਏ ਪ੍ਰਾਰਥੀਆਂ ਨੂੰ 15000 ਰੁਪਏ ਪ੍ਰਤੀ ਮਹੀਨਾ ਤਨਖਾਹ ਮਿਲਣਯੋਗ ਹੋਵੇਗੀ। ਇਸ ਤੋਂ ਇਲਾਵਾ ਕੰਪਨੀ ਵੱਲੋਂ ਪੀ. ਐੱਫ, ਈ. ਐੱਸ. ਆਈ, ਵੈੱਲਫੇਅਰ ਫੰਡ, ਬੋਨਸ ਆਦਿ ਵੀ ਦਿੱਤੇ ਜਾਂਦੇ ਹਨ। ਉਪਰੋਕਤ ਕੰਪਿਊਟਰ ਉਪਰੇਟਰ ਅਤੇ ਸਕਿਊਰਟੀ ਗਾਰਡਾਂ ਦੀ ਇੰਟਰਵਿਊ ਦੇਣ ਦੇ ਚਾਹਵਾਨ ਪ੍ਰਾਰਥੀ ਆਪਣੇ ਵਿਦਿਅਕ ਯੋਗਤਾ ਦੇ ਦਸਤਾਵੇਜ਼ ਲੈ ਕੇ 24 ਅਕਤੂਬਰ ਨੂੰ ਸਵੇਰੇ 10 ਵਜੇ ਤੱਕ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਡੀ. ਸੀ. ਦਫਤਰ ਕੰਪਲੈਕਸ ਵਿਖੇ ਪਹੁੰਚ ਕੇ ਇਸ ਦਾ ਲਾਭ ਲੈ ਸਕਦੇ ਹਨ।

## ਸੁਦੇਸ਼ ਮਹਾਜਨ ਨੂੰ ਧਾਰਮਿਕ ਤੇ ਸਿਆਸੀ ਆਗੂਆਂ ਵੱਲੋਂ ਭਾਵ-ਭਿੰਨੀ ਸ਼ਰਧਾਂਜਲੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੇ ਨਾਮਵਰ ਕੱਪੜਾ ਦੇ ਕਾਰੋਬਾਰੀ ਅਮਿਤ ਮਹਾਜਨ ਦੇ ਮਾਤਾ ਸੁਦੇਸ਼ ਮਹਾਜਨ (68) ਪਤਨੀ ਵਿਨੋਦ ਚੰਦ (ਬੂਟੀ ਮਹਾਜਨ) ਜੋ ਸੰਖੇਪ ਬਿਮਾਰੀ ਦੇ ਚੱਲਦਿਆਂ ਬੀਤੇ ਦਿਨੀਂ ਆਪਣੇ ਗ੍ਰਹਿ ਵਿਖੇ ਅਚਾਨਕ ਅਕਾਲ ਚਲਾਣਾ ਕਰ ਗਏ ਸਨ, ਦੀ ਆਤਮਿਕ ਸ਼ਾਂਤੀ ਲਈ ਮਹਾਜਨ ਪਰਿਵਾਰ ਵੱਲੋਂ ਸਥਾਨਕ 10 ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਵਿਖੇ ਦਸਵੇਂ ਦੀ ਰਸਮ ਤੇ ਉਠਾਲਾ ਕੀਤਾ ਗਿਆ। ਇਸ ਮੌਕੇ ਸੀਤਲਾ ਮਾਤਾ ਮੰਦਿਰ ਦੇ ਮੁੱਖ ਪੁਜਾਰੀ ਪੰਡਿਤ ਬਹੁਵਨ ਸ਼ਾਸਤਰੀ ਵੱਲੋਂ ਸ਼੍ਰੀ ਭਾਗਵਤ ਗੀਤਾ ਦਾ ਪਾਠ ਕਰਨ ਉਪਰੰਤ ਸੁਦੇਸ਼ ਮਹਾਜਨ ਦੀ ਆਤਮਿਕ ਸ਼ਾਂਤੀ ਤੇ ਪਰਿਵਾਰ ਵਿੱਚ ਸੁੱਖ ਸ਼ਾਂਤੀ ਦੀ ਅਰਦਾਸ ਕੀਤੀ ਗਈ।ਇਸ ਮੌਕੇ ਸੁਦੇਸ਼ ਰਾਣੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਸੁਦੇਸ਼ ਰਾਣੀ ਦੇ ਅਕਾਲ ਚਲਾਣਾ ਕਰ ਜਾਣ ਨਾਲ ਮਹਾਜਨ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ ਜੋ ਕਦੇ ਵੀ ਪੂਰਾ ਨਹੀਂ ਹੋ ਸਕਦਾ ।ਉਨ੍ਹਾਂ ਕਿਹਾ ਅਸੀਂ ਪ੍ਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਭਗਵਾਨ ਸੁਦੇਸ਼ ਰਾਣੀ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।ਇਸ ਮੌਕੇ ਐਡਵੋਕੇਟ ਪ੍ਰਮੀਤ ਸਿੰਘ ਬੇਦੀ, ਨਗਰ ਕੌਂਸਲ ਪ੍ਰਧਾਨ ਸ਼ਿਖਾ ਗੁਪਤਾ, ਜਗਬਿੰਦਰ ਸਿੰਘ ਸੰਧੂ ਐੱਸ. ਪੀ. ਡੀ. ਅੰਮ੍ਰਿਤਸਰ, ਪ੍ਰਧਾਨ ਰਾਜੇਸ਼ ਕੁਮਾਰ ਬਿੱਟਾ ਮਹਾਜਨ, ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਬੇਦੀ, ਸਾਬਕਾ ਡੀਈਓ ਵਿਨੋਦ ਕੁਮਾਰ ਮੱਤਰੀ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਹਰਵਿੰਦਰ ਸਿੰਘ ਰੰਧਾਵਾ, ਕੌਂਸਲਰ ਬਲਦੇਵ ਰਾਜ ਡਾਇਮੰਡ, ਸੰਜੀਵ ਸੋਨੀ, ਸੁਸ਼ੀਲ ਚੰਦਰ, ਪੁਸ਼ਪਿੰਦਰ ਮਹਾਜਨ, ਪਵਨ ਮਹਾਜਨ ਅੰਮ੍ਰਿਤਸਰ, ਤਰਸੇਮ ਲਾਲ ਬਟਾਲਾ, ਰਿਸ਼ੂ ਮਹਾਜਨ, ਅਭੇ ਮਹਾਜਨ, ਅਰੁਸ਼ ਮਹਾਜਨ, ਮਾਸਟਰ ਸੰਜੀਵ ਸਰਨਾ, ਡਾਕਟਰ ਮਨਮੋਹਨ ਸਿੰਘ ਭੱਟੀ, ਡਾਕਟਰ ਅਸ਼ੋਕ ਸੋਨੀ, ਪਾਲੀ ਬੇਦੀ, ਪ੍ਰਿੰਸੀਪਲ ਹਰਜੀਤ ਸਿੰਘ ਬੇਦੀ, ਗੁਰਮੀਤ ਸਿੰਘ, ਡਾਕਟਰ ਗੁਰਦੇਵ ਸਿੰਘ, ਜੇਈ ਬਲਦੇਵ ਰਾਜ, ਜੇਈ ਹਰਜੀਤ ਸਿੰਘ, ਮਨਦੀਪ ਸਿੰਘ ਬੇਦੀ, ਗਗਨਦੀਪ ਸਿੰਘ ਬੇਦੀ, ਤੇਜਿੰਦਰ ਸਿੰਘ ਪੂੰਨੀ, ਪਵਨ ਕੁਮਾਰ ਪੰਮਾ, ਬਿੱਟੂ ਕੋਹਲੀ, ਰਾਜੂ ਰੈਡੀਮੇਡ, ਲਾਈਨਮੈਨ ਗੁਰਵਿੰਦਰ ਸਿੰਘ, ਗੁਰਚਰਨ ਸਿੰਘ ਬੇਦੀ, ਮਾਸਟਰ ਵਿਪਨ ਕੁਮਾਰ ਤੋਂ ਇਲਾਵਾ ਮਹਾਜਨ ਪਰਿਵਾਰ ਦੇ ਰਿਸ਼ਤੇਦਾਰ ਤੇ ਸ਼ਹਿਰ ਦੇ ਦੁਕਾਨਦਾਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



## ਵਿਨਫਾਸਟ ਵੱਲੋਂ ਲੁਧਿਆਣਾ 'ਚ ਆਪਣਾ ਪਹਿਲਾ ਡੀਲਰਸ਼ਿਪ ਈਕੋ ਡ੍ਰਾਈਵ ਸ਼ੁਰੂ

ਲੁਧਿਆਣਾ : ਈਕੋ ਡ੍ਰਾਈਵ ਨੂੰ ਮਾਣ ਹੈ ਕਿ ਉਸਨੇ ਗਲੋਬਲ ਈਵੀ ਲੀਡਰ ਵਿਨਫਾਸਟ ਨਾਲ ਭਾਗੀਦਾਰੀ ਕਰਦੇ ਹੋਏ ਪੰਜਾਬ 'ਚ ਇਸਦਾ ਵਿਸ਼ੇਸ਼ ਪ੍ਰਤੀਨਿਧ ਬਣ ਕੇ 5 ਨਵੰਬਰ 2025 ਨੂੰ ਆਪਣਾ ਪਹਿਲਾ ਡੀਲਰਸ਼ਿਪ ਸ਼ੁਰੂ ਕੀਤਾ।

ਪ੍ਰੀ-ਲਾਂਚ ਸਮਾਗਮ ਦੌਰਾਨ ਈਕੋ ਡ੍ਰਾਈਵ ਦੇ ਅਧਿਕਾਰੀਆਂ ਨੇ ਮੀਡੀਆ ਅਤੇ ਉਦਯੋਗ ਨਾਲ ਜੁੜੇ ਲੋਕਾਂ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਉੱਭਰਦੇ ਈਵੀ ਦਿਸ਼ਾਵਾਂ ਨਾਲ ਨਾਲ ਭਾਰਤ ਵਿੱਚ ਭਵਿੱਖ ਦੀ ਮੋਬਿਲਿਟੀ ਵਜੋਂ ਵਿਨਫਾਸਟ ਦੀ ਭੂਮਿਕਾ 'ਤੇ ਚਰਚਾ ਕੀਤੀ।

ਈਕੋ ਡ੍ਰਾਈਵ ਦੇ ਅਧਿਕਾਰੀਆਂ ਨੇ ਕਿਹਾ ਕਿ ਵਿਨਫਾਸਟ ਸਿਰਫ਼ ਇੱਕ ਹੋਰ ਈਵੀ ਬ੍ਰਾਂਡ ਨਹੀਂ ਹੈ ਜੋ ਭਾਰਤ ਵਿੱਚ ਆ ਰਿਹਾ ਹੈ। ਇਸਦਾ ਫ਼ਲਸਫ਼ਾ ਜਿਸ ਵਿੱਚ ਡਿਜ਼ਾਈਨ, ਸੁਰੱਖਿਆ ਅਤੇ ਸਸਟੇਨੇਬਿਲਟੀ ਸ਼ਾਮਲ ਹਨ, ਸਾਡੇ ਪੰਜਾਬ ਦੇ ਵਿਜ਼ਨ ਨਾਲ ਪੂਰੀ ਤਰ੍ਹਾਂ ਮੇਲ ਖਾਂਦਾ ਹੈ।

# ਨਿਹੰਗ ਸਿੰਘ ਦਲਾਂ ਨੇ ਖਾਲਸਾਈ ਜਾਹੋ-ਜਲਾਲ ਨਾਲ ਕੱਢਿਆ ਮਹੱਲਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਬੰਦੀ ਛੋੜ ਦਿਵਸ (ਦੀਵਾਲੀ) ਨੂੰ ਸਮਰਪਿਤ ਸਮੂਹ ਨਿਹੰਗ ਸਿੰਘ ਦਲਾਂ ਵੱਲੋਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96ਵੇਂ ਕਰੋੜੀ ਵੱਲੋਂ ਅਰਦਾਸ ਕਰਨ ਉਪਰੰਤ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਬਖਸ਼ਿਸ਼ ਨਿਸ਼ਾਨ, ਨਗਾਰਿਆਂ ਦੀ ਛਤਰ ਛਾਇਆ ਹੇਠ ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾਤਸ਼ਾਹੀ ਛੇਵੀਂ, ਬੁਰਜ ਬਾਬਾ ਫੂਲਾ ਸਿੰਘ ਅਕਾਲੀ ਛਾਉਣੀ ਬੁੱਢਾ ਦਲ ਨਿਹੰਗ ਸਿੰਘਾਂ ਤੋਂ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਵਿੱਚ ਮਹੱਲਾ ਦੀ ਆਰੰਭਤਾ ਹੋਈ।ਇਸ ਤੋਂ ਪਹਿਲਾਂ ਗੁਰਦੁਆਰਾ ਮੱਲ ਅਖਾੜਾ ਵਿਖੇ ਨਿਹੰਗ ਸਿੰਘਾਂ ਦੀ ਚਲੀ ਆਉਂਦੀ ਮਰਿਯਾਦਾ ਅਨੁਸਾਰ ਅਖੰਡ ਪਾਠਾਂ ਦੇ ਭੋਗ ਪਾਏ ਗਏ। ਬੁੱਢਾ ਦਲ ਦੇ ਹੈੱਡ ਗ੍ਰੰਥੀ ਬਾਬਾ ਮੱਘਰ ਸਿੰਘ, ਨਿਹੰਗ ਬਾਬਾ ਹਰਜੀਤ ਸਿੰਘ ਖੰਡਾ ਖੜਕੇਗਾ ਬਟਾਲਾ ਆਦਿ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਅਤੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ ਅਤੇ ਬਾਬਾ ਇੰਦਰ ਸਿੰਘ ਬੁੱਢਾ ਦਲ ਦੇ ਇਤਿਹਾਸ ਸਬੰਧੀ ਜਾਣਕਾਰੀ ਸੰਗਤ ਨਾਲ ਸਾਂਝੀ ਕੀਤੀ। ਸਮੂਹ ਦਲਾਂ ਦੇ ਨਿਸ਼ਾਨਾਂ ਨੂੰ ਸਿਰੋਪਾਓ ਸੁੰਦਰ ਫੁਲਹਾਰਾਂ ਨਾਲ ਸਨਮਾਨਿਆ ਗਿਆ।ਮਹੱਲੇ ਵਿਚ ਸ਼ਾਮਲ ਹੋਣ ਲਈ ਪੁੱਜੇ ਦਲਾਂ ਦੇ ਜਥੇਦਾਰਾਂ ਅਤੇ ਨਿਹੰਗ ਸਿੰਘ ਫੌਜਾਂ ਦਾ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸਾਰੀਆਂ ਆਈਆਂ ਸੰਗਤਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਅਤੇ ਵੱਖ-ਵੱਖ ਨਿਹੰਗ ਸਿੰਘ ਦਲਾਂ ਦੇ ਨਿਸ਼ਾਨਚੀਆਂ, ਨਿਗਾਰਚੀਆਂ, ਚੌਬਦਾਰਾਂ, ਗੁਰਜ ਵਾਲੇ ਸਿੰਘਾਂ, ਗ੍ਰੰਥੀਆਂ, ਕਥਾਵਾਚਕਾਂ ਅਤੇ ਮੁਖੀ ਜਥੇਦਾਰ ਸਾਹਿਬਾਨ ਨੂੰ ਸਨਮਾਨਿਤ ਕੀਤਾ। ਗੁ: ਮੱਲ ਅਖਾੜਾ ਸਾਹਿਬ ਤੋਂ ਮਹੱਲਾ ਅਰੰਭ ਹੋਣ ਸਮੇਂ ਹਾਥੀਆਂ, ਬੈਂਡ ਵਾਜਿਆ ਨੇ ਸਲਾਮੀ ਦਿੱਤੀ।ਗੁ: ਮੱਲ ਅਖਾੜਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਮਹੱਲੇ ਦੀ ਆਰੰਭਤਾ ਦੀ ਅਰਦਾਸ ਕਰਨ ਉਪਰੰਤ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਨੇ ਇਸ ਮੌਕੇ ਸੰਬੋਧਨ ਕਰਦਿਆਂ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਸੰਘਰਸ਼ਪੂਰਨ ਅਤੇ ਸ਼ਾਨਾਮੱਤਾ ਹੈ।

ਉਨ੍ਹਾਂ ਕਿਹਾ ਕਿ ਹਰ ਸਿੱਖ ਨੂੰ ਹਰ ਸਮੇਂ ਚੜ੍ਹਦੀ ਕਲਾ 'ਚ ਰਹਿੰਦਿਆਂ ਕੌਮ ਦੀ ਬੇਹਤਰੀ ਲਈ ਤੱਤਪਰ ਰਹਿਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਜੁਆਨੀ ਨਸ਼ਿਆਂ ਦੀ ਭੇਟ ਚੜ੍ਹ ਗਈ ਹੈ। ਸਰਕਾਰਾਂ ਅੱਖਾਂ ਮੇਟਣ ਦੀ ਥਾਂ ਨਸ਼ਿਆਂ ਦੇ ਤਸਕਰਾਂ ਨੂੰ ਵਿਰੁੱਧ ਫੈਸਲਾਕੁੰਨ ਲੜਾਈ ਲੜਨ, ਨੌਜਵਾਨ ਧਰਮੀ ਬਣਨ ਤੇ ਅੰਮ੍ਰਿਤਧਾਰੀ ਹੋ ਕੇ ਕੌਮ ਦੀ ਸੇਵਾ ਕਰਨ।ਮਹੱਲੇ ਵਿੱਚ ਨਿਹੰਗ ਸਿੰਘ ਦਲਾਂ ਦੇ ਮੁਖੀ ਤੇ ਵੱਡੀ ਗਿਣਤੀ ਵਿੱਚ ਨਿਹੰਗ ਸਿੰਘਾਂ ਨੇ ਸੁੰਦਰ ਦੁਮਾਲਿਆਂ ਤੇ ਚੱਕ੍ਰ, ਖੰਡੇ, ਚੰਦ, ਗੁਰਜ, ਸ਼ਿੰਗਾਰ, ਬਾਗਨਖਾ ਸਜਾਈ, ਛੋਟੀਆਂ ਵੱਡੀਆਂ ਕਿਰਪਾਨਾਂ ਪਹਿਨੀ, ਤੇ ਲੱਕ ਪਿੱਛੇ ਢਾਲਾਂ ਸਜਾਏ ਹੱਥਾਂ ਵਿੱਚ ਨੇਜੇ, ਖੰਡੇ ਫੜੀ, ਨੀਲਿਆਂ ਕੇਸਰੀ ਬਾਣਿਆਂ ਵਿਚ ਤਿਆਰ ਬਰ ਤਿਆਰ ਸ਼ਸਤਰਧਾਰੀ ਹੋ ਕੇ ਜੰਗੀ ਮਾਹੌਲ ਦਾ ਦ੍ਰਿਸ਼ ਪੇਸ਼ ਕਰ ਰਹੇ ਸਨ।ਮਹੱਲੇ ਦੇ ਅੱਗੇ ਅੱਗੇ ਗੱਤਕਾ ਕੋਚ ਬਾਬਾ ਦਰਸ਼ਨ ਸਿੰਘ ਪਟਿਆਲਾ ਅਤੇ ਭਾਈ ਸੁਰਪ੍ਰੀਤ ਸਿੰਘ ਦੀ ਅਗਵਾਈ ਵਿੱਚ ਗੱਤਕਾ ਖਿਡਾਰੀਆਂ ਨੇ ਜੰਗਜੂ ਕਰਤੱਬ ਦੇ ਜੌਹਰ ਦਿਖਾਏ।

ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਤੋਂ ਨਿਹੰਗ ਸਿੰਘਾਂ ਦਾ ਇੱਕ ਵਿਸ਼ਾਲ ਕਾਫਲਾ ਸੁੰਦਰ ਸ਼ਿੰਗਾਰੇ ਹੋਏ ਹਾਥੀਆਂ, ਘੋੜਿਆਂ, ਗੱਡੀਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪੈਦਲ ਯਾਤਰਾ ਕਰਦੇ ਨਿਹੰਗ ਸਿੰਘ ਸ਼ੇਰਾਂਵਾਲਾ ਗੇਟ, ਮਹਾਂਸਿੰਘ ਗੇਟ, ਚੌਂਕ ਰਾਮਬਾਗ, ਹਾਲ ਗੇਟ, ਕਿਲਾ ਗੋਬਿੰਦਗੜ੍ਹ ਰਾਹੀਂ ਰੇਲਵੇ ਕਲੋਨੀ ਬੀ ਬਲਾਕ ਗਰਾਂਊਡ ਵਿਖੇ ਵਾਜਿਆਂ ਗਾਜਿਆਂ ਸਮੇਤ ਪੁੱਜਾ। ਘੋੜਿਆਂ ਦੀ ਦੌੜ ਤੇ ਨਿਹੰਗ ਸਿੰਘ ਦੇ ਜੰਗੀ ਕਰਤੱਬ ਦੇਖਣ ਲਈ ਹਜ਼ਾਰਾਂ ਦੀ ਗਿਣਤੀ ਵਿਚ ਲੋਕ ਹਾਜ਼ਰ ਸਨ।

ਢੋਲ ਨਗਾਰਿਆਂ ਦੀਆਂ ਚੋਟਾਂ ਤੇ ਨਰਸਿੰਙੇ ਵਜਾਉਂਦੇ ਨਿਹੰਗ ਸਿੰਘ ਰੇਲਵੇ ਕਲੋਨੀ ਬੀ ਬਲਾਕ ਗਰਾਂਊਡ ਵਿੱਚ ਸ਼ਾਮਲ ਹੋਏ।ਨਿਹੰਗ ਸਿੰਘਾਂ ਵੱਲੋਂ ਇੱਕ ਤੋਂ ਦੋ, ਦੋ ਤੋਂ ਤਿੰਨ ਅਤੇ ਛੇ-ਛੇ ਘੋੜਿਆਂ ਦੀ ਸਵਾਰੀ ਕਰ ਕੇ ਘੋੜ ਦੌੜ ਅਤੇ ਕਿਲ੍ਹੇ ਪੁੱਟਣ ਦੇ ਜੌਹਰ ਦਿਖਾਏ। ਨਚਦਿਆਂ ਘੋੜਿਆਂ ਨੇ ਲੋਕਾਂ ਦਾ ਮਨ ਮੋਹਿਆ।

ਮਹੱਲੇ ਵਿੱਚ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ 96 ਕਰੋੜੀ ਪੰਜਵਾਂ ਤਖ਼ਤ ਚਲਦਾਵਹੀਰ ਤੋਂ ਇਲਾਵਾ ਜਥੇਦਾਰ ਬਾਬਾ ਜੋਗਾ ਸਿੰਘ ਮੁਖੀ ਸ਼ਹੀਦ ਮਿਸ਼ਲ ਬਾਬਾ ਦੀਪ ਸਿੰਘ ਤਰਨਾ ਦਲ ਬਾਬਾ ਬਕਾਲਾ, ਬਾਬਾ ਅਵਤਾਰ ਸਿੰਘ ਜਥੇਦਾਰ ਦਲ ਪੰਥ ਬਾਬਾ ਬਿਧੀ ਚੰਦ ਤਰਨਾ ਦਲ ਸੁਰਸਿੰਘ, ਜਥੇਦਾਰ ਬਾਬਾ ਨਿਹਾਲ ਸਿੰਘ ਮੁਖੀ ਤਰਨਾ ਦਲ ਹਰੀਆਂ ਵੇਲਾਂ ਹੁਸ਼ਿਆਰਪੁਰ ਵੱਲੋਂ ਬਾਬਾ ਨਾਗਰ ਸਿੰਘ ਹਰੀਆਂ ਵੇਲਾਂ, ਬਾਬਾ ਤਾਰਾ ਸਿੰਘ ਝਾੜ ਸਾਹਿਬ ਵਾਲੇ, ਬਾਬਾ ਮੇਜਰ ਸਿੰਘ ਦਸਮੇਸ਼ ਤਰਨਾ ਦਲ ਲੁਧਿਆਣਾ, ਬਾਬਾ ਰਘੁਬੀਰ ਸਿੰਘ ਖਿਆਲੇ ਵਾਲੇ, ਬਾਬਾ ਇੰਦਰਜੀਤ ਸਿੰਘ ਵਡਾਲਾ ਸਤਲਾਣੀ ਸਾਹਿਬ ਵਾਲੇ, ਬਾਬਾ ਰਾਜਾ ਰਾਮ ਸਿੰਘ, ਬਾਬਾ ਬਲਦੇਵ ਸਿੰਘ ਢੋਡੀਵਿੰਡ, ਬਾਬਾ ਮਾਨ੍ਹਾ ਸਿੰਘ ਬਟਾਲਾ, ਬਾਬਾ ਕਰਮ ਸਿੰਘ ਜੀਰਕਪੁਰ, ਬਾਬਾ ਲਛਮਣ ਸਿੰਘ, ਬਾਬਾ ਹੀਰਾ ਸਿੰਘ ਝੂਲਣੇ ਮਹਿਲ, ਬਾਬਾ ਤਾਰਾ ਸਿੰਘ ਝਾੜ ਸਾਹਿਬ ਮਾਛੀਵਾੜਾ, ਬਾਬਾ ਰਘੁਬੀਰ ਸਿੰਘ ਖਿਆਲਾ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ, ਬਾਬਾ ਬਲਦੇਵ ਸਿੰਘ ਮੁਸਤਰਾਬਾਦ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਜਗਤਾਰ ਸਿੰਘ ਠੱਠੇ ਵਾਲੇ, ਬਾਬਾ ਢੂੰਡਾ ਸਿੰਘ ਮਿਸ਼ਲ ਭਾਈ ਬਚਿੱਤਰ ਸਿੰਘ, ਬਾਬਾ ਕੁਲਵਿੰਦਰ ਸਿੰਘ ਤਰਨਾ ਦਲ, ਬਾਬਾ ਛਿੰਦਾ ਸਿੰਘ ਭਿਖੀਵਿੰਡ, ਬਾਬਾ ਸੁਖਵਿੰਦਰ ਸਿੰਘ ਮੌਰ, ਬਾਬਾ ਵਿਸ਼ਵਪ੍ਰਤਾਪ ਸਿੰਘ ਸਮਾਣਾ, ਬਾਬਾ ਕਰਮ ਸਿੰਘ ਪਟਿਆਲਾ, ਬਾਬਾ ਬਘੇਲ ਸਿੰਘ, ਬਾਬਾ ਪਿਆਰਾ ਸਿੰਘ, ਬਾਬ ਸੁਖਦੇਵ ਸਿੰਘ ਸੁੱਖਾ, ਬਾਬਾ ਪਰਮਜੀਤ ਸਿੰਘ ਬਾਜਵਾ, ਬਾਬਾ ਰਣਜੋਧ ਸਿੰਘ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ, ਬਾਬਾ ਹਰਪ੍ਰੀਤ ਸਿੰਘ ਹੈਪੀ, ਬਾਬਾ ਭਗਤ ਸਿੰਘ ਬਹਾਦਰਗੜ੍ਹ ਪਟਿਆਲਾ, ਬਾਬਾ ਸੁੱਖਾ ਸਿੰਘ ਖਿਆਲਾ, ਬਾਬਾ ਸ਼ਮਸ਼ੇਰ ਸਿੰਘ, ਬਾਬਾ ਮਲੂਕ ਸਿੰਘ ਲਾਡੀ, ਬਾਬਾ ਕੁਲਦੀਪ ਸਿੰਘ, ਭਾਈ ਮਾਨ ਸਿੰਘ ਲਿਖਾਰੀ, ਬਾਬਾ ਅਮਰੀਕ ਸਿੰਘ, ਬਾਬਾ ਗਗਨਦੀਪ ਸਿੰਘ, ਬਾਬਾ ਗੁਰਪ੍ਰੀਤ ਸਿੰਘ ਆਦਿ ਸ਼ਾਮਲ ਸਨ।

* ਨਸ਼ੇ 'ਚ ਜਵਾਨੀ ਹੋ ਰਹੀ ਹੈ ਤਬਾਹ; ਸਰਕਾਰਾਂ ਅੱਖਾਂ ਨਾ ਮੀਟਣ: ਬਾਬਾ ਬਲਬੀਰ ਸਿੰਘ



# ਦੀਵਾਲੀ ਅਤੇ ਬੰਦੀਛੋੜ ਦਿਵਸ ਨੂੰ ਸਮਰਪਿਤ ਟਾਂਡਾ-ਮਿਆਣੀ ਵਿਸ਼ੇਸ਼ ਸਪਲੀਮੈਂਟ

## ਧੰਨਵਾਦ

ਟਾਂਡਾ ਉੜਮੁੜ ਤੋਂ 'ਨਵਾਂ ਜ਼ਮਾਨਾ' ਦੇ ਪੱਤਰਕਾਰ ਜਸਵਿੰਦਰ ਲਾਲ ਸੰਧੂ ਵੱਲੋਂ ਦੀਵਾਲੀ ਅਤੇ ਬੰਦੀਛੋੜ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ ਕੱਢਣ ਮੌਕੇ ਜਿਨ੍ਹਾਂ ਮਿੱਤਰਾਂ-ਸੱਜਣਾਂ ਨੇ ਸਹਿਯੋਗ ਦਿੱਤਾ ਹੈ, ਮੈਂ ਉਨ੍ਹਾਂ ਦਾ ਦਿਲੋਂ ਧੰਨਵਾਦ ਕਰਦਾ ਹਾਂ ਅਤੇ ਅੱਗੇ ਤੋਂ ਆਸ ਕਰਦਾ ਹਾਂ ਕਿ ਇਸੇ ਤਰ੍ਹਾਂ ਮੇਰਾ ਸਹਿਯੋਗ ਦਿੰਦੇ ਰਹਿਣਗੇ।

ਪੱਤਰਕਾਰ ਜਸਵਿੰਦਰ ਸੰਧੂ ਟਾਂਡਾ ਉੜਮੁੜ,
ਮੋਬਾਇਲ : 94651-70013

## ਸਹਿਯੋਗੀ ਸੱਜਣ

ਜਸਵੀਰ ਸਿੰਘ ਰਾਜਾ | ਲਖਵਿੰਦਰ ਸਿੰਘ ਲੱਖੀ | ਚੌਧਰੀ ਬਲਵੀਰ ਸਿੰਘ ਮਿਆਣੀ | ਜਵਾਹਰ ਲਾਲ ਖੁਰਾਣਾ | ਜਸਵੰਤ ਸਿੰਘ ਬਿੱਟੂ | ਲਖਵਿੰਦਰ ਸਿੰਘ ਸੇਠੀ | ਚੇਅਰਮੈਨ ਤਰਲੋਚਨ ਸਿੰਘ ਬਿੱਟੂ | ਰਜਿੰਦਰ ਮਾਰਸ਼ਲ | ਡਾ. ਕੇਵਲ ਸਿੰਘ | ਸੁਰਿੰਦਰ ਢਿੱਲੋਂ ਪ੍ਰਧਾਨ ਪ੍ਰੈਸ ਕੱਲਬ ਟਾਂਡਾ

ਸਰਬਜੀਤ ਸਿੰਘ ਮੋਮੀ ਯੂਥ ਅਕਾਲੀ ਦਲ ਆਗੂ | ਡਾ. ਲਵਪ੍ਰੀਤ | ਕਰਨ ਕੁਮਾਰ ਸੈਣੀ | ਰਮੇਸ਼ ਕੁਮਾਰ ਟਰੈਫਿਕ ਇੰਚਾਰਜ, ਟਾਂਡਾ | ਦਰਸ਼ਨ ਸਿੰਘ ਏ ਐੱਸ ਆਈ ਟਰੈਫਿਕ | ਬਲਰਾਜ ਮੁਹਿੰਦਰੋ | ਜਸਪਾਲ ਸਿੰਘ | ਸੁਮੀਤ ਗੁਪਤਾ | ਕਰਨਜੀਤ ਸੈਣੀ | ਪ੍ਰਥਮ ਪੁਰੀ

ਰਿੰਕੂ ਭਾਟੀਆ | ਬਲਦੇਵ ਸਿੰਘ | ਕੁਲਵੰਤ ਸਿੰਘ | ਕੁਲਵਿੰਦਰ ਸਿੰਘ ਬੌਦਲ | ਜਸਵੀਰ ਸਿੰਘ ਪਾਲ | ਰੇਸ਼ਮ ਸਿੰਘ | ਅਰੁਜਨ ਜੈਨ ਪੱਤਰਕਾਰ | ਨਿਰਮਲ ਸਿੰਘ ਤੁਲੀ ਸ਼ਹਿਰੀ ਪ੍ਰਧਾਨ ਸ਼੍ਰੋ. ਅ. ਦਲ ਟਾਂਡਾ | ਗੁਲਸ਼ਨ ਰਾਏ | ਅਨਮੋਲ ਸੰਧੂ

### ਦੀਵਾਲੀ ਅਤੇ ਬੰਦੀਛੋੜ ਦਿਵਸ ਦੀਆਂ ਲੱਖ-ਲੱਖ ਮੁਬਾਰਕਾਂ

ਕਮਲ ਅਰੋੜਾ
ਐੱਸ ਏ ਇੰਟਰਪ੍ਰਾਇਜਿਜ਼
ਟਾਂਡਾ

ਅਸ਼ੋਕ ਗੁਪਤਾ

### ਦੀਵਾਲੀ ਅਤੇ ਬੰਦੀਛੋੜ ਦਿਵਸ ਦੀਆਂ ਇਲਾਕਾ ਨਿਵਾਸੀ ਨੂੰ ਲੱਖ-ਲੱਖ ਮੁਬਾਰਕਾਂ

ਭਗਵੰਤ ਸਿੰਘ ਮਾਨ, ਮੁੱਖਮੰਤਰੀ ਪੰਜਾਬ
ਜਸਵੀਰ ਸਿੰਘ ਰਾਜਾ, ਮੀਤ ਪ੍ਰਧਾਨ ਪੰਜਾਬ, ਐਮ.ਐਲ.ਏ. ਉੜਮੁੜ ਟਾਂਡਾ
ਮੰਜੂ ਬਾਲਾ, ਐਮ.ਸੀ. ਵਾਰਡ ਨੰ. 5
ਸੋਨੂੰ ਖੰਨਾ, ਯੂਥ ਆਗੂ ਆਪ
ਜਸਵਿੰਦਰ ਸਿੰਘ ਜੱਸੀ, ਯੂਥ ਆਗੂ ਆਪ

### ਦੀਵਾਲੀ ਅਤੇ ਬੰਦੀਛੋੜ ਦਿਵਸ ਦੀਆਂ ਲੱਖ-ਲੱਖ ਮੁਬਾਰਕਾਂ

ਭਾਰਤ ਭੂਸ਼ਨ ਸੈਣੀ, ਜਨਰਲ ਸਕੱਤਰ
ਅਜੈ ਪਾਲ ਸੈਣੀ, ਜਨਰਲ ਸਕੱਤਰ
ਜਾਰੀ ਕਰਤਾ: ਭਾਜਪਾ ਮੰਡਲ ਕੰਧਾਲਾ ਜੱਟਾਂ
ਅਜੈ ਕੌਸ਼ਲ ਸੇਠੂ, ਜ਼ਿਲ੍ਹਾ ਪ੍ਰਧਾਨ ਦਿਹਾਤੀ ਭਾਜਪਾ
ਚਰਨਜੀਤ ਸਿੰਘ, ਮੰਡਲ ਪ੍ਰਧਾਨ ਕੰਧਾਲਾ ਜੱਟਾਂ

### ਦੀਵਾਲੀ ਅਤੇ ਬੰਦੀਛੋੜ ਦਿਵਸ ਦੀਆਂ ਲੱਖ-ਲੱਖ ਮੁਬਾਰਕਾਂ

ਲਖਵਿੰਦਰ ਸਿੰਘ ਐੱਨ ਆਰ ਆਈ | ਮੀਨਾ ਕੁਮਾਰੀ ਸਮਾਜ ਸੇਵਕਾ | ਅਨੀਕੇਤ ਕਲੇਰ ਯੂਥ ਅਕਾਲੀ ਦਲ

### ਦੀਵਾਲੀ ਅਤੇ ਬੰਦੀਛੋੜ ਦਿਵਸ ਦੀਆਂ ਲੱਖ-ਲੱਖ ਮੁਬਾਰਕਾਂ

ਸੁਖਬੀਰ ਸਿੰਘ ਬਾਦਲ, ਪ੍ਰਧਾਨ ਸ਼੍ਰੋਮਣੀ ਅਕਾਲੀ ਦਲ
ਬਿਕਰਮ ਸਿੰਘ ਮਜੀਠੀਆ, ਸਾਬਕਾ ਮੰਤਰੀ
ਹਰਸਿਮਰਤ ਕੌਰ ਬਾਦਲ, ਸਾਬਕਾ ਕੇਂਦਰੀ ਮੰਤਰੀ
ਹਰਜਿੰਦਰ ਸਿੰਘ ਧਾਮੀ, ਪ੍ਰਧਾਨ ਐਸ.ਜੀ.ਪੀ.ਸੀ.

ਪੰਜਾਬ ਤੇ ਪੰਜਾਬੀਅਤ ਦੀ ਪਹਿਰੇਦਾਰ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਸੂਬੇ ਦੇ ਹਿਤਾਂ ਦੀ ਰਾਖੀ ਲਈ ਸੰਘਰਸ਼ ਕੀਤਾ ਤੇ ਭਵਿੱਖ ਨੂੰ ਸੁਨਹਿਰੀ ਬਣਾਉਣ ਲਈ ਆਓ ਅਕਾਲੀ ਦਲ ਦਾ ਸਾਥ ਦਈਏ।

ਜਾਰੀ ਕਰਤਾ : ਸਮੂਹ ਅਹੁਦੇਦਾਰ ਤੇ ਵਰਕਰ ਸ਼੍ਰੋਮਣੀ ਅਕਾਲੀ ਦਲ, ਹੁਸ਼ਿਆਰਪੁਰ।

ਲਖਵਿੰਦਰ ਸਿੰਘ ਲੱਖੀ ਜ਼ਿਲ੍ਹਾ ਪ੍ਰਧਾਨ ਅਕਾਲੀ ਦਲ

### ਦੀਵਾਲੀ ਅਤੇ ਬੰਦੀਛੋੜ ਦਿਵਸ ਦੀਆਂ ਲੱਖ-ਲੱਖ ਮੁਬਾਰਕਾਂ

ਆਪ — ਆਮ ਆਦਮੀ ਪਾਰਟੀ

ਅਰਵਿੰਦ ਕੇਜਰੀਵਾਲ, ਕਨਵੀਨਰ ਆਪ
ਭਗਵੰਤ ਸਿੰਘ ਮਾਨ, ਮੁੱਖਮੰਤਰੀ ਪੰਜਾਬ
ਅਮਨ ਅਰੋੜਾ, ਪੰਜਾਬ ਪ੍ਰਧਾਨ
ਹਰਦੀਪ ਸਿੰਘ ਮੁੰਡੀਆ, ਕੈਬਿਨੇਟ ਮੰਤਰੀ
ਡਾ. ਰਵਜੋਤ, ਕੈਬਿਨੇਟ ਮੰਤਰੀ
ਗੁਰਵਿੰਦਰ ਸਿੰਘ ਪਾਬਲ, ਜ਼ਿਲ੍ਹਾ ਪ੍ਰਧਾਨ ਦਿਹਾਤੀ
ਕੇਸ਼ਵ ਸਿੰਘ ਸੈਣੀ, 'ਆਪ' ਸੰਗਠਨ ਇੰਚਾਰਜ, ਟਾਂਡਾ
ਜਸਵੀਰ ਸਿੰਘ ਰਾਜਾ, ਮੀਤ ਪ੍ਰਧਾਨ ਪੰਜਾਬ, ਐਮ.ਐਲ.ਏ. ਉੜਮੁੜ ਟਾਂਡਾ

### ਦੀਵਾਲੀ ਅਤੇ ਬੰਦੀਛੋੜ ਦਿਵਸ ਦੀਆਂ ਲੱਖ-ਲੱਖ ਮੁਬਾਰਕਾਂ

ਭਗਵੰਤ ਸਿੰਘ ਮਾਨ, ਮੁੱਖਮੰਤਰੀ ਪੰਜਾਬ
ਅਮਨ ਅਰੋੜਾ, ਪੰਜਾਬ ਪ੍ਰਧਾਨ
ਜਸਵੀਰ ਸਿੰਘ ਰਾਜਾ, ਮੀਤ ਪ੍ਰਧਾਨ ਪੰਜਾਬ, ਐਮ.ਐਲ.ਏ. ਉੜਮੁੜ ਟਾਂਡਾ
ਜਸਵੰਤ ਸਿੰਘ ਬਿੱਟੂ, ਸੀਨੀਅਰ ਆਪ ਆਗੂ, ਸਰਪੰਚ ਜਲਾਲਪੁਰ
ਲਖਵਿੰਦਰ ਸਿੰਘ ਸੇਠੀ, ਬਲਾਕ ਪ੍ਰਧਾਨ ਆਪ

ਜਾਰੀ ਕਰਤਾ : ਜਸਵੰਤ ਸਿੰਘ ਬਿੱਟੂ (ਸਰਪੰਚ) ਜਲਾਲਪੁਰ

ਦਿਨ-ਬ-ਦਿਨ ਵੱਧ ਰਹੀਆਂ ਪੈਟਰੋਲ ਦੀਆਂ ਕੀਮਤਾਂ ਨੂੰ ਕਹੋ ਅਲਵਿਦਾ
ceeon india
Electric Vehicle
Green India With Ceeon India
Auth. Dealer :
GUPTA MOTORS
Main Bazar Road, Near Shimla Pahari, Urmar Ph. 81466-03542

ਸਰਪੰਚ ਰਾਜੇਸ਼ ਕੁਮਾਰ (ਸ਼ਾਲੂ), ਬੀ ਜੇ ਪੀ ਮੰਡਲ ਪ੍ਰਧਾਨ ਟਾਂਡਾ, 98766-93741
ਜਵਾਹਰ ਲਾਲ ਖੁਰਾਣਾ, ਸਾਬਕਾ ਚੇਅਰਮੈਨ ਭਾਜਪਾ

### ਸ਼ਿਵ ਸੈਨਾ ਹਿੰਦੁਸਤਾਨ

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ-ਲੱਖ ਮੁਬਾਰਕਾਂ

ਪਵਨ ਗੁਪਤਾ, ਰਾਸ਼ਟਰੀ ਪ੍ਰਧਾਨ
ਵਿਵੇਕ ਵਿਜ਼ਨ, ਜ਼ਿਲ੍ਹਾ ਚੇਅਰਮੈਨ
ਰਾਜੂ ਖੋਸਲਾ, ਯੁਵਾ ਨੇਤਾ
ਗੋਪਾ ਵੜਿਆਲ, ਸਮਾਜ ਸੇਵੀ
ਰਾਹੁਲ ਖੰਨਾ, ਕਾਰਜਕਾਰੀ ਪੰਜਾਬ ਪ੍ਰਧਾਨ
ਪ੍ਰਸ਼ਾਂਤ ਪੰਡਤ, ਦੁਆਬਾ ਪ੍ਰਧਾਨ
ਪੁਨੀਤ ਧੀਂਗਰਾ, ਜ਼ਿਲ੍ਹਾ ਯੂਥ ਪ੍ਰਧਾਨ
ਪੰਡਤ ਮਿਥਲੇਸ਼ ਗਰਗ, ਜ਼ਿਲ੍ਹਾ ਸਕੱਤਰ
ਗੌਰਵ ਬੇਦੀ, ਬਲਾਕ ਪ੍ਰਧਾਨ
ਗੁਰਨਾਮ ਸਿੰਘ ਗੋਨੀ, ਸਿਟੀ ਯੂਥ ਪ੍ਰਧਾਨ

### ਦੀਵਾਲੀ ਅਤੇ ਬੰਦੀਛੋੜ ਦਿਵਸ ਦੀਆਂ ਲੱਖ-ਲੱਖ ਮੁਬਾਰਕਾਂ

ਮਾਂ ਮਾਤੇਸ਼ਵਰੀ, ਮਾਂ ਚਿੰਤਪੁਰਨੀ ਮੰਦਰ, ਢੋਲਵਾਹਾ, ਜਨੌੜੀ

ਠਾਕੁਰ ਰਵੀ ਗਾਂਧੀ, ਮਾਂ ਮਾਤੇਸ਼ਵਰੀ, ਚਿੰਤਪੁਰਨੀ ਮੰਦਰ ਸੰਸਥਾਪਕ
ਅਰਵਿੰਦ ਠਾਕੁਰ ਪ੍ਰਧਾਨ, ਮਾਂ ਮਾਤੇਸ਼ਵਰੀ, ਚਿੰਤਪੁਰਨੀ ਮੰਦਰ

### ਦੀਵਾਲੀ ਅਤੇ ਬੰਦੀਛੋੜ ਦਿਵਸ ਦੀਆਂ ਲੱਖ-ਲੱਖ ਮੁਬਾਰਕਾਂ

ਹਰਕ੍ਰਿਸ਼ਨ ਸੈਣੀ, ਐਮ.ਸੀ. ਟਾਂਡਾ
ਲਖਵਿੰਦਰ ਮੁਲਤਾਨੀ, ਸਾਬਕਾ ਕੌਂਸਲਰ ਟਾਂਡਾ
ਜਸਵੰਤ ਕੌਰ, ਕੌਂਸਲਰ ਵਾਰਡ ਨੰ. 11
ਸੁਰਿੰਦਰਜੀਤ ਸਿੰਘ, ਕੌਂਸਲਰ, ਟਾਂਡਾ

### 786 ਜੈ ਸਾਬਿਰ ਪਾਕ ਜੀ 786

ਬਾਹਰੀ ਕਸਰ ਵਾਲੇ ਇਨਸਾਨ ਦਾ ਜਿਸ ਤਰ੍ਹਾਂ ਕਲੀਅਰ ਸ਼ਰੀਫ ਰੁੜਕੀ (ਉੱਤਰਾਖੰਡ) ਵਿਖੇ ਮੱਥਾ ਟੇਕਣ 'ਤੇ ਦੀਵਾਰ ਨਾਲ ਸਿਰ ਜੁੜ ਜਾਂਦਾ ਹੈ, ਉਸੇ ਤਰ੍ਹਾਂ ਇੱਥੇ ਦਰਗਾਹ 'ਤੇ ਮੱਥਾ ਟੇਕਣ ਨਾਲ ਉਸਦਾ ਸਿਰ ਦੀਵਾਰ ਨਾਲ ਜੁੜ ਜਾਂਦਾ ਹੈ। ਇਹ ਦੂਸਰਾ ਕਲੀਅਰ ਸ਼ਰੀਫ ਹੈ। ਦਰਬਾਰ 'ਚ ਲੱਗੇ ਕ੍ਰਿਸ਼ਮਈ ਨਲਕੇ ਦੇ ਜਲ ਨਾਲ ਕਈ ਬੀਮਾਰੀਆਂ ਅਤੇ ਨਸ਼ਿਆ ਤੋਂ ਮੁਕਤੀ ਮਿਲਦੀ ਹੈ।

ਦਰਬਾਰ 'ਚ 24 ਘੰਟੇ ਦਿਨ-ਰਾਤ ਸਾਬਿਰ ਪਾਕ ਦਾ ਲੰਗਰ ਚਲਦਾ ਰਹਿੰਦਾ ਹੈ।

ਵਲੋਂ: ਸਾਬਿਰ ਪਾਕ ਸੱਚੀ ਦਰਗਾਹ ਅਹੀਆਪੁਰ, ਟਾਂਡਾ ਉੜਮੁੜ

ਮੁੱਖ ਸੇਵਾਦਾਰ ਬਾਬਾ ਸ਼ੇਰ ਸਿੰਘ ਜੀ ਘੋੜੀਆਂ ਵਾਲੇ
ਮੋ. 9872484573

### ਦੀਵਾਲੀ ਅਤੇ ਬੰਦੀਛੋੜ ਦਿਵਸ ਦੀਆਂ ਲੱਖ-ਲੱਖ ਮੁਬਾਰਕਾਂ

ਸੁਖਵਿੰਦਰ ਸਿੰਘ ਝਾਵਰ, ਸਰਪੰਚ ਝਾਵਾਂ
ਗੋਲਡੀ ਨਰਵਾਲ, ਸਰਪੰਚ ਪਿੰਡ ਜੌੜਾ, ਬਲਾਕ ਪ੍ਰਧਾਨ ਟਾਂਡਾ
ਚੌਧਰੀ ਰਾਜਵਿੰਦਰ ਸਿੰਘ ਰਾਜਾ, ਚੇਅਰਮੈਨ ਮਾਰਕੀਟ ਕਮੇਟੀ ਟਾਂਡਾ
ਮਨਵੀਰ ਸਿੰਘ ਝਾਵਰ, ਜ਼ਿਲ੍ਹਾ ਪ੍ਰਧਾਨ ਯੂਥ (ਆਪ)
ਅਮਰਜੀਤ ਸਿੰਘ ਧਾਰੀਵਾਲ, ਹਲਕਾ ਪ੍ਰਧਾਨ ਯੂਥ ਉੜਮੁੜ ਟਾਂਡਾ
ਅਤਿੰਦਰ ਪਾਲ ਸਿੰਘ, ਸਰਪੰਚ ਵੜਿਆਲਾ
ਜਸਪਾਲ ਸਿੰਘ ਪਾਲੀ, ਸਰਪੰਚ ਪਿੰਡ ਜਾਜਾ
ਗੁਰਮੁੱਖ ਸਿੰਘ, ਪ੍ਰਧਾਨ ਗੌਰਮਿੰਟ ਕਾਲਜ ਟਾਂਡਾ

CAMBRIDGE UNIVERSITY PRESS & ASSESSMENT
Knowledge Partner 2025-28
The CambridgEarth School
A GROUP OF CAMBRIDGE SCHOOLS
ADMISSION OPEN
PRE NUR. ONWARDS
Development as a Human Being and as a Citizen.
FINLAND EDUCATION SYSTEM
LATE SH. DAULAT RAM MEHENDRU
FOUNDER CHAIRMAN
TANDA | HAJIPUR
BHANGALA | BEGOWAL
GARHDIWALA
Call for Admission
+91 87279 22002
G design 98723 57054

NO ADMISSION FEE | NO ANNUAL FUND
GRD INTERNATIONAL SCHOOL
ADMISSION OPEN
PRE NUR. TO 10TH CLASS
ਵਿਸ਼ੇਸ਼ਤਾਵਾਂ:-
1. ਪ੍ਰਦੂਸ਼ਣ ਰਹਿਤ ਵਾਤਾਵਰਣ, ਖੁੱਲਾ ਖੇਡ ਦਾ ਮੈਦਾਨ
2. ਪੜ੍ਹੇ-ਲਿਖੇ ਤੇ ਤਜਰਬੇਕਾਰ ਅਧਿਆਪਕ
3. ਪ੍ਰੀ-ਸਕੂਲ ਦੀਆਂ ਸਾਰੀਆਂ ਸਹੂਲਤਾਂ ਘੱਟ ਖਰਚੇ ਵਿੱਚ
4. ਲਾਇਬ੍ਰੇਰੀ ਅਤੇ ਕੰਪਿਊਟਰ ਦਾ ਖਾਸ ਪ੍ਰਬੰਧ
5. ਘੱਟ ਖਰਚੇ ਵਿੱਚ ਸਹੂਲਤਾਂ
6. ਬੋਰਡ ਨਤੀਜਾ 100%
7. ਦਾਖਲਾ ਫੀਸ ਸਿਰਫ ਇੱਕ ਵਾਰ
SPECIAL CLASSES:
• GATKA, SPORTS
• MUSIC, SIKHI
• MARSHAL ART
JAJA CHOWK, URMAR TANDA
99142-31707, 98559-09100, 97816-15707

ਸਰ ਮਾਰਸ਼ਲ ਸਕੂਲ
ਬੈਂਸ ਅਵਾਣ
ਦਾਖਲਾ ਸ਼ੁਰੂ
ਕਲਾਸ ਨਰਸਰੀ ਤੋਂ ਨੌਵੀਂ ਕਲਾਸ
ਰਾਜਿੰਦਰ ਸਿੰਘ ਮਾਰਸ਼ਲ, ਚੇਅਰਮੈਨ

### ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

ਹਰਵਿੰਦਰ ਪਾਲ ਸਿੰਘ, ਲਾਇਸੰਸਿੰਗ ਮੈਨੇਜਰ ਚੌਲਾਂਗ
ਜਾਰੀ ਕਰਤਾ : NHAI ਚੌਲਾਂਗ ਟੋਲ ਪਲਾਜ਼ਾ
ਮੁਬਾਰਕ ਅਲੀ, ਮੈਨੇਜਰ ਟੋਲ ਪਲਾਜ਼ਾ ਚੌਲਾਂਗ, Path India Ltd.

SILVER OAK INTERNATIONAL SEN. SEC. SCHOOL
Knowledge is Power
Registration open 2025-26
"Silver Oak School is now Fully Air-Conditioned"
Exhilarating Educational Atmosphere
Outstanding Academic Achievements
Engaging Learning Environment
Highly Credentialed Educators
World Class Synthetic Sports Grounds
Day & Night Sports Complex
Advanced Professional Swimming Pool
Paramount Infrastructure
Digital Shooting Range | Up to Date Laboratories
Exemplary Education | English Language Lab
Dance Academy | Open Gym
Hi-tech Auditorium
Tanda - Miani Road, Village Shahbazpur, Tanda, Distt.: Hoshiarpur (Pb.)
Contact: 01886-223123, Mob: 7973667494
silveroakschool@gmail.com
www.silveroakschool.org

North India's Leading Educational Group where more than 44000 students are acquiring education from Pre-Nursery to Post Graduation in 37 Schools and 22 Colleges
SINCE 1958
St. Soldier GROUP OF INSTITUTIONS
ADMISSION OPEN SESSION 2026-27
From Pre-Nurseryto 10+2 Level
All Streams (Arts, Commerce Medical, Non-Medical)
St. Soldier Divine Public School
(Affiliated to CBSE Delhi Code No. 1630577)
TANDA
Call Now for Admission
01886-222680, 82838-38363
SAVE 6 MONTHS OF THE CHILD WITH SIX MONTHLY PROMOTION IN KINDERGARTEN
SALIENT FEATURES
- Curriculum with Global Outlook.
- Computer Education for all.
- Teacher Student Ratio 1:25
- Emphasis on Communication Skills
- Smart Classes
- Sports & Other Skills with proper playgrounds
- Competent & Qualified Teaching Staff
- Excellent rapport with Parents
- Spacious Building.
- Well Ventilated & Airy Class Rooms
- Air Conditioned Nursery Wing.
- Well stocked & well Furnished Library with latest books
- Own Fleet of Deluxe Buses
- Special Attention on Personality Development
- Master Raj Kanwar Chopra Scholarships worth Rs. 1. Crore for Deserving Students.
HEAD OFFICE : 680-L, MODEL TOWN, JALANDHAR CITY.
Ph. : 0181-4692000, Mob. : 98143-45025
E-mail : stsoldierinstitute@gmail.com
Website : www.stsoldiergroup.com
Anil Chopra, Chairman
Inder Kumar, Director
Sangeeta Chopra, Vice-Chairperson